22-NOV-PAGE-1.qxd jacket.qxd 11/21/2025 10:54 PM Page 1

ਸ਼ਨੀਵਾਰ, 22 ਨਵੰਬਰ, 2025
7 ਮੱਘਰ { ਨਾਨਕਸ਼ਾਹੀ 557
ਬਿਕਰਮੀ 2082
ਜਿਲਦ/VOL. : 74
ਅੰਕ/NO. : 172

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 22 NOVEMBER, 2025 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12




## ਜੈ ਮਾਂ ਵੈਸ਼ਨੋ ਕਲੱਬ ਸੋਸਾਇਟੀ ਵੱਲੋਂ ਡਾ. ਸੀਮਾਂਤ ਗਰਗ ਤੇ ਨਵੀਨ ਸਿੰਗਲਾ ਨੂੰ ਸੱਦਾ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਜੈ ਮਾਂ ਵੈਸ਼ਨੋ ਕਲੱਬ ਸੋਸਾਇਟੀ ਵਾਰਡ ਨੰ. 21 ਤੇ ਇਲਾਕੇ ਦੇ ਸਾਰੇ ਨਿਵਾਸੀਆਂ ਦੇ ਸਹਿਯੋਗ ਨਾਲ, ਕਲੱਬ ਮੈਂਬਰਾਂ ਨੇ 23 ਨਵੰਬਰ ਨੂੰ ਹੋਣ ਵਾਲੇ ਮਾਂ ਭਗਵਤੀ ਦੇ ਨੌਵੀਂ ਅੱਧੀ ਰਾਤ ਦੇ ਜਾਗਰਣ ਲਈ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਗ੍ਰੇਟ ਪੰਜਾਬ ਪ੍ਰਿੰਟਰ ਡਾਇਰੈਕਟਰ ਨਵੀਨ ਸਿੰਗਲਾ ਤੇ ਸ਼ਿਆਮ ਪ੍ਰੇਮੀ ਦਿਨੇਸ਼ ਗੁਪਤਾ ਨੂੰ ਮਾਂ ਭਗਵਤੀ ਜਾਗਰਣ ਲਈ ਸੱਦਾ ਪੱਤਰ ਭੇਟ ਕੀਤੇ।ਕਲੱਬ ਦੇ ਸਰਪ੍ਰਸਤ ਵਿੱਕੀ ਸਿਤਾਰਾ ਅਤੇ ਪ੍ਰਧਾਨ ਸ਼ਿਵ ਟੰਡਨ ਨੇ ਐਲਾਨ ਕੀਤਾ ਕਿ ਝੰਡਾ ਪੂਜਨ ਸਮਾਰੋਹ 23 ਨਵੰਬਰ ਨੂੰ ਸ਼ਾਮ 4 ਵਜੇ ਮੋਗਾ ਦੇ ਆਨੰਦ ਨਗਰ ਵਿੱਚ ਸਮਾਜ ਸੇਵਕ ਸੋਨੂੰ ਮੋਂਗਾ ਤੇ ਜੋਨੂ ਮੋਂਗਾ ਦੁਆਰਾ ਕੀਤਾ ਜਾਵੇਗਾ।ਭਜਨ ਗਾਇਕ ਰਾਜਨ ਰਾਜ ਤੇ ਖੁਸ਼ਪ੍ਰੀਤ ਤੇ ਪਾਰਟੀ ਮਾਂ ਭਗਵਤੀ ਦਾ ਗੁਣਗਾਨ ਕਰਨਗੇ।ਇਸ ਜਾਗਰਣ ਵਿੱਚ ਲੱਕੀ ਕੂਪਨਾਂ ਰਾਹੀਂ ਦੇਵੀ ਦੀਆਂ ਦੋ ਤਸਵੀਰਾਂ ਤੇ ਦੋ ਮੋਬਾਈਲ ਫੋਨ ਕੱਢੇ ਜਾਣਗੇ।ਇਸ ਮੌਕੇ ਚੇਅਰਮੈਨ ਵਿੱਕੀ ਜਿੰਦਲ, ਦੀਪਕ ਕੌੜਾ ਪ੍ਰੋਜੈਕਟ ਚੇਅਰਮੈਨ, ਉੱਪ ਪ੍ਰਧਾਨ ਭਰਤ ਗੁਪਤਾ, ਕੈਸ਼ੀਅਰ ਵਿਕਾਸ ਗੁਪਤਾ, ਮੁੱਖ ਸਲਾਹਕਾਰ ਮਨੋਜ ਅਰੋੜਾ, ਸਲਾਹਕਾਰ ਪ੍ਰਥਮ ਬਾਂਸਲ, ਜਨਰਲ ਸਕੱਤਰ ਸੋਨੂੰ ਧਵਨ ਮੌਜੂਦ ਸਨ।

## ਪੀ ਜੀ ਆਈ 'ਚ ਰਾਸ਼ਟਰੀ ਕਰਮਯੋਗੀ ਜਨ ਸੇਵਾ ਵਰਕਸ਼ਾਪ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਵੱਲੋਂ ਤਿੰਨ ਰੋਜ਼ਾ ਰਾਸ਼ਟਰੀ ਕਰਮਯੋਗੀ ਲਾਰਜ ਸਕੇਲ ਜਨ ਸੇਵਾ ਵਰਕਸ਼ਾਪਾਂ ਦਾ ਆਯੋਜਨ ਕੀਤਾ ਗਿਆ।ਇਨ੍ਹਾਂ ਟ੍ਰੇਨਿੰਗ ਸੈਸ਼ਨਾਂ ਨੇ ਪ੍ਰੋਗਰਾਮ ਦੇ ਡਿਜ਼ਾਈਨ, ਤਰੀਕੇ-ਕਾਰ ਤੇ ਪ੍ਰਭਾਵ ਫਰੇਮਵਰਕ ਬਾਰੇ ਵਿਚਾਰਸ਼ੀਲ ਤੇ ਗਹਿਰਾ ਗਿਆਨ ਪ੍ਰਦਾਨ ਕੀਤਾ। ਤਿੰਨ ਦਿਨਾਂ ਦੌਰਾਨ ਭਾਗੀਦਾਰਾਂ ਨੇ ਇਕ ਲੜੀਬੱਧ ਸੈਸ਼ਨਾਂ ਵਿੱਚ ਹਿੱਸਾ ਲਿਆ, ਜਿਨ੍ਹਾਂ ਦਾ ਮਕਸਦ ਉਨ੍ਹਾਂ ਨੂੰ ਗਵਰਨੈਂਸ ਵਿੱਚ ਵੱਡੇ ਪੱਧਰ 'ਤੇ ਪਰਿਵਰਤਨ ਲਈ ਲੋੜੀਂਦੇ ਸਾਧਨਾਂ ਨਾਲ ਸਾਜ਼ੋ-ਸਾਮਾਨ ਕਰਨਾ ਸੀ, ਖ਼ਾਸ ਤੌਰ 'ਤੇ ਫਰੰਟਲਾਈਨ ਸੇਵਾ ਪ੍ਰਦਾਨੀ ਵਿੱਚ।ਪ੍ਰੋਗਰਾਮ ਨੇ ਸਰਕਾਰੀ ਕਰਮਚਾਰੀਆਂ ਦੀ ਕਰਮਯੋਗੀ ਵਜੋਂ ਭੂਮਿਕਾ ਇਮਾਨਦਾਰੀ, ਪ੍ਰਭਾਵਸ਼ੀਲਤਾ ਤੇ ਨਾਗਰਿਕ-ਕੇਂਦਰਿਤ ਸੇਵਾ ਪ੍ਰਤੀ ਵਚਨਬੱਧਤਾ ਵਿੱਚ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ।ਗੱਲ ਤੇ ਉਦੇਸ਼-ਕੇਂਦ੍ਰਿਤ ਪ੍ਰੋਫੈਸ਼ਨਲ ਦੀ ਟੀਮ ਤਿਆਰ ਕਰਕੇ ਇਹ ਪ੍ਰੋਗਰਾਮ ਮਿਸ਼ਨ ਕਰਮਯੋਗੀ ਦੀ ਵੱਡੀ ਦ੍ਰਿਸ਼ਟੀ ਨੂੰ ਸਿੱਧਾ ਮਜ਼ਬੂਤ ਕਰਦਾ ਹੈ, ਜਿਸ ਦਾ ਉਦੇਸ਼ ਇੱਕ ਜ਼ਿੰਮੇਵਾਰ, ਫੁਰਤੀਲਾ ਤੇ ਭਵਿੱਖ-ਤਿਆਰ ਨਾਗਰਿਕ ਸੇਵਾ ਤਿਆਰ ਕਰਨਾ ਹੈ।

## ਜੈਨੇਸਿਸ ਡੈਂਟਲ ਹਸਪਤਾਲ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਡੈਂਟਲ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਫਿਰੋਜ਼ਪੁਰ ਵੱਲੋਂ ਗੁਰਦੁਆਰਾ ਜਾਮਨੀ ਸਾਹਿਬ ਬਾਜੀਦਪੁਰ ਵਿੱਚ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਤ ਇੱਕ ਮੁਫ਼ਤ ਦੰਦਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ।ਇਸ ਖ਼ਾਸ ਮੌਕੇ ਵੱਡੀ ਗਿਣਤੀ ਵਿਚ ਸੰਗਤ ਨੇ ਪਹੁੰਚ ਕੇ ਕੈਂਪ ਦਾ ਲਾਭ ਲਿਆ।ਕੈਂਪ ਦੌਰਾਨ ਡਾ. ਗਗਨ ਹਾਂਡਾ ਤੇ ਡਾ. ਸੁਮੇਰ ਕੰਬੋਜ਼ ਨੇ ਆਏ ਹੋਏ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ ਤੇ ਉਨ੍ਹਾਂ ਨੂੰ ਜ਼ਰੂਰੀ ਇਲਾਜ ਬਾਰੇ ਸਲਾਹ ਦਿੱਤੀ।ਦੰਦਾਂ ਦੇ ਡਾਕਟਰਾਂ ਨੇ ਲੋਕਾਂ ਨੂੰ ਨਿਯਮਿਤ ਦੰਦਾਂ ਦੀ ਜਾਂਚ ਤੇ ਸਫ਼ਾਈ ਦੇ ਮਹੱਤਵ ਬਾਰੇ ਵੀ ਜਾਗਰੂਕ ਕੀਤਾ।ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਵੱਲੋਂ ਮਰੀਜ਼ਾਂ ਨੂੰ ਟੂਥਪੇਸਟ, ਟੂਥਬਰਸ਼ ਤੇ ਲੋੜੀਂਦੀਆਂ ਦਵਾਈਆਂ ਵੰਡੀਆਂ ਗਈਆਂ, ਤਾਂ ਜੋ ਉਹ ਘਰ 'ਚ ਵੀ ਆਪਣੀ ਦੰਦਾਂ ਦੀ ਸਾਂਭ ਸੰਭਾਲ ਚੰਗੀ ਤਰ੍ਹਾਂ ਕਰ ਸਕਣ।

## ਚਿੱਤਰਕਲਾ ਮੁਕਾਬਲੇ 'ਚ ਵਿਦਿਆਰਥੀਆਂ ਜਿੱਤੇ ਇਨਾਮ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਤ ਪੇਂਡੂ ਸਾਹਿਤ ਸਭਾ (ਰਜਿ.) ਬਾਲਿਆਂਵਾਲੀ (ਬਠਿੰਡਾ) ਵੱਲੋਂ ਆਯੋਜਿਤ 13ਵਾਂ ਚਿੱਤਰਕਲਾ ਮੁਕਾਬਲਾ-2025 ਵਿੱਚ ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਦੇ 10 ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਸ ਵਿੱਚ ਵਿਦਿਆਰਥਣ ਅਰਪਿਤਾ ਤੇ ਵਿਦਿਆਰਥੀ ਅਭਿਜੋਤ ਸਿੰਘ ਨੇ ਦੂਜਾ ਸਥਾਨ ਅਤੇ ਵਿਦਿਆਰਥੀ ਤਨੀਸ਼ ਕੁਮਾਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਸੁਖਪ੍ਰੀਤ ਕੌਰ, ਗੁਰਪ੍ਰੀਤ ਸਿੰਘ, ਅਵਨੀਤ ਕੌਰ, ਗੁਰਵਿੰਦਰ ਸਿੰਘ, ਅਮਨਦੀਪ ਬਿਸ਼ਨੋਈ, ਜਸ਼ਨਪ੍ਰੀਤ ਸਿੰਘ ਤੇ ਮਨਪ੍ਰੀਤ ਸਿੰਘ ਨੇ ਮੁਕਾਬਲੇ ਪਹਿਲੇ ਦਸ ਬੱਚਿਆਂ ਵਿੱਚ ਆਪਣਾ ਨਾਮ ਬਣਾਇਆ।ਜੇਤੂ ਬੱਚਿਆਂ ਨੂੰ ਪੇਂਡੂ ਸਾਹਿਤ ਸਭਾ ਵੱਲੋਂ ਨਗਦ ਇਨਾਮ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਲਾ ਦੇ ਅਧਿਆਪਕ ਦੀਦੀ ਕਰਮਜੀਤ ਕੌਰ ਬੱਚਿਆਂ ਦੇ ਨਾਲ ਹਾਜ਼ਰ ਰਹੇ। ਪ੍ਰਿੰਸੀਪਲ ਰਵਿੰਦਰ ਪਟਿਆਲ, ਪ੍ਰਬੰਧਕ ਸੰਮਤੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਤੇ ਵਾਈਸ ਪ੍ਰਿੰਸੀਪਲ ਵਿਕਰਮਜੀਤ ਸਿੰਘ ਵੱਲੋਂ ਬੱਚਿਆਂ ਤੇ ਉਨ੍ਹਾਂ ਦੀ ਇੰਚਾਰਜ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ ਅਤੇ ਇਸੇ ਤਰ੍ਹਾਂ ਉਤਸ਼ਾਹ ਨਾਲ ਹਰੇਕ ਮੁਕਾਬਲੇ ਵਿੱਚ ਹਿੱਸਾ ਲੈਣ ਲਈ ਮਾਰਗ ਦਰਸ਼ਨ ਕੀਤਾ ਗਿਆ।

## ਪੀ ਐੱਮ ਸ੍ਰੀ ਸਰਕਾਰੀ ਸੈਕੰਡਰੀ ਸਕੂਲ ਅੱਕਾਂਵਾਲੀ 'ਚ ਮਨਾਇਆ ਖੇਡ ਦਿਵਸ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਪੀ.ਐੱਮ. ਸ੍ਰੀ ਸਰਕਾਰੀ ਸੈਕੰਡਰੀ ਸਕੂਲ ਅੱਕਾਂਵਾਲੀ ਵਿਖੇ ਸਾਲਾਨਾ ਖੇਡ ਦਿਵਸ ਸਕੂਲ ਮੁਖੀ ਨਰਿੰਦਰ ਸਿੰਘ ਮੋਹਲ ਦੀ ਅਗਵਾਈ ਹੇਠ ਬੜੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ।ਸਮਾਰੋਹ ਦੀ ਸ਼ੁਰੂਆਤ ਬਲਾਕ ਨੋਡਲ ਅਫ਼ਸਰ ਪ੍ਰਿੰਸੀਪਲ ਕਮਲਜੀਤ ਕੌਰ ਵੱਲੋਂ ਕੀਤੀ ਗਈ।ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਖੇਡਾਂ ਨਾਲ ਨਾ ਸਿਰਫ਼ ਸਰੀਰ ਤੰਦਰੁਸਤ ਰਹਿੰਦਾ ਹੈ, ਸਗੋਂ ਮਾਨਸਿਕ ਵਿਕਾਸ ਵੀ ਸੁਧਾਰ ਦੇ ਤੌਰ ਤੇ ਅਹਿਮ ਹੁੰਦਾ ਹੈ।ਸਕੂਲ ਮੁਖੀ ਨਰਿੰਦਰ ਮੋਹਲ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਮੁਕਾਬਲਿਆਂ ਦੀਆਂ ਪ੍ਰੀਖਿਆਵਾਂ ਵਿੱਚ ਵਿਕਾਸ ਲਈ ਸਹਾਇਕ ਹੁੰਦਾ ਹੈ ਤੇ ਵੀ ਸਿਖਾਉਂਦੀਆਂ ਹਨ। ਇਸ ਮੌਕੇ ਸਰੀਰਕ ਸਿੱਖਿਆ ਲੈਕਚਰਾਰ ਗੁਰਦੀਪ ਸਿੰਘ ਤੇ ਪੀ.ਟੀ.ਆਈ ਸੁਖਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਵਿਦਿਆਰਥੀਆਂ ਨੂੰ ਪਹਿਲਾਂ ਬਣਾਏ ਹੋਏ ਹਾਊਸ ਅਨੁਸਾਰ ਵੰਡ ਕੇ ਹੋਰ ਦੇ ਰੋਚਕ ਖੇਡਾਂ ਮੁਕਾਬਲੇ ਵੀ ਕਰਾਏ ਗਏ, ਜਿਵੇਂ ਕਿ ਨਿੰਬੂ ਦੌੜ, ਰੱਸਾਕਸੀ, ਬੋਰੀ ਰੇਸ, ਬੈਲੂਨ 'ਚ ਪਾਣੀ ਭਰਨਾ ਤਿੰਨ ਲੱਤਾਂ ਰੇਸ ਆਦਿ ਮੁਕਾਬਲੇ ਕਰਵਾਏ ਗਏ।ਵਿਦਿਆਰਥੀਆਂ ਨੇ ਨਿਸ਼ਕਾਮ ਖੇਡਾਂ 'ਚ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ ਤੇ ਖੁਸ਼ ਅਨੰਦ ਮਾਣਿਆ।ਜੇਤੂ ਖਿਡਾਰੀਆਂ ਨੂੰ ਇਸ ਸਮੇਂ ਇਨਾਮ ਵੀ ਤਕਸੀਮ ਕੀਤੇ ਗਏ।ਰੱਸਾਕਸੀ ਦੇ ਰੋਚਕ ਮੁਕਾਬਲੇ ਦੌਰਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਹਾਊਸ ਨੇ ਬਾਜ਼ੀ ਮਾਰੀ ਤੇ ਓਵਰਆਲ ਜੇਤੂ ਵੀ ਬਣਿਆ।ਇਸ ਮੌਕੇ ਸਮੂਹ ਸਟਾਫ਼ ਦਾ ਪੂਰਨ ਸਹਿਯੋਗ ਰਿਹਾ ਤੇ ਵਿਦਿਆਰਥੀਆਂ ਦੇ ਨਾਲ-ਨਾਲ ਅਧਿਆਪਕਾਂ ਦਾ ਜੋਸ਼ ਵੀ ਦੇਖਣ ਯੋਗ ਸੀ।

## ਪਸ਼ੂਆਂ ਦੀ ਸੰਭਾਲ ਲਈ ਜਾਣੂ ਕਰਾਉਣ ਵਾਸਤੇ ਵਿੱਦਿਅਕ ਟੂਰ ਕਰਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ ਐਜੂਕੇਸ਼ਨ ਗਲੋਬਲ ਡਿਸਕਵਰੀ ਸਕੂਲ ਨੇ ਸਾਇੰਸ ਸਟ੍ਰੀਮ ਦੇ ਵਿਦਿਆਰਥੀਆਂ ਲਈ ਵੈਟਰਨਰੀ ਕਾਲਜ ਦੁਆਰਾ ਆਯੋਜਤ ਪਸ਼ੂ ਪਾਲਣ ਮੇਲੇ ਲਈ ਇੱਕ ਵਿੱਦਿਅਕ ਟੂਰ ਦਾ ਆਯੋਜਨ ਕੀਤਾ।ਇਸ ਵਿਦਿਅਕ ਦੌਰੇ ਦਾ ਉਦੇਸ਼ ਵਿਦਿਆਰਥੀਆਂ ਨੂੰ ਜਾਨਵਰਾਂ ਦੀ ਸਿਹਤ ਸੰਭਾਲ ਤੇ ਪਸ਼ੂ ਵਿਗਿਆਨ ਦੀ ਅਸਲ ਦੁਨੀਆ ਨਾਲ ਜਾਣੂ ਕਰਵਾਉਣਾ ਸੀ।ਵਿਦਿਆਰਥੀਆਂ ਕੋਲ ਕਲਾਸ ਰੂਮ ਦੀਆਂ ਸੀਮਾਵਾਂ ਤੋਂ ਪਰ੍ਹੇ ਵਿਹਾਰਕ ਤੇ ਅਨੁਭਵੀ ਗਿਆਨ ਪ੍ਰਾਪਤ ਕਰਨ ਦਾ ਇਕ ਸ਼ਾਨਦਾਰ ਮੌਕਾ ਸੀ।ਦੌਰੇ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਅਸਲ-ਜੀਵਨ ਦੀਆਂ ਡਾਕਟਰੀ ਪ੍ਰਕਿਰਿਆਵਾਂ ਨੂੰ ਦੇਖਿਆ। ਮਾਹਰ ਪਸ਼ੂਆਂ ਦੇ ਡਾਕਟਰਾਂ ਨਾਲ ਗੱਲਬਾਤ ਕੀਤੀ ਤੇ ਜਾਨਵਰਾਂ ਦੇ ਪੋਸ਼ਣ, ਟੀਕਾਕਰਨ, ਬਿਮਾਰੀ ਨਿਯੰਤਰਣ ਤੇ ਆਧੁਨਿਕ ਪਸ਼ੂਆਂ ਦੇ ਡਾਕਟਰੀ ਤਕਨੀਕਾਂ ਨਾਲ ਸਬੰਧਤ ਕੀਮਤੀ ਗਿਆਨ ਪ੍ਰਾਪਤ ਕੀਤਾ।ਵਿੱਦਿਅਕ ਦੌਰੇ ਦਾ ਮੁੱਖ ਹੀਰਾ ਫਾਰਮ ਦੇ ਜਾਨਵਰਾਂ ਦੀ ਸੁਰੱਖਿਅਤ ਸੰਭਾਲ ਤੇ ਦੇਖਭਾਲ ਬਾਰੇ ਵਿਹਾਰਕ ਪ੍ਰਦਰਸ਼ਨ ਸੀ, ਜਿਸ ਨੇ ਵਿਦਿਆਰਥੀਆਂ ਨੂੰ ਸਮਾਜ ਵਿੱਚ ਵੈਟਰਨਰੀ ਡਾਕਟਰਾਂ ਦੁਆਰਾ ਨਿਭਾਈ ਜਾਂਦੀ ਮਹੱਤਵਪੂਰਨ ਭੂਮਿਕਾ ਨੂੰ ਡੂੰਘਾਈ ਨਾਲ ਸਮਝਣ ਵਿੱਚ ਸਹਾਇਤਾ ਕੀਤੀ।ਸਕੂਲ ਦੇ ਵਾਇਸ ਚੇਅਰਮੈਨ ਸ੍ਰੀ ਅਮਿਤ ਸਰਾਫ ਨੇ ਕਿਹਾ ਕਿ ਅਜਿਹੇ ਵਿੱਦਿਅਕ ਟੂਰ ਵਿਦਿਆਰਥੀਆਂ ਦੇ ਦ੍ਰਿਸ਼ਟੀਕੋਣ ਨੂੰ ਵਿਸ਼ਾਲ ਕਰਨ ਲਈ ਬਹੁਤ ਮਹੱਤਵਪੂਰਨ ਹਨ।

# ਮਾਨ ਵੱਲੋਂ ਸਨੌਰ ਹਲਕੇ ਦੇ ਵਿਕਾਸ ਕਾਰਜਾਂ ਲਈ ਸੌ ਕਰੋੜ ਦੀ ਰਾਸ਼ੀ ਜਾਰੀ

### ਇਕ ਸਾਲ ਅੰਦਰ ਸਨੌਰ ਹਲਕੇ ਦੀ ਨੁਹਾਰ ਬਦਲ ਦਿੱਤੀ ਜਾਵੇਗੀ : ਰਣਜੋਧ ਹਡਾਣਾ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਸਨੌਰ ਦੀ ਵਿਕਾਸ ਕਾਰਜਾਂ ਪੱਖੋਂ ਕਾਇਆ ਕਲਪ ਕਰ ਦਿੱਤੀ ਜਾਵੇਗੀ। ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਸਨੌਰ ਦੇ ਵਿਕਾਸ ਕਾਰਜਾਂ ਲਈ 100 ਕਰੋੜ ਤੋਂ ਵੱਧ ਦੀ ਰਾਸ਼ੀ ਵਿਕਾਸ ਕਾਰਜਾਂ ਲਈ ਜਾਰੀ ਕਰ ਦਿੱਤੀ ਗਈ ਹੈ। ਆਉਂਦੇ ਇਕ ਸਾਲ ਅੰਦਰ ਸਨੌਰ ਹਲਕੇ ਦੀ ਵਿਕਾਸ ਪੱਖੋਂ ਨੁਹਾਰ ਬਦਲ ਦਿੱਤੀ ਜਾਵੇਗੀ। ਪੀਆਰਟੀਸੀ ਦੇ ਚੇਅਰਮੈਨ ਤੇ ਵਿਧਾਨ ਸਭਾ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਇਕ ਵਿਸ਼ੇਸ਼ ਭੇਂਟ-ਵਾਰਤਾ ਸਮੇਂ ਇਨ੍ਹਾਂ ਵਿਚਾਰਾਂ ਦਾ ਪਰਗਟਾਵਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਹਲਕਾ ਸਨੌਰ ਦੀਆਂ ਸਾਰੀਆਂ ਸੜਕਾਂ ਦੀ ਪਹਿਲ ਦੇ ਆਧਾਰ 'ਤੇ ਮੁਰੰਮਤ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਦੋ ਦਰਜ਼ਨ ਪਿੰਡਾਂ ਵਿੱਚ ਪਹਿਲ ਦੇ ਆਧਾਰ 'ਤੇ ਨੌਜਵਾਨਾਂ ਲਈ ਖੇਡ ਮੈਦਾਨ ਬਣਾਏ ਜਾ ਰਹੇ ਹਨ ਤੇ ਪੁਰਾਣੇ ਖੇਡ ਸਟੇਡੀਅਮਾਂ ਨੂੰ ਪੁਨਰ ਸੁਰਜੀਤ ਕਰਨ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਖੇਡ ਮੈਦਾਨਾਂ ਤੇ ਸੜਕਾਂ ਦੇ ਨੀਂਹ ਪੱਥਰ ਰੱਖੇ ਜਾ ਰਹੇ ਹਨ।ਜ਼ਿਆਦਾ ਤਰ ਸੜਕਾਂ ਦੇ ਕੰਮ ਸ਼ੁਰੂ ਹੋ ਚੁੱਕੇ ਹਨ। ਪਿੰਡਾਂ ਅੰਦਰ ਖੇਡ ਗਰਾਉਂਡ ਬਣਾਉਣ ਦੀ ਜ਼ਿਆਦਾ ਲੋੜ ਹੈ ਤਾਂ ਜੋ ਇਲਾਕੇ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਸਕੇ। ਇਸ ਮੌਕੇ ਸ੍ਰ. ਹਡਾਣਾ ਨੇ ਕਿਹਾ ਕਿ ਇਕ ਸਾਲ ਅੰਦਰ ਸਨੌਰ ਹਲਕੇ ਦੀ ਵਿਕਾਸ ਪੱਖੋਂ ਨੁਹਾਰ ਬਦਲ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਹਲਕੇ ਦੇ ਲੋਕਾਂ ਨੂੰ ਟਾਂਗਰੀ ਨਦੀ ਦੇ ਹੜ੍ਹਾਂ ਤੋਂ ਬਚਾਉਣ ਲਈ 16 ਕਰੋੜ ਖਰਚ ਕੀਤੇ ਜਾ ਰਹੇ ਹਨ, ਜਿਸ ਤਹਿਤ ਟਾਂਗਰੀ ਨਦੀ ਦੇ ਕਿਨਾਰੇ ਪੱਕੇ ਕੀਤੇ ਜਾਣਗੇ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਹੜ੍ਹ ਦੇ ਪ੍ਰਕੋਪ ਤੋਂ ਨਿਜ਼ਾਤ ਮਿਲ਼ ਜਾਵੇਗੀ। ਇਸ ਮੌਕੇ ਉਨ੍ਹਾਂ ਕਿਹਾ ਕਿ ਖੇਡ ਗਰਾਉਂਡਾਂ ਦੇ ਨਿਰਮਾਣ ਨੂੰ ਸਨੌਰ ਹਲਕੇ ਲਈ ਖੁਸ਼ਹਾਲੀ ਦੀ ਨਵੀਂ ਸ਼ੁਰੂਆਤ ਹਨ, ਕਿਉਂਕਿ ਕਈ ਸਾਲਾਂ ਤੋਂ ਇਹ ਮੰਗ ਲਟਕੀ ਹੋਈ ਸੀ ਤੇ ਹੁਣ ਨੀਂਹ ਪੱਥਰ ਰੱਖਣ ਨਾਲ ਪਿੰਡਾਂ ਦੇ ਨੌਜਵਾਨਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ। ਵਿਰੋਧੀ ਪਾਰਟੀਆਂ 'ਤੇ ਤੰਜ ਕੱਸਦੇ ਉਨ੍ਹਾਂ ਕਿਹਾ ਕਿ ਹੁਣ ਉਨ੍ਹਾਂ ਕੋਲ ਇਲਜ਼ਾਮ ਲਾਉਣ ਤੋਂ ਬਿਨਾਂ ਹੋਰ ਕੋਈ ਮੁੱਦਾ ਨਹੀਂ। ਇਸ ਮੌਕੇ ਬਲਾਕ ਸਨੌਰ ਦੇ ਪ੍ਰਧਾਨ ਹਰਪਰੀਤ ਸਿੰਘ ਘੁੰਮਣ, ਦੀਪਾਸ਼ੂ ਸਨੌਰ ਤੇ ਹੋਰ ਆਗੂ ਹਾਜ਼ਰ ਸਨ।

## ਨਸ਼ੇ ਦਾ ਸੇਵਨ ਕਰਨ ਦੇ ਦੋਸ਼ 'ਚ ਲੜਕੀ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਇਕ ਲੜਕੀ ਨੂੰ ਨਸ਼ੀਲੇ ਪਦਾਰਥ ਦੀ ਸੇਵਨ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਐਚ.ਸੀ. ਕਿਰਨਦੀਪ ਕੌਰ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਅਤੇ ਔਰਤਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਥਾਣਾ ਵੈਰੋਕੇ ਏਰੀਏ ਵਿੱਚ ਮੌਜੂਦ ਸੀ ਅਤੇ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸ਼ਮਸ਼ਾਨਘਾਟ ਪਿੰਡ ਕਾਠਗੜ੍ਹ ਦੇ ਕੋਲ ਪੁੱਜੀ ਤਾਂ ਸਾਹਮਣੇ ਤੋਂ ਇਕ ਨੌਜਵਾਨ ਲੜਕੀ ਜੋ ਕਿ ਸ਼ਮਸ਼ਾਨਘਾਟ ਦੇ ਬਰਾਂਡੇ ਦੇ ਪਿਛਲੇ ਪਾਸੇ ਕੁਝ ਹਰਕਤ ਕਰਦੀ ਦਿਖਾਈ ਦਿੱਤੀ, ਜੋ ਪੁਲਸ ਪਾਰਟੀ ਦੀ ਗੱਡੀ ਵੇਖ ਕੇ ਆਪਣੇ ਹੱਥ ਵਿੱਚ ਫੜੇ ਸਮਾਨ ਨੂੰ ਜ਼ਮੀਨ ਤੇ ਸੁੱਟ ਕੇ ਖਿਸਕਣ ਲੱਗੀ ਤਾਂ ਪੁਲਸ ਪਾਰਟੀ ਨੇ ਉਸ ਨੂੰ ਕਾਬੂ ਕਰਕੇ ਉਸ ਵੱਲੋਂ ਸੁੱਟੇ ਗਏ ਸਮਾਨ ਦੀ ਤਲਾਸ਼ੀ ਕਰਨ ਤੇ ਇਕ ਲਾਈਟਰ, ਇਕ ਸਿਲਵਰ ਪੰਨੀ, ਜਿਸ 'ਤੇ ਕੋਈ ਨਸ਼ੀਲਾ ਪਦਾਰਥ ਲੱਗਾ ਹੋਇਆ ਅਤੇ ਇਕ 20 ਰੁਪਏ ਦਾ ਨੋਟ ਬਰਾਮਦ ਕੀਤਾ ਗਿਆ ਹੈ। ਪੁਲਸ ਵੱਲੋਂ ਰੇਖਾ ਰਾਣੀ ਉਰਫ ਰੇਖੀ ਪੁੱਤਰੀ ਮਹਿੰਦਰ ਸਿੰਘ ਵਾਸੀ ਕਾਠਗੜ੍ਹ ਦੇ ਖਿਲਾਫ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਰਿਟਾਇਰਡ ਇੰਪਲਾਈਜ਼ ਵੈੱਲਫੇਅਰ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**

ਰਿਟਾਇਰਡ ਇੰਪਲਾਈਜ਼ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਮਾਨਸਾ ਕਾਰਜਕਾਰਨੀ ਦੀ ਮੀਟਿੰਗ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਸਰਪ੍ਰਸਤ, ਮੈਨੇਜਰ ਸਵਿੰਦਰ ਸਿੰਘ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਪਿਛਲੇ ਦਿਨੀਂ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਵੱਲੋਂ ਧੂਰੀ ਵਿਖੇ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਰੋਸ ਪ੍ਰਦਰਸ਼ਨ 'ਚ ਸ਼ਾਮਲ ਹੋਏ ਸਾਥੀਆਂ ਵੱਲੋਂ ਰਿਪੋਰਟਿੰਗ ਕੀਤੀ ਗਈ।ਇਸ ਤੋਂ ਇਲਾਵਾ ਸਾਲਾਨਾ ਫੰਡ ਇਕੱਤਰ ਕਰਨ ਸਬੰਧੀ ਵੱਖ ਵੱਖ ਆਗੂਆਂ ਦੀਆਂ ਲਗਾਈਆਂ ਗਈਆਂ ਡਿਊਟੀਆਂ ਲਈ ਇਕੱਤਰ ਫੰਡ ਦੀ ਰਿਪੋਰਟ ਵੀ ਲਈ ਗਈ। ਇਸ ਤੋਂ ਇਲਾਵਾ ਪੈਨਸ਼ਨਰਜ਼ ਦੀਆਂ ਬੈਂਕ ਤੇ ਖਜ਼ਾਨੇ ਨਾਲ ਸਬੰਧਤ ਲਾਈਫ ਸਰਟੀਫਿਕੇਟ ਸਬੰਧੀ ਆ ਰਹੀਆਂ ਸਮੱਸਿਆਵਾਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਸਬੰਧੀ ਬੈਂਕ ਤੇ ਖਜ਼ਾਨੇ ਦੇ ਅਧਿਕਾਰੀਆਂ ਨੂੰ ਮਿਲਣ ਦਾ ਫੈਸਲਾ ਵੀ ਕੀਤਾ ਗਿਆ।ਇਸ ਮੌਕੇ ਹੜ੍ਹ ਪੀੜਤਾਂ ਲਈ ਇਕੱਤਰ ਕੀਤੇ ਜਾ ਰਹੇ ਫੰਡ ਸਬੰਧੀ ਵੀ ਗੱਲਬਾਤ ਹੋਈ ਤੇ ਫੰਡ ਦੇਣ ਤੋਂ ਰਹਿ ਗਏ ਸਾਥੀਆਂ ਨੂੰ ਅਪੀਲ ਕੀਤੀ ਕਿ ਆਪਣੀ ਜ਼ਿੰਮੇਵਾਰੀ ਸਮਝਦਿਆਂ ਬਣਦਾ ਹਿੱਸਾ ਪਾਇਆ ਜਾਵੇ।ਮੀਟਿੰਗ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਸਰਕਾਰ ਨੂੰ ਮੰਨੀਆਂ ਹੋਈਆਂ ਮੰਗਾਂ ਤੁਰੰਤ ਲਾਗੂ ਕਰਨ ਦੀ ਮੰਗ ਕਰਦਿਆਂ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਦੇਣ, ਹਰ ਤਰ੍ਹਾਂ ਦੇ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਪੱਕਾ ਕਰਨ ਤੋਂ ਇਲਾਵਾ ਤਰ੍ਹਾਂ ਤਰ੍ਹਾਂ ਦੇ ਬੰਦ ਕੀਤੇ ਗਏ ਭੱਤੇ ਮੁੜ ਬਹਾਲ ਕਰਨ ਆਦਿ ਮੰਗਾਂ ਮੰਨਣ ਦੀ ਅਪੀਲ ਵੀ ਪੰਜਾਬ ਦੇ ਮੁੱਖ ਮੰਤਰੀ ਨੂੰ ਕੀਤੀ ਗਈ।ਸਟੇਜ ਸਕੱਤਰ ਦੀ ਭੂਮਿਕਾ ਅਜਾਇਬ ਸਿੰਘ ਅਲੀਸ਼ੇਰ ਵੱਲੋਂ ਬਾਖੂਬੀ ਨਿਭਾਈ ਗਈ।ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਆਤਮਾ ਸਿੰਘ ਪਮਾਰ, ਪਿਰਥੀ ਸਿੰਘ ਮਾਨ, ਬਿੱਕਰ ਸਿੰਘ ਮੰਘਾਣੀਆ, ਹਰਬੰਸ ਸਿੰਘ ਢਿੱਲੋਂ, ਜਗਸੀਰ ਸਿੰਘ ਢਿੱਲੋਂ, ਸੁਰਜੀਤ ਸਿੰਘ ਖਿਆਲਾ, ਸਵਿੰਦਰ ਸਿੰਘ ਜੇ ਈ, ਜਗਦੀਸ਼ ਰਾਏ, ਜੀਤ ਸਿੰਘ ਭੁੱਲਰ, ਸਾਬਕਾ ਪ੍ਰਧਾਨ ਸੱਤਪਾਲ ਭੈਣੀ ਬਾਘਾ, ਬਾਦਸ਼ਾਹ ਸਿੰਘ, ਜਸਵੰਤ ਸਿੰਘ ਕੁਲਹਿਰੀ, ਇੰਦਰ ਸਿੰਘ, ਪਰਮਜੀਤ ਕੌਰ ਮਾਨਸਾ, ਗੋਰਾ ਲਾਲ ਅਤਲਾ, ਗੁਰਦੇਵ ਸਿੰਘ ਘੁਮਾਣ ਤੇ ਰਾਕੇਸ਼ ਕੁਮਾਰ ਆਦਿ ਹਾਜ਼ਰ ਸਨ।

## ਮੋਹਨੇਵਾਲਾ ਝੁੱਗੇ ਵਿਖੇ ਹੋਈ ਲੜਾਈ 'ਚ 4 ਵਿਰੁੱਧ ਪਰਚਾ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਪਿੰਡ ਮੋਹਨੇ ਵਾਲੇ ਝੁੱਗੇ ਵਿਖੇ ਬੀਤੇ ਦਿਨ ਹੋਈ ਲੜਾਈ ਦੇ ਸਬੰਧ ਵਿੱਚ 4 ਲੋਕਾਂ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ ਪੱਪੂ ਸਿੰਘ ਪੁੱਤਰ ਮੱਖਣ ਸਿੰਘ ਵਾਸੀ ਮੋਹਨੇ ਵਾਲੇ ਝੁੱਗੇ (ਬਲੇਲ ਕੇ ਕਾਮਲ) ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ 15 ਨਵੰਬਰ ਨੂੰ ਸ਼ਾਮ ਕਰੀਬ 6.30 ਵਜੇ ਉਹ ਆਪਣੀ ਗਲੀ ਵਿੱਚ ਜਾ ਰਿਹਾ ਸੀ ਤਾਂ ਸੁਲੱਖਣ ਸਿੰਘ ਪੁੱਤਰ ਮੁਨਸ਼ਾ ਸਿੰਘ, ਕਾਵਲ ਸਿੰਘ ਪੁੱਤਰ ਸੁਲੱਖਣ ਸਿੰਘ, ਜੱਲੋ ਬਾਈ ਪਤਨੀ ਸੁਲੱਖਣ ਸਿੰਘ ਅਤੇ ਪ੍ਰਵੀਨ ਰਾਣੀ ਪਤਨੀ ਕਾਵਲ ਸਿੰਘ ਵਾਸੀਆਨ ਮੋਹਨੇ ਵਾਲੇ ਝੁੱਗੇ ਉਰਫ ਬਲੇਲ ਕੇ ਕਾਮਲ ਨੇ ਉਸ ਦੇ ਨਾਲ ਗਾਲੀ-ਗਲੋਚ ਕੀਤਾ ਅਤੇ ਇਕੱਠੇ ਹੋ ਕੇ ਉਸ ਦੀ ਕੁੱਟਮਾਰ ਕੀਤੀ ਗਈ, ਜਿਸ ਤੇ ਉਹ ਇਲਾਜ ਲਈ ਦਾਖਲ ਹੋਇਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਅਮਰੀਕ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਪੱਪੂ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਸੁਲੱਖਣ ਸਿੰਘ, ਕਾਵਲ ਸਿੰਘ, ਜੱਲੋ ਬਾਈ ਅਤੇ ਪ੍ਰਵੀਨ ਰਾਣੀ ਦੇ ਖਿਲਾਫ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਮਾਊਂਟ ਲਿਟਰਾ ਜ਼ੀ ਸਕੂਲ 'ਚ ਅਥਲੈਟਿਕ ਮੀਟ ਸਫਲਤਾਪੂਰਵਕ ਸੰਪੰਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਮੰਨੀ ਪ੍ਰੰਮਨੀ ਸੰਸਥਾ ਮਾਊਂਟ ਲਿਟਰਾ ਜ਼ੀ ਸਕੂਲ ਜਿੱਥੇ ਵਿੱਦਿਅਕ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਮੋਹਰੀ ਹੈ, ਉੱਥੇ ਹੀ ਖੇਡਾਂ ਵਿੱਚ ਵੀ ਸਭ ਤੋਂ ਅੱਗੇ ਹੈ।

ਸਕੂਲ ਦੇ ਪ੍ਰਿੰਸੀਪਲ ਸ੍ਰ. ਗੁਰਦੇਵ ਸਿੰਘ ਜੀ ਤੇ ਡਾਇਰੈਕਟਰ ਤੇ ਪ੍ਰਿੰਸੀਪਲ ਸ੍ਰੀ ਸੰਦੀਪ ਮਹਿਤਾ ਦੀ ਯੋਗ ਅਗਵਾਈ ਹੇਠ ਸੰਸਥਾ ਦੀ ਸਾਲਾਨਾ ਐਥਲੈਟਿਕ ਮੀਟ ਦਾ ਸ਼ਾਨਦਾਰ ਢੰਗ ਨਾਲ ਆਗਾਜ਼ ਹੋਇਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਹਿੱਸਾ ਲਿਆ।ਐਥਲੈਟਿਕ ਮੀਟ ਦੀ ਸ਼ੁਰੂਆਤ ਤੇ ਬੱਚਿਆਂ ਵੱਲੋਂ ਪਰੇਡ ਕੀਤੀ ਗਈ। ਪਹਿਲੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਪੌਮ-ਪੌਮ ਡਰਿੱਲ ਪੇਸ਼ ਕੀਤੀ ਗਈ।ਰਾਸ਼ਟਰੀ ਗੀਤ ਦਾ ਗਾਇਨ ਕੀਤਾ ਗਿਆ।ਵਿਦਿਆਰਥੀਆਂ ਨੇ ਵੱਖ-ਵੱਖ ਈਵੈਂਟਾਂ ਵਿੱਚ ਭਾਗ ਲਿਆ, ਜਿਵੇਂ ਹਰਡਲ ਰੇਸ, ਬੈਗ ਰੇਸ, ਰਿਲੇਅ ਰੇਸ, ਲਾਕ ਰੇਸ, ਥਰੀ ਲੈਗ ਰੇਸ, 100 ਮੀਟਰ, 200 ਮੀਟਰ, 400 ਮੀਟਰ ਰੇਸ ਆਦਿ ਖੇਡਾਂ ਦਾ ਪ੍ਰਦਰਸ਼ਨ ਕੀਤਾ ਗਿਆ।ਸਪੋਰਟਸ ਕੋਚ ਮੈਡਮ ਪ੍ਰਵੀਨ ਕੌਰ ਮੋਗਾ ਦੀ ਅਗਵਾਈ ਹੇਠ ਬੱਚਿਆਂ ਨੇ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ।ਜੇਤੂ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਅੰਤ ਵਿੱਚ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਕਰਾਟੇ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਸਰਦਾਰ ਗੁਰਦੇਵ ਸਿੰਘ ਜੀ ਨੇ ਵਿਦਿਆਰਥੀਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਪ੍ਰੇਰਿਤ ਕੀਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਐਥਲੈਟਿਕ ਮੀਟ ਸਿਰਫ ਇੱਕ ਮੁਕਾਬਲਾ ਨਹੀਂ, ਸਗੋਂ ਹੌਂਸਲੇ ਤੇ ਸੱਚੀ ਖੇਡ ਭਾਵਨਾ ਦਾ ਜਸ਼ਨ ਹੈ।

ਇਸ ਮੌਕੇ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਆਪਣੇ ਭਾਸ਼ਣ ਵਿੱਚ ਵਧੀਆ ਪ੍ਰਦਰਸ਼ਨ ਕਰਨ 'ਤੇ ਵਧਾਈ ਦਿੱਤੀ ਤੇ ਉਨ੍ਹਾਂ ਨੇ ਬੱਚਿਆਂ ਨੂੰ ਦੱਸਿਆ ਕਿ ਖੇਡਾਂ ਖੇਡਣ ਨਾਲ ਸਰੀਰ ਰਿਸ਼ਟ-ਪੁਸ਼ਟ ਰਹਿੰਦਾ ਹੈ।

ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਅੱਗੇ ਤੋਂ ਵੱਧ ਤੋਂ ਵੱਧ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਮਾਊਂਟ ਲਿਟਰਾ ਜ਼ੀ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਆਪਣੇ ਭਾਸ਼ਣ ਵਿੱਚ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਹਿੱਸਾ ਲੈਂਦੇ ਰਹਿਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਕਿਹਾ ਕਿ ਜੋ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਹਿੱਸਾ ਲੈਂਦਾ ਹੈ, ਉਹ ਬੱਚਾ ਬਹੁਤ ਤਰੱਕੀ ਕਰਦਾ ਹੈ।ਮੈਡਮ ਖੁਸ਼ਪ੍ਰੀਤ ਕੌਰ ਨੇ ਸਾਰੇ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਸਭ ਤੁਹਾਡੀ ਮਿਹਨਤ ਦਾ ਨਤੀਜਾ ਹੈ।ਸਟੇਜ ਸੰਚਾਲਨ ਦੀ ਭੂਮਿਕਾ ਮੈਡਮ ਰਾਜਵਿੰਦਰ ਕੌਰ ਸਰਾਂ ਤੇ ਮੈਡਮ ਭਾਵਨਾ ਵੱਲੋਂ ਬਹੁਤ ਹੀ ਬਾਖੂਬੀ ਢੰਗ ਨਾਲ ਨਿਭਾਈ ਗਈ।ਇਸ ਮੌਕੇ ਮਾਊਂਟ ਲਿਟਰਾ ਜ਼ੀ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

## ਪਰਾਲੀ ਨੂੰ ਅੱਗ ਲਗਾਉਣ ਦੇ ਦੋਸ਼ 'ਚ 11 ਵਿਰੁੱਧ ਪਰਚੇ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਡਿਪਟੀ ਕਮਿਸ਼ਨਰ ਫਾਜ਼ਿਲਕਾ ਵੱਲੋਂ ਲਗਾਈ ਗਈ ਰੋਕਥਮ ਦੇ ਬਾਵਜੂਦ ਪਰਾਲੀ ਨੂੰ ਅੱਗ ਲਗਾ ਕੇ ਆਦੇਸ਼ਾਂ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਥਾਣਾ ਸਦਰ ਦੀ ਪੁਲਸ ਵੱਲੋਂ 6 ਮੁਕੱਦਮੇ ਦਰਜ ਕੀਤੇ ਗਏ ਹਨ, ਜਿਸ ਵਿੱਚ 11 ਲੋਕ ਨਾਮਜ਼ਦ ਕੀਤੇ ਗਏ ਹਨ। ਸਹਾਇਕ ਥਾਣੇਦਾਰ ਬੇਅੰਤ ਸਿੰਘ ਅਤੇ ਐਚ.ਸੀ. ਸ਼ਾਮ ਸਿੰਘ ਨੇ ਦੱਸਿਆ ਕਿ ਰਾਧਿਕਾ ਮੋਂਗਾ ਪੰਚਾਇਤ ਸੈਕਟਰੀ ਨੇ ਥਾਣੇ ਵਿੱਚ ਪੱਤਰ ਦਿੱਤੇ ਗਏ ਹਨ ਕਿ 14 ਨਵੰਬਰ ਨੂੰ ਕਾਹਨੇਵਾਲਾ ਵਿਖੇ ਵਿਜੈ ਕੁਮਾਰ ਪੁੱਤਰ ਵਿੱਦਿਆਵੰਤੀ, ਸਵੀਤਾ ਰਾਨੀ ਪੱਤਨੀ ਸੋਮ ਨਾਥ, ਅਮਨਦੀਪ ਪੁੱਤਰ ਸੋਮ ਨਾਥ, ਜੰਗੀਰ ਸਿੰਘ ਪੁੱਤਰ ਦਾਨੋ ਬਾਈ, ਮੰਗਤ ਸਿੰਘ ਪੁੱਤਰ ਦਾਨੋ ਬਾਈ ਅਤੇ ਕਰਤਾਰ ਸਿੰਘ ਪੁੱਤਰ ਦਾਨੋ ਬਾਈ ਨੇ ਆਪਣੇ ਖੇਤ ਵਿੱਚ ਪਰਾਲੀ ਨੂੰ ਅੱਗ ਲਗਾ ਕੇ ਡੀ ਸੀ ਦੇ ਆਦੇਸ਼ਾਂ ਦੀ ਉਲੰਘਣਾ ਕੀਤੀ ਗਈ ਹੈ, ਜਿਸ ਤੇ ਉਨ੍ਹਾਂ ਵੱਲੋਂ ਪਰਾਲੀ ਸਾੜਨ ਤੇ ਇਨ੍ਹਾਂ ਲੋਕਾਂ ਦਾ ਚਲਾਨ ਕੱਟਿਆ ਗਿਆ ਅਤੇ 30 ਦਿਨਾਂ ਵਿੱਚ ਚਲਾਣ ਭਰਨ ਦੀ ਹਦਾਇਤ ਕੀਤੀ ਗਈ। ਇਨ੍ਹਾਂ ਲੋਕਾਂ ਦੇ ਵਿਰੁੱਧ ਧਾਰਾ 223 ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਧਰ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਅਤੇ ਸਤਨਾਮ ਦਾਸ ਨੇ ਦੱਸਿਆ ਕਿ ਗੁਰਮੇਲ ਸਿੰਘ ਵੈਟਨਰੀ ਫਾਰਮੇਸੀ ਵੱਲੋਂ ਥਾਣਾ ਸਦਰ ਜਲਾਲਾਬਾਦ ਵਿਖੇ ਪੱਤਰ ਦਿੱਤੇ ਗਏ ਹਨ। ਜਿਸ ਵਿੱਚ ਵੈਟਨਰੀ ਫਾਰਮੇਸੀ ਗੁਰਮੇਲ ਸਿੰਘ ਨੇ ਦੱਸਿਆ ਕਿ ਲੱਧੂਵਾਲਾ ਹਿਠਾੜ ਦੇ ਨਿਵਾਸੀ ਰਾਜ ਰਾਣੀ ਪਤਨੀ ਜਰਨੈਲ ਸਿੰਘ, ਕਸ਼ਮੀਰ ਸਿੰਘ ਪੁੱਤਰ ਇਸਰ ਸਿੰਘ, ਕੁਲਦੀਪ ਸਿੰਘ ਪੁੱਤਰ ਬਲਕਾਰ ਸਿੰਘ, ਸੰਤੋਖ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀਆਨ ਲੱਧੂਵਾਲਾ ਹਿਠਾੜ ਨੇ ਆਪਣੇ ਖੇਤਾਂ ਵਿੱਚ ਪਰਾਲੀ ਸਾੜ ਕੇ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਦੀ ਉਲੰਘਣਾ ਕੀਤੀ ਗਈ ਹੈ। ਜਿਸ ਤੇ ਉਕਤ ਵਿਅਕਤੀਆਂ ਨੂੰ ਪਰਾਲੀ ਸਾੜਨ ਸਬੰਧੀ ਚਲਾਣ ਕੀਤਾ ਗਿਆ ਅਤੇ 30 ਦਿਨ ਦੇ ਵਿਚ ਇਹ ਚਲਾਨ ਭਰਨ ਦੀ ਹਦਾਇਤ ਕੀਤੀ ਗਈ ਅਤੇ ਇਸ ਦੇ ਨਾਲ ਹੀ ਇਨ੍ਹਾਂ ਵਿਅਕਤੀਆਂ ਦੇ ਵਿਰੁੱਧ ਥਾਣਾ ਸਦਰ ਜਲਾਲਾਬਾਦ ਵਿਖੇ ਵੱਖ ਵੱਖ ਮੁਕੱਦਮਿਆ ਵਿੱਚ ਧਾਰਾ 223 ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ਹੈ। ਉਧਰ, ਇਕ ਹੋਰ ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬੇਅੰਤ ਸਿੰਘ ਨੇ ਦੱਸਿਆ ਕਿ ਸੁਖਵਿੰਦਰ ਸਿੰਘ ਲਾਇਨਮੈਨ ਨੇ ਪੁਲਿਸ ਕੋਲ ਲਿਖਤੀ ਪੱਤਰ ਦਿੱਤਾ ਗਿਆ। ਜਿਸ ਵਿੱਚ ਉਨ੍ਹਾਂ ਦੱਸਿਆ ਕਿ ਪਿੰਡ ਪ੍ਰਭਾਤ ਸਿੰਘ ਵਾਲਾ ਹਿਠਾੜ ਵਿਖੇ ਬਰਲਾਮ ਸਿੰਘ ਪੁੱਤਰ ਦੁੱਲਾ ਸਿੰਘ ਅਤੇ ਸਤਪਾਲ ਸਿੰਘ ਪੁੱਤਰ ਦੁਲਾ ਸਿੰਘ ਵਾਸੀਆਨ ਪ੍ਰਭਾਤ ਸਿੰਘ ਵਾਲਾ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਦੀ ਉਲੰਘਣਾ ਕੀਤੀ ਗਈ ਹੈ। ਜਿਸ ਤੇ ਉਕਤ ਵਿਅਕਤੀਆਂ ਦੇ ਵਿਰੁੱਧ ਚਲਾਣ ਭਰਨ ਦੀ ਹਦਾਇਤ ਕੀਤੀ ਗਈ ਹੈ ਅਤੇ ਇਸ ਦੇ ਨਾਲ ਹੀ ਇਨ੍ਹਾਂ ਵਿਅਕਤੀਆਂ ਵਿਰੁੱਧ ਧਾਰਾ 223 ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

## ਮਾਤਾ ਗੁਜਰੀ ਕਾਲਜ ਦੇ ਧਰਮ ਅਧਿਐਨ ਤੇ ਇਤਿਹਾਸ ਵਿਭਾਗ ਵੱਲੋਂ ਸੈਮੀਨਾਰ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਧਰਮ ਅਧਿਐਨ ਵਿਭਾਗ ਤੇ ਇਤਿਹਾਸ ਵਿਭਾਗ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350 ਸਾਲਾ ਗੁਰਿਆਈ ਦਿਵਸ ਨੂੰ ਸਮਰਪਤ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ : ਅਧਿਆਤਮਿਕਤਾ ਅਤੇ ਮਨੁੱਖਤਾ ਦੇ ਚਾਨਣ ਮੁਨਾਰੇ' ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।ਇਹ ਸੈਮੀਨਾਰ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ ਦੇ ਦਿਸ਼ਾ-ਨਿਰਦੇਸ਼ ਹੇਠ ਕਰਵਾਇਆ ਗਿਆ, ਜਿਸ ਦਾ ਮੁੱਖ ਮਨੋਰਥ ਵਿਦਿਆਰਥੀਆਂ ਅੰਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਉਨ੍ਹਾਂ ਦੇ ਮਹਾਨ ਸਿੱਖਾਂ ਦੀ ਲਾਸਾਨੀ ਸ਼ਹਾਦਤ ਤੋਂ ਜਾਣੂ ਕਰਵਾਉਣਾ ਤੇ ਵਿਦਿਆਰਥੀ ਜੀਵਨ ਨੂੰ ਉੱਚ ਕਦਰਾਂ-ਕੀਮਤਾਂ ਨਾਲ ਭਰਪੂਰ ਕਰਨਾ ਸੀ।ਇਸ ਮੌਕੇ ਪ੍ਰਧਾਨਗੀ ਭਾਸ਼ਣ ਦਿੰਦਿਆਂ ਹੋਇਆ ਕਾਲਜ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਮਨੁੱਖੀ ਅਧਿਕਾਰਾਂ ਦੀ ਰਾਖੀ ਦੀ ਵਿਲੱਖਣ ਮਿਸਾਲ ਹੈ।ਇਸ ਸੈਮੀਨਾਰ ਵਿੱਚ ਡਾ. ਜਗਜੀਵਨ ਸਿੰਘ ਰਿਟਾਇਰਡ ਐਸੋਸੀਏਟ ਪ੍ਰੋਫ਼ੈਸਰ ਮਾਤਾ ਗੁਜਰੀ ਕਾਲਜ ਫ਼ਤਹਿਗੜ੍ਹ ਸਾਹਿਬ, ਡਾ. ਦਿਲਵਰ ਸਿੰਘ ਅਸਿਸਟੈਂਟ ਡਾਇਰੈਕਟਰ ਯੁਵਕ ਸੇਵਾਵਾਂ ਫ਼ਤਹਿਗੜ੍ਹ ਸਾਹਿਬ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਧਿਆਤਮਿਕਤਾ ਦਾ ਮੁਜੱਸਮਾ ਹਨ ਤੇ ਮਨੁੱਖ ਨੂੰ ਉਨ੍ਹਾਂ ਦੀ ਬਾਣੀ ਨਾਲ ਜੁੜ ਕੇ ਹਉਮੈ ਦਾ ਤਿਆਗ ਕਰਦਿਆਂ ਨਾਮ ਦੀ ਪ੍ਰਾਪਤੀ ਕਰ ਲੈਣੀ ਚਾਹੀਦੀ ਹੈ।ਇਸ ਸੈਮੀਨਾਰ ਵਿੱਚ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਗੁਰਬਾਜ ਸਿੰਘ ਨੇ ਕੋਆਰਡੀਨੇਟਰ ਦੀ ਭੂਮਿਕਾ ਨਿਭਾਈ ਤੇ ਮੰਚ ਦਾ ਸੰਚਾਲਨ ਵੀ ਕੀਤਾ।ਇਸ ਤੋਂ ਇਲਾਵਾ ਇਸ ਸੈਮੀਨਾਰ ਵਿੱਚ ਇਤਿਹਾਸ ਵਿਭਾਗ ਦੇ ਮੁਖੀ ਪ੍ਰੋ. ਹਰਭਿੰਦਰ ਸਿੰਘ ਤੇ ਡਾ. ਰਮਨਦੀਪ ਕੌਰ ਨੇ ਸੈਮੀਨਾਰ ਸਕੱਤਰ ਦੇ ਤੌਰ 'ਤੇ ਆਪਣੀਆਂ ਸੇਵਾਵਾਂ ਦਿੱਤੀਆਂ।ਸੈਮੀਨਾਰ ਦੇ ਅੰਤ ਵਿੱਚ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਦੁਆਰਾ ਸਮਾਗਮ ਵਿੱਚ ਮੌਜੂਦ ਵਕਤਿਆਂ, ਸਟਾਫ਼ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ।

# ਜ਼ਿਲ੍ਹਾ ਪ੍ਰਧਾਨ ਬਣਨ 'ਤੇ ਗੁਰਸ਼ਰਨ ਰੰਧਾਵਾ ਦਾ ਮਦਨ ਲਾਲ ਜਲਾਲਪੁਰ ਵੱਲੋਂ ਸਨਮਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਵੱਲੋਂ ਸ਼ੁਰੂ ਕੀਤੀ ਗਈ ਸੰਗਠਨ ਸਿਰਜਨ ਮੁਹਿੰਮ ਤਹਿਤ ਕਾਂਗਰਸ ਹਾਈ ਕਮਾਂਡ ਨੇ ਇਕ ਵਾਰ ਫਿਰ ਤੋਂ ਜ਼ਿਲ੍ਹਾ ਪਟਿਆਲਾ (ਦਿਹਾਤੀ) ਕਾਂਗਰਸ ਲਈ ਪੰਜਾਬ ਮਹਿਲਾ ਕਾਂਗਰਸ ਦੀ ਸੂਬਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ 'ਤੇ ਆਪਣਾ ਵਿਸ਼ਵਾਸ ਜਿਤਾਉਂਦੇ ਹੋਏ ਉਨ੍ਹਾਂ ਨੂੰ ਜ਼ਿਲ੍ਹਾ ਕਾਂਗਰਸ (ਦਿਹਾਤੀ) ਦਾ ਪ੍ਰਧਾਨ ਨਿਯੁਕਤ ਕਰ ਦਿੱਤਾ ਹੈ।ਉਨ੍ਹਾਂ ਦੀ ਨਿਯੁਕਤੀ ਤੋਂ ਬਾਅਦ ਪਟਿਆਲਾ ਦੇ ਕਾਂਗਰਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਪ੍ਰਧਾਨ ਬਣਨ ਤੋਂ ਬਾਅਦ ਬੀਬਾ ਗੁਰਸ਼ਰਨ ਕੌਰ ਰੰਧਾਵਾ ਨੂੰ ਕਾਂਗਰਸ ਦੇ ਆਗੂ ਤੇ ਘਨੌਰ ਦੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਤੇ ਪਾਵਰਕਾਮ ਦੇ ਸਾਬਕਾ ਪ੍ਰਬੰਧਕੀ ਮੈਂਬਰ ਗਗਨਦੀਪ ਜੌਲੀ ਵੱਲੋਂ ਆਪਣੇ ਘਰ ਜਲਾਲਪੁਰ ਵਿਖ਼ੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਾਂਗਰਸੀ ਆਗੂ ਰਵਿੰਦਰ ਸਿੰਘ ਲਾਲੀ, ਗੁਰਦੀਪ ਸਿੰਘ ਉਲਟ ਸਰ ਦੀਦਾਰ ਸਿੰਘ ਦੌਣ ਕਲਾਂ, ਮਲਕੀਤ ਸਿੰਘ ਬਠੋਈ ਤੋਂ ਇਲਾਵਾ ਹੋਰ ਇਲਾਕੇ ਦੇ ਪ੍ਰਧਾਨ, ਸਰਪੰਚ, ਪੰਚ ਤੇ ਹੋਰ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੈਂਬਰ ਬ੍ਰਹਮ ਮਹਿੰਦਰਾ, ਮਦਨ ਲਾਲ ਜਲਾਲਪੁਰ ਸਾਬਕਾ ਐੱਮ ਐੱਲ ਏ, ਗਗਨਦੀਪ ਜੌਲੀ ਸਾਬਕਾ ਮੈਂਬਰ ਪਾਵਰਕਾਮ ਦੀਦਾਰ ਸਿੰਘ ਦੌਣ ਕਲਾਂ, ਹਰਪਾਲ ਸਿੰਘ, ਚਮਕੌਰ ਸਿੰਘ, ਦੀਪ ਲਾਲੋਛੀ, ਚੌਧਰੀ ਨਿਰਮਲ ਭੱਟੀਆਂ, ਬਲਿਹਾਰ ਸਿੰਘ ਸਮਸਪੁਰ, ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ, ਸਵਰਨ ਸਿੰਘ ਰਾਮਗੜ੍ਹ, ਸੂਬਾ ਸਕੱਤਰ ਕਿਸਾਨ ਸੈੱਲ, ਗੌਰਵ ਸੰਧੂ ਵੱਲੋਂ ਬੀਬਾ ਗੁਰਸ਼ਰਨ ਕੌਰ ਰੰਧਾਵਾ ਦੇ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਬੀਬਾ ਰੰਧਾਵਾ ਨੇ ਕਿਹਾ ਕਿ ਪਾਰਟੀ ਹਾਈ ਕਮਾਂਡ, ਪੰਜਾਬ ਪ੍ਰਦੇਸ਼ ਕਾਂਗਰਸ ਹਾਈ ਕਮਾਨ ਨੇ ਉਨ੍ਹਾਂ 'ਤੇ ਜੋ ਵਿਸ਼ਵਾਸ ਕੀਤਾ ਹੈ, ਉਹ ਉਸ 'ਤੇ ਖਤਰਾ ਉਤਰਨਗੇ ਤੇ 2027 ਵਿੱਚ ਪਟਿਆਲਾ ਸ਼ਹਿਰੀ ਤੇ ਪਟਿਆਲਾ ਦਿਹਾਤੀ ਦੀਆਂ ਸਾਰੀਆਂ ਸੀਟਾਂ ਕਾਂਗਰਸ ਪਾਰਟੀ ਦੀ ਝੋਲੀ ਵਿੱਚ ਪਾਉਣ ਲਈ ਸਮੁੱਚੇ ਕਾਂਗਰਸੀ ਵਰਕਰਾਂ ਨੂੰ ਨਾਲ ਲੈ ਕੇ ਦਿਨ-ਰਾਤ ਮਿਹਨਤ ਕਰਨਗੇ।ਇਸ ਮੌਕੇ ਮਦਨ ਜਲਾਲਪੁਰ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਬੀਬਾ ਰੰਧਾਵਾ ਤੇ ਨਰੇਸ਼ ਦੁੱਗਲ ਨੂੰ ਫਿਰ ਤੋਂ ਪ੍ਰਧਾਨ ਬਣਾ ਕੇ ਕਾਂਗਰਸੀਆਂ ਦੀਆਂ ਭਾਵਨਾਵਾਂ ਦੀ ਕਦਰ ਕੀਤੀ ਹੈ।ਉਨ੍ਹਾਂ ਕਿਹਾ ਕਿ ਗੁਰਸ਼ਰਨ ਕੌਰ ਰੰਧਾਵਾ ਦੀ ਅਗਵਾਈ ਹੇਠ ਪਟਿਆਲਾ ਸ਼ਹਿਰੀ ਵਿੱਚ ਕਾਂਗਰਸ ਪਾਰਟੀ ਨੂੰ ਫਿਰ ਤੋਂ ਖੜ੍ਹਾ ਕੀਤਾ ਗਿਆ।2024 ਦੀਆਂ ਲੋਕ ਸਭਾ ਚੋਣਾਂ ਵਿੱਚ ਪਟਿਆਲਾ ਸ਼ਹਿਰ ਤੇ ਪਟਿਆਲਾ ਦਿਹਾਤੀ ਹਲਕਿਆਂ ਵਿੱਚ ਕਾਂਗਰਸ ਪਾਰਟੀ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ, ਜਿਸ ਕਰਕੇ ਡਾ. ਧਰਮਵੀਰ ਗਾਂਧੀ ਪਟਿਆਲਾ ਦੇ ਐੱਮ. ਪੀ. ਬਣੇ ਤੇ ਉਨ੍ਹਾਂ ਮੋਤੀ ਮਹਿਲ ਨੂੰ ਕਰਾਰੀ ਹਾਰ ਦਿੱਤੀ।ਉਨ੍ਹਾਂ ਕਿਹਾ ਕਿ ਸਾਬਕਾ ਕੈਬਨਿਟ ਮੰਤਰੀ ਬ੍ਰਹਮ ਮਹਿੰਦਰਾ ਨੇ ਜ਼ਿਲ੍ਹਾ ਕਾਂਗਰਸ ਕਮੇਟੀ ਨੂੰ ਹਮੇਸ਼ਾ ਹੀ ਪੂਰਨ ਸਹਿਯੋਗ ਦਿੱਤਾ।ਸਾਬਕਾ ਕੈਬਨਿਟ ਮੰਤਰੀ ਬ੍ਰਹਮ ਮਹਿੰਦਰਾ ਨੇ ਰੰਧਾਵਾ ਦੀ ਡੱਟ ਕੇ ਸਪੋਟ ਕੀਤੀ, ਜਿਸ ਕਾਰਨ ਉਹ ਫਿਰ ਤੋਂ ਪ੍ਰਧਾਨ ਬਣਨ ਵਿਚ ਸਫਲ ਰਹੇ।ਉਨ੍ਹਾਂ ਕਿਹਾ ਕਿ ਪਟਿਆਲਾ ਦੇ ਸਮੁੱਚੇ ਕਾਂਗਰਸੀ ਵਰਕਰ ਕਾਂਗਰਸ ਹਾਈਕਮਾਂਡ ਤੇ ਖਾਸ ਤੌਰ 'ਤੇ ਸਾਬਕਾ ਕੈਬਨਿਟ ਮੰਤਰੀ ਬ੍ਰਹਮ ਮਹਿੰਦਰਾ ਦੇ ਧੰਨਵਾਦੀ ਹਨ, ਜਿਨ੍ਹਾਂ ਨੇ ਕਾਂਗਰਸੀ ਵਰਕਰਾਂ ਦੀਆਂ ਭਾਵਨਾਵਾਂ ਦੀ ਕਦਰ ਕਰਦੇ ਹੋਏ ਫਿਰ ਤੋਂ ਗੁਰਸ਼ਰਨ ਕੌਰ ਰੰਧਾਵਾ ਨੂੰ ਪਾਰਟੀ ਦਾ ਪ੍ਰਧਾਨ ਬਣਾਇਆ।

## ਸੈਂਟਰ ਫਾਰ ਐਜੂਕੇਸ਼ਨ ਡਿਵੈੱਲਪਮੈਂਟ ਐਂਡ ਰੀਸਰਚ ਵੱਲੋਂ ਕਰਾਏ ਗਏ ਹੁਨਰ ਮੁਕਾਬਲੇ



**ਜਗਰਾਉਂ (ਅਮਿਤ ਖੰਨਾ)**-ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ, ਜੋ ਸਿੱਖਿਆ ਦੇ ਨਾਲ-ਨਾਲ ਸਮਾਜਿਕ ਗਤੀਵਿਧੀਆਂ ਵੀ ਆਪਣੇ ਕੈਂਪਸ ਵਿੱਖੇ ਕਰਾਉਂਦੀ ਰਹਿੰਦੀ ਹੈ, ਇਸੇ ਲੜੀ ਤਹਿਤ ਸੈਂਟਰ ਫਾਰ ਐਜੂਕੇਸ਼ਨ ਡਵੈਲਪਮੈਂਟ ਐਂਡ ਰੀਸਰਚ ਵੱਲੋਂ ਆਯੋਜਤ ਅੰਤਰਰਾਸ਼ਟਰੀ ਪੱਧਰ 'ਤੇ ਹੁਨਰ ਮੁਕਾਬਲੇ, ਜਿਸ ਵਿੱਚ ਪੇਟਿੰਗ ਮੁਕਾਬਲੇ, ਸੁੰਦਰ ਲਿਖਾਈ ਮੁਕਾਬਲੇ, ਡਰਾਇੰਗ ਮੁਕਾਬਲੇ ਅਤੇ ਰੰਗੋਲੀ ਮੁਕਾਬਲੇ ਆਰਟ ਟੀਚਰ ਸ਼੍ਰੀਮਤੀ ਸਿਮਰਪ੍ਰੀਤ ਕੌਰ ਦੀ ਦੇਖ-ਰੇਖ ਹੇਠ ਕਰਾਏ ਗਏ।ਇਸ ਮੁਕਬਲੇ ਵਿੱਚ 200 ਵਿਦਿਆਰਥੀਆਂ ਨੇ ਭਾਗ ਲਿਆ ਤੇ ਵਿਸ਼ੇਸ਼ ਸਥਾਨ ਹਾਸਲ ਕੀਤੇ।ਭਾਗ ਲੈਣ ਵਾਲੇ ਹਰ ਵਿਦਿਆਰਥੀ ਨੂੰ ਸਰਟੀਫਿਕੇਟ ਵੀ ਦਿੱਤਾ ਗਿਆ।ਵਿਸ਼ੇਸ਼ ਸਥਾਨ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਵਿੱਚ ਪਰਮਿੰਦਰ ਕੌਰ 10ਵੀਂ ਜਮਾਤ ਨੇ ਪੇਟਿੰਗ ਵਿੱਚ, ਕੋਮਲਪ੍ਰੀਤ ਕੌਰ 9ਵੀਂ ਜਮਾਤ ਨੇ ਸੁੰਦਰ ਲਿਖਾਈ ਵਿੱਚ, ਨਵਨੀਤ ਕੌਰ ਬਾਵਾ 5ਵੀਂ ਜਮਾਤ, ਬਪਨੀਤ ਕੌਰ ਪਹਿਲੀ ਜਮਾਤ, ਮਨਰਾਜ ਕੌਰ ਯੂ. ਕੇ. ਜੀ ਅਤੇ ਗੁਰਕਿਰਤ ਕੌਰ ਐਲ. ਕੇ. ਜੀ ਨੇ ਪੇਟਿੰਗ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਜੇਤੂ ਵਿਦਿਆਰਥੀਆਂ ਨੂੰ ਕਲਾਰੰਗ ਐਵਾਰਡ ਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਮੈਡਮ ਸ਼੍ਰੀਮਤੀ ਮੋਨਾ ਠਾਕੁਰ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਇਸ ਤਰ੍ਹਾਂ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ।

## ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਦੇ ਬੱਚਿਆਂ ਨੂੰ ਕਿਲ੍ਹਾ ਬਾਬਾ ਫ਼ਰੀਦ ਜੀ ਦੇ ਦਰਸ਼ਨ ਕਰਾਏ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌਂ ਦੇ ਵਿਦਿਆਰਥੀਆਂ ਦਾ ਗੋਦੜੀ ਸਾਹਿਬ, ਕਿਲਾ ਸਾਹਿਬ, ਟਿੱਲਾ ਬਾਬਾ ਫਰੀਦ ਤੇ ਰੈਸਟ ਹਾਊਸ ਦਾ ਵਿਸ਼ੇਸ਼ ਧਾਰਮਿਕ ਅਤੇ ਇਤਿਹਾਸਿਕ ਅਧਿਐਨ ਟੂਰ ਕਰਾਇਆ ਗਿਆ।ਟੂਰ ਦੌਰਾਨ ਬੱਚਿਆਂ ਨੇ ਨਾ ਸਿਰਫ ਇਤਿਹਾਸਿਕ ਧਰੋਹਰਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ, ਸਗੋਂ ਰੂਹਾਨੀ ਮਾਹੌਲ ਦਾ ਆਨੰਦ ਵੀ ਮਾਣਿਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ ਅਤੇ ਪ੍ਰਿੰਸੀਪਲ ਸ਼੍ਰੀਮਤੀ ਰੁਬੀਨਾ ਧੀਰ ਦੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਭ ਤੋਂ ਪਹਿਲਾਂ ਵਿਦਿਆਰਥੀ ਗੋਦੜੀ ਸਾਹਿਬ ਪਹੁੰਚੇ, ਜਿੱਥੇ ਗੁਰਮਤਿ ਸਿੱਖਿਆਕਾਰਾਂ ਨੇ ਉਨ੍ਹਾਂ ਨੂੰ ਇਸ ਧਰਮ ਸਥਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।ਬੱਚਿਆਂ ਨੇ ਦਰਸ਼ਨ ਕਰਕੇ ਅਰਦਾਸ ਕੀਤੀ।ਇਸ ਤੋਂ ਬਾਅਦ ਕਿਲਾ ਸਾਹਿਬ ਅਤੇ ਟਿੱਲਾ ਬਾਬਾ ਫਰੀਦ ਵੱਲ ਰਵਾਨਾ ਹੋਏ।ਵਿਦਿਆਰਥੀਆਂ ਨੂੰ ਬਾਬਾ ਫਰੀਦ ਜੀ ਦੀ ਬਾਣੀ ਸੇਵਾ ਸਿਮਰਨ ਤੇ ਸ਼ਾਂਤੀ ਦੇ ਸੁਨੇਹੇ ਬਾਰੇ ਦੱਸਿਆ ਗਿਆ ਅਤੇ ਕਿਲਾ ਸਾਹਿਬ ਵਿਖੇ ਬਾਬਾ ਫਰੀਦ ਜੀ ਦੇ ਤਪ ਅਸਥਾਨ ਦੇ ਦਰਸ਼ਨ ਕੀਤੇ।ਅਖੀਰ ਵਿੱਚ ਵਿਦਿਆਰਥੀਆਂ ਨੇ ਰੈਸਟ ਹਾਊਸ ਦਾ ਨਿਰੀਖਣ ਕੀਤਾ ਜੋ ਇਲਾਕੇ ਦੀ ਇੱਕ ਵੱਖਰੀ ਤੇ ਦਰਸ਼ਨੀ ਇਮਾਰਤ ਮੰਨੀ ਜਾਂਦੀ ਹੈ।ਅਧਿਆਪਕਾਂ ਨੇ ਇੱਥੇ ਵਿਦਿਆਰਥੀਆਂ ਨੂੰ ਇਤਿਹਾਸ ਨਿਰਮਾਣ ਕਲਾ ਅਤੇ ਸੱਭਿਆਚਾਰਕ ਵਿਰਾਸਤ ਬਾਰੇ ਜਾਣਕਾਰੀ ਦਿੱਤੀ।ਸਕੂਲ ਦੇ ਪ੍ਰਬੰਧਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਟੂਰ ਬੱਚਿਆਂ ਨੂੰ ਇਤਿਹਾਸ, ਧਾਰਮਿਕ ਸਿੱਖਿਆ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਵਿਦਿਆਰਥੀਆਂ ਨੇ ਵੀ ਇਸ ਟੂਰ ਨੂੰ ਬਹੁਤ ਹੀ ਰੋਚਕ ਅਤੇ ਸਿੱਖਣ ਯੋਗ ਦੱਸਿਆ।

## ਰਚਨਾ ਭਾਰਦਵਾਜ ਨੇ ਕਿਰਤੀ ਕਾਲਜ ਦੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਕਿਰਤੀ ਕਾਲਜ ਨਿਆਲ ਵਿਖੇ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਪ੍ਰੋ ਰਚਨਾ ਭਾਰਦਵਾਜ ਨੇ ਡੀ ਡੀ ਓ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ ਲਿਆ ਹੈ। ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲੇ ਜਾਣ ਮੌਕੇ ਸਰਕਾਰੀ ਕਾਲਜ ਦਾ ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਹਾਜਰ ਸੀ। ਇਸ ਦੌਰਾਨ ਕਾਲਜ ਦੇ ਸਟਾਫ਼ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ ਤੇ ਸਮੂਹ ਸਟਾਫ ਨਾਲ ਜਾਣ ਪਛਾਣ ਕਰਵਾਈ ।ਪ੍ਰਿੰਸੀਪਲ ਰਚਨਾ ਭਾਰਦਵਾਜ ਨੇ ਕਿਹਾ ਕਿ ਉਹ ਪੂਰੀ ਤਰਾਂ ਨਾਲ ਸਮਰਪਿਤ ਹੋ ਕੇ ਕਾਲਜ ਨੂੰ ਆਪਣੀਆਂ ਸੇਵਾਵਾਂ ਦੇਣਗੇ ਅਤੇ ਕਾਲਜ ਦੀ ਬਿਹਤਰੀ ਲਈ ਕੰਮ ਕਰਨਗੇ। ਇਸ ਮੌਕੇ ਕਾਲਜ ਸਟਾਫ ਪ੍ਰੋ ਰਮਨਜੀਤ ਕੌਰ, ਪ੍ਰੋਫ਼ੈਸਰ ਮੀਨੂੰ ਗੌੜ, ਡਾ ਰਮਨਦੀਪ ਕੌਰ, ਡਾ ਜਤਿੰਦਰ ਸਿੰਘ, ਪ੍ਰੋਫ਼ੈਸਰ ਹਰਮੀਤ ਸਿੰਘ, ਪ੍ਰੋ. ਜਗਦੀਸ਼ ਸਿੰਘ ,ਡਾ ਬਲਕਾਰ ਸਿੰਘ, ਪ੍ਰੋ ਭੁਪਿੰਦਰ ਕੌਰ ਪ੍ਰੋ ਸੰਦੀਪ ਰਾਣੀ ਪ੍ਰੋ ਕੁਲਵਿੰਦਰ ਕੌਰ ਪ੍ਰੋ ਕਰਮਜੀਤ ਕੌਰ ਪ੍ਰੋਫ਼ੈਸਰ ਨੇਹਾ ਬਾਂਸਲ, ਪ੍ਰੋ ਸੰਦੀਪ ਕੌਰ , ਡਾ ਮਨੋਜ ਕੁਮਾਰ ,ਪ੍ਰੋ. ? ਮਨਿੰਦਰ ਸਿੰਘ, ਪ੍ਰੋ ਵਰਿੰਦਰ ਕੌਰ, ਪ੍ਰੋ ਸੰਜੀਵ ਕੁਮਾਰ ,ਪ੍ਰੋਫ਼ੈਸਰ ਗੁਰਜੀਤ ਨਿਰਮਾਣ, ਦਫਤਰ ਇੰਚਾਰਜ ਹਰਪ੍ਰੀਤ ਸਿੰਘ ਅਤੇ ਨਾਨ ਟੀਚਿੰਗ ਸਟਾਫ ਆਦਿ ਹਾਜ਼ਰ ਸਨ।

## ਪੰਜਾਬ 'ਵਰਸਿਟੀ ਰਿਜਨਲ ਸੈਂਟਰ ਵਿਖੇ ਸੰਵਿਧਾਨ ਦਿਵਸ ਮਨਾਇਆ




**ਸ੍ਰੀ ਮੁਕਤਸਰ ਸਾਹਿਬ (ਕੁਲ ਭੂਸ਼ਨ ਚਾਵਲਾ)**-ਮਾਣਯੋਗ ਕਾਰਜਕਾਰੀ ਚੇਅਰਮੈਨ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ ਅਨੁਸਾਰ ਜ਼ਿਲ੍ਹਾ ਕਾਨੂੰਨੀ ਅਥਾਰਟੀ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਪੰਜਾਬ ਯੂਨੀਵਰਸਿਟੀ ਰੀਜਨਲ ਸੈਂਟਰ ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਇੱਕ ਪ੍ਰੋਗਰਾਮ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਸ਼੍ਰੀ ਰਾਜ ਕੁਮਾਰ, ਜ਼ਿਲ੍ਹਾ ਸੈਸ਼ਨ ਜੱਜ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੀਤੀ ਗਈ ਅਤੇ ਉਹਨਾਂ ਨਾਲ ਸ੍ਰੀ ਹਿਮਾਂਸ਼ੂ ਅਰੋੜਾ, ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਵੀ ਸ਼ਿਰਕਿਤ ਕੀਤੀ।ਸਮਾਗਮ ਵਿੱਚ ਲਾਅ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਉਹਨਾ ਨੂੰ ਸੰਵਿਧਾਨ ਦਿਵਸ ਦੀ ਮਹੱਤਤਾ ਸਬੰਧੀ ਸ਼੍ਰੀ ਰਾਜ ਕੁਮਾਰ ਜ਼ਿਲ੍ਹਾ ਸੈਸ਼ਨ ਜੱਜ ਵੱਲੋਂ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ । ਉਨ੍ਹਾਂ ਵੱਲੋਂ ਇਸ ਗੱਲ 'ਤੇ ਜੋਰ ਦਿੱਤਾ ਗਿਆ ਕਿ ਸਾਨੂੰ ਸਾਰਿਆਂ ਨੂੰ ਆਪਣੇ ਮੌਲਿਕ ਅਧਿਕਾਰਾਂ ਦੇ ਨਾਲ-ਨਾਲ ਮੌਲਿਕ ਫਰਜਾਂ ਬਾਰੇ ਵੀ ਜਾਗਰੂਕ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਨੂੰ ਜਤਾਉਣ ਦਾ ਦਾਇਰਾ ਦੂਜਿਆਂ ਦੇ ਹੱਕਾਂ ਦੇ ਦਾਇਰੇ ਨਾਲ ਸ਼ਾਂਤੀ ਪੂਰਵਕ ਢੰਗਾਂ ਨਾਲ ਮੇਲ ਖਾਂਦਾ ਹੋਵੇ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਜਿਸ ਸਰਗਰਮੀ ਨਾਲ ਅਸੀਂ ਆਪਣੇ ਹੱਕਾਂ ਲਈ ਆਵਾਜ ਉਠਾਉਂਦੇ ਹਾਂ ਉਨੇ ਹੀ ਜੋਰ ਨਾਲ ਸਾਨੂੰ ਆਪਣੇ ਫਰਜਾਂ ਨੂੰ ਨਿਭਾਉਣਾ ਚਾਹੀਦਾ ਹੈ। ਸ੍ਰੀ ਹਿਮਾਂਸ਼ੂ ਅਰੋੜਾ, ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਵੀ ਇਸ ਗੱਲ 'ਤੇ ਜੋਰ ਦਿੱਤਾ ਕਿ ਸਾਨੂੰ ਇਸ ਗੱਲ ਦਾ ਖਿਆਲ ਹੋਣਾ ਚਾਹੀਦਾ ਹੈ ਕਿ ਸਾਡੇ ਜਿੰਮੇ ਪਿਆ ਹੋਇਆ ਫਰਜ ਕਿਸੇ ਦੂਜੇ ਦਾ ਹੱਕ ਹੈ ਅਤੇ ਇਸ ਲਈ ਜੇ ਹਰ ਇਨਸਾਨ ਆਪਣਾ ਫਰਜ ਇਮਾਨਦਾਰੀ ਨਾਲ ਨਿਭਾਏਗਾ ਤਾਂ ਸਾਰਿਆਂ ਦੇ ਹੱਕ ਸੁਚੱਜੇ ਤਰੀਕੇ ਨਾਲ ਸਾਰਿਆਂ ਨੂੰ ਮਿਲ ਸਕਣਗੇ। ਇਸ ਮੌਕੇ ਸ੍ਰੀਮਤੀ ਗੁਰਪ੍ਰੀਤ ਕੌਰ, ਸ੍ਰੀ ਗੁਰਪਾਲ ਸਿੰਘ, ਅਸਿਸਟੈਂਟ ਅਤੇ ਰੀਜਨਲ ਸੈਂਟਰ ਦਾ ਸਟਾਫ ਵੀ ਹਾਜਰ ਸੀ। ਅੰਤ ਵਿੱਚ ਰੀਜਨਲ ਸੈਂਟਰ ਦੇ ਪ੍ਰਿੰਸੀਪਲ ਸਾਹਿਬ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਤੁਹਾਡੇ ਵੱਲੋਂ ਵੱਡਮੁੱਲੀ ਜਾਣਕਾਰੀ ਦਿੱਤੀ ਗਈ ਹੈ ਉਸ ਉੱਪਰ ਉਹ ਅਮਲ ਕਰਨਗੇ ਅਤੇ ਇਸ ਸਬੰਧੀ ਆਮ ਲੋਕਾਂ ਨੂੰ ਵੀ ਜਾਣਕਾਰੀ ਦੇਣਗੇ।

## ਡਾ. ਬਲਵੀਰ ਸਿੰਘ ਨੇ ਧੂਰੀ ਹਸਪਤਾਲ ਦਾ ਕੀਤਾ ਦੌਰਾ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਵੱਲੋਂ ਸਥਾਨਕ ਸਿਵਲ ਹਸਪਤਾਲ ਦੇ ਕੀਤੇ ਗਏ ਦੌਰੇ ਦੌਰਾਨ ਜਿੱਥੇ ਮਰੀਜਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ, ਉਥੇ ਪ੍ਰਬੰਧਾਂ ਦਾ ਜਾਇਜਾ ਵੀ ਲਿਆ। ਇਸ ਮੌਕੇ ਡਾ. ਬਲਵੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਿੱਥੇ ਹਸਪਤਾਲ ਦੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ, ਉਥੇ ਉਨ੍ਹਾ ਦੱਸਿਆ ਕਿ ਹਸਪਤਾਲ ਦੀ ਆਧੁਨਿਕ ਸਹੂਲਤਾਂ ਨਾਲ ਲੈੱਸ ਉਸਾਰੀ ਅਧੀਨ ਨਵੀਂ ਇਮਾਰਤ ਇਸ ਸਾਲ ਬਣਕੇ ਤਿਆਰ ਹੋ ਜਾਵੇਗੀ ਅਤੇ ਲੋਕਾਂ ਨੂੰ ਸਮਰਪਿਤ ਕੀਤੀ ਜਾਵੇਗੀ।ਉਨ੍ਹਾਂ ਹਸਪਤਾਲ ਅੰਦਰ ਡਾਕਟਰੀ ਅਮਲੇ ਦੀ ਕਮੀ ਬਾਰੇ ਕਿਹਾ ਕਿ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਦੇਣ ਲਈ 17 ਨਵੇਂ ਡਾਕਟਰ ਤਾਇਨਾਤ ਕੀਤੇ ਗਏ ਹਨ ਅਤੇ ਮਾਹਿਰ ਡਾਕਟਰਾਂ ਦੀ ਕਮੀ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਲਈ ਸੇਵਾ ਮੁਕਤ ਮਾਹਿਰ ਡਾਕਟਰਾਂ ਨੂੰ ਮੁੜ ਨੌਕਰੀ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਨਰਸਿੰਗ ਸਟਾਫ਼ ਦੀ ਘਾਟ ਨੂੰ ਦੂਰ ਕੀਤਾ ਜਾ ਰਿਹਾ ਹੈ, ਜਿਸ ਲਈ ਸਿਹਤ ਵਿਭਾਗ ਵਿੱਚ 700 ਨਵੀਆਂ ਨਰਸਾਂ ਦੀ ਭਰਤੀ ਕੀਤੀ ਜਾ ਰਹੀ ਹੈ, ਜਿਸ ਵਿੱਚੋਂ 400 ਦੀ ਭਰਤੀ ਮੁਕੰਮਲ ਕੀਤੀ ਜਾ ਚੁੱਕੀ ਹੈ।

ਸ਼ਨੀਵਾਰ, 22 ਨਵੰਬਰ, 2025
7 ਮੱਘਰ { ਨਾਨਕਸ਼ਾਹੀ 557
ਬਿਕਰਮੀ 2082
ਜਿਲਦ/VOL. : 74
ਅੰਕ/NO. : 172

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 22 NOVEMBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

# ਵਿਦਿਆਰਥਣ ਨੂੰ ਖ਼ੁਦਕੁਸ਼ੀ ਲਈ ਕੀਤਾ ਮਜਬੂਰ

**ਜੈਪੁਰ** : ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀ ਬੀ ਐੱਸ ਈ) ਦੀ ਇੱਕ ਰਿਪੋਰਟ ਅਨੁਸਾਰ ਜੈਪੁਰ ਦੇ ਨੀਰਜਾ ਮੋਦੀ ਸਕੂਲ ਦੀ ਨੌਂ ਸਾਲਾ ਵਿਦਿਆਰਥਣ ਨੇ ਇੱਕ ਨਵੰਬਰ ਨੂੰ ਖ਼ੁਦਕੁਸ਼ੀ 18 ਮਹੀਨਿਆਂ ਤੋਂ ਚੱਲ ਰਹੀ ਧੱਕੇਸ਼ਾਹੀ ਦਾ ਸ਼ਿਕਾਰ ਹੋਣ ਤੋਂ ਬਾਅਦ ਕੀਤੀ। ਇਹ ਸਿੱਟਾ ਸੀ ਬੀ ਐੱਸ ਈ ਦੀ ਦੋ-ਮੈਂਬਰੀ ਜਾਂਚ ਟੀਮ ਨੇ ਕੱਢਿਆ ਹੈ।

ਇੱਕ ਮੀਡੀਆ ਦੀ ਰਿਪੋਰਟ ਮੁਤਾਬਕ ਉਸ ਦੇ ਮਾਪਿਆਂ ਨੇ ਦੋਸ਼ ਲਾਇਆ ਕਿ ਉਸ ਨੂੰ ਤੰਗ ਕੀਤਾ ਜਾਂਦਾ ਸੀ, ਛੇੜਿਆ ਜਾਂਦਾ ਸੀ ਅਤੇ 'ਜਿਨਸੀ ਸ਼ੋਸ਼ਣ' ਵੀ ਕੀਤਾ ਜਾਂਦਾ ਸੀ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਸਕੂਲ ਪ੍ਰਸ਼ਾਸਨ ਨੂੰ ਵਾਰ-ਵਾਰ ਸ਼ਿਕਾਇਤਾਂ ਵੀ ਦਿੱਤੀਆਂ ਗਈਆਂ, ਪਰ ਇਸ ਦੇ ਬਾਵਜੂਦ ਸਕੂਲ ਪ੍ਰਸ਼ਾਸਨ ਨੇ ਕੋਈ ਕਾਰਵਾਈ ਨਹੀਂ ਕੀਤੀ। ਰਿਪੋਰਟ ਵਿੱਚ ਖੁਲਾਸਾ ਹੋਇਆ ਕਿ ਵਿਦਿਆਰਥਣ ਨੇ ਆਪਣੀ ਕਲਾਸ ਟੀਚਰ ਪੁਨੀਤਾ ਸ਼ਰਮਾ ਤੋਂ ਵਾਰ-ਵਾਰ ਮਦਦ ਮੰਗੀ, ਉਸ ਨੇ ਆਪਣੀ ਕਲਾਸ ਟੀਚਰ ਨੂੰ ਮੌਤ ਵਾਲੇ ਦਿਨ ਪੰਜ ਵਾਰ ਅਪੀਲ ਕੀਤੀ, ਪਰ ਉਸ ਦੀ ਅਰਜ਼ੀ ਨੂੰ ਖਾਰਜ ਕਰ ਦਿੱਤਾ ਗਿਆ।

ਰਿਪੋਰਟ ਮੁਤਾਬਕ ਸਹਾਇਤਾ ਦੇਣ ਦੀ ਬਜਾਏ ਅਧਿਆਪਕਾ ਨੇ ਉਸ 'ਤੇ ਚੀਕਿਆ, ਜਿਸ ਨਾਲ ਪੂਰੀ ਕਲਾਸ ਹੈਰਾਨ ਰਹਿ ਗਈ।

ਉਸ ਦਿਨ ਦੀ ਸੀ ਸੀ ਟੀ ਵੀ ਫੁਟੇਜ ਮੁਤਾਬਕ ਸਵੇਰੇ 11 ਵਜੇ ਤੋਂ ਪਹਿਲਾਂ ਵਿਦਿਆਰਥਣ ਖੁਸ਼ ਸੀ ਅਤੇ ਆਮ ਗਤੀਵਿਧੀਆਂ ਵਿੱਚ ਰੁੱਝੀ ਹੋਈ ਸੀ। ਬਾਅਦ ਵਿੱਚ ਉਹ ਆਪਣੇ ਜਮਾਤੀਆਂ ਦੁਆਰਾ ਇੱਕ ਡਿਜੀਟਲ ਸਲੇਟ 'ਤੇ ਲਿਖੀ ਗਈ ਅਣਉਚਿਤ ਸਮੱਗਰੀ ਕਾਰਨ ਪਰੇਸ਼ਾਨ ਹੋ ਗਈ, ਇਸ ਦੇ ਬਾਵਜੂਦ ਅਧਿਆਪਕਾਂ ਵੱਲੋਂ ਕੋਈ ਦਖਲ ਨਹੀਂ ਦਿੱਤਾ ਗਿਆ। ਘਬਰਾਹਟ ਮਹਿਸੂਸ ਕਰਦਿਆਂ ਉਹ ਕਲਾਸਰੂਮ ਤੋਂ ਬਾਹਰ ਨਿਕਲੀ, ਚੌਥੀ ਮੰਜ਼ਲ 'ਤੇ ਚੜ੍ਹੀ ਅਤੇ ਛਾਲ ਮਾਰ ਦਿੱਤੀ, ਜਿਸ ਨਾਲ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਰਿਪੋਰਟ ਵਿੱਚ ਧੱਕੇਸ਼ਾਹੀ ਦੀਆਂ ਪਿਛਲੀਆਂ ਘਟਨਾਵਾਂ ਦਾ ਵੀ ਵੇਰਵਾ ਦਿੱਤਾ ਗਿਆ ਹੈ, ਜਿਸ ਵਿੱਚ ਜ਼ੁਬਾਨੀ ਪ੍ਰੇਸ਼ਾਨ ਕਰਨਾ, ਉਸ ਦੇ ਸ਼ਬਦਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕਰਨਾ ਅਤੇ ਸਰੀਰਕ ਘਟਨਾਵਾਂ ਸ਼ਾਮਲ ਹਨ, ਜਿਨ੍ਹਾਂ ਨੂੰ ਸਕੂਲ ਨੇ ਵੱਡੇ ਪੱਧਰ 'ਤੇ ਅਣਗੌਲਿਆ। ਉਸ ਦੇ ਮਾਪਿਆਂ ਵੱਲੋਂ ਉਸ ਨੂੰ ਦੂਜੇ ਸਕੂਲ ਵਿੱਚ ਤਬਦੀਲ ਕਰਨ ਦੀਆਂ ਕੋਸ਼ਿਸ਼ਾਂ ਵੀ ਅਸਫਲ ਰਹੀਆਂ ਸਨ।

ਜਾਂਚ ਵਿੱਚ ਕੈਂਪਸ ਵਿੱਚ ਸੁਰੱਖਿਆ ਵਿੱਚ ਖਾਮੀਆਂ ਨੂੰ ਵੀ ਉਜਾਗਰ ਕੀਤਾ ਗਿਆ ਹੈ, ਜਿਸ ਵਿੱਚ ਫਲੋਰ ਅਟੈਂਡੈਂਟਾਂ ਦੀ ਗੈਰ-ਮੌਜੂਦਗੀ, ਸੀ ਸੀ ਟੀ ਵੀ ਨਿਗਰਾਨੀ ਦੀ ਘਾਟ, ਵਿਦਿਆਰਥੀਆਂ ਦਾ ਆਈ ਡੀ ਕਾਰਡ ਨਾ ਪਾਉਣਾ ਅਤੇ ਉੱਚੀਆਂ ਮੰਜ਼ਲਾਂ 'ਤੇ ਸੁਰੱਖਿਆ ਜਾਲ ਨਾ ਹੋਣਾ ਸ਼ਾਮਲ ਹੈ।

ਰਿਪੋਰਟ ਵਿੱਚ ਸਕੂਲ ਦੀ ਸੁਰੱਖਿਅਤ ਮਾਹੌਲ ਬਣਾਈ ਰੱਖਣ ਵਿੱਚ ਅਸਫਲਤਾ ਅਤੇ ਅਧਿਆਪਕ ਦੀ ਹਮਦਰਦੀ ਅਤੇ ਕਾਰਵਾਈ ਦੀ ਘਾਟ ਲਈ ਨਿੰਦਾ ਕੀਤੀ ਗਈ ਹੈ, ਜਿਸ ਕਾਰਨ ਉਹ ਨਾ ਬਚ ਸਕੀ। ਸੀ ਬੀ ਐੱਸ ਈ ਨੇ 30 ਦਿਨਾਂ ਦੇ ਅੰਦਰ ਸਕੂਲ ਤੋਂ ਸਪੱਸ਼ਟੀਕਰਨ ਮੰਗਿਆ ਹੈ ਅਤੇ ਕਿਹਾ ਹੈ ਕਿ ਸੁਰੱਖਿਆ ਨਿਯਮਾਂ ਅਤੇ ਬੱਚਿਆਂ ਨੂੰ ਜਿਨਸੀ ਅਪਰਾਧਾਂ ਤੋਂ ਸੁਰੱਖਿਆ ਐਕਟ (ਪੋਕਸੋ) ਤਹਿਤ ਜੁਰਮਾਨਾ ਲੱਗ ਸਕਦਾ ਹੈ।

## ਸਕੂਲ ਖਿਲਾਫ ਪ੍ਰਦਰਸ਼ਨ

**ਨਵੀਂ ਦਿੱਲੀ** : ਇੱਥੇ 10ਵੀਂ ਜਮਾਤ ਦੇ ਖੁਦਕੁਸ਼ੀ ਕਰਨ ਵਾਲੇ ਵਿਦਿਆਰਥੀ ਦੇ ਪਰਵਾਰ ਅਤੇ ਦੋਸਤਾਂ ਨੇ ਸ਼ੁੱਕਰਵਾਰ ਸੇਂਟ ਕੋਲੰਬਾ ਸਕੂਲ ਦੇ ਬਾਹਰ ਸ਼ੁੱਕਰਵਾਰ ਪ੍ਰਦਰਸ਼ਨ ਕੀਤਾ। ਉਨ੍ਹਾਂ ਕੁਝ ਅਧਿਆਪਕਾਂ 'ਤੇ ਉਸ ਨੂੰ ਮਾਨਸਕ ਤੌਰ 'ਤੇ ਪ੍ਰੇਸ਼ਾਨ ਕਰਨ ਦਾ ਦੋਸ਼ ਲਗਾਇਆ ਅਤੇ ਅਧਿਕਾਰੀਆਂ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ। ਪ੍ਰਦਰਸ਼ਨਕਾਰੀਆਂ ਨੇ ਸਕੂਲ ਨੂੰ ਜਵਾਬਦੇਹ ਠਹਿਰਾਉਣ ਦੀ ਮੰਗ ਕਰਦਿਆਂ ਸਰਕਾਰ ਨੂੰ ਵਿਦਿਆਰਥੀਆਂ ਲਈ ਮਾਨਸਕ ਸਿਹਤ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੋਸ਼ ਲਾਇਆ ਕਿ ਕਾਉਂਸਲਰ, ਜਿਸ ਨੂੰ ਮ੍ਰਿਤਕ ਵਿਦਿਆਰਥੀ ਦੇ ਮਾਨਸਿਕ ਸੰਘਰਸ਼ਾਂ ਬਾਰੇ ਪਤਾ ਸੀ, ਨੇ ਪਰਵਾਰ ਨੂੰ ਸੂਚਿਤ ਨਹੀਂ ਕੀਤਾ। ਉਨ੍ਹਾਂ ਦਾਅਵਾ ਕੀਤਾ, 'ਉਹ ਜਾਣਦੇ ਸਨ ਕਿ ਉਹ ਠੀਕ ਨਹੀਂ ਸੀ, ਫਿਰ ਵੀ ਉਹਨਾਂ ਇਸ ਨੂੰ ਨਜ਼ਰਅੰਦਾਜ਼ ਕਰ ਦਿੱਤਾ। ਇਸ ਅਣਗਹਿਲੀ ਨੇ ਉਸ ਨੂੰ ਅਜਿਹਾ ਕਦਮ ਚੁੱਕਣ ਲਈ ਮਜਬੂਰ ਕੀਤਾ।' 10ਵੀਂ ਦੇ ਵਿਦਿਆਰਥੀ ਨੇ ਮੰਗਲਵਾਰ ਬਾਅਦ ਦੁਪਹਿਰ 2.34 ਵਜੇ ਰਾਜੇਂਦਰ ਪਲੇਸ ਮੈਟਰੋ ਸਟੇਸ਼ਨ ਦੇ ਪਲੇਟਫਾਰਮ ਤੋਂ ਛਾਲ ਮਾਰ ਦਿੱਤੀ ਸੀ। ਵਿਦਿਆਰਥੀ ਇੱਕ ਖੁਦਕੁਸ਼ੀ ਨੋਟ ਛੱਡ ਗਿਆ, ਜਿਸ ਵਿੱਚ ਉਸ ਨੇ ਕੁਝ ਅਧਿਆਪਕਾਂ ਦਾ ਨਾਂਅ ਲਿਆ, ਉਨ੍ਹਾਂ ਨੂੰ ਆਪਣੀ ਮਾਨਸਕ ਪ੍ਰੇਸ਼ਾਨੀ ਲਈ ਜ਼ਿੰਮੇਵਾਰ ਠਹਿਰਾਇਆ ਅਤੇ ਉਨ੍ਹਾਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ। ਉਸ ਨੇ ਆਪਣੇ ਅੰਗ ਦਾਨ ਕਰਨ ਦੀ ਇੱਛਾ ਵੀ ਪ੍ਰਗਟ ਕੀਤੀ ਸੀ।

## ਏਅਰ ਸ਼ੋਅ 'ਚ ਤੇਜਸ ਤਬਾਹ, ਪਾਇਲਟ ਦੀ ਮੌਤ



**ਦੁਬਈ** : ਦੁਬਈ ਏਅਰ ਸ਼ੋਅ ਦੌਰਾਨ ਭਾਰਤੀ ਹਵਾਈ ਫੌਜ ਦਾ ਤੇਜਸ ਲੜਾਕਾ ਜਹਾਜ਼ ਸ਼ੁੱਕਰਵਾਰ ਬਾਅਦ ਦੁਪਹਿਰ ਕਰਤੱਬ ਦਿਖਾਉਂਦਿਆਂ ਹਾਦਸਾਗ੍ਰਸਤ ਹੋ ਗਿਆ। ਇਸ ਮੌਕੇ ਅਲ ਮਕਤੂਮ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਕਾਲੇ ਧੂੰਏਂ ਦਾ ਗੁਬਾਰ ਫੈਲ ਗਿਆ ਤੇ ਪਾਇਲਟ ਦੀ ਮੌਤ ਹੋ ਗਈ।

## ਮੁੱਖ ਮੰਤਰੀ ਵੱਲੋਂ ਫਾਸਟ੍ਰੈਕ ਪੰਜਾਬ ਪੋਰਟਲ ਦੇ ਦੂਜੇ ਪੜਾਅ ਦੀ ਸ਼ੁਰੂਆਤ

### ਨਿਵੇਸ਼ਕਾਂ ਨੂੰ ਇੱਕੋ ਛੱਤ ਹੇਠ ਮਿਲਣਗੀਆਂ 173 ਸੇਵਾਵਾਂ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਪੰਜਾਬ ਨੂੰ ਨਿਵੇਸ਼ ਲਈ ਪਸੰਦੀਦਾ ਸਥਾਨ ਵਜੋਂ ਸਥਾਪਤ ਕਰਨ ਲਈ ਉਦਯੋਗਿਕ ਖੇਤਰ ਨੂੰ ਵੱਡਾ ਹੁਲਾਰਾ ਦੇਣ ਦੇ ਉਦੇਸ਼ ਨਾਲ ਮਹੱਤਵਪੂਰਨ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁੱਕਰਵਾਰ ਫਾਸਟ੍ਰੈਕ ਪੰਜਾਬ ਪੋਰਟਲ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ ਗਈ।ਇਸ ਪੋਰਟਲ ਜ਼ਰੀਏ 173 ਸੇਵਾਵਾਂ ਇੱਕੋ ਛੱਤ ਹੇਠ ਪ੍ਰਦਾਨ ਕੀਤੀਆਂ ਜਾਣਗੀਆਂ, ਜਿਸ ਨਾਲ ਸੂਬੇ ਵਿੱਚ ਉਦਯੋਗਿਕ ਵਿਕਾਸ ਦੀ ਗਤੀ ਤੇਜ਼ ਹੋਵੇਗੀ।ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸ਼ਾਸਨ ਵਿੱਚ ਪਾਰਦਰਸ਼ਤਾ ਅਤੇ ਕੁਸ਼ਲਤਾ ਵਾਲੀ ਸਿੰਗਲ ਵਿੰਡੋ ਵਿਦ ਏ ਸਿੰਗਲ ਪੈੱਨ ਪ੍ਰਣਾਲੀ ਦੀ ਸ਼ੁਰੂਆਤ ਨਾਲ ਸੂਬੇ ਦੀ ਉਦਯੋਗਿਕ ਨੀਤੀ ਇੱਕ ਨਵੇਂ ਯੁੱਗ ਵਿੱਚ ਪ੍ਰਵੇਸ਼ ਕਰ ਗਈ ਹੈ। ਮੁੱਖ ਮੰਤਰੀ ਨੇ ਸਾਂਝਾ ਕੀਤਾ ਕਿ ਫਾਸਟ੍ਰੈਕ ਪੰਜਾਬ ਪੋਰਟਲ ਰਾਹੀਂ ਇਸ ਸਮੇਂ ਨੌਂ ਵਿਭਾਗਾਂ ਨਾਲ ਸਬੰਧਤ 47 ਸੇਵਾਵਾਂ ਚਲਾਈਆਂ ਜਾ ਰਹੀਆਂ ਹਨ ਅਤੇ ਪ੍ਰਭਾਵਸ਼ਾਲੀ ਤਾਲਮੇਲ ਤੇ ਨਿਗਰਾਨੀ ਨਾਲ ਅਰਜ਼ੀਆਂ ਦੀ ਬਕਾਇਆ ਦਰ ਜ਼ੀਰੋ ਹੋ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਵਿੱਚੋਂ ਉਦਯੋਗਾਂ ਦੇ ਪਰਵਾਸ ਨੂੰ ਪੁੱਠਾ ਗੇੜ ਪਿਆ ਹੈ, ਜਿਸ ਸਦਕਾ 1.40 ਲੱਖ ਕਰੋੜ ਰੁਪਏ ਦੇ ਨਵੇਂ ਨਿਵੇਸ਼ ਹਾਸਲ ਹੋਣ ਦੇ ਨਾਲ ਵੱਖ-ਵੱਖ ਖੇਤਰਾਂ ਵਿੱਚ ਲਗਪਗ ਪੰਜ ਲੱਖ ਨੌਕਰੀਆਂ ਦੇ ਮੌਕੇ ਪੈਦਾ ਹੋਏ ਹਨ। ਉੱਦਮਤਾ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਪੰਜਾਬ ਦੇ ਨੌਜਵਾਨਾਂ ਨੂੰ ਨੌਕਰੀ ਭਾਲਣ ਵਾਲੇ ਬਣਨ ਦੀ ਥਾਂ ਆਪਣੇ ਉੱਦਮ ਸਥਾਪਤ ਕਰਕੇ ਨੌਕਰੀ ਦੇਣ ਵਾਲੇ ਬਣਨ ਦਾ ਸੱਦਾ ਦਿੱਤਾ। ਇਸ ਸੋਚ ਦੇ ਸਮਰਥਨ ਵਿੱਚ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਉੱਭਰ ਰਹੇ ਉੱਦਮੀਆਂ ਨੂੰ ਵਿੱਤੀ ਸਹਾਇਤਾ, ਕਰਜ਼ੇ ਅਤੇ ਹੋਰ ਜ਼ਰੂਰੀ ਸਹੂਲਤਾਂ ਪ੍ਰਦਾਨ ਕਰ ਰਹੀ ਹੈ।ਮੁੱਖ ਮੰਤਰੀ ਨੇ ਕਿਹਾ ਕਿ ਨਵੇਂ ਸੁਧਾਰਾਂ ਦਾ ਉਦੇਸ਼ ਪ੍ਰਵਾਨਗੀਆਂ ਦੇਣ ਵਿੱਚ ਬੇਲੋੜੀ ਦੇਰੀ ਨੂੰ ਖ਼ਤਮ ਕਰਨਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਆਲਮੀ ਪੱਧਰ 'ਤੇ ਨਿਵੇਸ਼ਕਾਂ ਲਈ ਪਸੰਦੀਦਾ ਸਥਾਨ ਵਜੋਂ ਉਭਰਿਆ ਹੈ, ਜਿਸ ਵਿੱਚ ਜਾਪਾਨ, ਅਮਰੀਕਾ, ਜਰਮਨੀ, ਯੂਕੇ, ਦੁਬਈ, ਦੱਖਣੀ ਕੋਰੀਆ, ਸਿੰਗਾਪੁਰ ਅਤੇ ਸਪੇਨ ਤੋਂ ਮਹੱਤਵਪੂਰਨ ਨਿਵੇਸ਼ ਪ੍ਰਾਪਤ ਹੋ ਰਹੇ ਹਨ।

## ਬਲਤੇਜ ਪੰਨੂ ਸੂਬਾ ਮੀਡੀਆ ਇੰਚਾਰਜ ਨਿਯੁਕਤ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ ਪੰਜਾਬ ਨੇ ਸੂਬਾ ਜਨਰਲ ਸਕੱਤਰ ਬਲਤੇਜ ਪੰਨੂ ਨੂੰ ਸੂਬਾ ਮੀਡੀਆ ਇੰਚਾਰਜ ਨਿਯੁਕਤ ਕੀਤਾ ਹੈ। ਇਹ ਐਲਾਨ 'ਆਪ' ਪੰਜਾਬ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਅਤੇ ਸੂਬਾ ਇੰਚਾਰਜ ਮਨੀਸ਼ ਸਿਸੋਦੀਆ ਦੁਆਰਾ ਸਾਂਝੇ ਤੌਰ 'ਤੇ ਜਾਰੀ ਕੀਤੇ ਗਏ ਇੱਕ ਅਧਿਕਾਰਤ ਪੱਤਰ ਰਾਹੀਂ ਕੀਤਾ ਗਿਆ।ਪੰਨੂ ਨੂੰ ਸੂਬੇ ਭਰ ਵਿੱਚ ਪਾਰਟੀ ਦੀ ਮੀਡੀਆ ਅਤੇ ਸੰਚਾਰ ਰਣਨੀਤੀ ਦੇ ਪ੍ਰਬੰਧਨ ਅਤੇ ਮਾਰਗ-ਦਰਸ਼ਨ ਦੀ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ।

## ਜੋ ਵੀ ਕਰ ਸਕਦਾ ਸੀ, ਕਰ ਕੇ ਜਾ ਰਿਹਾਂ : ਚੀਫ ਜਸਟਿਸ

**ਨਵੀਂ ਦਿੱਲੀ** : ਅਹੁਦਾ ਛੱਡ ਰਹੇ ਭਾਰਤ ਦੇ ਚੀਫ ਜਸਟਿਸ ਬੀ ਆਰ ਗਵਈ ਨੇ ਸ਼ੁੱਕਰਵਾਰ ਕਿਹਾ ਕਿ ਉਹ ਇੱਕ ਵਕੀਲ ਅਤੇ ਜੱਜ ਵਜੋਂ ਲਗਭਗ ਚਾਰ ਦਹਾਕਿਆਂ ਦੀ ਆਪਣੀ ਯਾਤਰਾ ਸਮਾਪਤ ਕਰਕੇ ਸੰਸਥਾ ਨੂੰ ਪੂਰੀ ਸੰਤੁਸ਼ਟੀ ਅਤੇ ਤਸੱਲੀ ਨਾਲ ਛੱਡ ਰਹੇ ਹਨ ਅਤੇ ਉਹ ਆਪਣੇ ਆਪ ਨੂੰ ਨਿਆਂ ਦਾ ਵਿਦਿਆਰਥੀ ਮੰਨਦੇ ਹਨ। ਉਨ੍ਹਾ ਆਪਣੇ ਵਿਦਾਇਗੀ ਸਮਾਰੋਹ ਦੌਰਾਨ ਭਾਵੁਕ ਹੁੰਦਿਆਂ ਕਿਹਾ, 'ਜਦੋਂ ਮੈਂ ਆਖਰੀ ਵਾਰ ਇਸ ਕੋਰਟ ਰੂਮ ਵਿੱਚੋਂ ਨਿਕਲਾਂਗਾ... ਮੈਂ ਇਸ ਦੇਸ਼ ਲਈ ਜੋ ਕੁਝ ਵੀ ਕਰ ਸਕਦਾ ਸੀ, ਉਹ ਕਰਕੇ ਜਾ ਰਿਹਾ ਹਾਂ ਅਤੇ ਮੈਨੂੰ ਪੂਰੀ ਤਸੱਲੀ ਹੈ।' ਉਹ 23 ਨਵੰਬਰ ਆਪਣਾ ਅਹੁਦਾ ਛੱਡਣ ਜਾ ਰਹੇ ਹਨ। ਸ਼ੁੱਕਰਵਾਰ ਉਨ੍ਹਾ ਦਾ ਆਖਰੀ ਕਾਰਜਕਾਰੀ ਦਿਨ ਸੀ।

## ਸੁਪਰੀਮ ਕੋਰਟ ਐੱਸ ਆਈ ਆਰ ਵਿਰੁੱਧ ਹੋਰ ਪਟੀਸ਼ਨਾਂ 'ਤੇ ਸੁਣਵਾਈ ਲਈ ਵੀ ਸਹਿਮਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਕੇਰਲਾ, ਯੂ ਪੀ ਅਤੇ ਹੋਰ ਰਾਜਾਂ ਵਿੱਚ ਵੋਟਰ ਸੂਚੀਆਂ ਦੀ ਡੂੰਘੀ ਸੁਧਾਈ (ਐੱਸ ਆਈ ਆਰ) ਕਰਵਾਉਣ ਦੇ ਚੋਣ ਕਮਿਸ਼ਨ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀਆਂ ਕਈ ਪਟੀਸ਼ਨਾਂ 'ਤੇ ਸੁਣਵਾਈ ਲਈ ਸਹਿਮਤੀ ਦਿੱਤੀ। ਜਸਟਿਸ ਸੂਰਿਆ ਕਾਂਤ, ਜਸਟਿਸ ਐੱਸ ਵੀ ਐੱਨ ਭੱਟੀ ਅਤੇ ਜਸਟਿਸ ਜੋਯਮਾਲਿਆ ਬਾਗਚੀ ਦੀ ਬੈਂਚ ਨੇ ਵੱਖ-ਵੱਖ ਆਧਾਰਾਂ 'ਤੇ ਵੱਖ-ਵੱਖ ਰਾਜਾਂ ਵਿੱਚ ਐੱਸ ਆਈ ਆਰ ਅਭਿਆਸਾਂ ਨੂੰ ਚੁਣੌਤੀ ਦੇਣ ਵਾਲੇ ਵੱਖ-ਵੱਖ ਸਿਆਸੀ ਆਗੂਆਂ ਵੱਲੋਂ ਦਾਇਰ ਸਾਰੀਆਂ ਨਵੀਆਂ ਪਟੀਸ਼ਨਾਂ 'ਤੇ ਚੋਣ ਕਮਿਸ਼ਨ ਨੂੰ ਨੋਟਿਸ ਜਾਰੀ ਕੀਤਾ। ਸੁਪਰੀਮ ਕੋਰਟ ਪਹਿਲਾਂ ਹੀ ਦੇਸ਼ ਭਰ ਵਿੱਚ ਐੱਸ ਆਈ ਆਰ ਅਭਿਆਸ ਕਰਵਾਉਣ ਦੇ ਚੋਣ ਕਮਿਸ਼ਨ ਦੇ ਫੈਸਲੇ ਦੀ ਵੈਧਤਾ ਨੂੰ ਚੁਣੌਤੀ ਦੇਣ ਵਾਲੀਆਂ ਕਈ ਪਟੀਸ਼ਨਾਂ 'ਤੇ ਸੁਣਵਾਈ ਕਰ ਰਹੀ ਹੈ।

## ਓਂਟਾਰੀਓ 'ਚ ਹਜ਼ਾਰਾਂ ਬਿਨੈਕਾਰਾਂ ਦੇ ਪੀ ਆਰ ਦੇ ਸੁਪਨੇ ਚਕਨਾਚੂਰ



**ਵਿਨੀਪੈਗ** : ਕੈਨੇਡਾ ਵਿੱਚ ਹਜ਼ਾਰਾਂ ਬਿਨੈਕਾਰਾਂ ਦੇ ਪੀ ਆਰ ਲੈਣ ਦੇ ਸੁਪਨੇ ਚਕਨਾਚੂਰ ਹੋ ਗਏ ਹਨ। ਓਂਟਾਰੀਓ ਸੂਬੇ ਨੇ ਆਪਣੇ ਸੂਬਾਈ ਨੌਮਿਨੀ ਪ੍ਰੋਗਰਾਮ ਤਹਿਤ ਚਲਦੀ ਸਕਿੱਲਡ ਟਰੇਡਜ਼ ਸਟਰੀਮ ਮੁਅੱਤਲ ਕਰ ਦਿੱਤੀ ਹੈ ਤੇ ਇਸ ਅਧੀਨ ਲੱਗੀਆਂ ਅਰਜ਼ੀਆਂ ਨੂੰ ਵਾਪਸ ਕਰ ਦਿੱਤਾ ਹੈ। ਤਕਰੀਬਨ 2600 ਬਿਨੈਕਾਰ ਆਪਣੀ ਅਰਜ਼ੀ ਪ੍ਰਵਾਨ ਹੋਣ ਦੀ ਉਡੀਕ ਕਰ ਰਹੇ ਸਨ।

ਓਂਟਾਰੀਓ ਵਿਧਾਨ ਸਭਾ ਦੇ ਬਾਹਰ ਧਰਨਾ ਦੇ ਰਹੇ ਪੰਜਾਬੀ ਨੌਜਵਾਨਾਂ ਦੀ ਸ਼ਿਕਾਇਤ ਹੈ ਕਿ ਓਂਟਾਰੀਓ ਸਰਕਾਰ ਨੇ ਉਨ੍ਹਾਂ ਨੂੰ ਦਸਤਾਵੇਜ਼ਾਂ ਦੀ ਤਸਦੀਕ ਕਰਵਾਉਣ ਦਾ ਮੌਕਾ ਹੀ ਨਹੀਂ ਦਿੱਤਾ ਅਤੇ ਇਕਪਾਸੜ ਤੌਰ 'ਤੇ ਅਰਜ਼ੀਆਂ ਰੱਦ ਕਰ ਦਿੱਤੀਆਂ। ਇਮੀਗ੍ਰੇਸ਼ਨ ਘੁੰਮਣਘੇਰੀ ਵਿਚ ਫਸੇ ਸੈਂਕੜੇ ਪੰਜਾਬੀ ਨੌਜਵਾਨਾਂ ਵਿੱਚੋਂ ਇੱਕ ਨੇ ਦੱਸਿਆ ਕਿ ਉਹ ਸਟੱਡੀ ਵੀਜ਼ਾ 'ਤੇ ਕੈਨੇਡਾ ਪੁੱਜਾ ਅਤੇ ਵਰਕ ਪਰਮਿਟ ਮਿਲਣ ਮਗਰੋਂ ਵਿੰਡਸਰ ਦੀ ਇਕ ਕੰਪਨੀ 'ਚ ਕਾਰਪੈਂਟਰ ਦੀ ਨੌਕਰੀ ਕਰ ਲਈ। ਉਸ ਮੁਤਾਬਕ ਓਂਟਾਰੀਓ ਇਮੀਗਰੇਸ਼ਨ ਨੌਮਿਨੀ ਪ੍ਰੋਗਰਾਮ ਅਧੀਨ ਦਿਲਚਸਪੀ ਦਾ ਪ੍ਰਗਟਾਵਾ ਕਰਨ ਮਗਰੋਂ ਕਿਰਤ ਮੰਤਰਾਲੇ ਵੱਲੋਂ ਅਰਜ਼ੀ ਦਾਇਰ ਕਰਨ ਦਾ ਸੱਦਾ ਦਿੱਤਾ ਗਿਆ, ਪਰ ਦੋ ਸਾਲ ਅਰਜ਼ੀ ਪ੍ਰਵਾਨ ਹੋਣ ਦੀ ਉਡੀਕ ਕਰਦਾ ਰਿਹਾ ਅਤੇ ਹੁਣ ਥੋਕ ਦੇ ਭਾਅ ਅਰਜ਼ੀਆਂ ਰੱਦ ਹੋਣ ਦਾ ਫ਼ਰਮਾਨ ਆ ਗਿਆ ਹੈ। ਨੌਜਵਾਨਾਂ ਨੇ ਕੈਨੇਡਾ ਵਿੱਚੋਂ ਕੱਢੇ ਜਾਣ ਤੋਂ ਬਚਣ ਲਈ ਆਰ ਜਾਂ ਪਾਰ ਦਾ ਸੰਘਰਸ਼ ਵਿੱਢ ਦਿੱਤਾ ਹੈ।

ਓਂਟਾਰੀਓ ਵਿਧਾਨ ਸਭਾ ਦੇ ਬਾਹਰ ਲਗਾਤਾਰ ਤੀਜੇ ਦਿਨ ਵੀ ਰੋਸ ਵਿਖਾਵੇ ਵਿਚ ਸ਼ਾਮਲ ਨੌਜਵਾਨਾਂ ਨੇ ਕਿਹਾ ਕਿ ਅਰਜ਼ੀਆਂ ਉੱਤੇ ਮੁੜ ਵਿਚਾਰ ਕੀਤੇ ਜਾਣ ਦਾ ਭਰੋਸਾ ਮਿਲਣ ਤੋਂ ਬਾਅਦ ਹੀ ਉਹ ਧਰਨਾ ਖਤਮ ਕਰਨਗੇ। ਠੰਢ ਵਿੱਚ ਖੁੱਲ੍ਹੇ ਅਸਮਾਨ ਹੇਠ ਨਾਅਰੇਬਾਜ਼ੀ ਕਰਦਿਆਂ ਨੌਜਵਾਨਾਂ ਨੇ ਮੰਗ ਕੀਤੀ ਕਿ ਧੋਖਾਧੜੀ ਦੇ ਸਬੂਤ ਪੇਸ਼ ਕੀਤੇ ਜਾਣ। ਮੁਜ਼ਾਹਰੇ ਵਿਚ ਸ਼ਾਮਲ ਸੈਂਕੜੇ ਬਿਨੈਕਾਰ ਇਹੋ ਦਾਅਵਾ ਕਰ ਰਹੇ ਸਨ ਕਿ ਉਨ੍ਹਾਂ ਵੱਲੋਂ ਮੁਹੱਈਆ ਜਾਣਕਾਰੀ ਬਿਲਕੁਲ ਦਰੁਸਤ ਹੈ ਅਤੇ ਸਬੂਤ ਵਜੋਂ ਹਰ ਦਸਤਾਵੇਜ਼ ਪੇਸ਼ ਕਰਨ ਵਾਸਤੇ ਰਾਜ਼ੀ ਹਨ। ਡਗ ਫੋਰਡ ਸਰਕਾਰ ਵਿਰੁੱਧ ਚੱਲ ਰਹੀ ਨਾਅਰੇਬਾਜ਼ੀ ਦੌਰਾਨ ਪੰਜਾਬੀ ਨੌਜਵਾਨਾਂ ਦੇ ਹੱਕ ਵਿਚ ਹਾਅ ਦਾ ਨਾਅਰਾ ਮਾਰਨ ਲਈ ਵਿਰੋਧੀ ਧਿਰ ਦੀ ਆਗੂ ਮੈਰਿਟ ਸਟਾਈਲਜ਼ ਵੀ ਪੁੱਜੀ। ਇਸੇ ਦੌਰਾਨ ਕਿਰਤ ਮੰਤਰਾਲੇ ਦੇ ਡਾਇਰੈਕਟਰ ਵੱਲੋਂ ਭੇਜੀ ਈਮੇਲ ਵਿੱਚ ਕਿਹਾ ਗਿਆ ਹੈ ਕਿ ਸਾਰੇ ਬਿਨੈਕਾਰਾਂ ਦੀ ਫੀਸ ਵਾਪਸ ਕੀਤੀ ਜਾਵੇਗੀ ਅਤੇ ਯੋਗਤਾ ਸ਼ਰਤਾਂ ਪੂਰੀਆਂ ਕਰਨ ਵਾਲੇ ਉਮੀਦਵਾਰ ਮੁੜ ਅਰਜ਼ੀ ਦਾਇਰ ਕਰ ਸਕਦੇ ਹਨ। ਜ਼ਿਕਰਯੋਗ ਹੈ ਕਿ ਕੈਨੇਡਾ ਵਿੱਚ ਹਰ ਸੂਬੇ ਵੱਲੋਂ ਆਪਣਾ ਇਕ ਇਮੀਗ੍ਰੇਸ਼ਨ ਪ੍ਰੋਗਰਾਮ ਚਲਾਇਆ ਜਾਂਦਾ ਹੈ, ਜਿਸ ਨੂੰ ਪ੍ਰੋਵਿੰਸ਼ੀਅਲ ਨੌਮਿਨੀ ਪ੍ਰੋਗਰਾਮ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ। ਸੂਬੇ ਇਸ ਨੂੰ ਆਪਣੀਆਂ ਲੋੜਾਂ ਦੇ ਹਿਸਾਬ ਨਾਲ ਚਲਾਉਂਦੇ ਹਨ। ਕਿਸੇ ਵੀ ਸੂਬੇ ਵਿੱਚ ਕੰਮ ਕਰਦੇ ਹੋਏ ਬਿਨੈਕਾਰ ਆਪਣੀ ਪੜ੍ਹਾਈ, ਤਜਰਬੇ, ਭਾਸ਼ਾ ਦੀ ਮੁਹਾਰਤ ਅਤੇ ਜੌਬ ਆਫਰ ਆਦਿ ਦੇ ਆਧਾਰ 'ਤੇ ਸੂਬੇ ਨੂੰ ਪੀ ਆਰ ਦੀ ਅਰਜ਼ੀ ਦਿੰਦੇ ਹਨ। ਸੂਬੇ ਵੱਲੋਂ ਪੀ ਐੱਨ ਪੀ ਨੂੰ ਮਨਜ਼ੂਰੀ ਮਿਲਣ ਤੋਂ ਬਾਅਦ ਬਿਨੈਕਾਰ ਫ਼ੈਡਰਲ ਪੱਧਰ 'ਤੇ ਪੀ ਆਰ ਦੀ ਅਰਜ਼ੀ ਦਿੰਦੇ ਹਨ ਅਤੇ ਕੈਨੇਡਾ ਵਿੱਚ ਪਰਮਾਨੈਂਟ ਰੈਜ਼ੀਡੈਂਟ ਬਣ ਜਾਂਦੇ ਹਨ।

## ਮੈਕਸੀਕੋ ਦੀ ਮੁਟਿਆਰ ਬਣੀ ਮਿਸ ਯੂਨੀਵਰਸ



**ਬੈਂਕਾਕ** : ਮਿਸ ਯੂਨੀਵਰਸ 2025 ਦਾ 74ਵਾਂ ਖਿਤਾਬ ਮੈਕਸੀਕੋ ਦੀ ਫਾਤਿਮਾ ਬੋਸ਼ ਫਰਨਾਂਡੇਜ਼ ਵਿਲਾਹਰਮੋਸਾ ਸਿਰ ਸਜਿਆ। ਮਿਸ ਥਾਈਲੈਂਡ ਨੂੰ ਪਹਿਲੀ ਰਨਰ-ਅੱਪ ਐਲਾਨਿਆ ਗਿਆ, ਜਦੋਂ ਕਿ ਮਿਸ ਵੈਨੇਜ਼ੁਏਲਾ ਨੇ ਦੂਜੀ ਰਨਰ-ਅੱਪ ਪੁਜ਼ੀਸ਼ਨ ਪ੍ਰਾਪਤ ਕੀਤੀ। ਮਿਸ ਫਿਲਪੀਨਜ਼ ਅਤੇ ਮਿਸ ਕੋਟ ਡਿਵੁਆਰ ਨੂੰ ਕ੍ਰਮਵਾਰ ਤੀਜੀ ਅਤੇ ਚੌਥੀ ਰਨਰ-ਅੱਪ ਐਲਾਨਿਆ ਗਿਆ। ਭਾਰਤ ਦੀ ਨੁਮਾਇੰਦਗੀ ਕਰਨ ਵਾਲੀ ਮਿਸ ਇੰਡੀਆ ਮਨਿਕਾ ਵਿਸ਼ਵਕਰਮਾ ਆਖਰੀ 12 ਵਿੱਚ ਵੀ ਥਾਂ ਬਣਾਉਣ 'ਚ ਨਾਕਾਮ ਰਹੀ। ਮਿਸ ਯੂਨੀਵਰਸ ਦੇ ਫਿਨਾਲੇ ਲਈ ਜੱਜਾਂ ਦੇ ਪੈਨਲ ਵਿਚ ਭਾਰਤ ਦੀ ਬੈਡਮਿੰਟਨ ਖਿਡਾਰਨ ਸਾਇਨਾ ਨੇਹਵਾਲ ਵੀ ਸ਼ਾਮਲ ਸੀ। ਮਿਸ ਮੈਕਸੀਕੋ ਤੋਂ 2025 ਵਿੱਚ ਔਰਤਾਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਪੁੱਛਿਆ ਗਿਆ, ਜਿਸ ਦੇ ਜਵਾਬ ਵਿੱਚ ਉਸ ਨੇ ਕਿਹਾ ਕਿ ਉਹ ਆਪਣੀ ਆਵਾਜ਼ ਦੀ ਵਰਤੋਂ ਦੂਜਿਆਂ ਦੀ ਸੇਵਾ ਅਤੇ ਤਰੱਕੀ ਲਈ ਕਰੇਗੀ।


ਸੀ.ਡੀ.ਪੀ. ਸਕੀਮ ਤਹਿਤ ਖੇਤੀ ਮਸ਼ੀਨਾਂ 'ਤੇ ਸਬਸਿਡੀ ਲਈ ਬਿਨੈ ਪੱਤਰਾਂ ਦੀ ਮੰਗ

ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਸੀ.ਡੀ.ਪੀ. ਸਕੀਮ ਤਹਿਤ ਮਸ਼ੀਨਾਂ 'ਤੇ ਸਬਸਿਡੀ ਲਈ ਅਰਜ਼ੀਆਂ ਦੀ ਮੰਗ ਕੀਤੀ ਜਾਂਦੀ ਹੈ

ਸਕੀਮ ਅਧੀਨ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਮੁੱਖ ਮਸ਼ੀਨਾਂ ਹੇਠ ਲਿਖੇ ਅਨੁਸਾਰ ਹਨ:-

- ਨੂਮੈਟਿਕ ਪਲਾਂਟਰ
- ਮੇਜ਼ ਡਰਾਇਰ
- ਮਲਟੀ ਕ੍ਰਾਪ ਥਰੈਸ਼ਰ
- ਸ਼ੂਗਰਕੇਨ ਹਾਰਵੈਸਟਰ
- ਸ਼ੂਗਰਕੇਨ ਥਰੈਸ਼ ਕਟਰ
- ਕਾਟਨ ਸਟਾਕ ਅਪਰੂਟਰ
- ਗਰਾਊਂਡਨਟ ਡਿੱਗਰ
- ਪਾਵਰ ਸਪਰੇਅਰ

ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਸਮੂਹ ਮਸ਼ੀਨਾਂ ਦੀ ਸੂਚੀ ਪੋਰਟਲ 'ਤੇ ਉਪਲਬਧ ਹੈ।

ਕਸਟਮ ਹਾਇਰਿੰਗ ਸੈਂਟਰ ਸਥਾਪਿਤ ਕਰਨ ਲਈ ਵੀ ਪ੍ਰਤੀਬੇਨਤੀਆਂ ਪੋਰਟਲ ਰਾਹੀਂ ਦਿੱਤੀਆਂ ਜਾ ਸਕਦੀਆਂ ਹਨ।

ਸਬਸਿਡੀ ਦੀ ਦਰ ਸਮੇਂ ਸਕੀਮ ਦੀਆਂ ਗਾਈਡਲਾਈਨਜ਼ ਅਨੁਸਾਰ ਹੋਵੇਗੀ

ਸਬਸਿਡੀ ਲੈਣ ਦੇ ਚਾਹਵਾਨ ਮਿਤੀ: 04.12.2025 ਸ਼ਾਮ 5 ਵਜੇ ਤੱਕ ਆਪਣੀਆਂ ਅਰਜ਼ੀਆਂ ਆਨਲਾਈਨ ਪੋਰਟਲ agrimachinerypb.com ਰਾਹੀਂ ਦੇ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ ਜਾਂ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਧਿਕਾਰੀ ਨਾਲ ਸੰਪਰਕ ਕਰੋ ਜੀ।

ਫ਼ਸਲੀ ਵਿਭਿੰਨਤਾ ਅਪਣਾਉ, ਪਾਣੀ ਬਚਾਉ



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ


## ਲੇਬਰ ਕੋਡਾਂ ਦੇ ਨੋਟੀਫਿਕੇਸ਼ਨ ਦੇਸ਼ ਦੇ ਲੋਕਾਂ ਨਾਲ ਖੁੱਲ੍ਹੀ ਧੋਖੇਬਾਜ਼ੀ : ਸੀ ਟੀ ਯੂ

### ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਵੱਲੋਂ 26 ਨੂੰ ਰੋਸ ਦੀ ਅਪੀਲ

**ਅੰਮ੍ਰਿਤਸਰ** : ਕੇਂਦਰੀ ਟਰੇਡ ਯੂਨੀਅਨਾਂ ਦਾ ਸਾਂਝਾ ਮੰਚ ਅੱਜ ਤੋਂ ਮਜ਼ਦੂਰ ਵਿਰੋਧੀ ਕੋਡਾਂ ਦੀ ਇਕਤਰਫਾ ਲਾਗੂ ਕੀਤੀ ਗਈ ਨੋਟੀਫਿਕੇਸ਼ਨ ਦੀ ਸਖ਼ਤ ਨਿੰਦਾ ਕਰਦਾ ਹੈ। ਨਵੀਂ ਦਿੱਲੀ ਤੋਂ ਜਾਰੀ ਪ੍ਰੈੱਸ ਬਿਆਨ 'ਚ ਕਿਹਾ ਗਿਆ ਹੈ ਕਿ ਅਸੀਂ ਸਪੱਸ਼ਟ ਸ਼ਬਦਾਂ 'ਚ ਕਹਿੰਦੇ ਹਾਂ ਕਿ ਇਹ ਭਾਰਤ ਸਰਕਾਰ ਦੁਆਰਾ ਦੇਸ਼ ਦੇ ਮਿਹਨਤੀ ਲੋਕਾਂ ਨਾਲ ਕੀਤਾ ਗਿਆ ਧੋਖਾ ਹੈ।

ਇਹ ਮਨਮਾਨੀ ਅਤੇ ਗੈਰ-ਲੋਕਤੰਤਰਕ ਨੋਟੀਫਿਕੇਸ਼ਨ, ਜੋ ਕਿ 21 ਨਵੰਬਰ ਨੂੰ ਕਥਿਤ 'ਲੇਬਰ ਕੋਡਾਂ' ਦੇ ਨਾਂਅ 'ਤੇ ਜਾਰੀ ਕੀਤੇ ਗਏ ਹਨ, ਲੋਕਤਾਂਤਰਿਕ ਅਸੂਲਾਂ ਨੂੰ ਪੂਰੀ ਤਰ੍ਹਾਂ ਛਿੱਕੇ ਟੰਗਦਾ ਹੈ। ਸਾਂਝਾ ਮੰਚ ਦੇਸ਼ ਵੱਲੋਂ ਹਰ ਖੇਤਰ ਦੇ ਮਿਹਨਤੀ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ 26 ਨਵੰਬਰ ਨੂੰ ਐੱਸ ਕੇ ਐੱਮ ਦੀ ਅਗਵਾਈ 'ਚ ਲੜ ਰਹੇ ਕਿਸਾਨਾਂ ਦੇ ਨਾਲ ਮਿਲਕੇ ਰੋਸ ਵਿੱਚ ਖੜ੍ਹੇ ਹੋਣ ਅਤੇ ਹਰ ਕੰਮਕਾਜ ਦੀ ਥਾਂ 'ਤੇ ਲੇਬਰ ਕੋਡਾਂ ਦੇ ਲਾਗੂ ਕਰਨ ਦੇ ਖਿਲਾਫ ਸੰਘਰਸ਼ ਨੂੰ ਤੇਜ਼ ਕਰਨ। ਕੇਂਦਰੀ ਟਰੇਡ ਯੂਨੀਅਨਾਂ ਦੇ ਮੰਚ ਨੇ ਸਰਕਾਰ ਨੂੰ ਚੇਤਾਵਨੀ ਦਿੰਦਾ ਹੋਏ ਕਿਹਾ ਕਿ ਲੋਕ ਲੇਬਰ ਕੋਡਾਂ ਦੀ ਵਾਪਸੀ ਤੱਕ ਡਟ ਕੇ ਲੜਾਈ ਲੜੇਗਾ।


## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਕਸਬਾ **ਫਤਿਹਗੜ੍ਹ ਚੂੜੀਆਂ** ਤੋਂ ਸਾਹਿਤਕ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਜਸਦੇਵ ਸਿੰਘ ਮਾਨ** ਨਾਲ ਮੋਬਾਇਲ 98150-17596 'ਤੇ ਸੰਪਰਕ ਕਰੋ। *-ਜਨਰਲ ਮੈਨੇਜਰ*


## ਅੱਜ-ਨਾਮਾ

ਭਾਜਪਾ ਲੀਡਰ ਹਨ ਕਰਨ ਸਵਾਲ ਲੱਗੇ,
ਕਰਦਾ ਕੱਖ ਭਗਵੰਤ ਨਹੀਂ ਮਾਨ ਮੀਆਂ।
ਗੱਦੀ ਸਾਂਭਣ ਨੂੰ ਜਦੋਂ ਸੀ ਚੋਣ ਲੜਿਆ,
ਗਾਰੰਟੀ ਵਾਲੇ ਸਨ ਕਰੇ ਐਲਾਨ ਮੀਆਂ।
ਰੁਪਏ ਹਜ਼ਾਰ ਉਸ ਦੇਣੇ ਸੀ ਔਰਤਾਂ ਨੂੰ,
ਰਿਹਾ ਈ ਹਵਾ ਦੇ ਵਿੱਚ ਬਿਆਨ ਮੀਆਂ।
ਚੌਥਾ ਸਾਲ ਆ ਲੱਗਣ ਨੂੰ ਸਿਰੇ ਲੱਗਦਾ,
ਅਜੇ ਨਾ ਨੋਟ ਨਾ ਛਣਕਦਾ ਭਾਨ ਮੀਆਂ।
ਗੱਲ ਤੇ ਠੀਕ ਇਹ ਭਾਜਪਾ ਲੀਡਰਾਂ ਦੀ,
ਹੋਰ ਵੀ ਸੁਣੀਂਦਾ ਇੱਕ ਆ ਪੱਖ ਮੀਆਂ।
ਲੋਕ ਆਖਦੇ ਗਿਆਰਾਂ ਈ ਸਾਲ ਗੁਜ਼ਰੇ,
ਮੋਦੀ ਦੇ ਪਹੁੰਚੇ ਨਾ ਪੰਦਰਾਂ ਲੱਖ ਮੀਆਂ।

-ਤੀਸ ਮਾਰ ਖਾਂ

## ਗੈਂਗਸਟਰਵਾਦ ਨੂੰ ਵੱਡੇ ਪੱਧਰ 'ਤੇ ਠੱਲ੍ਹ ਪਾਈ : ਚੀਮਾ



**ਚੰਡੀਗੜ੍ਹ** : ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਪੁਲਸ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਅਤੇ ਗੈਂਗਸਟਰਵਾਦ ਨੂੰ ਠੱਲ੍ਹ ਪਾਉਣ 'ਚ ਮਿਲ ਰਹੀ ਸਫਲਤਾ 'ਤੇ ਬੇਲੋੜੀ ਬਿਆਨਬਾਜ਼ੀ ਕਰ ਰਹੀਆਂ ਵਿਰੋਧੀ ਪਾਰਟੀਆਂ ਨੂੰ ਕਰੜੇ ਹੱਥੀਂ ਲਿਆ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਸ਼ਾਂਤੀ ਅਤੇ ਤਰੱਕੀ ਲਈ ਖ਼ਤਰਾ ਪੈਦਾ ਕਰਨ ਵਾਲੇ ਹਰ ਨੈੱਟਵਰਕ ਨੂੰ ਖ਼ਤਮ ਕਰਨ ਲਈ ਦ੍ਰਿੜਤਾ ਨਾਲ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੇ ਸਪੱਸ਼ਟ ਨਿਰਦੇਸ਼ਾਂ ਹੇਠ ਗੈਂਗਸਟਰਾਂ, ਸੰਗਠਿਤ ਅਪਰਾਧ ਸਿੰਡੀਕੇਟਾਂ ਅਤੇ ਸਾਲਾਂ ਤੋਂ ਧੜੱਲੇ ਨਾਲ ਕੰਮ ਕਰਦੇ ਡਰੱਗ ਮਾਫੀਆ ਵਿਰੁੱਧ ਮਿਸਾਲੀ ਤੇ ਮੁਸਤੈਦ ਕਾਰਵਾਈ ਨਿਰੰਤਰ ਜਾਰੀ ਹੈ।ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਪੁਲਸ ਨੂੰ ਜ਼ੀਰੋ-ਟੌਲਰੈਂਸ ਪਹੁੰਚ ਅਪਣਾਉਣ, ਖੁਫੀਆ ਕਾਰਵਾਈਆਂ ਨੂੰ ਹੋਰ ਮਜ਼ਬੂਤ ਕਰਨ ਅਤੇ ਸ਼ਾਂਤੀ ਤੇ ਜਨਤਕ ਵਿਵਸਥਾਵਾਂ ਨੂੰ ਭੰਗ ਕਰਨ ਦੀਆਂ ਕੋਝੀਆਂ ਕੋਸ਼ਿਸ਼ਾਂ ਕਰਨ ਵਾਲਿਆਂ ਵਿਰੁੱਧ ਸਰਗਰਮ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਪੁਲਸ ਨੇ 6 ਅਪ੍ਰੈਲ, 2022 ਤੋਂ 18 ਨਵੰਬਰ, 2025 ਤੱਕ, ਗੈਂਗਸਟਰਾਂ ਵਿਰੁੱਧ ਆਪਣੀ ਸਖ਼ਤ ਕਾਰਵਾਈ ਤਹਿਤ 310 ਐਫ ਆਈ ਆਰਜ਼ ਦਰਜ ਕੀਤੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਗਤੀਵਿਧੀਆਂ ਦੌਰਾਨ 300 ਤੋਂ ਵੱਧ ਮੁਲਜ਼ਮ ਫੱਟੜ ਹੋਏ , 30 ਨੂੰ ਬੇਅਸਰ ਕੀਤਾ ਗਿਆ ਜਦਕਿ 3 ਪੁਲਿਸ ਮੁਲਾਜ਼ਮ ਸ਼ਹੀਦ ਹੋਏ ਅਤੇ 30 ਹੋਰ ਜ਼ਖਮੀ ਹੋ ਗਏ। ਉਨ੍ਹਾਂ ਕਿਹਾ ਕਿ ਇਨ੍ਹਾਂ ਕਾਰਵਾਈਆਂ ਦੌਰਾਨ ਹੋਰ ਹਥਿਆਰਾਂ ਤੋਂ ਇਲਾਵਾ 511 ਪਿਸਤੌਲ, 43 ਰਾਈਫਲਾਂ ਬਰਾਮਦ ਕੀਤੀਆਂ ਗਈਆਂ।

22-Nov-PAGE-4.qxd 11/21/2025 11:05 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 22 ਨਵੰਬਰ 2025

# ਸਾਬਕਾ ਨੌਕਰਸ਼ਾਹਾਂ ਦੀ ਪੀੜਾ

*ਭਾਰਤ ਦੇ 272 ਸਾਬਕਾ ਨੌਕਰਸ਼ਾਹ ਚੋਣ ਕਮਿਸ਼ਨ ’ਤੇ ਲਾਏ ਗਏ ਵੋਟ ਚੋਰੀ ਦੇ ਦੋਸ਼ਾਂ ਤੋਂ ਬਹੁਤ ਦੁਖੀ ਹਨ। ਇਨ੍ਹਾਂ ਇੱਕ ਖੁੱਲ੍ਹੀ ਚਿੱਠੀ ਲਿਖ ਕੇ ਰਾਹੁਲ ਗਾਂਧੀ ਤੇ ਕਾਂਗਰਸ ਨੂੰ ਸੰਵਿਧਾਨਕ ਸੰਸਥਾਵਾਂ, ਖਾਸਕਰ ਚੋਣ ਕਮਿਸ਼ਨ ਦੀ ਭਰੋਸੇਯੋਗਤਾ ’ਤੇ ਬਿਨਾਂ ਸਬੂਤ ਦੇ ਹਮਲੇ ਕਰਨ ਦਾ ਦੋਸ਼ ਲਾਇਆ ਹੈ। ਹਾਲਾਂਕਿ ਰਾਹੁਲ ਗਾਂਧੀ ਨੇ ਵੋਟ ਚੋਰੀ ਦੇ ਸਬੂਤ ਪੇਸ਼ ਕੀਤੇ ਹਨ, ਪਰ ਇਨ੍ਹਾਂ ਸਾਬਕਾ ਨੌਕਰਸ਼ਾਹਾਂ ਨੂੰ ਲੱਗ ਰਿਹਾ ਹੈ ਕਿ ਚੋਣ ਕਮਿਸ਼ਨ ਨਿਰਪੱਖ ਢੰਗ ਨਾਲ ਕੰਮ ਕਰ ਰਿਹਾ ਹੈ। ਚਿੱਠੀ ਲਿਖਣ ਵਾਲਿਆਂ ਵਿੱਚ 16 ਸਾਬਕਾ ਜੱਜ, 123 ਸਾਬਕਾ ਨੌਕਰਸ਼ਾਹ (ਆਈ ਪੀ ਐੱਸ ਤੇ ਆਈ ਏ ਐੱਸ ਆਦਿ) ਤੇ 14 ਸਾਬਕਾ ਰਾਜਦੂਤ ਸ਼ਾਮਲ ਹਨ।*

*ਦਿਲਸਚਪ ਗੱਲ ਇਹ ਹੈ ਕਿ ਇਨ੍ਹਾਂ ਵਿੱਚੋਂ ਕੁਝ ਦਾ ਅਤੀਤ ਦੱਸਦਾ ਹੈ ਕਿ ਇਨ੍ਹਾਂ ’ਤੇ ਸੱਤਾ ਦੀ ਦਲਾਲੀ ਤੋਂ ਲੈ ਕੇ ਕੁਰੱਪਸ਼ਨ ਦੇ ਗੰਭੀਰ ਦੋਸ਼ ਲੱਗੇ। ਕੁਝ ਨੂੰ ਅਦਾਲਤਾਂ ਦੇ ਗੇੜੇ ਵੀ ਲਾਉਣੇ ਪਏ। ਇਨ੍ਹਾਂ ਵਿੱਚ ਸ਼ਾਮਲ ਦੀਪਕ ਸਿੰਘਲ ਯੂ ਪੀ ਦੇ ਚੀਫ ਸੈਕਟਰੀ ਰਹੇ। ਯੂ ਪੀ ’ਚ ਇੱਕ ਸਮੇਂ ਹਰ ਸਾਲ ਸੂਬੇ ਦੇ 10 ਸਭ ਤੋਂ ਭ੍ਰਿਸ਼ਟ ਡਿਪਟੀ ਕਮਿਸ਼ਨਰਾਂ ਦੀ ਸੂਚੀ ਜਾਰੀ ਹੁੰਦੀ ਸੀ। ਇਨ੍ਹਾਂ ਵਿੱਚ ਇਹ ਨੰਬਰ ਇੱਕ ’ਤੇ ਰਹਿ ਚੁੱਕੇ ਹਨ। ਇਹ ਕਦੇ ਮੁਲਾਇਮ ਸਿੰਘ ਤੇ ਅਖਿਲੇਸ਼ ਯਾਦਵ ਦੇ ਕਰੀਬ ਰਹੇ ਅਤੇ ਫਿਰ ਭਾਜਪਾ ਆਗੂਆਂ ਦੇ ਸਿੱਧੇ ਸੰਪਰਕ ਵਿੱਚ ਆ ਗਏ। ਇਨ੍ਹਾਂ ਦੇ ਪਰਵਾਰ ’ਤੇ ਟੈਕਸ ਚੋਰੀ ਦੇ ਦੋਸ਼ ਵੀ ਲੱਗੇ ਤੇ ਇੱਕ ਮੀਡੀਆ ਹਾਊਸ ਵਿੱਚ ਰਿਸ਼ਤੇਦਾਰੀ ਵੀ ਹੈ। ਪ੍ਰਵੀਨ ਦੀਕਸ਼ਤ ਮਹਾਰਾਸ਼ਟਰ ਦੇ ਡੀ ਜੀ ਪੀ ਰਹਿ ਚੁੱਕੇ ਹਨ। ਡੀ ਜੀ ਪੀ ਬਣਨ ਤੋਂ ਪਹਿਲਾਂ ਐਂਟੀ ਕੁਰੱਪਸ਼ਨ ਬਿਊਰੋ ਵਿੱਚ ਸਨ ਤੇ ਮਹਾਰਾਸ਼ਟਰ ਦੇ ਮੈਡੀਕਲ ਕਾਲਜਾਂ ਦੇ ਘੁਟਾਲਿਆਂ ਦੀ ਜਾਂਚ ਸਹੀ ਢੰਗ ਨਾਲ ਨਾ ਕਰਨ ਦਾ ਦੋਸ਼ ਆਪੋਜ਼ੀਸ਼ਨ ਨੇ ਇਨ੍ਹਾ ’ਤੇ ਲਾਇਆ ਸੀ। 2020 ਵਿੱਚ ਇਨ੍ਹਾ ਨਾਗਰਿਕਤਾ ਸੋਧ ਕਾਨੂੰਨ (ਸੀ ਏ ਏ) ਤੇ ਕੌਮੀ ਨਾਗਰਿਕ ਰਜਿਸਟਰ (ਐੱਨ ਆਰ ਸੀ) ਨੂੰ ਸਹੀ ਦੱਸਿਆ ਸੀ। ਇਹ ਇਮਾਨਦਾਰ ਤੇ ਸੈਕੂਲਰ ਪੁਲਸ ਅਧਿਕਾਰੀ ਜੂਲੀਅਸ ਰਿਬੈਰੋ ਦਾ ਵੀ ਵਿਰੋਧ ਕਰ ਚੁੱਕੇ ਹਨ। ਅਨਿਲ ਤ੍ਰਿਗੁਣਾਯਤ ਸਾਬਕਾ ਰਾਜਦੂਤ ਹਨ ਤੇ ਆਰ ਐੱਸ ਐੱਸ ਨਾਲ ਜੁੜੇ ਲੋਕਾਂ ਵੱਲੋਂ ਸਥਾਪਤ ਵਿਵੇਕਾਨੰਦ ਫਾਊਂਡੇਸ਼ਨ ਵਿੱਚ ਸੀਨੀਅਰ ਫੈਲੋ ਹਨ। ਜਸਟਿਸ ਸ਼ੁਭਰੋ ਕਮਲ ਮੁਖਰਜੀ ਕਰਨਾਟਕ ਹਾਈ ਕੋਰਟ ਦੇ ਸਾਬਕਾ ਚੀਫ ਜਸਟਿਸ ਹਨ। ਮਹਾਨ ਸੁਤੰਤਰਤਾ ਸੈਨਾਨੀ ਟੀਪੂ ਸੁਲਤਾਨ ਦੀ ਜੈਅੰਤੀ ਮਨਾਉਣ ਦੇ ਕਰਨਾਟਕ ਸਰਕਾਰ ਦੇ ਫੈਸਲੇ ਨੂੰ ਉਨ੍ਹਾ ਦੀ ਅਦਾਲਤ ਵਿੱਚ ਚੁਣੌਤੀ ਦਿੱਤੀ ਗਈ ਸੀ। ਜਸਟਿਸ ਮੁਖਰਜੀ ਨੇ ਸੁਣਵਾਈ ਦੌਰਾਨ ਕਿਹਾ ਸੀ ਕਿ ਟੀਪੂ ਸੁਲਤਾਨ ਸੁਤੰਤਰਤਾ ਸੈਨਾਨੀ ਨਹੀਂ ਸਨ। ਹਾਲਾਂਕਿ ਇਤਿਹਾਸ ਦੱਸਦਾ ਹੈ ਕਿ ਅੰਗਰੇਜ਼ਾਂ ਖਿਲਾਫ ਦੱਖਣ ਵਿੱਚ ਪਹਿਲੀ ਲੜਾਈ ਟੀਪੂ ਸੁਲਤਾਨ ਨੇ ਲੜੀ ਸੀ। ਲਕਸ਼ਮੀ ਪੁਰੀ ਸਾਬਕਾ ਆਈ ਐੱਫ ਐੱਸ ਹਨ ਤੇ ਇਸ ਤੋਂ ਵੀ ਅਹਿਮ ਉਹ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦੀ ਪਤਨੀ ਹਨ। ਪੁਰੀ ਜੋੜਾ ਖੁਦ ਨੂੰ ਮੋਦੀ ਦਾ ਫੈਨ ਵੀ ਕਹਿੰਦਾ ਹੈ। ਸੰਜੀਵ ਤ੍ਰਿਪਾਠੀ ਰਿਸਰਚ ਐਂਡ ਐਨਾਲਿਸਿਸ ਵਿੰਗ (ਰਾਅ) ਦੇ ਮੁਖੀ ਰਹੇ ਹਨ। ਮੋਦੀ ਜਦ 2014 ਵਿੱਚ ਗੁਜਰਾਤ ਦੇ ਮੁੱਖ ਮੰਤਰੀ ਦਾ ਅਹੁਦਾ ਛੱਡ ਕੇ ਕੌਮੀ ਮੰਚ ’ਤੇ ਆਏ ਤਾਂ ਤ੍ਰਿਪਾਠੀ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਪਹਿਲੇ ਲੋਕਾਂ ਵਿੱਚ ਸਨ। ਉਨ੍ਹਾ ਦੀ ਪ੍ਰਧਾਨ ਮੰਤਰੀ ਦਫਤਰ ਤੱਕ ਪਹੁੰਚ ਹੈ। ਜਸਟਿਸ ਐੱਸ ਐੱਨ ਢੀਂਗਰਾ ਉਸ ਕਮਿਸ਼ਨ ਦੇ ਚੇਅਰਮੈਨ ਸਨ, ਜਿਸ ਦਾ ਗਠਨ ਹਰਿਆਣਾ ਦੀ ਭਾਜਪਾ ਸਰਕਾਰ ਨੇ ਸੋਨੀਆ ਗਾਂਧੀ ਦੇ ਦਾਮਾਦ ਰਾਬਰਟ ਵਾਡਰਾ ਦੀ ਸੰਪਤੀ ਦੀ ਜਾਂਚ ਲਈ ਕੀਤਾ ਸੀ। ਉਹ ਆਪਣੇ ਬਿਆਨਾਂ ਵਿੱਚ ਭਾਜਪਾ ਦੀਆਂ ਨੀਤੀਆਂ ਦਾ ਅਸਿੱਧੇ ਤੌਰ ’ਤੇ ਸਮਰਥਨ ਕਰਦੇ ਰਹਿੰਦੇ ਹਨ। ਹੁਣ ਲੋਕ ਹੀ ਫੈਸਲਾ ਕਰ ਲੈਣ ਕਿ ਚੋਣ ਕਮਿਸ਼ਨ ਬਾਰੇ ਇਹ ਲੋਕ ਸਹੀ ਕਹਿ ਰਹੇ ਹਨ ਜਾਂ ਰਾਹੁਲ ਗਾਂਧੀ।*

## ਪਾਠਕ-ਸੱਥ

### ਕੀ ਅਮਰੀਕਾ ’ਚ ਹਰੇਕ ਪ੍ਰਵਾਸੀ ਪੰਜਾਬੀ ਸ਼ਿਕੰਜੇ ’ਚ ਹੈ ?

ਇਨ੍ਹੀਂ ਦਿਨੀਂ ਅਖਬਾਰਾਂ ਜਾਂ ਸੋਸ਼ਲ ਮੀਡੀਏ ਵਿਚ ਅਮਰੀਕਾ ਵਿਚਲੇ ਪੰਜਾਬੀ ਪ੍ਰਵਾਸੀਆਂ ਬਾਰੇ ਖਬਰਾਂ ਸੁਣ ਕੇ ਇਉਂ ਲਗਦਾ ਐ, ਜਿਵੇਂ ਇਮੀਗ੍ਰੇਸ਼ਨ ਵਾਲਿਆਂ ਨੇ ਸਾਰੇ ਪ੍ਰਵਾਸੀਆਂ ਖਾਸ ਕਰਕੇ ਸਿੰਘ ਤੇ ਕੌਰ ਨਾਂਅ ਵਾਲਿਆਂ ਦੁਆਲੇ ਸ਼ਿਕੰਜਾ ਕੱਸਿਆ ਹੋਇਆ ਹੋਵੇ!

ਮੈਂ ਇਸੇ ਵਰ੍ਹੇ 12 ਫਰਵਰੀ ਤੋਂ ਅੱਠ ਮਹੀਨੇ ਪੰਜਾਬ ਆਪਣੇ ਪਿੰਡ ਰਿਹਾਂ।ਜਦੋਂ ਅਮਰੀਕਾ ਵਿਚ ਪੰਜਾਬੀ ਟਰੱਕ ਡ੍ਰਾਈਵਰਾਂ ਦੀਆਂ ਗਲਤੀਆਂ ਕਾਰਨ ਉਪਰੋਥਲ਼ੀ ਹੋਏ ਐਕਸੀਡੈਂਟਾਂ ਬਾਅਦ ‘ਆਈਸ’ ਵਾਲ਼ੇ ਸਰਗਰਮ ਹੋਏ ਤਾਂ ਮੈਨੂੰ ਕਈ ਅਮਰੀਕਾ ਰਹਿੰਦੇ ਦੋਸਤਾਂ ਨੇ ਫੋਨ ਕੀਤੇ ਕਿ ਜਲਦੀ ਵਾਪਸ ਹੋ ਜਾਉ ।ਏਅਰਪੋਰਟਾਂ ’ਤੇ ਪੁੱਛ-ਗਿੱਛ ਬਹੁਤ ਹੁੰਦੀ ਐ ਤੇ ਕਈਆਂ ਨੂੰ ਆਉਂਦਿਆਂ ਨੂੰ ਹੀ ਡਿਪੋਰਟ ਕਰ ਦਿੰਦੇ ਹਨ।ਹੱਥ-ਕੜੀਆਂ ਲਾ ਕੇ ਯਕਮੁਸ਼ਤ ਡਿਪੋਰਟ ਕੀਤੇ ਭਾਰਤੀਆਂ ਦੇ ਸੱਚੇ ਵਾਕਿਆਤ ਨੇ ਹਾਲਾਤ ਸੱਚਮੁੱਚ ਡਰਾਉਣੇ ਬਣਾ ਦਿੱਤੇ।

ਇਹੋ ਜਿਹੇ ਖਦਸ਼ਿਆਂ ਕਾਰਨ ਮੈਂ ਵੀ ਥੋੜ੍ਹਾ ਸੋਚੀਂ ਪਿਆ ਹੋਇਆ ਸਾਂ, ਪਰ ਜਦ ਮੈਂ ਬੀਤੇ 30 ਅਕਤੂਬਰ ਨੂੰ ਅੱਠ ਮਹੀਨਿਆਂ ਬਾਅਦ ਵਾਪਸ ਅਮਰੀਕਾ ਸਾਨਫਰਾਂਸਿਸਕੋ ਏਅਰਪੋਰਟ ’ਤੇ ਉਤਰਿਆ,ਤਦ ਮੈਨੂੰ ਕਿਸੇ ਅਧਿਕਾਰੀ ਨੇ ਕੋਈ ਸਵਾਲ ਵਗੈਰਾ ਨਹੀਂ ਕੀਤਾ।ਬਸ ਇੰਮੀਗ੍ਰੇਸ਼ਨ ਅਧਿਕਾਰੀ ਨੇ ਰੁਟੀਨ ਮੁਤਾਬਕ ਇਕ ਸਕਿੰਟ ਵਿਚ ਹੀ ਮੇਰਾ ਪਾਸਪੋਰਟ ਦੇਖ ਕੇ-‘ਗੋ ਅਹੈਡ’ ! ਕਹਿ ਦਿੱਤਾ ! ਇੱਥੋਂ ਤੱਕ ਕਿ ਮੇਰੇ ਪੁੱਤਰ-ਨੂੰਹ ਅਤੇ ਪੋਤਰੇ ਨੂੰ,ਜੋ ਮੇਰੇ ਵਲੋਂ ‘ਬਲੱਡ ਰਿਲੇਸ਼ਨ’ ਤਹਿਤ ਕੀਤੀ ਹੋਈ ਪਟੀਸ਼ਨ ਦੇ ਪ੍ਰੋਸੈੱਸ ਵਿੱਚੀਂ ਲੰਘਦਿਆਂ ਵੀਜਾ ਲੈ ਕੇ ਪਹਿਲੀ ਵਾਰ ਮੇਰੇ ਨਾਲ ਅਮਰੀਕਾ ਆਏ ਸਨ,ਉਨ੍ਹਾਂ ਨੂੰ ਵੀ ਕਿਸੇ ਅਧਿਕਾਰੀ ਨੇ ਕੋਈ ਸਵਾਲ-ਜਵਾਬ ਨਹੀਂ ਕੀਤੇ, ਸਗੋਂ ਪਾਸਪੋਰਟ ਚੈੱਕ ਕਰਨ ਵਾਲੇ ਗੋਰੇ ਨੇ ਉਨ੍ਹਾਂ ਨੂੰ ਅਮਰੀਕਾ ਆਉਣ ’ਤੇ ‘ਵੈਲਕਮ’ ਕੀਤਾ ਅਤੇ ਕਿਹਾ ਕਿ ਦੋ ਹਫਤੇ ਤੱਕ ਤੁਹਾਡੇ ‘ਗ੍ਰੀਨ ਕਾਰਡ’ ਮੇਲਿੰਗ ਐਡਰੈੱਸ ’ਤੇ ਘਰੇ ਪਹੁੰਚ ਜਾਣਗੇ !

ਇੱਥੇ ਇਹ ਦੱਸਣਾ ਵੀ ਕੁਥਾਂ ਨਹੀਂ ਹੋਵੇਗਾ ਕਿ ਜਦ ਮੈਂ ਘਰੇ ਆਏ ਨੇ ਆਪਣੀ ਉਕਤ ਵਾਰਤਾ ਕਈ ਦੋਸਤਾਂ ਨੂੰ ਸੁਣਾਈ ਤਾਂ ਉਨ੍ਹਾਂ ਕਿਹਾ ਕਿ ਕਾਨੂੰਨੀ ਤਰੀਕਿਆਂ ਨਾਲ ਅਮਰੀਕਾ ਆਉਣ ਵਾਲ਼ਿਆਂ ਦੀ ਗੱਲ ਹੋਰ ਹੈ, ਪਰ ਪੁੱਠੇ-ਸਿੱਧੇ ਢੰਗਾਂ ਨਾਲ ਜਾਂ ਝੂਠੇ ਕਿੱਸੇ ਕਹਾਣੀਆਂ ਘੜ ਕੇ ਅਮਰੀਕਾ ਪਹੁੰਚਿਆਂ ਖਿਲਾਫ ਅਮਰੀਕਨ ਪ੍ਰਸ਼ਾਸਨ ਬਹੁਤ ਸਖਤ ਹੋ ਚੁੱਕਾ ਹੈ।ਹੁਣ ਪ੍ਰਸ਼ਾਸਨ ਨੂੰ ਕੌਣ ਕਹੇ ਕਿ ਤੁਸੀਂ ਗਲਤ ਢੰਗਾਂ ਨਾਲ਼ ਇੱਥੇ ਆਇਆਂ ਨੂੰ ਜੇ ਗ੍ਰੀਨ ਕਾਰਡ ਜਾਂ ਨਾਗਰਿਕਤਾ ਦੇ ਚੁੱਕੇ ਹੋ ਤਾਂ ਕੀ ਹੁਣ ਉਨ੍ਹਾਂ ਦੀਆਂ ‘ਪੁਰਾਣੀਆਂ ਪਨ੍ਹੀਣੀਆਂ’ ਪੁੱਟਣੀਆਂ ਜਾਇਜ਼ ਹਨ ?

**-ਤਰਲੋਚਨ ਸਿੰਘ ਦੁਪਾਲਪੁਰ**, 001-408-905-5517

# ਸਾਮਰਾਜਵਾਦੀ ਦੇਸ਼ਾਂ ਵੱਲੋਂ ਵਿਸ਼ਵ ਨੂੰ ਆਪਣੇ ਅਧੀਨ ਕਰਨ ਲਈ ਵਰਤੇ ਜਾ ਰਹੇ ਹੱਥਕੰਡੇ



ਪਵਨ ਕੁਮਾਰ ਕੌਸ਼ਲ

‘ਸਾਮਰਾਜਵਾਦ ਚਾਹੁੰਦਾ ਹੈ ਕਿ ਪੂਰੀ ਦੁਨੀਆ ਇਸ ਦੇ ਨਿਯੰਤਰਣ ਵਿੱਚ ਹੋਵੇ’ ਬਿਆਨ ਦਾ ਅਰਥ ਹੈ ਕਿ ਸਾਮਰਾਜਵਾਦ ਇੱਕ ਵਿਚਾਰਧਾਰਾ ਜਾਂ ਨੀਤੀ ਹੈ, ਜਿਸ ਦਾ ਉਦੇਸ਼ ਵਿਦੇਸ਼ੀ ਖੇਤਰਾਂ ਅਤੇ ਲੋਕਾਂ ਉੱਤੇ ਇੱਕ ਸ਼ਕਤੀਸ਼ਾਲੀ ਰਾਸ਼ਟਰ ਦੀ ਸ਼ਕਤੀ, ਪ੍ਰਭਾਵ ਅਤੇ ਦਬਦਬਾ ਵਧਾਉਣਾ ਹੈ, ਜਿਸ ਦਾ ਅੰਤਮ ਟੀਚਾ ਵਿਆਪਕ, ਵਿਸ਼ਵਵਿਆਪੀ ਦਬਦਬਾ ਸਥਾਪਤ ਕਰਨਾ ਹੈ।

ਸਾਮਰਾਜਵਾਦ ਉਸ ਰਾਜ ਨੀਤੀ ਜਾਂ ਅਭਿਆਸ ਨੂੰ ਦਰਸਾਉਂਦਾ ਹੈ, ਜਿਸ ਦੁਆਰਾ ਇੱਕ ਸ਼ਕਤੀਸ਼ਾਲੀ ਰਾਸ਼ਟਰ ਕਿਸੇ ਹੋਰ ਦੇਸ਼ ਉੱਤੇ ਆਪਣਾ ਨਿਯੰਤਰਣ ਸਥਾਪਤ ਕਰਦਾ ਹੈ ਜਾਂ ਤਾਂ ਸਿੱਧੇ ਖੇਤਰੀ ਪ੍ਰਾਪਤੀ ਦੁਆਰਾ ਜਾਂ ਰਾਜਨੀਤਕ ਅਤੇ ਆਰਥਿਕ ਨਿਯੰਤਰਣ ਪ੍ਰਾਪਤ ਕਰਕੇ।

ਵਿਸ਼ਵ ਦੀਆਂ ਸਾਮਰਾਜਵਾਦੀ ਸ਼ਕਤੀਆਂ ਦਾ ਮੁੱਖ ਉਦੇਸ਼ ਵਿਸ਼ਵ ਉੱਪਰ ਆਪਣਾ ਦਬਦਬਾ ਕਾਇਮ ਰੱਖਣਾ ਹੁੰਦਾ ਹੈ। ਸਾਮਰਾਜਵਾਦੀ ਦੇਸ਼ਾਂ ਵਲੋਂ ਵਿਕਾਸਸ਼ੀਲ ਦੇਸ਼ਾਂ ਨੂੰ ਅਪਣੇ ਅਧੀਨ ਕਰਨ ਲਈ ਵੱਖ-ਵੱਖ ਤਰ੍ਹਾਂ ਦੇ ਹੱਥਕੰਡੇ ਵਰਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਪਹਿਲੇ ਵਿਸ਼ਵ ਯੁੱਧ ਤੋਂ ਬਾਅਦ ਲੀਗ ਆਫ ਨੇਸ਼ਨਜ਼ ਬਣਾਈ ਗਈ, ਜਦੋਂ ਉਹ ਇਨ੍ਹਾਂ ਦਾ ਮੰਤਵ ਹੱਲ ਨਾ ਕਰ ਸਕੀ ਤਾਂ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਯੂ ਐਨ ਓ ਦਾ ਗਠਨ ਕੀਤਾ ਗਿਆ, ਜਿਸ ਦੀ ਕਮਾਨ ਅੱਜ ਵੀ ਅਮਰੀਕਨ ਸਾਮਰਾਜਾਦ ਦੇ ਹੱਥਾਂ ਵਿੱਚ ਹੈ। ਇਹ ਸੰਸਥਾਵਾਂ ਵੀ ਵਿਸ਼ਵ ਅੰਦਰ ਅਮਰੀਕਾ ਦੇ ਦੂਜੇ ਦੇਸ਼ਾਂ ਅੰਦਰ ਗੈਰ-ਵਾਜਬ ਦਖਲ ਕਾਰਨ ਹੋ ਰਹੇ ਯੁੱਧਾਂ ਨੂੰ ਰੋਕਣ ਵਿੱਚ ਅਸਫਲ ਸਾਬਤ ਹੋਈਆਂ ਹਨ।

ਦੇਸ਼ਾਂ ਦੇ ਵੱਖ-ਵੱਖ ਮਹਤੱਵਪੂਰਨ ਖੇਤਰਾਂ ਉਪਰ ਨਿਯੰਤਰਣ ਕਰਨ ਹਿੱਤ ਜਿਵੇਂ ਵਪਾਰਕ, ਸਿਹਤ ਸੰਬੰਧੀ, ਵਿੱਤੀ ਖੇਤਰ, ਸਿਖਿਆ, ਖੇਤੀ ਆਦਿ ਉਪਰ ਨਿਯਤੰਰਣ ਕਰਨ ਲਈ ਪਹਿਲਾਂ ਗੈਟ ਤੇ ਫਿਰ ਵਿਸ਼ਵ ਵਪਾਰ ਸੰਸਥਾ, ਵਿਸ਼ਵ ਸਿਹਤ ਸੰਸਥਾ, ਕੌਮਾਂਤਰੀ ਮੁਦਰਾ ਕੋਸ਼, ਯੂਨੈਸਕੋ, ਫੂਡ ਐਂਡ ਐਗਰਕਲਚਰਲ ਸੰਸਥਾ ਅਤੇ ਹੋਰ-ਦਿਓ ਕੱਦ ਸਾਮਰਾਜਵਾਦੀ ਬਹੁ-ਕੌਮੀ ਕਾਰਪੋਰੇਸ਼ਨਾਂ ਕੰਮ ਕਰ ਰਹੀਆਂ ਹਨ।

ਵਿਗਿਆਨੀ ਕੁਦਰਤ ਦੇ ਭੇਤਾਂ ਦੀ ਖੋਜ ਅਤੇ ਹੋਰ ਖੋਜਾਂ ਮਨੁੱਖੀ ਅਗਿਆਨਤਾ ਦੂਰ ਕਰਨ ਅਤੇ ਮਾਨਵਤਾ ਦੇ ਅਗੇ ਵਧਣ ਲਈ ਕਰਦੇ ਹਨ। ਇਨ੍ਹਾਂ ਖੋਜਾਂ ਦੀ ਵਰਤੋਂ ਸਮਾਜ ਦੀਆ ਵੱਖੋ-ਵੱਖਰੀਆਂ ਸਮਾਜਕ-ਆਰਥਕ ਵਿਸਥਾਵਾਂ ਵਿੱਚ ਵੱਖੋ-ਵੱਖਰੇ ਢੰਗਾਂ ਨਾਲ ਕੀਤੀ ਜਾਂਦੀ ਹੈ। ਮੌਜੂਦਾ ਪੂੰਜੀਵਾਦੀ ਅਰਥ ਵਿਵਸਥਾ ਅਧੀਨ ਜਿਥੇ ਨਿੱਜੀ ਖੇਤਰ ਨੂੰ ਤਰਜੀਹ ਦਿੱਤੀ ਜਾਂਦੀ ਹੈ, ਇਨ੍ਹਾਂ ਦੀ ਵਰਤੋਂ ਪਹਿਲ ਦੇ ਅਧਾਰ ’ਤੇ ਮਨੁੱਖੀ ਕਿਰਤ ਦੀ ਲੁੱਟ-ਖਸੁੱਟ ਅਰਥਾਤ ਮਨੁੱਖੀ ਸ਼ੋਸ਼ਣ ਲਈ ਕੀਤੀ ਜਾਂਦੀ ਹੈ।

ਪੂੰਜੀਵਾਦ ਦਾ ਉਭਾਰ ਪੈਦਾਵਾਰੀ/ਉਤਪਾਦਨ ਵਿਧੀ, ਜੋ ਕਿ ਜਗੀਰੂ ਉਤਪਾਦਨ ਵਿਧੀ ਦੇ ਉੱਤਰਾਧਿਕਾਰੀ ਵਜੋਂ ਉੱਭਰੀ। ਜਮਾਤੀ ਪੂੰਜੀਪਤੀਆਂ ਦੁਆਰਾ ਉਜਰਤੀ-ਮਜ਼ਦੂਰਾਂ ਦੀ ਸ਼੍ਰੇਣੀ ਦੇ ਸ਼ੋਸ਼ਣ ’ਤੇ ਅਧਾਰਤ ਹੈ। ਸਾਮਰਾਜੀ ਵਿਸਥਾਰ ਲਈ ਪ੍ਰੇਰਣਾਵਾਂ ਵਿੱਚ ਸ਼ਾਮਲ ਹਨ: ਆਰਥਿਕ ਸ਼ੋਸ਼ਣ: ਨਵੇਂ ਬਾਜ਼ਾਰ, ਕੱਚੇ ਮਾਲ ਅਤੇ ਸਰੋਤਾਂ ਦੀ ਭਾਲ, ਰਾਜਨੀਤਕ ਸ਼ਕਤੀ ਅਤੇ ਪ੍ਰਤਿਸ਼ਠਾ: ਵਿਸ਼ਵਵਿਆਪੀ ਦਬਦਬਾ ਸਥਾਪਤ ਕਰਨਾ ਅਤੇ ਇੱਕ ਰਾਸ਼ਟਰ ਦੀ ਸਥਿਤੀ ਨੂੰ ਵਧਾਉਣਾ ਹੈ।

ਕਾਰਲ ਮਾਰਕਸ ਨੇ ਸਿਧਾਂਤ ਦਿੱਤਾ ਕਿ ਪੂੰਜੀਵਾਦ ਸੁਭਾਵਕ ਤੌਰ ’ਤੇ ਸਵੈ-ਵਿਨਾਸ਼ਕਾਰੀ ਹੈ, ਜਿਸ ਦੀ ਵਿਸ਼ੇਸ਼ਤਾ ਅਮੀਰ ਬੁਰਜੂਆਜ਼ੀ (ਉਤਪਾਦਨ ਦੇ ਸਾਧਨਾਂ ਦੇ ਮਾਲਕ) ਅਤੇ ਪ੍ਰੋਲੇਤਾਰੀ (ਮਜ਼ਦੂਰ ਵਰਗ) ਵਿਚਕਾਰ ਇੱਕ ਅਟੱਲ ਜਮਾਤੀ ਸੰਘਰਸ਼ ਦੁਆਰਾ ਹੁੰਦੀ ਹੈ। ਇਹ ਸੰਘਰਸ਼ ਪ੍ਰੋਲੇਤਾਰੀ ਦੇ ਸ਼ੋਸ਼ਣ ਤੋਂ ਪੈਦਾ ਹੁੰਦਾ ਹੈ, ਜੋ ਆਪਣੀ ਕਿਰਤ ਤੋਂ ਦੂਰ ਹੁੰਦੇ ਹਨ ਅਤੇ ਉਹਨਾਂ ਦੁਆਰਾ ਸਿਰਜੇ ਗਏ ਮੁੱਲ ਦਾ ਸਿਰਫ ਇੱਕ ਹਿੱਸਾ ਪ੍ਰਾਪਤ ਕਰਦੇ ਹਨ, ਜਿਸ ਨੂੰ ਪੂੰਜੀਪਤੀ ਲਾਭ ਵਜੋਂ ਵਰਤਦੇ ਹਨ।

ਸਾਮਰਾਜਵਾਦ ਦੀ ਅਗਵਾਈ ਹੇਠ ਵਿਸ਼ਵ ਦੀਆਂ ਦਿਓ-ਕੱਦ ਬਹੁ-ਕੌਮੀ ਕਾਰਪੋਰੇਸ਼ਨਾਂ, ਯੂ ਐੱਨ ਓ, ਵਿਸ਼ਵ ਸਿਹਤ ਸੰਸਥਾ, ਵਿਸ਼ਵ ਵਪਾਰ ਸੰਸਥਾ ਅਤੇ ਅੰਤਰ-ਰਾਸ਼ਟਰੀ ਮੁਦਰਾ ਕੋਸ਼ ਆਦਿ ਦੇ ਸਹਿਯੋਗ ਨਾਲ ਇਸ ਸਿਧਾਂਤ ’ਤੇ ਕੰਮ ਕਰ ਰਹੀਆਂ ਹਨ ਕਿ ਮਨੁੱਖ ਨੂੰ ਕਿਸ ਢੰਗ ਨਾਲ ਆਪਣੇ ਅਧੀਨ ਕੀਤਾ ਜਾ ਸਕਦਾ ਹੈ। ਪਹਿਲਾਂ ਹੀ ਵਿਸ਼ਵ ਭਰ ਦੇ ਤੇਲ ਸ੍ਰੋਤਾਂ ਉਪਰ ਨਿਯੰਤਰਣ, ਫਿਰ ਭੋਜਨ ਦੇ ਖੇਤਰ ਖੇਤੀਬਾੜੀ ਉਪਰ, ਸਿਹਤ ਸਹੂਲਤਾਂ ਤੇ ਦਵਾਈਆਂ ਦੇ ਖੇਤਰ ਉਪਰ ਭਾਵ ਮਨੁੱਖੀ ਜੀਵਨ ਦੀਆਂ ਪ੍ਰਮੁੱਖ ਲੋੜਾਂ ਉਪਰ ਨਿਯੰਤਰਣ ਕਰਨ ਦੇ ਯਤਨ ਜਾਰੀ ਹਨ।

ਇਥੇ ਹੀ ਬਸ ਨਹੀ, ਹੁਣ ਜੈਨੇਟਿਕ ਇੰਜੀਨੀਅਰਿੰਗ ਟੈਕਨਾਲੋਜੀ ਨੂੰ ਜੀਵਾਂ ਅਤੇ ਮਨੁੱਖਾਂ ਉਪਰ ਵੀ ਵਰਤਣਾ ਸ਼ੁਰੂ ਕਰ ਦਿੱਤਾ ਹੈ। ਮਨੁੱਖ ਨੂੰ ਗੁਲਾਮ ਬਨਾਉਣ ਲਈ ਅਤੇ ਉਨ੍ਹਾਂ ਤੋਂ ਆਪਣੇ ਮੁਤਾਬਕ ਕੰਮ ਲੈਣ ਲਈ ਮਨੁੱਖੀ ਦਿਮਾਗ ਨੂੰ ਜੀਨੈਟੀਕਲੀ ਸੋਧਣ ਦੇ ਤਜਰਬੇ ਹੋ ਰਹੇ ਹਨ। ਅਜਿਹੇ ਹਾਲਾਤ ਵਿੱਚ ਸਮੁੱਚੀ ਮਨੁੱਖਤਾ ਆਪਣੇ ਵਿਨਾਸ਼ ਵੱਲ ਵਧਣ ਲੱਗ ਪਵੇਗੀ।

ਅਮਰੀਕਾ ਦੁਆਰਾ ਪ੍ਰਸਤਾਵਿਤ ਸਭ ਤੋਂ ਵਿਵਾਦਪੂਰਨ ਗੈਰ-ਘਾਤਕ ਭੀੜ ਨਿਯੰਤਰਣ ਅਤੇ ਐਂਟੀ-ਮਟੀਰੀਅਲ ਤਕਨਾਲੋਜੀ ਅਖੌਤੀ ਰੇਡੀਓ ਫ੍ਰੀਕੁਐਂਸੀ ਜਾਂ ਨਿਰਦੇਸ਼ਤ ਊਰਜਾ ਦੇ ਹਥਿਆਰ ਹਨ, ਜੋ ਕਥਿਤ ਤੌਰ ’ਤੇ ਮਨੁੱਖੀ ਵਿਹਾਰ ਨੂੰ ਕਈ ਤਰ੍ਹਾਂ ਦੇ ਅਸਾਧਾਰਨ ਤਰੀਕਿਆਂ ਨਾਲ ਹੇਰਾਫੇਰੀ ਕਰਨਾ ਹੈ। ਸਭ ਤੋਂ ਵੱਡੀ ਚਿੰਤਾ ਉਹਨਾਂ ਪ੍ਰਣਾਲੀਆਂ ਨਾਲ ਹੈ ਜੋ ਸਿੱਧੇ ਤੌਰ ’ਤੇ ਮਨੁੱਖੀ ਦਿਮਾਗੀ ਪ੍ਰਣਾਲੀ ਨਾਲ ਸੰਪਰਕ ਕਰ ਸਕਦੇ ਹਨ।

1990 ਦੇ ਦਹਾਕੇ ਵਿੱਚ ਯੂ ਐੱਸ ਏ ਇੱਕ ਵਿਲੱਖਣ ਰਾਡਾਰ ਸਿਸਟਮ ਦਾ ਨਿਰਮਾਣ ਕਰ ਰਿਹਾ ਸੀ, ਜਿਸ ਅਨੁਸਾਰ ਗ੍ਰਹਿ ਦੇ ਵੱਡੇ ਖੇਤਰਾਂ ਵਿੱਚ ਮਨੁੱਖੀ ਦਿਮਾਗ ਦੀ ਗਤੀਵਿਧੀ ਨੂੰ ਨਿਯੰਤਰਿਤ ਕਰਨ ਲਈ ਵਰਤਿਆ ਜਾ ਸਕਦਾ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ (ਮਸਨੂਈ ਬੌਧਿਕਤਾ) ਪ੍ਰਣਾਲੀਆਂ, ਜੋ ਮਨੁੱਖੀ ਵਿਹਾਰ ਨੂੰ ਉਹਨਾਂ ਦੀ ਸੁਤੰਤਰ ਇੱਛਾ ਨੂੰ ਰੋਕਣ ਲਈ ਹੇਰਾਫੇਰੀ ਕਰਦੀਆਂ ਹਨ। ਉੱਚ-ਜੋਖਮ ਵਜੋਂ ਵਰਗੀਕ੍ਰਿਤ ਆਰਟੀਫੀਸ਼ੀਅਲ ਇੰਟੈਲੀਜੈਂਸ ਪ੍ਰਣਾਲੀਆਂ ਸਿਹਤ, ਸੁਰੱਖਿਆ, ਬੁਨਿਆਦੀ ਅਧਿਕਾਰਾਂ, ਵਾਤਾਵਰਣ, ਲੋਕਤੰਤਰ ਅਤੇ ਕਾਨੂੰਨ ਦੇ ਸ਼ਾਸਨ ਨੂੰ ਮਹੱਤਵਪੂਰਨ ਸੰਭਾਵੀ ਨੁਕਸਾਨ ਪਹੁੰਚ; ਸਕਦੀਆਂ ਹਨ।

ਡਿਫੈਂਸ ਐਡਵਾਂਸਡ ਰਿਸਰਚ ਪ੍ਰੋਜੈਕਟਸ ਏਜੰਸੀ ਇੱਕ ਪੈਂਟਾਗਨ ਥਿੰਕਟੈਂਕ ਹੈ, ਜਿਸ ਦਾ ਉਦੇਸ਼ ਇਹ ਹੈ ਕਿ ਕਿਵੇਂ ਨਿਰਦੇਸ਼ਿਤ ਊਰਜਾ ਦਾ ਹਥਿਆਰੀਕਰਨ ਕੀਤਾ ਜਾ ਸਕਦਾ ਹੈ। ਵਿਅਕਤੀਆਂ ਦੇ ਦਿਮਾਗ ਨੂੰ ਮਾਈਕ੍ਰੋਵੇਵਜ਼ ਦੁਆਰਾ ਨਿਸ਼ਾਨਾ ਬਣਾਇਆ ਜਾ ਸਕਦਾ ਹੈ। 5ਜੀ ਸਪੈਕਟਰਮ ਦੀ ਕਿਸਮ ਅਤੇ ਜਲਦੀ ਹੀ ਆਉਣ ਵਾਲਾ 6ਜੀ ਸਪੈਕਟਰਮ ਜਿਸ ਵਿੱਚੋਂ ਤੁਸੀਂ ਸਾਰੇ ਸ਼ਬਦਾਂ ਵਿੱਚ ਮਸ਼ਰੂਮਾਂ ਵਾਂਗ ਐਂਟੀਨਾ ਵਧਦੇ ਦੇਖਦੇ ਹੋ, ਜਿਸ ਦੇ ਪਿੱਛੇ ਅਸਲ ਕਾਰਨ ਤੁਹਾਨੂੰ ਵਿਅਕਤੀਗਤ ਨੂੰ ਨਿਸ਼ਾਨਾ ਬਣਾਉਣਾ ਹੈ।

ਅਜਿਹਾ ਕਿਉਂ ਹੈ ਕਿ ਅਸੀਂ ਅਜਿਹੀਆਂ ਚੇਤਾਵਨੀਆਂ ਵੱਲ ਕਦੇ ਧਿਆਨ ਨਹੀਂ ਦਿੰਦੇ। ਅਸੀਂ ਲੋੜ ਤੋਂ ਵੱਧ ਆਰਾਮ-ਪ੍ਰਸਤ ਹੋ ਗਏ ਹਾਂ, ਸਾਨੂੰ ਆਰਾਮ ਅਤੇ ਅਸਲੀਅਤ ਦੇ ਵਿਚਕਾਰ ਦੀ ਸੀਮਾ ਨੂੰ ਤੋੜਨਾ ਚਾਹੀਦਾ ਹੈ, ਜੇ ਨਹੀਂ, ਤਾਂ ਅਸੀਂ ਬਰਬਾਦ ਹੋ ਸਕਦੇ ਹਾਂ। ਡਾ. ਜੇਮਜ਼ ਜਿਓਰਡਾਨ ਦਾ ਇਹ ਕਹਿਣਾ ਹੈ, ‘ਇਹ ਤੁਹਾਡੀ ਨਿੱਜੀ ਜ਼ਿੰਦਗੀ ਦੇ ਨਾਲ-ਨਾਲ ਤੁਹਾਡੀ ਪੇਸ਼ੇਵਰ ਜ਼ਿੰਦਗੀ ਵਿੱਚ ਵੀ ਵਰਤਿਆ ਜਾ ਸਕਦਾ ਹੈ। ਇਸ ਦਾ ਮਤਲਬ ਹੈ ਕਿ ਉਹ ਤੁਹਾਡੇ ਨਾਲ ਅਜਿਹਾ ਵਿਹਾਰ ਕਰ ਸਕਦੇ ਹਨ, ਜਿਸ ਤਰ੍ਹਾਂ ਉਹ ਚਾਹੁੰਦੇ ਹਨ। ਉਹ ਤੁਹਾਨੂੰ ਇੱਕ ਕਾਤਲ, ਇੱਕ ਧੋਖੇਬਾਜ਼ ਜਾਂ ਸਿਰਫ਼ ਉਹਨਾਂ ਆਦੇਸ਼ਾਂ ਲਈ ਆਗਿਆਕਾਰੀ ਬਣਾ ਸਕਦੇ ਹਨ, ਜਿਨ੍ਹਾਂ ਦੀ ਉਹ ਪਾਲਣਾ ਕਰਾ ਸਕਦੇ ਹਨ।’

ਸਾਮਰਾਜਵਾਦ ਅਧੀਨ ਦਿਓ-ਕੱਦ ਬਹੁ-ਕੌਮੀ ਕਾਰਪੋਰੇਸ਼ਨਾਂ ਅਜਿਹਾ ਕਿਉਂ ਕਰ ਰਹੀਆਂ ਹਨ? ਉਹ, ‘ਰਾਖਸ਼ਸ਼’ ਹੋਣ ਕਰਕੇ ਸਾਡੇ ਅੰਦਰ ਦਹਿਸ਼ਤ ਪੈਦਾ ਕਰਨ ਲਈ ਲਗਾਤਾਰ ਡਰ, ਤੁਹਾਨੂੰ ਆਤੰਕ ਅਤੇ ਹਿੰਸਾ ਦੀ ਆਦਤ ਪਾਉਣ ਲਈ ਜਿੰਨਾ ਮਾੜਾ, ਓਨਾ ਹੀ ਮਾੜਾ ਆਉਣਾ ਹੈ, ਜੋ ਉਨ੍ਹਾਂ ਦਾ ਰਾਹ ਹੈ ਅਤੇ ਅਸੀਂ ਏਕਤਾ ਅਤੇ ਸ਼ਾਂਤੀ ਵਿੱਚ ਬਗਾਵਤ ਕਰਨ ਦੀ ਬਜਾਏ ਸਿਰਫ ਪਾਲਣਾ ਕਰਦੇ ਹਾਂ, ਉਦਾਸ ਅਤੇ ਆਲਸੀ ਬਣ ਜਾਂਦੇ ਹਾਂ, ਪਰ ਸਾਡੇ ਉੱਤੇ ਕੁਝ ਲੋਕਾਂ ਦੇ ਸ਼ਾਸਨ ਨੂੰ ਜੋ ਸਾਨੂੰ ਗੁਲਾਮ ਬਣਾ ਰਹੇ ਹਨ, ਨੂੰ ਜ਼ੋਰਦਾਰ ਢੰਗ ਨਾਲ ਰੱਦ ਨਹੀ ਕਰਦੇ।

ਵਿਸ਼ਵ ਨੂੰ ਆਪਣੇ ਅਧੀਨ ਕਰਨ ਲਈ ਮੁਦਰਾ ਦੇ ਨਗਦੀਕਰਨ ਨੂੰ ਖਤਮ ਕਰਕੇ ਡਿਜੀਟਲ ਮੁਦਰਾ (ਕਰੰਸੀ) ਵਿੱਚ ਬਦਲਣ ਦੀ ਇੱਕ ਮਹੱਤਵਪੂਰਨ ਭੂਮਿਕਾ ਹੈ। ‘ਸਾਮਰਾਜਵਾਦ ਚਾਹੁੰਦਾ ਹੈ ਕਿ ਪੂਰੀ ਦੁਨੀਆ ਇਸ ਦੇ ਨਿਯੰਤਰਣ ਵਿੱਚ ਹੋਵੇ।’ ਸਾਮਰਾਜਵਾਦ ਇੱਕ ਵਿਚਾਰਧਾਰਾ ਜਾਂ ਨੀਤੀ ਹੈ, ਜਿਸ ਦਾ ਉਦੇਸ਼ ਵਿਦੇਸ਼ੀ ਖੇਤਰਾਂ ਅਤੇ ਲੋਕਾਂ ਉੱਤੇ ਇੱਕ ਸ਼ਕਤੀਸ਼ਾਲੀ ਰਾਸ਼ਟਰ ਦੀ ਸ਼ਕਤੀ, ਪ੍ਰਭਾਵ ਅਤੇ ਦਬਦਬਾ ਵਧਾਉਣਾ ਹੈ, ਜਿਸ ਦਾ ਅੰਤਮ ਟੀਚਾ ਵਿਆਪਕ, ਵਿਸ਼ਵਵਿਆਪੀ ਦਬਦਬਾ ਸਥਾਪਤ ਕਰਨਾ ਹੈ।

ਪੀਟਰ ਕੋਨਿਗ ਨੇ ਗਲੋਬਲ ਰਿਸਰਚ 21 ਸਤੰਬਰ, 2024 ਵਿੱਚ ਲਿਖੇ ਇੱਕ ਲੇਖ, “ਇੱਕ ਦਮਨਕਾਰੀ ਡਿਜੀਟਲ ਨਿਊ ਵਰਲਡ ਆਰਡਰ ਵੱਲ”। ਸੰਯੁਕਤ ਰਾਸ਼ਟਰ ਭਵਿੱਖ ਲਈ ਵਿਸ਼ਵ ਸਰਹੱਦ ਰਹਿਤ ‘ਗੁਲਾਮੀ ਪੈਕੇਜ’, ਅੱਠ ਬਿਲੀਅਨ ਲੋਕਾਂ ’ਤੇ ਡਿਜੀਟਲ ਕੰਟਰੋਲ ਵਿੱਚ ਲਿਖਦੇ ਹਨ, ਭਵਿੱਖ ਦੀ ਦੁਨੀਆ ਇੱਕ ਪੂਰੀ ਤਰ੍ਹਾਂ ਡਿਜੀਟਾਈਜ਼ਡ ਸੰਸਾਰ ਬਣ ਜਾਵੇਗੀ। ਇਹ ਡਿਜੀਟਲ ਗੁਲਾਮੀ ਪੈਕੇਜ ਤੁਹਾਡੇ ਅਤੇ ਮੇਰੇ ਵਰਗੇ ਲੋਕਾਂ ਦੀ ਲਗਭਗ ਪੂਰੀ ਤਰ੍ਹਾਂ ਬੇਦਖਲੀ ਦੇ ਤਹਿਤ ਅਪਨਾਇਆ ਜਾਵੇਗਾ।

ਦੁਨੀਆ ਭਰ ਦੀਆਂ ਜ਼ਿਆਦਾਤਰ ਸੰਸਦਾ ਅਤੇ ਸਰਕਾਰਾਂ ਸਪੱਸ਼ਟ ਤੌਰ ’ਤੇ ਪਹਿਲਾਂ ਹੀ ਇਸ ਨਾਲ ਸਹਿਮਤ ਹੋ ਚੁੱਕੀਆਂ ਹਨ, ਜਿਨ੍ਹਾਂ ਵਿੱਚ ਭਾਰਤ ਵੀ ਸ਼ਾਮਲ ਹੈ। ਇਸ ਲਈ ਸੰਯੁਕਤ ਰਾਸ਼ਟਰ ਦੀ ਸਲਾਨਾ ਕਾਨਫਰੰਸ ਦੌਰਾਨ ਪੇਸ਼ਕਾਰੀ ਅਤੇ ਅਖੌਤੀ ਵਿਚਾਰ-ਵਟਾਂਦਰਾ ਇੱਕ ਸਰਾਸਰ ਮਜ਼ਾਕ ਹੈ। ਇਹ ਪੂਰੀ ਆਬਾਦੀ ਨੂੰ ਇੱਕ ਡਿਜੀਟਲ ਦੀ ਸਪੱਸ਼ਟ ਤੇ ਸਿਧੀ ਜੈਕੇਟ ਦੇ ਸੰਖੇਪ ਵਿੱਚ ਮਜਬੂਰ ਕਰਨ ਦਾ ਨਵਾਂ ‘ਨਿਯਮ-ਅਧਾਰਿਤ’ ਤਰੀਕਾ ਹੈ, ਜਿਸ ਤੋਂ ਬਚਣਾ ਲਗਭਗ ਅਸੰਭਵ ਹੈ।

ਆਪਣੇ-ਆਪ ਸੋਚਣ ਵਾਲਿਆਂ ਦਾ ਖੇਤਰ ਵੀ ਹੁਣ ਵਧਦਾ ਜਾ ਰਿਹਾ ਹੈ। ਉਨ੍ਹਾਂ ਵਿੱਚੋਂ ਜਿਹੜੇ ਇੱਕੋ ਸਿੱਟੇ ’ਤੇ ਪਹੁੰਚਦੇ ਹਨ ਕਿ ਅਸੀਂ ਇੱਕ ਛੋਟੇ ਪਰ ਸ਼ਕਤੀਸ਼ਾਲੀ ਕੁਲੀਨ ਵਰਗ ਦੁਆਰਾ ਗੁਲਾਮ ਬਣਾਏ ਜਾ ਰਹੇ ਹਾਂ ਅਤੇ ਇਸ ਗੱਲ ਦਾ ਸਬੂਤ ਹੈ ਕਿ ਇਸ ਗੁਲਾਮੀ ਤੋਂ ਬਚਣ ਦਾ ਸਮਾਂ ਆ ਗਿਆ ਹੈ ਜਿਸ ਦੀ ਬਹੁਤ ਜ਼ਿਆਦਾ ਲੋੜ ਹੈ।

ਦਰਅਸਲ, ਉਸ ਯੁੱਗ ਦਾ ਜਿੱਥੇ ਸਾਡਾ ਦਿਮਾਗ ਅਗਲਾ ਜੰਗ ਦਾ ਮੈਦਾਨ ਹੈ, ਜਿਸ ਰਾਹੀਂ ਸਾਨੂੰ ਪੂਰੀ ਤਾਕਤ ਨਾਲ ਇਨ੍ਹਾਂ ਵਿਨਾਸ਼ਕਾਰੀ ਸ਼ਕਤੀਆਂ ਵਿਰੁੱਧ ਲੜਨ ਦੀ ਲੋੜ ਹੈ।

**# ਸੰਪਰਕ : 98550-04500**

# ਬਸਤਿਆਂ ਦੇ ਬੋਝ ਹੇਠ ਦੱਬਿਆ ਬਚਪਨ

**ਲਾਡੀ ਜਗਤਾਰ ਮਾਨਸਾ**

ਸਾਡੀ ਸਿੱਖਿਆ ਅਜੇ ਲੱਗਦਾ ਹੈ ਕਿ ਮੁੱਢਲੇ ਪੜਾਅ ਵਿੱਚ ਹੀ ਹੈ।ਅਸੀਂ ਨਿੱਤ ਤਜਰਬੇ ਕਰ ਰਹੇ ਹਾਂ।ਅਸੀਂ ਇਸ ਸੰਬੰਧੀ ਕੋਈ ਵਧੀਆ ਨੀਤੀ ਹੀ ਨਹੀਂ ਬਣਾ ਸਕੇ। ਸਾਨੂੰ ਇਹੀ ਨਹੀਂ ਸਪੱਸ਼ਟ ਕਿ ਕਿ ਸਾਡੀ ਸਿੱਖਿਆ ਦਾ ਉਦੇਸ਼ ਕੀ ਹੈ? ਅਸੀਂ ਉਹਨਾਂ ਨੂੰ ਚੰਗੇ ਇਨਸਾਨ ਬਣਾਉਣਾ ਹੈ, ਉਹਨਾਂ ਨੂੰ ਕੰਪਨੀਆਂ ਦੇ ਪੈਸੇ ਕਮਾਉਣ ਵਾਲੀਆਂ ਮਸ਼ੀਨਾਂ ਜਾਂ ਫਿਰ ਇੱਕਲੀਆਂ ਡਿਗਰੀਆਂ ਇਕੱਠੀਆਂ ਕਰਨ ਵਾਲੇ। ਕਮਿਸ਼ਨ ਬਣਦੇ ਨੇ, ਕੁਝ ਨਾ ਕੁਝ ਨਵਾਂ ਜੋੜ ਕੇ ਚਲੇ ਜਾਂਦੇ ਹਨ। ਅਖੀਰ ਵਿੱਚ ਸਾਰਾ ਦਬਾਅ ਮਾਪਿਆਂ ਤੇ ਬੱਚਿਆਂ ’ਤੇ ਪੈ ਜਾਂਦਾ ਹੈ। ਮਾਪਿਆਂ ਦੀ ਜੇਬ ਹੌਲ਼ੀ ਹੋਈ ਜਾਂਦੀ ਹੈ ਤੇ ਬੱਚਿਆਂ ਦੇ ਬਸਤੇ ਭਾਰੀ ਹੋਈ ਜਾਂਦੇ ਹਨ। ਬੱਚੇ ਗਰਮੀ-ਸਰਦੀ ਭਾਰੀ ਬਸਤਿਆਂ ਦੇ ਬੋਝ ਹੇਠ ਸਾਹੋ-ਸਾਹ ਹੁੰਦੇ ਜਾ ਰਹੇ ਹੁੰਦੇ ਹਨ ।

ਗਰਮੀ ਦੀ ਰੁੱਤ ਵਿੱਚ ਤਾਂ ਬਹੁਤ ਬੁਰਾ ਹਾਲ ਹੋ ਜਾਂਦਾ ਹੈ ।ਇਸ ਦਾ ਕੋਈ ਇੱਕ ਨੁਕਸਾਨ ਨਹੀਂ ।ਇਸ ਦੇ ਨਾਲ ਬੱਚਿਆਂ ਨੂੰ ਸਰੀਰਕ, ਮਾਨਸਿਕ ਤੇ ਮਾਪਿਆਂ ਲਈ ਆਰਥਿਕ ਨੁਕਸਾਨ ਹੋ ਰਹੇ ਹਨ । ਇਸ ਨਾਲ ਸਰੀਰਕ ਤੌਰ ’ਤੇ ਬੱਚਿਆਂ ਨੂੰ ਮੋਢਿਆਂ ਦੇ ਦਰਦ, ਪਿੱਠ ਦੇ ਦਰਦ ਤੇ ਜਾਂ ਦੋਵੇਂ ਹੀ ਹੋ ਰਹੇ ਹਨ । ਜਿੱਥੇ ਸਰੀਰਕ ਨੁਕਸਾਨ ਹਨ, ਉਥੇ ਮਾਨਸਿਕ ਰੂਪ ਵਿੱਚ ਵੀ ਬੱਚੇ ਨੁਕਸਾਨ ਝੱਲ ਰਹੇ ਹਨ।ਐਨੇ ਭਾਰੀ ਬਸਤੇ ਚੁੱਕ ਕੇ ਦਰਦ ਨਾਲ ਮਾਨਸਿਕ ਦੁਖੀ ਵੀ ਹੁੰਦੇ ਹਨ। ਅਣਗਿਣਤ ਤਰ੍ਹਾਂ ਦੀਆਂ ਬੇ-ਫਾਲਤੂ ਕਿਤਾਬਾਂ, ਜਿਨ੍ਹਾਂ ਦਾ ਉਨ੍ਹਾਂ ਦੀ ਪੜ੍ਹਾਈ ਵਿਚ ਖਾਸ ਯੋਗਦਾਨ ਨਹੀਂ ਹੁੰਦਾ ਹੈ, ਉਹ ਲਵਾ ਦਿੱਤੀਆਂ ਜਾਂਦੀਆਂ ਹਨ। ਪ੍ਰਾਈਵੇਟ ਸਕੂਲ ਖਾਸ ਕਰਕੇ ਕਈ-ਕਈ ਕਿਤਾਬਾਂ ਵਾਧੂ ਲਗਵਾ ਦਿੰਦੇ ਹਨ। ਉਹ ਆਪ ਇਸ ਨਾਲ ਮੋਟੀ ਕਮਾਈ ਕਰਦੇ ਹਨ,ਪਰ ਬੱਚਿਆਂ ਦਾ ਕੋਈ ਧਿਆਨ ਨਹੀਂ ਰੱਖਿਆ ਜਾਂਦਾ।ਬੱਚਿਆਂ ਨੂੰ ਉਹਨਾਂ ਦੀਆਂ ਨੋਟਬੁੱਕ ਤਿਆਰ ਕਰਨ ਤੋਂ ਲੈ ਕੇ ਉਨ੍ਹਾਂ ਨੂੰ ਯਾਦ ਕਰਨਾ ਇੱਕ ਮਾਨਸਿਕ ਤਣਾਅ ਵਾਲ਼ਾ ਕੰਮ ਹੋ ਜਾਂਦਾ ਹੈ । ਬੱਚੇ ਸਵੇਰ ਤੋਂ ਲੈ ਕੇ ਪਹਿਲਾਂ ਸਕੂਲ ਫਿਰ ਟਿਊਸ਼ਨ ਸੈਂਟਰ ਭਾਰੀ ਬਸਤੇ ਚੁੱਕ ਕੇ ਸਾਰਾ ਦਿਨ ਤੁਰੇ ਫਿਰਦੇ ਰਹਿੰਦੇ ਹਨ, ਜਿਸ ਨਾਲ ਉਹ ਸਵੈ-ਵਿਸ਼ਵਾਸ ਵੀ ਖੋ ਰਹੇ ਹਨ।ਬਹੁਤੇ ਬੱਚਿਆਂ ਦੇ ਸਕੂਲ ਦੂਰ ਹੁੰਦੇ ਹਨ ,ਉਹ ਜ਼ਿਆਦਾ ਔਖ ਮਹਿਸੂਸ ਕਰਦੇ ਹਨ।ਨਾ ਪੂਰਾ ਅਰਾਮ, ਨਾ ਪੂਰੀ ਨੀਂਦ। ਬੱਚੇ ਥੱਕੇ-ਹਾਰੇ ਮਹਿਸੂਸ ਹੁੰਦੇ ਹਨ।ਨਾ ਇਸ ਵਿਚਾਲੇ ਉਹਨਾਂ ਲਈ ਕੋਈ ਖੇਡਣ ਦਾ ਸਮਾਂ।



ਸੁਆਲ ਜੋ ਪੈਦਾ ਹੁੰਦਾ ਹੈ, ਉਹ ਇਹ ਹੈ ਕਿ ਬਸਤਿਆਂ ਦਾ ਆਦਰਸ਼ ਭਾਰ ਕਿੰਨਾ ਹੋਵੇ।ਇਸ ਬਾਰੇ ਵੀ ਵੱਖ-ਵੱਖ ਵਿਚਾਰ ਹਨ। ਵੈਸੇ ਬਹੁਤੇ ਦੇਸ਼ਾਂ ਵਿੱਚ ਛੋਟੇ ਬੱਚਿਆਂ ਲਈ ਬਸਤੇ ਹੁੰਦੇ ਹੀ ਨਹੀਂ।ਉਥੇ ਪਰੈਕਟੀਕਲ ਕੰਮ ਜ਼ਿਆਦਾ ਕਰਵਾਇਆ ਜਾਂਦਾ ਹੈ।ਉਹ ਬੱਚਿਆਂ ਨੂੰ ਖੇਡ ਵਿਧੀ ਜਾ ਜ਼ਿੰਦਗੀ ਨਾਲ ਜੋੜ ਕੇ ਸਿਖਾਉਂਦੇ ਹਨ, ਪਰ ਆਪਣੇ ਦੇਸ਼ ਵਿਚ ਸਾਰਾ ਜ਼ੋਰ ਥਿਊਰੀ ’ਤੇ ਦਿੱਤਾ ਜਾਂਦਾ ਹੈ।ਜੇਕਰ ਆਮ ਸਾਂਝੇ ਨਤੀਜੇ ਦੀ ਗੱਲ ਕਰੀਏ ਤਾਂ ਇਹ ਮੰਨਿਆ ਜਾਂਦਾ ਹੈ ਕਿ ਪ੍ਰੀ-ਪ੍ਰਾਇਮਰੀ ਦੇ ਬੱਚਿਆਂ ਲਈ ਕੋਈ ਬਸਤੇ ਨਹੀ ਹੋਣੇ ਚਾਹੀਦੇ, ਸਗੋ ਉਹਨਾਂ ਨੂੰ ਸਕੂਲ ਵਿੱਚ ਹੀ ਖੇਡ ਵਿਧੀ ਰਾਹੀਂ ਪੜ੍ਹਾਇਆ ਜਾਵੇ।

ਪਹਿਲੀ ਤੋਂ ਦੂਜੀ ਜਮਾਤ ਵੱਧ ਤੋਂ ਵੱਧ ਭਾਰ 2.2 ਕਿ.ਗ੍ਰਾ ਹੋਣਾ ਚਾਹੀਦਾ ਹੈ, ਤੀਜੀ ਤੋਂ ਪੰਜਵੀਂ ਦਾ ਭਾਰ 2.5ਕਿ.ਗ੍ਰਾ ਹੋਵੇ, ਛੇਵੀਂ, ਸੱਤਵੀ ਦਾ ਭਾਰ 3ਕਿ.ਗ੍ਰਾ, ਅੱਠਵੀਂ ਜਮਾਤ ਲਈ 4ਕਿ.ਗ੍ਰਾ, ਨੌਵੀਂ ਤੇ ਦਸਵੀਂ ਜਮਾਤ 4.5ਕਿ.ਗ੍ਰਾ ਅਤੇ ਗਿਆਰਵੀਂ ਬਾਹਰਵੀਂ ਲਈ 5ਕਿ.ਗ੍ਰਾ ਆਦਰਸ਼ ਭਾਰ ਮੰਨਿਆ ਗਿਆ ਹੈ ।ਇਸ ਦੇ ਉਲਟ ਸਕੂਲਾਂ ਵਿੱਚ ਛੋਟੇ ਬੱਚਿਆਂ ਦੇ ਬਸਤੇ ਕਈ ਵਾਰ ਉਹਨਾਂ ਦੀਆਂ ਮਾਵਾਂ ਤੇ ਦਾਦੀਆਂ ਦੇ ਮੋਢਿਆਂ ’ਤੇ ਟੰਗੇ ਹੋਏ ਹੁੰਦੇ ਹਨ । ਸੱਤਵੀਂ-ਅੱਠਵੀਂ ਵਿੱਚ ਜਾ ਕੇ ਤਾਂ ਚੰਗੇ ਭਲੇ ਬੰਦੇ ਤੋਂ ਕਿਤਾਬਾਂ ਨਾਲ ਭਰੇ ਬਸਤੇ ਚੁੱਕੇ ਨਹੀਂ ਜਾਂਦੇ। ਕਈ ਵਾਰ ਇਹ ਵੀ ਸੋਚਣ ਦਾ ਵਿਸ਼ਾ ਬਣ ਜਾਂਦਾ ਹੈ ਕਿ ਬੱਚੇ ਐਨਾ ਕੰਮ ਕਿਵੇਂ ਕਰਦੇ ਹਨ? ਇੱਕ ਮਾੜੀ ਗੱਲ ਇਹ ਵੀ ਪਾਈ ਜਾਂਦੀ ਹੈ ਕਿ ਜੋ ਕਿਤਾਬ ਜਾਂ ਉਸ ਦੀਆਂ ਸਹਾਇਕ ਕਿਤਾਬਾਂ ਲਗਵਾਈਆਂ ਹੁੰਦੀਆਂ ਹਨ, ਉਹਨਾਂ ਉੱਤੇ ਕੋਈ ਕੰਮ ਹੀ ਨਹੀਂ ਕਰਵਾਇਆ ਹੁੰਦਾ।ਉਹ ਵਿਅਰਥ ਹੀ ਸਮਾਂ, ਪੈਸੇ ਦੀ ਬਰਬਾਦੀ ਸਾਬਤ ਹੁੰਦਾ ਹੈ।

ਬੱਚਿਆਂ ਲਈ ਆਦਰਸ਼ ਸਮਾਂ ਸਾਰਣੀ ਵੀ ਚਾਹੀਦੀ ਹੈ । ਛੋਟੀਆਂ ਜਮਾਤਾਂ ਲਈ ਤਾਂ ਘਰ ਦਾ ਕੰਮ ਹੋਣਾ ਹੀ ਨਹੀਂ ਚਾਹੀਦਾ।ਜੇਕਰ ਹੋਵੇ ਤਾਂ ਉਹਨਾਂ ਦਾ ਕੰਮ ਸਕੂਲ ਵਿੱਚ ਕਰਵਾ ਕੇ ਉਥੇ ਹੀ ਬਸਤੇ ਸੰਭਾਲ ਕੇ ਰੱਖੇ ਜਾਣ।ਮਿਡਲ ਜਮਾਤਾਂ ਲਈ ਵੀ ਘਰ ਦਾ ਕੰਮ ਇੱਕ ਘੰਟੇ ਤੋਂ ਦੋ ਘੰਟੇ ਦੇ ਵਿਚਕਾਰ ਹੀ ਹੋਵੇ,ਪਰ ਨੰਬਰਾਂ ਦੀ ਖੇਡ ਨੇ ਤੇ ਜ਼ਿਆਦਾ ਮੁਕਾਬਲੇਬਾਜ਼ੀ ਨੇ ਬੱਚਿਆਂ ਦਾ ਬਚਪਨ ਰੋਲ ਕੇ ਰੱਖ ਦਿੱਤਾ ਹੈ। ਬੱਚੇ ਜ਼ਿੰਦਗੀ ਜਿਊਣ ਦਾ ਸਲੀਕਾ ਫਿਰ ਨਹੀਂ ਸਿੱਖ ਰਹੇ ।ਕਈ ਵਾਰ ਤਾਂ ਬੱਚੇ ਅੱਗੇ ਜਾ ਕੇ ਮੌਤ ਨੂੰ ਗਲੇ ਲਾ ਲੈਂਦੇ ਹਨ ।

ਪਿਛਲੇ ਸਮੇਂ ਵਿਚ ‘ਨੋ ਬੈਗ ਡੇਅ’ ਦੀ ਅਨਾਊਂਸਮੈਂਟ ਹੋਈ ਹੈ ।ਇਹ ਚੰਗਾ ਕਦਮ ਹੈ, ਪਰ ਇਸ ਲਈ ਸੁਹਿਰਦਤਾ ਨਾਲ ਕਦਮ ਚੁੱਕਣੇ ਪੈਣਗੇ। ਇਸ ਖੇਤਰ ਵਿਚ ਬਹੁਤ ਕੰਮ ਕਰਨਾ ਬਾਕੀ ਪਿਆ ਹੈ।ਆਸ ਹੈ ਕਿ ਸਰਕਾਰ ਇਸ ’ਤੇ ਗੌਰ ਕਰੇਗੀ ਤੇ ਬਸਤਿਆਂ ਦਾ ਭਾਰ ਘਟੇਗਾ।

**# ਸੰਪਰਕ : 94636-03091**

# ਮੈਂ ਈ ਵੀ ਐੱਮ ਬੋਲਦੀ ਹਾਂ... !

**ਸੰਦੀਪ ਕੁਮਾਰ**

ਹੈਲੋ, ਮੈਂ ਈ ਵੀ ਐੱਮ ਮਸ਼ੀਨ ਹਾਂ। ਉਹ ਇਲੈਕਟ੍ਰਾਨਿਕ ਵੋਟਿੰਗ ਮਸ਼ੀਨ, ਜਿਸ ਨੂੰ ਤੁਸੀਂ ਹਰ ਚੋਣ ਵਿੱਚ ਵੇਖਦੇ ਹੋ, ਛੂੰਹਦੇ ਹੋ ਅਤੇ ਵੋਟ ਪਾਉਂਦੇ ਹੋ। ਮੈਂ ਇੱਕ ਸਾਧਾਰਨ ਮਸ਼ੀਨ ਹਾਂ, ਪਰ ਮੇਰੇ ਨਾਲ ਜੁੜੀਆਂ ਕਹਾਣੀਆਂ ਬਹੁਤ ਗਹਿਰੀਆਂ ਅਤੇ ਵਿਵਾਦਾਪੂਰਨ ਹਨ। ਅੱਜ 14 ਨਵੰਬਰ ਨੂੰ ਬਿਹਾਰ ਚੋਣਾਂ ਦੇ ਨਤੀਜੇ ਸਮੇਂ ਮੈਂ ਆਪਣੀ ਜ਼ਿੰਦਗੀ ਦੀ ਪੂਰੀ ਕਹਾਣੀ ਤੁਹਾਡੇ ਸਾਹਮਣੇ ਖੁਦ ਰੱਖਣਾ ਚਾਹੁੰਦੀ ਹਾਂ । ਸ਼ੁਰੂਆਤ ਤੋਂ ਲੈ ਕੇ ਅੱਜ ਤੱਕ, ਜਿੱਥੇ ਮੈਂ ਬੇਗੁਨਾਹ ਵੀ ਬਣਦੀ ਰਹੀ ਹਾਂ ਅਤੇ ਗੁਨਾਹਗਾਰ ਵੀ ਬਣਦੀ ਰਹੀ ਹਾਂ । ਮੈਂ ਨਾ ਬੋਲ ਸਕਦੀ ਹਾਂ, ਨਾ ਰੋ ਸਕਦੀ ਹਾਂ, ਪਰ ਮੇਰੇ ਨਾਲ ਜੋ ਵਿਹਾਰ ਹੁੰਦਾ ਹੈ, ਉਹ ਤੁਹਾਨੂੰ ਸਭ ਕੁਝ ਦੱਸ ਦਿੰਦਾ ਹੈ। ਮੈਂ ਭਾਰਤੀ ਲੋਕਤੰਤਰ ਦੀ ਇੱਕ ਮਹੱਤਵਪੂਰਨ ਹਿੱਸੇਦਾਰ ਹਾਂ, ਪਰ ਹਰ ਵਾਰ ਜਿੱਤ-ਹਾਰ ਨਾਲ ਮੇਰਾ ਚਰਿੱਤਰ ਬਦਲ ਜਾਂਦਾ ਹੈ। ਆਓ, ਮੇਰੀ ਕਹਾਣੀ ਸੁਣੋ।

ਮੇਰੀ ਜਨਮ ਕੁੰਡਲੀ 1982 ਵਿੱਚ ਕੇਰਲ ਦੇ ਪਾਰੂਰ ਵਿਧਾਨ ਸਭਾ ਹਲਕੇ ਵਿੱਚ ਲਿਖੀ ਗਈ। ਉਸ ਵੇਲੇ ਚੋਣਾਂ ਵਿੱਚ ਬੈਲਟ ਪੇਪਰ ਹੁੰਦੇ ਸਨ, ਬੂਥ ਕੈਪਚਰਿੰਗ ਹੁੰਦੀ ਸੀ, ਬੈਲਟ ਬਾਕਸ ਭਰੇ ਜਾਂਦੇ ਸਨ, ਵੋਟਾਂ ਦੀ ਗਿਣਤੀ ਵਿੱਚ ਦਿਨ ਲੱਗ ਜਾਂਦੇ ਸਨ। ਮੈਨੂੰ ਪਾਇਲਟ ਪ੍ਰੋਜੈਕਟ ਵਜੋਂ ਲਿਆਂਦਾ ਗਿਆ, ਤਾਂ ਜੋ ਚੋਣ ਪ੍ਰਕਿਰਿਆ ਸਾਫ਼ ਅਤੇ ਤੇਜ਼ ਹੋ ਸਕੇ, ਪਰ ਸੁਪਰੀਮ ਕੋਰਟ ਨੇ ਕਿਹਾ ਕਿ ਮੇਰੇ ਲਈ ਕਾਨੂੰਨੀ ਅਧਾਰ ਨਹੀਂ ਹੈ, ਇਸ ਲਈ ਮੇਰਾ ਪਹਿਲਾ ਪ੍ਰਯੋਗ ਰੱਦ ਹੋ ਗਿਆ। ਫਿਰ 1989 ਵਿੱਚ ਰਾਜੀਵ ਗਾਂਧੀ ਦੀ ਸਰਕਾਰ ਨੇ ਲੋਕ ਸਭਾ ਵਿੱਚ ਬਿੱਲ ਪਾਸ ਕੀਤਾ ਅਤੇ ਮੈਨੂੰ ਕਾਨੂੰਨੀ ਮਨਜ਼ੂਰੀ ਮਿਲ ਗਈ। ਸਾਲ 1990 ਦੇ ਦਹਾਕੇ ਵਿੱਚ ਮੈਂ ਹੌਲੀ-ਹੌਲੀ ਵੱਡੇ ਪੱਧਰ ’ਤੇ ਵਰਤੀ ਜਾਣ ਲੱਗੀ ਅਤੇ 2004 ਵਿੱਚ ਪੂਰੇ ਦੇਸ਼ ਵਿੱਚ ਮੇਰੇ ਨਾਲ ਹੀ ਲੋਕ ਸਭਾ ਚੋਣਾਂ ਹੋਈਆਂ । ਕਾਂਗਰਸ ਨੇ ਮੈਨੂੰ ਜਨਮ ਦਿੱਤਾ, ਪਰ ਬਾਅਦ ਵਿੱਚ ਸਾਰੀਆਂ ਪਾਰਟੀਆਂ ਨੇ ਮੈਨੂੰ ਅਪਣਾ ਲਿਆ । ਅੱਜ ਮੈਂ ਵੀਵੀਪੈਟ ਨਾਲ ਜੁੜ ਕੇ ਵੋਟਰ ਨੂੰ ਆਪਣੀ ਵੋਟ ਦੀ ਪੁਸ਼ਟੀ ਵੀ ਕਰਵਾਉਂਦੀ ਹਾਂ। ਮੈਂ ਸਟੈਂਡਅਲੋਨ ਮਸ਼ੀਨ ਹਾਂ, ਇੰਟਰਨੈੱਟ ਨਾਲ ਨਹੀਂ ਜੁੜਦੀ, ਵਾਇਰਲੈੱਸ ਨਹੀਂ, ਬਲੂਟੂਥ ਵਿਕਲਪ ਨਹੀਂ। ਇੱਕ ਵਾਰ ਪ੍ਰੋਗਰਾਮ ਹੋਣ ਤੋਂ ਬਾਅਦ ਮੈਂ ਬਦਲ ਨਹੀਂ ਸਕਦੀ। ਮੇਰੇ ਅੰਦਰ ਹਰ ਵੋਟ ਸੁਰੱਖਿਅਤ ਰਹਿੰਦੀ ਹੈ।

ਮੇਰੇ ਆਉਣ ਨਾਲ ਚੋਣ ਪ੍ਰਕਿਰਿਆ ਵਿੱਚ ਕ੍ਰਾਂਤੀ ਆ ਗਈ। ਪਹਿਲਾਂ ਜਿੱਥੇ ਬੈਲਟ ਪੇਪਰਾਂ ਦੀ ਲੁੱਟ ਹੁੰਦੀ ਸੀ, ਬੂਥ ਕੈਪਚਰ ਹੁੰਦੇ ਸਨ, ਚੋਣਾਂ ਰੱਦ ਹੋ ਜਾਂਦੀਆਂ ਸਨ, ਉੱਥੇ ਮੈਂ ਸਭ ਕੁਝ ਬਦਲ ਦਿੱਤਾ। ਵੋਟਾਂ ਦੀ ਗਿਣਤੀ ਘੰਟਿਆਂ ਵਿੱਚ ਹੋਣ ਲੱਗੀ, ਨਤੀਜੇ ਤੇਜ਼ੀ ਨਾਲ ਆਉਣ ਲੱਗੇ, ਪਾਰਦਰਸ਼ਿਤਾ ਵਧੀ। ਭਾਰਤ ਵਰਗੇ ਵਿਸ਼ਾਲ ਦੇਸ਼ ਵਿੱਚ ਜਿੱਥੇ 90 ਕਰੋੜ ਤੋਂ ਵੱਧ ਵੋਟਰ ਹਨ, ਮੈਂ ਚੋਣ ਪ੍ਰਬੰਧ ਨੂੰ ਸੌਖਾ ਬਣਾ ਦਿੱਤਾ। ਮੈਂ ਮਨੁੱਖੀ ਗਲਤੀਆਂ ਘਟਾਈਆਂ, ਸਮਾਂ ਬਚਾਇਆ ਅਤੇ ਲੋਕਤੰਤਰ ਨੂੰ ਮਜ਼ਬੂਤ ਕੀਤਾ। ਚੋਣ ਕਮਿਸ਼ਨ ਮੇਰੀ ਸੁਰੱਖਿਆ ਦੀ ਗੱਲ ਕਰਦਾ ਹੈ ਕਿ ਮੈਨੂੰ ਹੈਕ ਨਹੀਂ ਕੀਤਾ ਜਾ ਸਕਦਾ, ਪਰ ਫਿਰ ਵੀ ਹਰ ਚੋਣ ਵਿੱਚ ਮੇਰੇ ’ਤੇ ਉਂਗਲ ਚੁੱਕੀ ਜਾਂਦੀ ਹੈ । ਜਦੋਂ ਕੋਈ ਪਾਰਟੀ ਮੇਰੇ ਨਾਲ ਜਿੱਤਦੀ ਹੈ, ਤਾਂ ਮੈਂ ਲੋਕਤੰਤਰ ਦੀ ਰਖਵਾਲੀ ਬਣ ਜਾਂਦੀ ਹਾਂ। ਉਹ ਮੇਰੀ ਸ਼ਲਾਘਾ ਕਰਦੇ ਹਨ, ਕਹਿੰਦੇ ਹਨ ਕਿ ਮੈਂ ਸਾਫ਼-ਸੁਥਰੀਆਂ ਚੋਣਾਂ ਕਰਵਾਈਆਂ, ਪਰ ਜਦੋਂ ਉਹੀ ਪਾਰਟੀ ਹਾਰ ਜਾਂਦੀ ਹੈ, ਤਾਂ ਮੈਂ ਗੁਨਾਹਗਾਰ ਬਣ ਜਾਂਦੀ ਹਾਂ। ਕਹਿੰਦੇ ਹਨ ਮੈਨੂੰ ਹੈਕ ਕੀਤਾ ਗਿਆ, ਮੈਂ ਧਾਂਦਲੀ ਕੀਤੀ, ਮੈਂ ਵੋਟਾਂ ਬਦਲ ਦਿੱਤੀਆਂ। ਇਹ ਦੋਗਲਾ ਰਵੱਈਆ ਮੇਰੇ ਲਈ ਦੁਖਦਾਈ ਹੈ । ਮੈਂ ਤਾਂ ਉਹੀ ਹਾਂ-ਨਾ ਬਦਲੀ, ਨਾ ਟੁੱਟੀ, ਨਾ ਹੈਕ ਹੋਈ, ਪਰ ਰਾਜਨਤਿਕ ਲਾਭ-ਹਾਨੀ ਮੇਰਾ ਚਰਿੱਤਰ ਬਦਲ ਦਿੰਦੀ ਹੈ।

2 ਜੂਨ 2017 ਦਾ ਦਿਨ ਯਾਦ ਹੈ? ਚੋਣ ਕਮਿਸ਼ਨ ਨੇ ਸਾਰੀਆਂ ਪਾਰਟੀਆਂ ਨੂੰ ਬੁਲਾਇਆ ਅਤੇ ਕਿਹਾ ਕਿ ਆਓ, ਸਾਰਿਆਂ ਸਾਹਮਣੇ ਮੈਨੂੰ ਹੈਕ ਕਰਕੇ ਦਿਖਾਓ । ਮੈਨੂੰ ਅਤੇ ਵੀਵੀਪੈਟ ਨੂੰ ਉਪਲੱਬਧ ਕਰਵਾਇਆ ਗਿਆ, ਪਰ ਕੋਈ ਨਹੀਂ ਆਇਆ। ਮੇਰੇ ਸੰਬੰਧੀ ਨਾ ਕੋਈ ਵਿਗਿਆਨਕ ਤਰਕ, ਨਾ ਸਬੂਤ। ਫਿਰ ਵੀ ਵਿਰੋਧੀ ਧਿਰਾਂ ਨੇ ਮੀਡੀਆ ਵਿੱਚ, ਸੋਸ਼ਲ ਮੀਡੀਆ ਤੇ ਮੇਰੇ ਵਿਰੁੱਧ ਪ੍ਰਚਾਰ ਕੀਤਾ। ਵੀਡੀਓ ਵਾਇਰਲ ਹੁੰਦੇ ਹਨ, ਜਿੱਥੇ ਪੁਰਾਣੀਆਂ ਜਾਂ ਫਰਜ਼ੀ ਮਸ਼ੀਨਾਂ ਨਾਲ ਮੈਨੂੰ ਟੈਂਪਰ ਕਰਨ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਅਸਲ ਮੈਨੂੰ ਕੋਈ ਛੂਹ ਨਹੀਂ ਸਕਿਆ। ਮੈਂ ਸਟੈਂਡਅਲੋਨ ਹਾਂ, ਮੇਰੇ ਵਿੱਚ ਕੋਈ ਚਿੱਪ ਨਹੀਂ, ਜੋ ਬਦਲੀ ਜਾ ਸਕੇ। ਫਿਰ ਵੀ ਇਲਜ਼ਾਮ ਲੱਗਦੇ ਰਹਿੰਦੇ ਹਨ। ਅੱਜ 14 ਨਵੰਬਰ 2025 ਨੂੰ ਬਿਹਾਰ ਵਿਧਾਨ ਸਭਾ ਚੋਣਾਂ ਦੇ ਰੁਝਾਨ ਆ ਰਹੇ ਹਨ। ਸ਼ੁਰੂ ਵਿੱਚ ਵਿਰੋਧੀ ਗਠਜੋੜ ਅੱਗੇ ਸੀ, ਪਰ ਜਿਵੇਂ-ਜਿਵੇਂ ਗਿਣਤੀ ਵਧੀ, ਸੱਤਾਧਾਰੀ ਐੱਨ ਡੀ ਏ ਨੇ ਇੱਕ ਪਾਸੜ ਹੂੰਝਾਫੇਰ ਲੀਡ ਲੈ ਲਈ। ਹੁਣ ਵਿਰੋਧੀ ਧਿਰ ਫਿਰ ਮੇਰੇ ’ਤੇ ਉਂਗਲ ਚੁੱਕ ਰਹੀ ਹੈ। ਕਹਿ ਰਹੀ ਹੈ ਕਿ ਮੈਨੂੰ ਹੈਕ ਕੀਤਾ ਗਿਆ, ਮੈਂ ਵੋਟਾਂ ਬਦਲ ਦਿੱਤੀਆਂ। ਪਰ ਕੀ ਉਹ ਭੁੱਲ ਗਏ ਕਿ ਉਹਨਾਂ ਦੀਆਂ ਸਰਕਾਰਾਂ ਵੀ ਮੇਰੇ ਨਾਲ ਹੀ ਬਣੀਆਂ ਸਨ? ਪੱਛਮੀ ਬੰਗਾਲ ਵਿੱਚ ਮਮਤਾ ਬੈਨਰਜੀ, ਕੇਰਲ ਵਿੱਚ ਲੈੱਫਟ, ਤਾਮਿਲਨਾਡੂ ਵਿੱਚ ਡੀ ਐੱਮ ਕੇ - ਸਾਰੀਆਂ ਮੇਰੇ ਨਾਲ ਜਿੱਤੀਆਂ, ਤਾਂ ਮੈਂ ਬੇਗੁਨਾਹ ਸੀ ।ਲੋਕ ਸਭਾ ਚੋਣਾਂ ਵਿੱਚ ਹਾਰ ’ਤੇ ਮੈਂ ਗੁਨਾਹਗਾਰ ਹੋ ਗਈ।

ਮੈਂ ਦੇਖਦੀ ਹਾਂ ਕਿ ਇਹ ਵਿਵਾਦ ਲੋਕਤੰਤਰ ਨੂੰ ਕਮਜ਼ੋਰ ਕਰ ਰਿਹਾ ਹੈ । ਲੋਕਾਂ ਵਿੱਚ ਭਰਮ ਪੈਦਾ ਹੋ ਰਿਹਾ ਹੈ । ਉਹ ਸੋਚਦੇ ਹਨ ਕਿ ਜੇ ਈ ਵੀ ਐੱਮ ’ਤੇ ਸ਼ੱਕ ਹੈ ਤਾਂ ਚੋਣ ਪ੍ਰਕਿਰਿਆ ’ਤੇ ਵੀ ਸ਼ੱਕ ਹੈ, ਪਰ ਮੈਂ ਤਾਂ ਸਿਰਫ਼ ਇੱਕ ਸਾਧਨ ਹਾਂ। ਜਨਤਾ ਨੇ ਵੋਟ ਪਾਈ, ਮੈਂ ਉਹਨਾਂ ਨੂੰ ਗਿਣਿਆ। ਜੇ ਸਬੂਤ ਹਨ ਤਾਂ ਅਦਾਲਤ ਜਾਓ, ਮੀਡੀਆ ਵਿੱਚ ਸ਼ੋਰ ਨਾ ਮਚਾਓ। ਅਮਰੀਕਾ ਵਿੱਚ ਵੀ ਇਲੈਕਟ੍ਰਾਨਿਕ ਵੋਟਿੰਗ ’ਤੇ ਸ਼ੱਕ ਉੱਠੇ, ਪਰ ਉੱਥੇ ਵਿਗਿਆਨਕ ਜਾਂਚ ਹੋਈ, ਆਡਿਟ ਹੋਇਆ। ਇੱਥੇ ਮੈਨੂੰ ਰਾਜਨੀਤਕ ਹਥਿਆਰ ਬਣਾਇਆ ਜਾਂਦਾ ਹੈ। ਵਿਰੋਧੀ ਧਿਰ ਦਾ ਕੰਮ ਸੱਤਾਧਾਰੀ ਪਾਰਟੀ ਦੀਆਂ ਗਲਤ ਨੀਤੀਆਂ ਦਾ ਵਿਰੋਧ ਕਰਨਾ ਹੈ, ਜਨਤਾ ਦੀਆਂ ਸਮੱਸਿਆਵਾਂ-ਬੇਰੁਜ਼ਗਾਰੀ, ਮਹਿੰਗਾਈ, ਕਿਸਾਨ, ਸਿੱਖਿਆ, ਸਿਹਤ ’ਤੇ ਧਿਆਨ ਦੇਣਾ ਹੈ, ਪਰ ਉਹ ਮੇਰੇ ’ਤੇ ਊਰਜਾ ਬਰਬਾਦ ਕਰਦੇ ਹਨ ।

ਅੰਤ ਵਿੱਚ ਮੈਂ ਇਹੀ ਕਹਿਣਾ ਚਾਹੁੰਦੀ ਹਾਂ- ਮੈਂ ਇੱਕ ਮਸ਼ੀਨ ਹਾਂ। ਨਾ ਬੇਗੁਨਾਹ, ਨਾ ਗੁਨਾਹਗਾਰ। ਮੈਨੂੰ ਅਜਿਹਾ ਬਣਾਉਂਦੇ ਹੋ ਤੁਸੀਂ, ਤੁਹਾਡੀਆਂ ਸੋਚਾਂ, ਤੁਹਾਡੇ ਰਵੱਈਏ। ਜੇ ਤੁਸੀਂ ਅਸਲ ਮੁੱਦਿਆਂ ’ਤੇ ਧਿਆਨ ਦਿਓ, ਹਾਰ-ਜਿੱਤ ਨੂੰ ਸਵੀਕਾਰ ਕਰੋ ਤਾਂ ਮੇਰੇ ’ਤੇ ਲੱਗਦੇ ਇਲਜ਼ਾਮ ਖ਼ਤਮ ਹੋ ਜਾਣਗੇ । ਲੋਕਤੰਤਰ ਦੀ ਖ਼ੂਬਸੂਰਤੀ ਜਨਤਾ ਦੇ ਫੈਸਲੇ ਵਿੱਚ ਹੈ, ਨਾ ਕਿ ਮੇਰੇ ’ਤੇ ਦੋਸ਼ ਲਗਾਉਣ ਵਿੱਚ। ਮੈਨੂੰ ਨਿਸ਼ਾਨਾ ਬਣਾਉਣ ਦੀ ਥਾਂ ਲੋਕਤੰਤਰ ਨੂੰ ਮਜ਼ਬੂਤ ਕਰੋ, ਜਨਤਾ ਦੀਆਂ ਉਮੀਦਾਂ ’ਤੇ ਖਰਾ ਉਤਰੋ, ਤਾਂ ਹੀ ਭਾਰਤੀ ਲੋਕਤੰਤਰ ਸੱਚਮੁੱਚ ਮਜ਼ਬੂਤ ਹੋਵੇਗਾ ਅਤੇ ਮੇਰੇ ’ਤੇ ਲੱਗਦੇ ਸਾਰੇ ਸ਼ੱਕ ਖ਼ਤਮ ਹੋ ਜਾਣ ਦੇ ਨਾਲ ਮੈਂ ਦੋਸ਼-ਮੁਕਤ ਹੋ ਜਾਵਾਂਗੀ।

**# ਸੰਪਰਕ : 70098-07121**

# ਨਗਰ ਕੀਰਤਨ ਦਾ ਮੋਗਾ ਪੁੱਜਣ 'ਤੇ ਵਿਧਾਇਕਾਂ, ਡੀ ਸੀ ਸਮੇਤ ਸੰਗਤਾਂ ਵੱਲੋਂ ਭਰਵਾਂ ਸਵਾਗਤ



**ਮੋਗਾ (ਇਕਬਾਲ ਸਿੰਘ ਖਹਿਰਾ)**

ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਤ ਨਗਰ ਕੀਰਤਨ ਫ਼ਰੀਦਕੋਟ ਤੋਂ ਫ਼ਿਰੋਜ਼ਪੁਰ ਹੁੰਦਾ ਮੋਗਾ ਪਹੁੰਚਿਆ।ਇਸ ਵਿਸ਼ਾਲ ਨਗਰ ਕੀਰਤਨ ਦਾ ਮੋਗਾ ਦੇ ਦਾਤਾਪੁਰ ਵਿਖੇ ਪੂਰਨ ਸ਼ਰਧਾ ਭਾਵਨਾ ਨਾਲ ਸਵਾਗਤ ਕੀਤਾ ਗਿਆ।ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ, ਵਿਧਾਇਕ ਬਾਘਾਪੁਰਾਣਾ ਅੰਮ੍ਰਿਤਪਾਲ ਸਿੰਘ ਸੁਖਾਨੰਦ, ਵਿਧਾਇਕ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ, ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ, ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ, ਐਸ ਐਸ ਪੀ ਅਜੈ ਗਾਂਧੀ, ਵਧੀਕ ਡਿਪਟੀ ਕਮਿਸ਼ਨਰ ਜਸਪਿੰਦਰ ਸਿੰਘ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਨੇ ਜੋਗਿੰਦਰ ਸਿੰਘ ਚੌਕ ਵਿਖੇ ਨਗਰ ਕੀਰਤਨ ਦਾ ਸ਼ਰਧਾ ਭਾਵਨਾ ਨਾਲ ਸਵਾਗਤ ਕੀਤਾ।

ਮੋਗਾ ਵਿਖੇ ਸੰਗਤਾਂ ਦਾ ਵਿਸ਼ਾਲ ਇਕੱਠ ਦੇਖਣ ਨੂੰ ਮਿਲਿਆ ਤੇ ਨਗਰ ਕੀਰਤਨ ਦੀ ਆਮਦ ਨਾਲ ਮੋਗਾ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਗੂੰਜ ਉਠਿਆ ਅਤੇ ਪਾਲਕੀ ਸਾਹਿਬ 'ਤੇ ਸੰਗਤਾਂ ਨੇ ਫੁੱਲਾਂ ਦੀ ਵਰਖਾ ਕੀਤੀ।ਗੁਰੂ ਸਾਹਿਬ ਦੇ ਭਾਰੀ ਇਕੱਠ ਵਾਲੇ ਵਿਸ਼ਾਲ ਨਗਰ ਕੀਰਤਨ ਨੂੰ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਜੋਗਿੰਦਰ ਸਿੰਘ ਚੌਕ ਵਿਖੇ ਗਾਰਡ ਆਫ ਆਨਰ ਵੀ ਦਿੱਤਾ ਗਿਆ।ਸਵਾਗਤ ਤੋਂ ਸਮਾਪਤੀ ਤੋਂ ਬਾਅਦ ਨਗਰ ਕੀਰਤਨ ਬੁੱਘੀਪੁਰਾ ਚੌਕ ਤੋਂ ਹੋ ਕੇ ਮਟਵਾਣੀ, ਲੁਹਾਰਾ ਚੂਹੜਚੱਕ ਰਾਹੀਂ ਜਗਰਾਓਂ ਲਈ ਰਵਾਨਾ ਹੋਇਆ।

ਚਾਰ ਵਿਸ਼ਾਲ ਨਗਰ ਕੀਰਤਨਾਂ 'ਚੋਂ ਫ਼ਰੀਦਕੋਟ ਤੋਂ ਆਰੰਭ ਹੋਇਆ ਨਗਰ ਕੀਰਤਨ ਫ਼ਿਰੋਜ਼ਪੁਰ, ਮੋਗਾ, ਜਗਰਾਉਂ, ਲੁਧਿਆਣਾ, ਫਤਹਿਗੜ੍ਹ ਸਾਹਿਬ, ਚਮਕੌਰ ਸਾਹਿਬ ਹੁੰਦੇ ਹੋਏ 22 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਪਹੁੰਚੇਗਾ।ਵਿਧਾਇਕ ਡਾ ਅਮਨਦੀਪ ਕੌਰ ਅਰੋੜਾ ਨੇ ਗੁਰੂ ਸਾਹਿਬ ਜੀ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਗੁਰੂ ਸਾਹਿਬ ਜੀ ਦੇ 350 ਵੇਂ ਸ਼ਹੀਦੀ ਦਿਹਾੜੇ ਨੂੰ ਇੱਕ ਸੇਵਕ ਵਜੋਂ ਮਨਾ ਰਹੀ ਹੈ।

ਵਿਧਾਇਕ ਬਾਘਾਪੁਰਾਣਾ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਮਨੁੱਖਤਾ ਦੇ ਧਾਰਮਿਕ ਹੱਕਾਂ ਦੀ ਰਾਖੀ ਲਈ ਅਦੁੱਤੀ ਸ਼ਹਾਦਤ ਦਿੱਤੀ ਤਾਂ ਜੁ ਦੁਨੀਆ ਲਈ ਮਿਸਾਲ ਕਾਇਮ ਕੀਤੀ ਜਾ ਸਕੇ। ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ 24 ਨਵੰਬਰ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਧਾਰਮਿਕ ਆਜ਼ਾਦੀ ਤੇ ਮਨੁੱਖੀ ਅਧਿਕਾਰਾਂ ਦੀ ਖਾਤਰ ਉਨ੍ਹਾਂ ਦੀ ਮਹਾਨ ਕੁਰਬਾਨੀ 'ਤੇ ਵਿਚਾਰ ਸਾਂਝੇ ਕਰਨਗੀਆਂ।25 ਨਵੰਬਰ ਨੂੰ ਰਾਜ ਪੱਧਰੀ ਖੂਨਦਾਨ ਕੈਂਪ ਲਾਏ ਜਾਣਗੇ। ਜੰਗਲਾਤ ਵਿਭਾਗ ਵੱਲੋਂ ਵੱਡੇ ਪੱਧਰ 'ਤੇ ਪੌਦੇ ਲਾਉਣ ਦੀ ਮੁਹਿੰਮ ਤੋਂ ਇਲਾਵਾ ਵਿਸ਼ਾਲ ਸਰਬੱਤ ਦਾ ਭਲਾ ਇਕੱਤਰਤਾ 'ਚ ਕਈ ਉੱਘੀਆਂ ਸ਼ਖ਼ਸੀਅਤਾਂ ਹਿੱਸਾ ਲੈਣਗੀਆਂ।

# ਦਿਵਿਆਂਗਜਨਾਂ ਲਈ 26 ਤੋਂ 29 ਤੱਕ ਅਸੈੱਸਮੈਂਟ ਕੈਂਪ ਲੱਗਣਗੇ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਦਿਵਿਆਂਗਜਨਾਂ ਨੂੰ ਭਾਰਤ ਸਰਕਾਰ ਦੁਆਰਾ ਚਲਾਈ ਜਾ ਰਹੀ ਅਡਿਪ ਸਕੀਮ ਅਧੀਨ ਨਕਲੀ ਅੰਗ ਅਤੇ ਰਾਸ਼ਟਰੀ ਵਾਇਓਸ਼੍ਰੀ ਯੋਜਨਾ ਅਧੀਨ ਸੀਨੀਅਰ ਸਿਟੀਜ਼ਨਾਂ ਨੂੰ ਸਹਾਇਕ ਉਪਕਰਨ ਦੇਣ ਲਈ 26 ਤੋਂ ਲੈ ਕੇ 29 ਨਵੰਬਰ ਤੱਕ ਬਲਾਕ ਪੱਧਰੀ ਕੈਂਪ ਲਗਾਏ ਜਾ ਰਹੇ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 26 ਨਵੰਬਰ ਨੂੰ ਦੁਰਗਾ ਸ਼ਿਵ ਸ਼ਕਤੀ ਧਰਮਸ਼ਾਲਾ, ਵਾਰਡ ਨੰ. 3 ਖਮਾਣੋਂ ਵਿਖੇ, 27 ਨਵੰਬਰ ਨੂੰ ਦਫਤਰ, ਸਬ-ਤਹਿਸੀਲ ਮੰਡੀ ਗੋਬਿੰਦਗੜ੍ਹ ਵਿਖੇ, 28 ਨਵੰਬਰ ਨੂੰ ਕਮਿਊਨਿਟੀ ਹਾਲ ਪਿੰਡ ਬਡਾਲੀ ਆਲਾ ਸਿੰਘ ਵਿਖੇ ਅਤੇ 29 ਨਵੰਬਰ ਨੂੰ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਵਿਖੇ ਅਲਿਮਕੋ ਦੇ ਸਹਿਯੋਗ ਨਾਲ ਅਸੈਸਮੈਂਟ ਕੈਂਪ, ਸਵੇਰੇ 10 ਵਜੇ ਤੋਂ ਲੈ ਕੇ ਬਾਅਦ ਦੁਪਹਿਰ 3 ਵਜੇ ਤੱਕ ਲੱਗਣਗੇ। ਇਸ ਸਬੰਧੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਵਰਿੰਦਰ ਸਿੰਘ ਟਿਵਾਣਾ ਨੇ ਦੱਸਿਆ ਕਿ ਇਹਨਾਂ ਅਸੈਸਮੈਂਟ ਕੈਂਪਾਂ ਵਿੱਚ ਅਡਿਪ ਸਕੀਮ ਅਧੀਨ ਉਹਨਾਂ ਲੋੜਵੰਦ ਦਿਵਿਆਂਗਜਨ ਵਿਅਕਤੀਆਂ ਨੂੰ, ਜਿਨ੍ਹਾਂ ਦੇ ਹੱਥ-ਪੈਰ ਨਹੀਂ ਹਨ, ਜਾਂ ਕਿਸੇ ਕਾਰਨ ਕੱਟੇ ਗਏ ਹਨ, ਕੰਨਾਂ ਤੋਂ ਉੱਚਾ ਸੁਣਨ ਵਾਲੇ ਮਸ਼ੀਨ, ਨੇਤਰਹੀਣਾਂ ਨੂੰ ਸਟਿੱਕ ਅਤੇ ਵੀਲਚੇਅਰ, ਟਰਾਈ ਸਾਈਕਲ, ਬੈਟਰੀ ਵਾਲੀ ਵੀਲਚੇਅਰ ਆਦਿ ਅਤੇ ਸੀਨੀਅਰ ਸਿਟੀਜ਼ਨਾਂ ਨੂੰ ਰਾਸ਼ਟਰੀ ਵਾਇਓਸ਼੍ਰੀ ਯੋਜਨਾ ਅਧੀਨ ਸਹਾਇਕ ਉਪਕਰਨ ਅਸੈਸਮੈਂਟ ਕਰਕੇ, ਨੇੜਲੇ ਭਵਿੱਖ ਵਿੱਚ ਮੁਫ਼ਤ ਪ੍ਰਦਾਨ ਕੀਤੇ ਜਾਣੇ ਹਨ। ਉਨ੍ਹਾਂ ਨੇ ਲੋੜਵੰਦ ਦਿਵਿਆਂਗਜਨ ਵਿਅਕਤੀਆਂ ਅਤੇ ਸੀਨੀਅਰ ਸਿਟੀਜ਼ਨ, ਜਿਨ੍ਹਾਂ ਨੂੰ ਸਹਾਇਕ ਉਪਕਰਨਾਂ ਦੀ ਲੋੜ ਹੈ, ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਜ਼ਿਲ੍ਹੇ ਅੰਦਰ ਬਲਾਕ ਵਾਈਜ਼ ਲੱਗਣ ਵਾਲੇ ਅਸੈਸਮੈਂਟ ਕੈਂਪਾਂ ਵਿੱਚ ਕੈਂਪ ਵਾਲੇ ਦਿਨ, ਮੌਕੇ ਤੇ ਜਾ ਕੇ ਰਜਿਸਟਰੇਸ਼ਨ ਕਰਵਾ ਸਕਦੇ ਹਨ। ਇਹਨਾਂ ਕੈਂਪਾਂ ਆਪਣੇ ਨਾਲ ਘੱਟ ਘੱਟ 40% ਜਾਂ ਇਸ ਤੋਂ ਉਪਰ ਤੱਕ ਦਾ ਦਿਵਿਆਂਗਜਨ ਪਹਿਚਾਣ ਪੱਤਰ ਦੇ ਤੌਰ 'ਤੇ ਯੂ.ਡੀ.ਆਈ.ਡੀ ਕਾਰਡ, ਅਧਾਰ ਕਾਰਡ, ਪਾਸਪੋਰਟ ਸਾਈਜ਼ ਤਾਜ਼ਾ ਫੋਟੋ, ਤਹਿਸੀਲਦਾਰ/ ਸਮਰੱਥ ਮਾਲ ਅਥਾਰਟੀ/ ਸਰਪੰਚ / ਐਮ.ਸੀ ਵੱਲੋਂ ਤਸਦੀਕਸ਼ੁਦਾ 22500 ਜਾਂ ਇਸ ਤੋਂ ਘੱਟ ਦਾ ਮਹੀਨਾਵਾਰ ਆਮਦਨ ਸਰਟੀਫਿਕੇਟ ਆਦਿ ਦਸਤਾਵੇਜ਼ ਅਤੇ ਇਸ ਤਰ੍ਹਾਂ ਹੀ ਰਾਸ਼ਟਰੀ ਵਾਇਓਸ਼੍ਰੀ ਯੋਜਨਾ ਤਹਿਤ ਲੋੜਵੰਦ ਸੀਨੀਅਰ ਸਿਟੀਜ਼ਨਾਂ (ਉਮਰ 60 ਸਾਲ ਜਾਂ ਇਸ ਤੋਂ ਵੱਧ) ਨੂੰ ਮੁਫਤ ਵਿੱਚ ਸਹਾਇਕ ਉਪਕਰਨ ਦੇਣ ਦੇ ਲਈ ਕੈਂਪ ਵਾਲੇ ਦਿਨ ਰਜਿਸਟ੍ਰੇਸ਼ਨ ਜਾਂ ਅਸੈਸਮੈਂਟ ਕਰਵਾਉਣ ਲਈ ਆਪਣੇ ਨਾਲ ਅਧਾਰ ਕਾਰਡ ਦੀ ਕਾਪੀ, ਪਾਸਪੋਰਟ ਸਾਈਜ਼ ਫੋਟੋ ਅਤੇ ਤਹਿਸੀਲਦਾਰ/ ਸਮਰੱਥ ਮਾਲ ਅਥਾਰਟੀ/ ਸਰਪੰਚ/ਐਮ.ਸੀ ਵੱਲੋਂ ਤਸਦੀਕਸ਼ੁਦਾ 15000 ਜਾਂ ਇਸ ਤੋਂ ਘੱਟ ਦਾ ਮਹੀਨਾਵਾਰ ਆਮਦਨ ਸਰਟੀਫਿਕੇਟ ਨਾਲ ਲੈ ਕੇ ਕੈਂਪ ਤੇ ਪਹੁੰਚ ਕਰ ਸਕਦੇ ਹਨ।

# ਦਿੱਲੀ ਕਿਸਾਨ ਘੋਲ ਦੀ ਸਾਲਗਿਰ੍ਹਾ 'ਤੇ ਸੰਯੁਕਤ ਕਿਸਾਨ ਮੋਰਚੇ ਦੀ ਚੰਡੀਗੜ੍ਹ ਰੈਲੀ 'ਚ ਜਾਣ ਦਾ ਐਲਾਨ



**ਜਗਰਾਉਂ (ਨਛੱਤਰ ਸੰਧੂ)**

2020-21ਦੇ ਮਿਸਾਲੀ ਤੇ ਪ੍ਰੇਰਨਾਦਾਇਕ ਮਿਸਾਲੀ ਕਿਸਾਨ ਸੰਘਰਸ਼ ਨੇ ਲੋਕ ਵਿਰੋਧੀ ਤਿੰਨ ਕਾਲੇ ਕਾਨੂੰਨਾਂ ਖਿਲਾਫ਼ ਮਹਾਨ ਸੰਘਰਸ਼ ਦਾ ਸ਼ਾਨਾਮੱਤਾ ਇਤਿਹਾਸ ਰਚਿਆ ਸੀ।ਉਸ ਇਤਿਹਾਸਕ ਜੇਤੂ ਸੰਘਰਸ਼ ਦੀ ਸਾਲਗਿਰ੍ਹਾ ਨੂੰ 26 ਨਵੰਬਰ ਨੂੰ ਪੂਰੇ ਦੇਸ਼ ਚ ਕੇਂਦਰ ਤੇ ਰਾਜ ਸਰਕਾਰਾਂ ਦੀਆਂ ਕਾਰਪੋਰੇਟ ਪੱਖੀ ਤੇ ਲੋਕ ਵਿਰੋਧੀ ਨੀਤੀਆਂ ਖਿਲਾਫ ਸਖਤ ਵਿਰੋਧ ਕਿਸਾਨ ਸੰਘਰਸ਼ ਨੂੰ ਹੋਰ ਵਿਸ਼ਾਲ ਤੇ ਮਜ਼ਬੂਤ ਕਰਨ ਦੇ ਅਹਿਦ ਲਏ ਜਾਣਗੇ।ਇਸ ਲੜੀ 'ਚ 26 ਨਵੰਬਰ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 34 ਸੈਕਟਰ ਚੰਡੀਗੜ੍ਹ ਵਿਖੇ ਵਿਸ਼ਾਲ ਯਾਦਗਾਰੀ ਰੈਲੀ ਕੱਢੀ ਜਾ ਰਹੀ ਹੈ।

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਤੇ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਦੋਹਾਂ ਮੁੱਖ ਆਗੂਆਂ ਨੇ ਦੱਸਿਆ ਕਿ ਇਸ ਸੂਬਾਈ ਇਕੱਤਰਤਾ 'ਚ ਦਿੱਲੀ ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ ਕਿਸਾਨ ਸ਼ਹੀਦਾਂ ਨੂੰ ਯਾਦ ਕੀਤਾ ਜਾਵੇਗਾ। ਰੈਲੀ 'ਚ ਲਖੀਮਪੁਰ ਖੀਰੀ ਗੁੰਡਾਗਰਦੀ ਦੇ ਦੋਸ਼ੀ ਕਾਤਲਾਂ ਨੂੰ ਸਖ਼ਤ ਸਜ਼ਾਵਾਂ ਦੇਣ, ਕਿਸਾਨਾਂ 'ਤੇ ਪਾਏ ਝੂਠੇ ਕੇਸ ਰੱਦ ਕਰਨ ਦੀ ਮੰਗ ਨੂੰ ਦੁਹਰਾਇਆ ਜਾਵੇਗਾ।ਇਸ ਰੈਲੀ ਰਾਹੀਂ ਕੇਂਦਰ ਸਰਕਾਰ ਦੇ ਸਿਰੇ ਦੇ ਲੋਕ ਵਿਰੋਧੀ ਨਵੇਂ ਬਿਜਲੀ ਬਿਲ 2025 ਰੱਦ ਕਰਨ, ਪੰਜਾਬ ਸਰਕਾਰ ਵੱਲੋਂ ਪੰਜਾਬ ਅੰਦਰ ਸਰਕਾਰੀ ਜ਼ਮੀਨਾਂ ਵੇਚਣ, ਪੰਜਾਬ ਯੂਨੀਵਰਸਿਟੀ ਦੀ ਸੈਨੇਟ ਦੀਆਂ ਚੋਣਾਂ ਦੀ ਤਰੀਕ ਐਲਾਨਣ ਤੋਂ ਬਿਨਾਂ ਕਿਸਾਨਾਂ-ਮਜ਼ਦੂਰਾਂ ਦੇ ਹਰ ਤਰ੍ਹਾਂ ਦੇ ਕਰਜ਼ੇ ਰੱਦ ਕਰਨ, ਪੰਜਾਬ ਦੀ ਨਵੇਂ ਬੀਜ ਐਕਟ ਖੇਤੀ ਨੀਤੀ ਲਾਗੂ ਕਰਨ, ਬੀ ਬੀ ਐਮ ਬੀ ਤੋਂ ਕੇਂਦਰ ਦਾ ਕੰਟਰੋਲ ਖ਼ਤਮ ਕਰਨ, ਹੜ੍ਹ ਪੀੜਤਾਂ ਨੂੰ ਮੋਰਚੇ ਦੀ ਮੰਗ ਮੁਤਾਬਕ ਫਸਲਾਂ, ਘਰਾਂ, ਪਸ਼ੂਆਂ ਦਾ ਯੋਗ ਮੁਆਵਜ਼ਾ ਦੇਣ, ਘੱਟੋ ਘੱਟ ਸਮਰਥਨ ਮੁੱਲ ਦੀ ਦਿੱਲੀ ਸੰਘਰਸ਼ ਦੌਰਾਨ ਮੰਨੀ ਮੰਗ ਲਾਗੂ ਕਰਨ, ਸਿੱਖਿਆ ਨੀਤੀ 2020 ਰੱਦ ਕਰਨ, ਜੇਲ੍ਹਾਂ 'ਚ ਪੰਜ-ਪੰਜ ਸਾਲ ਤੋਂ ਬਿਨਾਂ ਚਲਾਨ ਬੰਦ ਸਿਆਸੀ ਕੈਦੀ ਰਿਹਾ ਕਰਨ ਦੀ ਮੰਗ ਕੀਤੀ ਜਾਵੇਗੀ।ਇਸ ਰੈਲੀ 'ਚ ਕੇਂਦਰ ਸਰਕਾਰ ਵੱਲੋਂ ਇਜ਼ਰਾਈਲ, ਅਮਰੀਕਾ ਨਾਲ ਖੇਤੀ ਸੈਕਟਰ ਵਿਰੋਧੀ ਵਪਾਰ ਸਮਝੌਤੇ ਰੱਦ ਕਰਨ ਦੀ ਵੀ ਮੰਗ ਜ਼ੋਰ ਨਾਲ ਉਠਾਈ ਜਾਵੇਗੀ।ਰੈਲੀ ਰਾਹੀਂ ਹਰ ਤੱਕ ਸ਼ੁਭ ਕਰਨ ਵਿਰੋਧ ਵਾਲੀ ਦੇ ਨਾਂਅ 'ਤੇ ਸੰਘਰਸ਼ ਕਾਰਨ ਦਰਜ ਪਰਚੇ ਰੱਦ ਕਰਨ ਦੀ ਮੰਗ ਵੀ ਕੀਤੀ ਜਾਵੇਗੀ। ਜ਼ਿਲ੍ਹਾ ਕਮੇਟੀ ਨੇ ਜਮਹੂਰੀ ਅਧਿਕਾਰ ਸਭਾ ਦੀ ਸੂਬਾ ਕਮੇਟੀ ਮੈਂਬਰ ਐਡਵੋਕੇਟ ਅਮਨਦੀਪ ਕੌਰ ਨੂੰ ਪੰਜਾਬ ਯੂਨੀਵਰਸਿਟੀ ਦੇ ਸੰਘਰਸ਼ ਦੇ ਹੱਕ ਵਿੱਚ ਬੋਲਣ ਕਾਰਨ ਸੰਘੀ ਗੁੰਡਿਆਂ ਵੱਲੋਂ ਫੋਨ 'ਤੇ ਧਮਕੀਆਂ ਦੇਣ ਦੀ ਸਖ਼ਤ ਨਿੰਦਾ ਕਰਦਿਆਂ ਸਰਕਾਰ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ।ਮੀਟਿੰਗ ਵਿੱਚ ਤਿਆਰੀ ਲਈ ਸਾਰੇ ਬਲਾਕਾਂ ਚ ਮੀਟਿੰਗਾਂ ਦਾ ਸਮਾਂ ਨਿਸ਼ਚਿਤ ਕੀਤਾ ਗਿਆ।ਉਸ ਦਿਨ ਜ਼ਿਲ੍ਹੇ ਭਰ 'ਚੋਂ ਚੰਡੀਗੜ੍ਹ ਜਾਣ ਲਈ ਸਾਰੇ ਬਲਾਕਾਂ ਦੇ ਵਰਕਰ ਸਾਜਰੇ ਚੱਲ ਕੇ ਠੀਕ 9 ਵਜੇ ਨੀਲੋਂ ਪੁਲ 'ਤੇ ਇੱਕਠੇ ਹੋਣਗੇ।

## ਕਾਤਰਾਂ

### ਸਾਬਕਾ ਫ਼ੌਜੀਆਂ ਦਾ ਕਰਨ ਹਸਪਤਾਲ 'ਚ ਹੋਵੇਗਾ ਮੁਫ਼ਤ ਇਲਾਜ

**ਜਗਰਾਉਂ (ਸੰਜੀਵ ਅਰੋੜਾ)**-ਈ ਸੀ ਐੱਚ ਐੱਸ ਕਾਰਡ ਵਾਲੇ ਸਾਬਕਾ ਫ਼ੌਜੀਆਂ ਦਾ ਕਰਨ ਸਿੰਗਲਾ ਹਸਪਤਾਲ 'ਚ ਮੁਫ਼ਤ ਇਲਾਜ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ: ਕਰਨ ਸਿੰਗਲਾ ਨੇ ਦੱਸਿਆ ਕਿ ਈਸੀਐੱਚਐੱਸ ਕਾਰਡ ਵਾਲੇ ਸਾਬਕਾ ਫ਼ੌਜੀ ਆਪਣਾ ਇਲਾਜ ਸਾਡੇ ਹਸਪਤਾਲ 'ਚ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਕਾਰਡ ਅਧੀਨ ਉਹ ਜਨਰਲ ਸਰਜਰੀ, ਦੂਰਬੀਨ ਵਾਲੇ ਅਪ੍ਰੇਸ਼ਨ, ਪੇਸ਼ਾਬ ਰੋਗਾਂ ਦੇ ਆਪ੍ਰੇਸ਼ਨ ਤੇ ਜ਼ਨਾਨਾ ਆਪ੍ਰੇਸ਼ਨ ਹੋ ਸਕਣਗੇ। ਉਨ੍ਹਾਂ ਕਿਹਾ ਕਿ ਸਾਬਕਾ ਫ਼ੌਜੀ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ।

### ਵਿਸ਼ਵ ਪਾਈਲਜ਼ ਦਿਵਸ 'ਤੇ ਜਾਗਰੂਕਤਾ ਸੈਮੀਨਾਰ



**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)**-ਵਿਸ਼ਵ ਪਾਈਲਜ਼ ਦਿਵਸ ਮੌਕੇ ਰਾਣਾ ਹਸਪਤਾਲ, ਸਰਹਿੰਦ ਵਿੱਚ ਡਾ. ਹਿਤਿੰਦਰ ਸੂਰੀ (ਕੰਸਲਟੈਂਟ ਪ੍ਰੋਕਟੋਲੋਜਿਸਟ ਤੇ ਐਮ.ਡੀ, ਰਾਣਾ ਹਸਪਤਾਲ) ਵੱਲੋਂ ਇੱਕ ਖ਼ਾਸ ਜਾਗਰੂਕਤਾ ਸੈਮੀਨਾਰ ਕਰਾਇਆ ਗਿਆ।ਇਸ ਦਾ ਮਕਸਦ ਇਹ ਦੱਸਣਾ ਸੀ ਕਿ ਪਾਈਲਜ਼ (ਬਵਾਸੀਰ) ਤੇ ਰੈਕਟਲ ਕੈਂਸਰ ਦੇ ਲੱਛਣ ਅਕਸਰ ਇੱਕੋ ਜਿਹੇ ਹੁੰਦੇ ਹਨ ਅਤੇ ਸਮੇਂ 'ਤੇ ਜਾਂਚ ਜ਼ਿੰਦਗੀ ਬਚਾ ਸਕਦੀ ਹੈ।ਡਾ. ਸੂਰੀ ਨੇ ਕਿਹਾ ਕਿ ਬਹੁਤ ਸਾਰੇ ਲੋਕ ਸ਼ੁਰੂਆਤੀ ਲੱਛਣਾਂ ਦੀ ਅਣਡਿੱਠੀ ਕਰਦੇ ਹਨ, ਜਿਸ ਨਾਲ ਬਿਮਾਰੀ ਆਖ਼ਰੀ ਪੜਾਅ ਵਿੱਚ ਪਹੁੰਚ ਜਾਂਦੀ ਹੈ।

### ਫਰਜੀ ਮੁਖਤਿਆਰਨਾਮਾ ਤਿਆਰ ਕਰਕੇ ਜ਼ਮੀਨ ਹੜੱਪਣ ਵਾਲੇ ਵਿਅਕਤੀ ਵਿਰੁੱਧ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਫਰਜ਼ੀ ਮੁਖਤਿਆਰਨਾਮਾ ਤਿਆਰ ਕਰਕੇ ਜਮੀਨ ਹੜੱਪਣ ਦੇ ਦੋਸ਼ ਵਿੱਚ ਇਕ ਵਿਅਕਤੀ ਵਿਰੁੱਧ ਮੁੱਕਦਮਾ ਦਰਜ ਕੀਤਾ ਗਿਆ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬੂਟਾ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਪੂਰਨ ਚੰਦ ਪੁੱਤਰ ਬਲਵੰਤ ਰਾਮ ਵਾਸੀ ਬੱਘੇਕੇ ਹਿਠਾੜ ਨੇ ਗਪ੍ਰਾਲਕ ਨੰਬਰ 6116-ਪੀ.ਜੀ.ਡੀ.-ਪੀ.ਸੀ. ਮਿਤੀ 30 ਅਗਸਤ 2025 ਨੂੰ ਰਮੇਸ਼ ਕੁਮਾਰ ਪੁੱਤਰ ਸਾਹਿਬ ਦਿੱਤਾ ਦੇ ਖਿਲਾਫ ਦਿੱਤੀ ਸੀ। ਜਿਸ ਵਿੱਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਰਮੇਸ਼ ਚੰਦ ਵਾਸੀ ਬੱਘੇਕੇ ਹਿਠਾੜ ਨੇ ਭਗਵਾਨ ਦਾਸ (ਹੁਣ ਮ੍ਰਿਤਕ) ਪੁੱਤਰ ਰਾਮ ਚੰਦ ਵਾਸੀ ਪਿੰਡ ਬੱਘੇਕੇ ਹਿਠਾੜ ਨਾਲ ਵਿਉਤਬੰਦੀ ਬਣਾ ਕੇ ਭਗਵਾਨ ਦਾਸ ਨੂੰ ਫਰਜ਼ੀ ਕ੍ਰਿਸ਼ਨ ਕੁਮਾਰ ਦੱਸ ਕੇ ਉਸ ਦੇ (ਸ਼ਿਕਾਇਤਕਰਤਾ) ਚਾਚੇ ਸੰਤ ਰਾਮ ਦੀ ਜ਼ਮੀਨ ਜਾਇਦਾਦ ਹੜੱਪ ਕਰਨ ਲਈ ਫਰਜੀ ਮੁਖਤਿਆਰਨਾਮਾ 28 ਅਕਤੂਬਰ 2002 ਨੂੰ ਤਿਆਰ ਕਰਕੇ ਸਰਕਾਰ ਅਤੇ ਉਸ ਦੇ ਪਰਵਾਰ ਨਾਲ ਧੋਖਾਧੜੀ ਕੀਤੀ ਗਈ ਹੈ, ਇਸ ਦਰਖਾਸਤ ਦੀ ਪੜਤਾਲ ਰਿਪੋਰਟ ਅਤੇ ਅਪਰੂਵਲ ਥਾਣਾ ਸਿਟੀ ਜਲਾਲਾਬਾਦ ਵਿਖੇ ਆਉਣ ਉਪਰੰਤ ਪੁਲਸ ਵੱਲੋਂ ਸ਼ਿਕਾਇਤਕਰਤਾ ਪੂਰਨ ਚੰਦ ਦੇ ਬਿਆਨਾਂ ਦੇ ਅਧਾਰ 'ਤੇ ਰਮੇਸ਼ ਕੁਮਾਰ ਦੇ ਵਿਰੁੱਧ ਮੁੱਕਦਮਾ ਦਰਜ ਕੀਤਾ ਗਿਆ ਹੈ।

### ਪੰਜਾਬ ਦੀਆਂ ਤਿੰਨੋਂ 'ਵਰਸਿਟੀਆਂ 'ਚ ਕਾਮਨ ਕੈਲੰਡਰ ਹੋਵੇਗਾ ਲਾਗੂ, ਪੱਤਰ ਜਾਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੀਆਂ ਤਿੰਨ ਯੂਨੀਵਰਸਿਟੀਆਂ: ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਹੁਣ ਇੱਕ ਸਾਂਝੇ ਕੈਲੰਡਰ 'ਤੇ ਕੰਮ ਕਰਨਗੀਆਂ। ਤਿੰਨਾਂ ਯੂਨੀਵਰਸਿਟੀਆਂ ਲਈ ਦਾਖਲਾ ਪ੍ਰਕਿਰਿਆ ਵੀ ਪੰਜਾਬ ਸਰਕਾਰ ਦੇ ਦਾਖਲਾ ਪੋਰਟਲ ਰਾਹੀਂ ਕੀਤੀ ਜਾਵੇਗੀ। ਉੱਚ ਸਿੱਖਿਆ ਵਿਭਾਗ ਨੇ ਤਿੰਨਾਂ ਯੂਨੀਵਰਸਿਟੀਆਂ ਨੂੰ ਇੱਕ ਪੱਤਰ ਜਾਰੀ ਕੀਤਾ ਹੈ, ਜਿਸ ਵਿੱਚ ਇਸ ਸਬੰਧ ਵਿੱਚ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ।ਤਿੰਨਾਂ ਯੂਨੀਵਰਸਿਟੀਆਂ ਅਤੇ ਉਨ੍ਹਾਂ ਨਾਲ ਸਬੰਧਤ ਕਾਲਜਾਂ ਲਈ ਦਾਖਲਾ ਪ੍ਰਕਿਰਿਆ ਅਗਲੇ ਅਕਾਦਮਿਕ ਸੈਸ਼ਨ, 2026-27 ਤੋਂ ਪੂਰੀ ਤਰ੍ਹਾਂ ਕੇਂਦਰੀਕ੍ਰਿਤ ਹੋਵੇਗੀ। ਯੂਨੀਵਰਸਿਟੀਆਂ ਨੂੰ ਜਾਰੀ ਇੱਕ ਪੱਤਰ ਵਿੱਚ, ਪੰਜਾਬ ਉੱਚ ਸਿੱਖਿਆ ਵਿਭਾਗ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਸਰਕਾਰ ਇੱਕ ਕੇਂਦਰੀਕ੍ਰਿਤ ਔਨਲਾਈਨ ਦਾਖਲਾ ਪ੍ਰਕਿਰਿਆ ਲਾਗੂ ਕਰ ਰਹੀ ਹੈ।ਇਸ ਤਹਿਤ, ਤਿੰਨਾਂ ਯੂਨੀਵਰਸਿਟੀਆਂ ਅਤੇ ਉਨ੍ਹਾਂ ਨਾਲ ਸਬੰਧਤ ਕਾਲਜਾਂ ਵਿੱਚ ਯੂਜੀ ਅਤੇ ਪੀਜੀ ਕੋਰਸਾਂ ਲਈ ਦਾਖਲੇ, ਛੁੱਟੀਆਂ ਅਤੇ ਪ੍ਰੀਖਿਆ ਦੀਆਂ ਤਾਰੀਖਾਂ ਇੱਕੋ ਜਿਹੀਆਂ ਹੋਣਗੀਆਂ। ਉੱਚ ਸਿੱਖਿਆ ਵਿਭਾਗ ਨੇ ਇਹ ਪੱਤਰ ਪੰਜਾਬ ਯੂਨੀਵਰਸਿਟੀ ਪਟਿਆਲਾ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੀਆਂ ਕਾਲਜ ਵਿਕਾਸ ਕੌਂਸਲਾਂ ਨੂੰ ਭੇਜਿਆ ਹੈ

# ਤਿੰਨ ਪਿੰਡਾਂ ਨੂੰ ਡੇਢ ਕਰੋੜ ਦੀ ਗ੍ਰਾਂਟ ਜਾਰੀ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਪੰਜਾਬ ਸਰਕਾਰ ਦੇ ਵੱਲੋਂ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਦੇ ਨਾਲ ਮਨਾਇਆ ਜਾ ਰਿਹਾ ਹੈ।ਇਸੇ ਤਹਿਤ ਪਿੰਡ ਨੌਲੱਖਾ, ਜਖਵਾਲੀ ਤੇ ਭਗੜਾਣਾ, ਜਿੱਥੇ ਗੁਰੂ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਹੈ, ਨੂੰ ਵਿਸ਼ੇਸ਼ ਗ੍ਰਾਂਟ ਵਜੋਂ ਡੇਢ ਕਰੋੜ ਰੁਪਿਆ ਮੁਹੱਈਆ ਕਰਾਇਆ ਗਿਆ।ਇੱਕ-ਇੱਕ ਪਿੰਡ ਨੂੰ 50-50 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ।ਇਸ ਲਈ ਅਸੀਂ ਪੰਜਾਬ ਸਰਕਾਰ ਦੇ ਤਹਿ ਦਿਲੋਂ ਧੰਨਵਾਦੀ ਹਾਂ।ਇਹ ਪ੍ਰਗਟਾਵਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਇੱਕ ਯਾਦਗਾਰ ਦੇ ਰੂਪ 'ਚ ਮਨਾ ਰਹੀ ਹੈ, ਤਾਂ ਜੁ ਆਮ ਲੋਕਾਂ ਦੇ ਵਿੱਚ ਵੀ ਚੇਤਨਾ ਪੈਦਾ ਹੋ ਸਕੇ।ਉਨ੍ਹਾਂ ਕਿਹਾ ਕਿ ਇਸ ਸ਼ਹੀਦੀ ਸ਼ਤਾਬਦੀ ਨੂੰ ਅਨੰਦਪੁਰ ਸਾਹਿਬ ਦੇ ਵਿੱਚ ਮਨਾਇਆ ਜਾ ਰਿਹਾ ਹੈ।ਵੱਖ-ਵੱਖ ਥਾਂਵਾਂ ਤੋਂ ਨਗਰ ਕੀਰਤਨ ਸਜਾਏ ਜਾ ਰਹੇ ਹਨ, ਜੋ ਆਨੰਦਪੁਰ ਸਾਹਿਬ ਜਾ ਕੇ ਸਮਾਪਤ ਹੋਣਗੇ।ਉਸੇ ਦੇ ਨਾਲ ਸਬੰਧਤ ਇੱਕ ਨਗਰ ਕੀਰਤਨ ਫਰੀਦਕੋਟ ਤੋਂ ਚੱਲ ਕੇ 21 ਨਵੰਬਰ ਨੂੰ ਸ਼ਾਮ 4:30 ਵਜੇ ਸਰਹਿੰਦ ਦੀ ਧਰਤੀ ਦੇ ਪਹੁੰਚੇਗਾ।ਉਸ ਦੇ ਸਵਾਗਤ ਲਈ ਸੰਗਤਾਂ ਨੂੰ ਅਪੀਲ ਹੈ ਕਿ ਜੀਟੀ ਰੋਡ ਸਰਹਿੰਦ (ਸਾਨੀਪੁਰ ਰੋਡ ਚੌਕ) ਵਿਖੇ ਇਕੱਤਰ ਹੋਣ, ਤਾਂ ਜੁ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਜਾ ਸਕੇ।

# ਮਹਿੰਦਰ ਸਾਥੀ ਯਾਦਗਾਰੀ ਮੰਚ ਵੱਲੋਂ ਡੀ ਐੱਮ ਕਾਲਜ 'ਚ ਕਵੀ ਦਰਬਾਰ ਤੇ ਸਮਾਗਮ

**ਮੋਗਾ (ਇਕਬਾਲ ਸਿੰਘ ਖਹਿਰਾ)**

ਮਹਿੰਦਰ ਸਾਥੀ ਯਾਦਗਾਰੀ ਮੰਚ ਮੋਗਾ ਵੱਲੋਂ ਡੀ.ਐਮ ਕਾਲਜ ਵਿਖੇ ਸ਼ਾਨਦਾਰ ਯਾਦਗਾਰੀ ਕਵੀ ਦਰਬਾਰ ਤੇ ਸਮਾਗਮ ਕਰਾਇਆ ਗਿਆ।

ਸਮਰੱਥ ਸ਼ਾਇਰ ਵਿਜੇ ਵਿਵੇਕ ਨੂੰ ਕੌਮਾਂਤਰੀ ਸ਼ੇਰ ਜੰਗ ਫਾਊਂਡੇਸ਼ਨ ਵੱਲੋਂ ਸ਼ੇਰ ਜੰਗ ਜਾਂਗਲੀ ਪੁਰਸਕਾਰ ਨਾਲ਼ ਸਨਮਾਨਤ ਕੀਤਾ ਗਿਆ।ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਕੇ ਐਲ ਗਰਗ ਨੇ ਸ਼ੇਰ ਜੰਗ ਜਾਂਗਲੀ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਵਿਜੇ ਕੁਮਾਰ ਨੇ ਫਾਊਂਡੇਸ਼ਨ ਤੇ ਪੁਰਸਕਾਰ ਬਾਰੇ ਦੱਸਿਆ।ਵਿਜੇ ਵਿਵੇਕ ਦਾ ਸਨਮਾਨ ਪੱਤਰ ਕਹਾਣੀਕਾਰ ਜਸਵਿੰਦਰ ਧਰਮਕੋਟ ਨੇ ਪੜ੍ਹਿਆ।ਸਮਾਗਮ ਦੀ ਪ੍ਰਧਾਨਗੀ ਕਰਦਿਆਂ ਸ਼ਾਇਰ ਗੁਰਤੇਜ ਕੋਹਾਰਵਾਲਾ ਨੇ ਕਿਹਾ ਕਿ ਵਿਜੇ ਵਿਵੇਕ ਸਾਡੇ ਸਮਿਆਂ ਦਾ ਉਹ ਵੱਡਾ ਸ਼ਾਇਰ ਹੈ, ਜਿਸ ਨੂੰ ਭਰਵੀਂ ਲੋਕ ਪ੍ਰਵਾਨਗੀ ਪ੍ਰਾਪਤ ਹੋਈ ਹੈ।ਗੁਰਤੇਜ ਕੋਹਾਰਵਾਲਾ ਨੇ ਆਪਣੀ ਖ਼ੂਬਸੂਰਤ ਗ਼ਜ਼ਲ 'ਸਾਡੇ 'ਚ ਇੱਕ ਅਜੀਬ ਹੀ ਦਰਿਆ ਹੈ ਵਗ ਪਿਆ, ਪਾਣੀ ਖੜ੍ਹੋ ਗਿਆ ਹੈ ਤੇ ਗੀਟੇ ਵਹਾਅ 'ਚ ਹਨ' ਨਾਲ਼ ਸੰਜੀਦਾ ਸ਼ਾਇਰੀ ਸਾਂਝੀ ਕੀਤੀ।ਕਹਾਣੀਕਾਰ ਤੇ ਮੰਚ ਦੇ ਸਰਪ੍ਰਸਤ ਗੁਰਮੀਤ ਕੜਿਆਲਵੀ ਨੇ ਮਹਿੰਦਰ ਸਾਥੀ ਯਾਦਗਾਰੀ ਮੰਚ ਵੱਲੋਂ ਕੀਤੇ ਜਾ ਰਹੇ ਸਾਹਿਤਕ ਕਾਰਜਾਂ ਬਾਰੇ ਰਿਪੋਰਟ ਪੇਸ਼ ਕੀਤੀ। ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮੋਗਾ ਦੀਆਂ ਵਿਦਿਆਰਥਣਾਂ




ਸਿਮਰਨਜੀਤ ਕੌਰ ਤੇ ਸਾਥਣਾਂ ਨੇ ਮਹਿੰਦਰ ਸਾਥੀ ਦੀ ਵਿਸ਼ਵ ਪ੍ਰਸਿੱਧ ਰਚਨਾ 'ਮਿਸ਼ਾਲਾਂ ਬਾਲ ਕੇ ਚੱਲਣਾ, ਜਦੋਂ ਤੱਕ ਰਾਤ ਬਾਕੀ ਹੈ' ਬੁਲੰਦ ਆਵਾਜ਼ ਵਿੱਚ ਗਾਈ।ਉਪਰੰਤ ਮੰਚ ਸੰਚਾਲਨ ਕਰ ਰਹੇ ਜਨਰਲ ਸਕੱਤਰ ਗੁਰਪ੍ਰੀਤ ਧਰਮਕੋਟ ਨੇ ਕਵੀ ਦਰਬਾਰ ਦੀ ਸ਼ੁਰੂਆਤ ਕਰਨ ਲਈ ਨਿੱਕੀ ਬਹਿਰ ਦੇ ਵੱਡੇ ਸ਼ਾਇਰ ਤ੍ਰੈਲੋਚਨ ਲੋਚੀ ਨੂੰ ਸੱਦਾ ਦਿਤਾ।ਲੋਚੀ ਨੇ ਤਰੰਨਮ ਨਾਲ਼ 'ਘਰਾਂ ਵਿੱਚ ਰੌਸ਼ਨੀ ਹੁੰਦੇ ਹੋਏ ਵੀ' ਗ਼ਜ਼ਲ ਪੇਸ਼ ਕੀਤੀ ਤਾਂ ਸਰੋਤੇ ਅਸ਼ ਅਸ਼ ਕਰ ਉੱਠੇ।ਨਵਾਂਸ਼ਹਿਰ ਤੋਂ ਆਏ ਸ਼ਾਇਰ ਕੁਲਵਿੰਦਰ ਕੁੱਲਾ ਨੇ 'ਤੂੰ ਨੱਚੇਂ ਤਾਂ ਛਣਕਾਂ ਮੈਂ ਪਾਇਲ ਨਹੀਂ ਹਾਂ' ਨਾਲ਼ ਗੱਲ ਅੱਗੇ ਤੋਰੀ।ਕਵੀ ਦਰਬਾਰ ਦੇ ਅਗਲੇ ਸ਼ਾਇਰ ਜਸਪਾਲ ਅਨਹਦ ਦੇ ਗਹਿਰ ਗੰਭੀਰ ਸ਼ੇਅਰਾਂ 'ਇਹ ਵੀ ਹੈ ਤੇਰੇ ਸ਼ਹਿਰ ਦੀ ਕੈਸੀ ਤ੍ਰਾਸਦੀ, ਬੰਦੇ ਮਿਲੇ ਨੇ ਬਹੁਤ ਪਰ ਜਿਉਂਦੇ ਨਹੀਂ ਮਿਲੇ' ਨੇ ਸਰੋਤਿਆਂ ਨੂੰ ਸੋਚੀਂ ਪਾ ਦਿੱਤਾ।ਪ੍ਰਮੋਧ ਕਾਫ਼ਿਰ ਦੀ ਗ਼ਜ਼ਲ ਸਮਾਗਮ ਦਾ ਸਿਖ਼ਰ ਹੋ ਨਿੱਬੜੀ। ਫ਼ਿਰੋਜ਼ਪੁਰ ਤੋਂ ਆਏ ਸ਼ਾਇਰ ਸੁਖਜਿੰਦਰ ਨੇ ਮੁਲਕ ਨਾਲ ਕੁੱਝ ਨਿਰਾਰਥਕ ਗੱਲਾਂ ਕੀਤੀਆਂ। ਮਨਜਿੰਦਰ ਧਨੋਆ ਦੇ ਸ਼ੇਅਰਾਂ 'ਤੇ ਵੱਜਦੀਆਂ ਤਾੜੀਆਂ ਨੇ ਹਾਲ ਗੂੰਜਣ ਲਾ ਦਿੱਤਾ। ਸ਼ਾਇਰਾ ਮੀਨਾ ਮਹਿਰੋਕ, ਮਲੋਟ ਤੋਂ ਆਏ ਮਨਜੀਤ ਸੂਖ਼ਮ, ਕਨੇਡਾ ਰਹਿੰਦੇ ਸ਼ਾਇਰ ਤੇ ਚਿਤਰਕਾਰ ਪ੍ਰਤੀਕ, ਵਿਕਟੋਰੀਆ (ਕਨੇਡਾ) ਤੋਂ ਹੀ ਆਏ ਸ਼ਾਇਰ ਤੇਜਵਿੰਦਰ ਨੇ ਆਪਣੀਆਂ ਰਚਨਾਵਾਂ ਨਾਲ਼ ਕਵੀ ਦਰਬਾਰ ਨੂੰ ਸਿਖਰਾਂ 'ਤੇ ਪਹੁੰਚਾ ਦਿੱਤਾ।

ਪ੍ਰਧਾਨਗੀ ਮੰਡਲ ਵਿਚ ਬੈਠੇ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਮੁਖੀ ਡਾ ਗੁਰਸੇਵਕ ਲੰਬੀ ਨੇ ਜਿਥੇ ਆਪਣੀਆਂ ਕਵਿਤਾਵਾਂ ਸੁਣਾਈਆਂ, ਉੱਥੇ ਮੰਚ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਹਰਮੀਤ ਵਿਦਿਆਰਥੀ ਨੇ ਕੱਟੜਤਾ ਦੇ ਅਜੋਕੇ ਦੌਰ ਤੋਂ ਸੁਚੇਤ ਕਰਦਿਆਂ ਆਪਣੇ ਕੁੱਝ ਸ਼ੇਅਰ ਆਖੇ।ਜ਼ਿਲ੍ਹਾ ਭਾਸ਼ਾ ਅਫ਼ਸਰ ਡਾ ਅਜੀਤਪਾਲ ਨੇ ਤਰੰਨਮ ਨਾਲ਼ ਗ਼ਜ਼ਲ ਪੇਸ਼ ਕੀਤੀ।ਸਮਾਗਮ ਦਾ ਸਿਖ਼ਰਲਾ ਪੜਾਅ ਸੀ ਸਨਮਾਨਤ ਸ਼ਾਇਰ ਵਿਜੇ ਵਿਵੇਕ ਦੀ ਸ਼ਾਇਰੀ।ਉਸਦੇ ਇਕ ਇਕ ਸ਼ੇਅਰ ਨੂੰ ਭਰਵੀਂ ਦਾਦ ਮਿਲੀ।ਵਿਜੇ ਦੇ 'ਜਨੌਰ ਚੁਗ ਗਏ ਨੇ ਬਾਜ਼ਰੀ ਉਮੀਦਾਂ ਦੀ, ਮੈਂ ਵਿਹਲਾ ਤੂਤੜਾ ਛੱਟਣ 'ਤੇ ਆਇਆ ਹੋਇਆ ਹਾਂ' ਸਮੇਤ ਕਈ ਕਲਾਤਮਿਕ ਸ਼ੇਅਰ ਸਰੋਤਿਆਂ ਨੂੰ ਝੂੰਮਣ ਲਾ ਗਏ।

# ਕਾਮਰੇਡ ਕਰਨੈਲ ਸਿੰਘ ਸੋਹੀ ਦਾ ਦੇਹਾਂਤ, ਅੰਤਮ ਸਸਕਾਰ ਅੱਜ

**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਕਾਮਰੇਡ ਕਰਨੈਲ ਸਿੰਘ ਸੋਹੀ, ਜੋ ਸੀ.ਪੀ.ਆਈ. ਵਿੱਚ ਜ਼ਿੰਦਗੀ ਭਰ ਨਿਸ਼ਕਾਮ ਭਾਵਨਾ ਨਾਲ ਲੋਕ ਹਿੱਤਾਂ ਲਈ ਸੰਘਰਸ਼ਸ਼ੀਲ ਰਹੇ ਵੀਰਵਾਰ ਨੂੰ ਸਦੀਵੀ ਵਿਛੋੜਾ ਦੇ ਗਏ । ਪਰਿਵਾਰਕ ਜਾਣਕਾਰੀ ਅਨੁਸਾਰ ਉਨ੍ਹਾਂ ਦਾ ਅੰਤਿਮ ਸੰਸਕਾਰ 22 ਨਵੰਬਰ ਨੂੰ 11:30 ਵਜੇ ਰਾਮ ਬਾਗ, ਧੂਰੀ ਵਿਖੇ ਕੀਤਾ ਜਾਵੇਗਾ।ਕਾਮਰੇਡ ਕਰਨੈਲ ਸਿੰਘ ਸੋਹੀ ਲੰਮਾਂ ਸਮਾਂ ਸੀ.ਪੀ.ਆਈ ਦੇ ਤਹਿਸੀਲ ਸਕੱਤਰ ਵੱਜੋਂ ਵੀ ਸੇਵਾ ਨਿਭਾਉਂਦੇ ਰਹੇ ਹਨ।ਕਰਨੈਲ ਸਿੰਘ ਸੋਹੀ ਨੇ ਆਪਣੇ ਸਾਰੇ ਜੀਵਨ ਦੌਰਾਨ ਲੋਕ ਮੁੱਦਿਆਂ ਨੂੰ ਉਭਾਰਨ, ਮਜ਼ਦੂਰ-ਕਿਸਾਨ ਵਰਗ ਦੇ ਹੱਕਾਂ ਦੀ ਹਰ ਮੰਚ 'ਤੇ ਵਕਾਲਤ ਕਰਨ ਅਤੇ ਸਮਾਜਕ ਨਿਆਂ ਦੇ ਸੁਪਨੇ ਨੂੰ ਅੱਗੇ ਵਧਾਉਣ ਲਈ ਸਦਾ ਲਈ ਯਾਦ ਰਹਿਣ ਵਾਲੀਆਂ ਸੇਵਾਵਾਂ ਨਿਭਾਈਆਂ।



ਉਹ ਸਾਦਗੀ, ਸੱਚਾਈ ਅਤੇ ਸੰਗਰਾਮੀ ਸੁਭਾਵ ਦੇ ਮਾਲਕ ਸਨ। ਲੋਕ ਘੋਲਾਂ ਵਿੱਚ ਉਨ੍ਹਾਂ ਦੀ ਅਡੋਲ ਭੂਮਿਕਾ ਕਾਰਨ ਉਹ ਧੂਰੀ ਅਤੇ ਨਜ਼ਦੀਕੀ ਖੇਤਰਾਂ ਵਿੱਚ ਇੱਕ ਪ੍ਰੇਰਕ ਸ਼ਖ਼ਸੀਅਤ ਵਜੋਂ ਜਾਣੇ ਜਾਂਦੇ ਸਨ।

# ਕਮਿਊਨਿਸਟ ਆਗੂਆਂ ਨੂੰ ਪੁਲਸ ਮੁਕਾਬਲਿਆਂ ਦੇ ਨਾਂਅ ਥੱਲੇ ਮਾਰ-ਮੁਕਾਉਣ ਦੀ ਨਿਖੇਧੀ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਛੱਤੀਸਗੜ੍ਹ, ਆਂਧਰਾ ਸਰਹੱਦ ਉੱਪਰ ਭਾਰਤੀ ਕਮਿਊਨਿਸਟ ਪਾਰਟੀ (ਮਾਓਵਾਦੀ) ਦੇ ਸਕੱਤਰ ਤ੍ਰਿਪਤੀ (ਦੇਵ ਜੀ), ਕੇਂਦਰੀ ਕਮੇਟੀ ਮੈਂਬਰ ਮਾਧਵੀ ਹਿੜਮਾ ਸਮੇਤ ਕੇਂਦਰੀ ਕਮੇਟੀ ਮੈਂਬਰਾਂ ਨੂੰ ਪੁਲਿਸ ਮੁਕਾਬਲਿਆਂ ਦੇ ਨਾਂਅ ਥੱਲੇ ਮਾਰਨ ਨੂੰ ਮੋਦੀ ਹਕੂਮਤ ਖਾਸ ਕਰ ਮਾਓਵਾਦੀ ਲਹਿਰ ਦੇ ਖ਼ੂਨ ਦੇ ਪਿਆਸੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਆਪਣੀ ਸਭ ਤੋਂ ਅਹਿਮ ਪ੍ਰਾਪਤੀ ਦੱਸਿਆ ਹੈ। ਇਨਕਲਾਬੀ ਕੇਂਦਰ ਪੰਜਾਬ ਨੇ ਇਨ੍ਹਾਂ ਝੂਠੇ ਮੁਕਾਬਲਿਆਂ ਦੀ ਸਖ਼ਤ ਨਿਖੇਧੀ ਕਰਦਿਆਂ ਗ੍ਰਿਫ਼ਤਾਰ ਕੀਤੇ ਆਗੂਆਂ ਨੂੰ ਅਦਾਲਤ 'ਚ ਪੇਸ਼ ਕਰਨ ਦੀ ਮੰਗ ਕੀਤੀ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ, ਜਨਰਲ ਸਕੱਤਰ ਕੰਵਲਜੀਤ ਖੰਨਾ, ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ ਨੇ ਕਿਹਾ ਕਿ ਭਾਜਪਾ-ਸੰਘ ਸਰਕਾਰ ਦੀ ਆਦਿਵਾਸੀ ਇਲਾਕਿਆਂ ਵਿੱਚ ਜੀਵਨ ਸੋਮੇ-ਜਲ, ਜੰਗਲ਼, ਜ਼ਮੀਨ ਬਚਾਉਣ ਲਈ ਸੰਘਰਸ਼ ਕਰ ਰਹੇ ਆਦਿਵਾਸੀਆਂ/ਮਾਓਵਾਦੀਆਂ ਨੂੰ ਮਾਰ ਕੇ ਮੁਕਾਉਣ ਦੀ ਨੀਤੀ ਕਾਨੂੰਨ ਦੇ ਰਾਜ ਤੇ ਦੁਨੀਆ ਦੀ ਵੱਡੀ ਜਮਹੂਰੀਅਤ ਹੋਣ ਦੇ ਦਾਅਵੇ ਦੇ ਝੂਠ ਨੂੰ ਬੇਪਰਦ ਕਰਦੀ ਹੈ ਕਿ ਵਰਦੀਧਾਰੀ ਦਹਿਸ਼ਤ ਕਿੰਨੀ ਖ਼ਤਰਨਾਕ ਹੋ ਸਕਦੀ ਹੈ ਤੇ ਇਸਦੇ ਸਿੱਟੇ ਕਿੰਨੇ ਭਿਆਨਕ ਹਨ। ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਮਾਓਵਾਦੀਆਂ ਤੇ ਆਦਿਵਾਸੀਆਂ ਉੱਪਰ ਢਾਹਿਆ ਜਾ ਰਿਹਾ ਜ਼ੁਲਮ ਇਸਦਾ ਪ੍ਰਤੱਖ ਪ੍ਰਮਾਣ ਹੈ। ਅਦਾਲਤੀ ਪ੍ਰਬੰਧ ਵੀ ਮੌਨ ਰਹਿ ਕੇ ਹਕੂਮਤ ਦੇ ਜਾਬਰ ਹੱਲੇ ਨੂੰ ਜਾਇਜ਼ ਠਹਿਰਾ ਰਿਹਾ ਹੈ। ਭਾਜਪਾ-ਸੰਘ ਦੀ ਅਗਵਾਈ ਵਾਲੀ ਮੋਦੀ-ਸ਼ਾਹ ਹਕੂਮਤ ਅਜਿਹਾ ਸਾਰਾ ਅਮਲ ਦੇਸ਼ ਖਾਸ ਕਰ ਲੱਖਾਂ ਆਦਿਵਾਸੀ/ਕਬਾਇਲੀ ਲੋਕਾਂ ਦੇ ਜੀਵਨ ਬਸਰ ਦੇ ਸਾਧਨਾਂ ਨੂੰ ਅਡਾਨੀ/ਅੰਬਾਨੀ ਜਿਹੇ ਦੇਸ਼ੀ ਬਦੇਸੀ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਲਈ ਕਰ ਰਹੀ ਹੈ। ਇਸ ਹਕੂਮਤ ਦੇ ਰਾਜ ਵਿੱਚ ਪੱਤਰਕਾਰਾਂ, ਲੇਖਕਾਂ, ਸਿਆਸੀ ਕਾਰਕੁੰਨਾਂ (ਖਾਸ ਕਰ ਮੁਸਲਿਮ ਭਾਈਚਾਰੇ ਨਾਲ ਸਬੰਧਿਤ) ਤੇ ਜਮਹੂਰੀ ਹੱਕਾਂ ਦੀ ਗੱਲ ਕਰਨ ਵਾਲੇ ਸਿਆਸੀ ਕਾਰਕੁੰਨਾਂ ਦੀ ਜ਼ੁਬਾਨਬੰਦੀ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਨੂੰ ਸਾਲਾਂਬੱਧੀ ਬਿਨਾਂ ਮੁਕੱਦਮਾ ਚਲਾਇਆਂ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ। ਆਗੂਆਂ ਨੇ ਮੰਗ ਕੀਤੀ ਹੈ ਕਿ ਝੂਠੇ ਪੁਲਸ ਮੁਕਾਬਲੇ ਬੰਦ ਕੀਤੇ ਜਾਣ। ਹਿਰਾਸਤ 'ਚ ਰੱਖੇ ਮਾਓਵਾਦੀਆਂ, ਆਦਿਵਾਸੀਆਂ ਨੂੰ ਅਦਾਲਤ 'ਚ ਪੇਸ਼ ਕੀਤਾ ਜਾਵੇ।

# ਵਾਰਡਾਂ ਦੀ ਹੱਦਬੰਦੀ ਪ੍ਰਕਿਰਿਆ 'ਚ ਪਾਰਦਰਸ਼ਤਾ 'ਤੇ ਸਵਾਲ, ਨੌਜਵਾਨਾਂ ਨੂੰ ਅੱਗੇ ਆਉਣ ਦਾ ਸੱਦਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੋਗਾ ਨਗਰ ਨਿਗਮ ਵੱਲੋਂ ਸ਼ਹਿਰ ਦੇ ਵਾਰਡਾਂ ਦੀ ਹੱਦਬੰਦੀ (ਮੁੜ-ਸੀਮਾਬੰਦੀ) ਪ੍ਰਕਿਰਿਆ ਨੂੰ ਲੈ ਕੇ ਵਿਵਾਦ ਵਧ ਰਿਹਾ ਹੈ।ਸਥਾਨਕ ਨਿਵਾਸੀਆਂ ਤੇ ਸਮਾਜਿਕ ਕਾਰਕੁੰਨਾਂ ਨੇ ਇਸ ਮਹੱਤਵਪੂਰਨ ਪ੍ਰਕਿਰਿਆ ਨੂੰ ਪੂਰਾ ਕਰਨ 'ਚ ਪਾਰਦਰਸ਼ਤਾ ਦੀ ਪੂਰੀ ਘਾਟ ਦਾ ਦੋਸ਼ ਲਾਇਆ ਹੈ।ਰਿਪੋਰਟਾਂ ਅਨੁਸਾਰ ਇਸ ਕੰਮ ਲਈ ਰੁਜ਼ਗਾਰ ਐਕਸਚੇਂਜ ਰਾਹੀਂ ਲਗਭਗ 50 ਵਿਦਿਆਰਥੀਆਂ ਨੂੰ ਨੌਕਰੀ 'ਤੇ ਰੱਖਿਆ ਗਿਆ ਸੀ।ਇਹ ਕ੍ਰਮਚਾਰੀ ਘਰ-ਘਰ ਜਾ ਕੇ ਜਨਗਣਨਾ ਡੇਟਾ ਇਕੱਠਾ ਕਰਦੇ ਸਨ, ਪਰ ਇਸ ਅਭਿਆਸ ਦੇ ਪੂਰੇ ਵੇਰਵੇ ਤੇ ਖਰੜੇ ਨੂੰ ਜਨਤਕ ਨੋਟਿਸ ਰਾਹੀਂ ਜਨਤਕ ਨਹੀਂ ਕੀਤਾ ਗਿਆ।

ਇਸ ਗੁਪਤਾ ਨੇ ਸ਼ਹਿਰ ਵਾਸੀਆਂ ਵਿੱਚ ਸ਼ੱਕ ਪੈਦਾ ਕਰ ਦਿੱਤਾ ਹੈ। ਸਥਾਨਕ ਲੋਕਾਂ ਦਾ ਮੰਨਣਾ ਹੈ ਕਿ ਲਗਾਤਾਰ ਸਰਕਾਰਾਂ ਅਤੇ ਉਨ੍ਹਾਂ ਦੇ ਵਿਧਾਇਕ ਆਪਣਾ ਰਾਜਨੀਤਿਕ ਦਬਦਬਾ ਬਣਾਈ ਰੱਖਣ ਲਈ ਹੱਦਬੰਦੀ ਪ੍ਰਕਿਰਿਆ ਨੂੰ ਪ੍ਰਭਾਵਤ ਕਰਦੇ ਰਹੇ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਕੌਂਸਲਰ ਅਕਸਰ ਇਨ੍ਹਾਂ ਨੇਤਾਵਾਂ ਦੀਆਂ ਕਠਪੁਤਲੀਆਂ ਬਣ ਜਾਂਦੇ ਹਨ ਤੇ ਜਨਤਕ ਹਿੱਤਾਂ ਨੂੰ ਅਣਗੌਲਿਆ ਕੀਤਾ ਜਾਂਦਾ ਹੈ।ਸਮਾਜਿਕ ਕਾਰਕੁੰਨ ਅਜੇ ਸੂਦ ਨੇ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਲੜਾਈ ਸਿਰਫ਼ ਵਾਰਡ ਦੀਆਂ ਹੱਦਾਂ ਬਾਰੇ ਨਹੀਂ ਹੈ, ਸਗੋਂ ਸਾਡੇ ਅਧਿਕਾਰਾਂ ਤੇ ਸਾਡੇ ਸ਼ਹਿਰ ਦੇ ਭਵਿੱਖ ਬਾਰੇ ਹੈ।ਜੇਕਰ 18 ਤੋਂ 35 ਸਾਲ ਦੀ ਉਮਰ ਦੇ ਨੌਜਵਾਨ ਇਸ ਲੜਾਈ ਵਿੱਚ ਅੱਗੇ ਆਉਂਦੇ ਹਨ, ਤਾਂ ਬਦਲਾਅ ਜ਼ਰੂਰ ਆਵੇਗਾ।ਸਾਨੂੰ ਇਸ ਬੇਇਨਸਾਫ਼ੀ ਵਿਰੁੱਧ ਅਹਿੰਸਕ ਵਿਰੋਧ ਪ੍ਰਦਰਸ਼ਨਾਂ, ਜਾਗਰੂਕਤਾ ਮੁਹਿੰਮਾਂ ਤੇ ਆਪਣੇ ਅਧਿਕਾਰਾਂ ਦੀ ਮਾਨਤਾ ਰਾਹੀਂ ਆਪਣੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।ਇਸ ਦੌਰਾਨ, ਸਮਾਜ ਸੇਵਕ ਦੇਵਪ੍ਰਿਯ ਤਿਆਗੀ ਨੇ ਇਸ ਮਾਮਲੇ 'ਤੇ ਕਿਹਾ ਕਿ ਇਹ ਸਥਿਤੀ ਬਹੁਤ ਚਿੰਤਾਜਨਕ ਹੈ।ਜਨਤਕ ਅਧਿਕਾਰਾਂ ਦੀ ਇਹ ਉਲੰਘਣਾ ਅਸਹਿਣਯੋਗ ਹੈ।ਅਸੀਂ ਮੰਗ ਕਰਦੇ ਹਾਂ ਕਿ ਪੂਰੀ ਹੱਦਬੰਦੀ ਪ੍ਰਕਿਰਿਆ ਨੂੰ ਤੁਰੰਤ ਜਨਤਕ ਕੀਤਾ ਜਾਵੇ ਤੇ ਜਨਤਾ ਨੂੰ ਉਨ੍ਹਾਂ ਦੇ ਵਾਰਡਾਂ ਦੀ ਹੱਦਬੰਦੀ ਦੇ ਆਧਾਰ ਬਾਰੇ ਜਾਣੂ ਕਰਾਇਆ ਜਾਵੇ।ਜੇ ਅਜਿਹਾ ਨਹੀਂ ਕੀਤਾ ਜਾਂਦਾ ਹੈ, ਤਾਂ ਅਸੀਂ ਇਸ ਵਿਰੁੱਧ ਇੱਕ ਵਿਸ਼ਾਲ ਅੰਦੋਲਨ ਸ਼ੁਰੂ ਕਰਾਂਗੇ।ਹੁਣ ਇਹ ਮੰਗ ਜ਼ੋਰ ਫੜ ਰਹੀ ਹੈ ਕਿ ਸ਼ਹਿਰ ਦੇ ਪ੍ਰਮੁੱਖ ਨਾਗਰਿਕ, ਸਮਾਜਿਕ ਸੰਗਠਨ, ਧਾਰਮਿਕ ਸੰਸਥਾਵਾਂ ਤੇ ਨਾਲ ਹੀ ਨੌਜਵਾਨ ਇਸ ਮੁੱਦੇ 'ਤੇ ਅੱਗੇ ਆਉਣ।

ਮੰਨਿਆ ਜਾਂਦਾ ਹੈ ਕਿ ਡਿਜੀਟਲ ਜਾਗਰੂਕਤਾ ਤੇ ਸੋਸ਼ਲ ਮੀਡੀਆ ਦੇ ਇਸ ਯੁੱਗ ਵਿੱਚ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਹੀ ਇਸ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਲਿਆ ਸਕਦੀ ਹੈ।ਸਿੱਟੇ ਵਜੋਂ ਜਦੋਂ ਤੱਕ ਇਹ ਪੂਰੀ ਪ੍ਰਕਿਰਿਆ ਜਨਤਕ ਤੇ ਖੁੱਲ੍ਹੇਆਮ ਲਾਗੂ ਨਹੀਂ ਕੀਤੀ ਜਾਂਦੀ। ਮੋਗਾ ਦੇ ਵਿਕਾਸ 'ਤੇ ਇੱਕ ਵੱਡਾ ਸਵਾਲੀਆ ਨਿਸ਼ਾਨ ਬਣਿਆ ਰਹੇਗਾ।

# ਫ਼ਿਰੋਜ਼ਪੁਰ ਪਹੁੰਚੇ ਨਗਰ ਕੀਰਤਨ ਦਾ ਭਰਵਾਂ ਸਵਾਗਤ, ਥਾਂ-ਥਾਂ ਲਗਾਏ ਲੰਗਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਿੰਦ ਦੀ ਚਾਦਰ, ਨੌਵੇਂ ਪਾਤਸ਼ਾਹ, ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸਜਾਏ ਗਏ ਵਿਸ਼ਾਲ ਅਤੇ ਅਲੌਕਿਕ ਨਗਰ ਕੀਰਤਨ ਦਾ ਫ਼ਿਰੋਜ਼ਪੁਰ ਪਹੁੰਚਣ 'ਤੇ ਸ਼ਹਿਰ ਦੀ ਸਮੁੱਚੀ ਸੰਗਤ ਵੱਲੋਂ ਅਥਾਹ ਸ਼ਰਧਾ ਅਤੇ ਉਤਸ਼ਾਹ ਨਾਲ ਭਰਵਾਂ ਸਵਾਗਤ ਕੀਤਾ ਗਿਆ। ਇਹ ਨਗਰ ਕੀਰਤਨ ਫ਼ਰੀਦਕੋਟ ਦੇ ਇਤਿਹਾਸਕ ਕਿਲ੍ਹਾ ਮੁਬਾਰਕ ਵਿਖੇ ਬਾਬਾ ਫਰੀਦ ਜੀ ਦੇ ਤਪ ਅਸਥਾਨ ਤੋਂ ਆਰੰਭ ਹੋ ਕੇ ਫ਼ਿਰੋਜ਼ਪੁਰ ਪਹੁੰਚਿਆ। ਨਗਰ ਕੀਰਤਨ ਦੀ ਆਮਦ ਮੌਕੇ ਫ਼ਿਰੋਜ਼ਪੁਰ ਸ਼ਹਿਰ ਦਾ ਮਾਹੌਲ ਪੂਰੀ ਤਰ੍ਹਾਂ ਖ਼ਾਲਸਾਈ ਰੰਗ ਵਿੱਚ ਰੰਗਿਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਜਦੋਂ ਇਹ ਪਵਿੱਤਰ ਯਾਤਰਾ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਗੁਜ਼ਰੀ ਤਾਂ ਸੰਗਤਾਂ ਨੇ 'ਬੋਲੇ ਸੋ ਨਿਹਾਲ' ਦੇ ਜੈਕਾਰਿਆਂ ਨਾਲ ਆਕਾਸ਼ ਗੁੰਜਾ ਦਿੱਤਾ। ਸ਼ਹਿਰ ਵਾਸੀਆਂ ਨੇ ਸੜਕਾਂ ਦੇ ਕਿਨਾਰਿਆਂ 'ਤੇ ਖੜ੍ਹੇ ਹੋ ਕੇ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕਰਦੇ ਹੋਏ ਨਗਰ ਕੀਰਤਨ 'ਤੇ ਲਗਾਤਾਰ ਫੁੱਲਾਂ ਦੀ ਵਰਖਾ ਕੀਤੀ। ਸ਼ਹਿਰ ਦੇ ਮੁੱਖ ਚੌਂਕਾਂ ਅਤੇ ਰਸਤਿਆਂ ਵਿਚ ਜਗ੍ਹਾ-ਜਗ੍ਹਾ ਲੰਗਰ ਲਗਾਏ ਗਏ, ਜਿੱਥੇ ਸੰਗਤਾਂ ਨੇ ਚਾਹ, ਪਕੌੜੇ, ਫ਼ਲ ਅਤੇ ਹੋਰ ਪਦਾਰਥਾਂ ਦੇ ਲੰਗਰ ਅਤੁੱਟ ਵਰਤਾਏ। ਡਿਪਟੀ ਕਮਿਸ਼ਨਰ ਸਮੇਤ ਸੀਨੀਅਰ ਅਧਿਕਾਰੀਆਂ ਵੱਲੋਂ ਸਮੁੱਚੇ ਪ੍ਰਬੰਧਾਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਤਹਿਤ ਵਿਧਾਇਕਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਨਗਰ ਕੀਰਤਨ ਦੇ ਪਹੁੰਚਣ 'ਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਨਗਰ ਕੀਰਤਨ ਆਪਣੇ ਅਗਲੇ ਪੜਾਅ ਸ੍ਰੀ ਆਨੰਦਪੁਰ ਸਾਹਿਬ ਲਈ ਰਵਾਨਾ ਹੋਇਆ, ਜਿੱਥੇ 22 ਨਵੰਬਰ ਨੂੰ 350 ਵਾਂ ਸ਼ਹੀਦੀ ਦਿਵਸ ਸਮਾਗਮ ਸੰਪੂਰਨ ਹੋਵੇਗਾ।

# ਹੜ੍ਹ ਪੀੜਤਾਂ ਨੂੰ 300 ਗੱਟੇ ਡੀ ਏ ਪੀ ਤੇ ਪਸ਼ੂਆਂ ਦਾ ਚਾਰਾ ਵੰਡਿਆ

**ਨਾਭਾ (ਵਰਿੰਦਰ ਵਰਮਾ)**- ਹਲਕੇ 'ਚ ਹੀ ਨਹੀਂ ਸਗੋਂ ਸੂਬੇ ਭਰ 'ਚ ਸ਼ਲਾਘਾਯੋਗ ਸੇਵਾਵਾਂ ਨਿਭਾ ਰਹੀ ਰਿਆਸਤੀ ਸ਼ਹਿਰ ਦੀ ਪ੍ਰਸਿੱਧ ਸਮਾਜ ਸੇਵੀ 'ਸਹਿਯੋਗ ਸੰਸਥਾ' ਜਿਸ ਨੇ ਬਹੁਤ ਹੀ ਘੱਟ ਸਮੇਂ 'ਚ ਸਮਾਜ ਵਿਚਲੇ ਜ਼ਰੂਰਤਮੰਦਾਂ ਦੀ ਸੇਵਾ ਕਰਨ ਦੇ ਨਾਲ-ਨਾਲ ਸ਼ਹਿਰ ਅੰਦਰ ਹੋਰ ਸਮਾਜਿਕ ਕਾਰਜਾਂ ਨੂੰ ਵੀ ਨੇਪਰੇ ਚੜ੍ਹਾਉਣ 'ਚ ਸਹਿਯੋਗ ਸੰਸਥਾ ਦੇ ਸਮੂਹ ਮੈਂਬਰਾਂ ਨੇ ਅਹਿਮ ਰੋਲ ਨਿਭਾਇਆ, ਜੋ ਅੱਜ ਕਿਸੇ ਜਾਣ ਪਛਾਣ ਦੀ ਮੁਥਾਜ਼ ਨਹੀਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨੌਜਵਾਨ ਸਮਾਜ ਸੇਵਕ ਤੇ ਸਹਿਯੋਗ ਸੰਸਥਾ ਦੇ ਪ੍ਰੈਸ ਸਕੱਤਰ ਮਾਸਟਰ ਧਰਮਿੰਦਰ ਸਿੰਘ ਕਲੇਰ ਨੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ। ਮਾਸਟਰ ਕਲੇਰ ਨੇ ਕਿਹਾ ਕਿ ਸਹਿਯੋਗ ਸੰਸਥਾ ਵੱਲੋਂ ਜਿੱਥੇ ਪਿਛਲੇ ਮਹੀਨਿਆਂ ਦੌਰਾਨ ਕਈ ਅਹਿਮ ਸਮਾਜਿਕ ਕਾਰਜ ਕਰਦਿਆਂ ਨੌਜਵਾਨ ਵਰਗ ਸਮੇਤ ਛੋਟੇ ਬੱਚਿਆਂ ਨੂੰ ਸਮਾਜ ਸੇਵਾ ਦੇ ਖੇਤਰ 'ਚ ਆਪਣਾ ਵੱਧ ਤੋਂ ਵੱਧ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਉੱਥੇ ਨਾਲ ਹੀ ਕਈ ਪਾਰਕ ਸਮੇਤ ਸ਼ਹਿਰ ਵਿਚਲੀਆਂ ਹੋਰ ਜਨਤਕ ਥਾਵਾਂ 'ਤੇ ਸਫਾਈ ਅਭਿਆਨ ਚਲਾਉਂਦਿਆਂ ਰਿਆਸਤੀ ਸ਼ਹਿਰ ਨਾਭਾ ਨੂੰ ਸਾਫ ਸੁਥਰਾ ਰੱਖਣ 'ਚ ਕਲੱਬ ਮੈਂਬਰਾਂ ਨੇ ਵਿਸ਼ੇਸ਼ ਯੋਗਦਾਨ ਪਾਇਆ, ਜਿਸ ਲਈ ਉਹ ਸਹਿਯੋਗ ਸੰਸਥਾ ਨਾਲ ਜੁੜੇ ਮੈਂਬਰਜ਼ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ। ਤਜਰਬੇਕਾਰ ਅਧਿਆਪਕ ਮਾਸਟਰ ਧਰਮਿੰਦਰ ਸਿੰਘ ਕਲੇਰ ਨੇ ਕਿਹਾ ਕਿ ਸਹਿਯੋਗ ਸੰਸਥਾ ਦਾ ਮੁੱਖ ਉਦੇਸ਼ ਸਿਹਤ, ਸਿੱਖਿਆ, ਵਾਤਾਵਰਨ ਅਤੇ ਕੁਦਰਤੀ



ਆਫਤਾਂ ਸਮੇਂ ਲੋੜਵੰਦਾਂ ਤੱਕ ਮਦਦ ਪਹੁੰਚਾਉਣਾ ਹੈ। ਬੁੱਧੀਜੀਵੀਆਂ ਦਾ ਸਾਥੀ ਤੇ ਸੰਸਥਾ ਦੇ ਪ੍ਰਮੁੱਖ ਆਗੂ ਮਾਸਟਰ ਧਰਮਿੰਦਰ ਸਿੰਘ ਕਲੇਰ ਨੇ ਦੱਸਿਆ ਕਿ ਬੀਤੇ ਦਿਨੀ ਸੰਸਥਾ ਦੇ ਸਮੂਹ ਮੈਂਬਰਾਂ, ਸੰਸਥਾ ਨਾਲ ਜੁੜੇ ਵਪਾਰੀ ਵੀਰ, ਐਨ.ਆਰ.ਆਈ, ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਤੇ ਖਾਸ ਕਰ ਕਿ ਪਿੰਡ ਦੋਦਾ ਦੇ ਵਸਨੀਕਾਂ ਜਿਨ੍ਹਾਂ ਇਕ ਲੱਖ ਰੁਪਏ ਅਤੇ ਅਧਿਆਪਕਾਂ ਵੱਲੋਂ ਆਪਣੀ ਤਨਖਾਹ ਵਿਚੋਂ ਪੈਸੇ ਇਕੱਠੇ ਕਰਕੇ ਗੁਰਦਾਸਪੁਰ-ਅਜਨਾਲਾ ਇਲਾਕੇ ਦੇ ਹੜ੍ਹ ਪ੍ਰਭਾਵਿਤ ਪਿੰਡ ਗੱਗੋਮਾਲ ਦੇ ਕਿਸਾਨਾਂ ਨੂੰ ਜ਼ਮੀਨ ਦੀ ਬਿਜਾਈ ਲਈ 300 ਗੱਟਾ ਡੀ.ਏ.ਪੀ ਖਾਦ ਦਾ ਅਤੇ 500 ਕੁਇੰਟਲ ਪਸ਼ੂਆਂ ਲਈ ਚਾਰਾ ਪਹੁੰਚਾ ਕੇ ਨਿਰ-ਸਵਾਰਥ ਸੇਵਾ ਕੀਤੀ ਗਈ ਹੈ। ਸੰਸਥਾ ਦੇ ਪ੍ਰਧਾਨ ਗੁਰਵਿੰਦਰ ਸਿੰਘ, ਭੁਪਿੰਦਰ ਸਿੰਘ, ਹਰਜਿੰਦਰ ਸਿੰਘ ਰਜੇਸ਼ ਕੁਮਾਰ (ਸਾਰੇ ਅਧਿਆਪਕ) ਨੇ ਦੱਸਿਆ ਕਿ ਦੇਸ਼ ਦੀਆਂ ਸਰਹੱਦਾਂ 'ਤੇ ਨਿਧੜਕ ਸੇਵਾਵਾਂ ਨਿਭਾ ਚੁੱਕੇ ਆਰਮੀ ਅਫਸਰ ਦੇ ਹੋਣਹਾਰ ਸਪੁੱਤਰ ਮਾਸਟਰ ਧਰਮਿੰਦਰ ਸਿੰਘ ਕਲੇਰ ਅੰਦਰ ਵਿਦਿਆ, ਲਿਆਕਤ, ਸਿਆਸੀ ਸੂਝ ਬੂਝ, ਟੇਲੈਂਟ ਜਾਂ ਭਾਈਚਾਰਕ ਸਾਂਝ ਦੇ ਹੁਨਰ ਦੀ ਕੋਈ ਕਮੀ ਨਹੀਂ। ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਦੇ ਸੂਬਾ ਪ੍ਰਧਾਨ ਪਲਵਿੰਦਰ ਸਿੰਘ ਮਾਹਲ ਨੇ ਸੰਸਥਾ ਦੇ ਪ੍ਰਮੁੱਖ ਆਗੂ ਧਰਮਿੰਦਰ ਸਿੰਘ ਕਲੇਰ ਅਤੇ ਸਹਿਯੋਗ ਸੰਸਥਾ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਮਦਦ, ਲਾਭ ਤੇ ਸਹਿਯੋਗ ਹੁਣ ਕਿਸਾਨਾਂ ਤੇ ਆਮ ਲੋਕਾਂ ਨੂੰ ਦਿੱਤਾ ਗਿਆ ਹੈ, ਉਸ ਤੋਂ ਛੋਟੇ ਕਿਸਾਨਾਂ ਨੂੰ ਅੱਗੇ ਦੀ ਫਸਲ ਦੀ ਪੈਦਾਵਾਰ ਕਰਨ 'ਚ ਬਹੁਤ ਮਦਦ ਮਿਲੇਗੀ। ਪ੍ਰੈਸ ਸਕੱਤਰ ਕਲੇਰ ਨੇ ਦੱਸਿਆ ਕਿ ਸੰਸਥਾ ਜਲਦ ਹੀ ਹੜ੍ਹ ਪ੍ਰਭਾਵਿਤ ਪਰਵਾਰਾਂ ਦੇ ਬੱਚਿਆਂ ਨੂੰ ਕਾਪੀਆਂ, ਕਿਤਾਬਾਂ ਅਤੇ ਗਰਮ ਵਰਦੀਆਂ ਦੇਵੇਗੀ ਤੇ ਜਲਦ ਫੰਡ ਇਕੱਠਾ ਕਰਕੇ ਇੰਨਾ ਹੜ੍ਹ ਪ੍ਰਭਾਵਿਤ ਸਕੂਲਾਂ ਦੇ ਬੱਚਿਆਂ ਦੀ ਮਦਦ ਕਰੇਗੀ। ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲਾ ਪ੍ਰਧਾਨ ਤੇ ਉੱਘੇ ਸਿੱਖ ਚਿੰਤਕ ਅਬਜਿੰਦਰ ਸਿੰਘ ਜੋਗੀ ਗਰੇਵਾਲ ਨਾਨੋਕੀ ਦੱਸਿਆ ਕਿ ਕਲੇਰ ਬਹੁਤ ਸਾਊ, ਸਰੀਫ, ਇਮਾਨਦਾਰ ਅਤੇ ਇੱਜ਼ਤਦਾਰ ਵਿਅਕਤੀ ਹਨ ਜਿਨ੍ਹਾਂ ਦਾ ਹਲਕੇ ਅੰਦਰ ਚੰਗਾ ਆਧਾਰ ਹੈ।

# ਪਰਾਲੀ ਸਾੜਨ ਦਾ ਮਾਮਲਾ : ਕਿਸਾਨਾਂ ਦੇ ਨਾਲ-ਨਾਲ ਸਰਕਾਰੀ ਅਧਿਕਾਰੀਆਂ 'ਤੇ ਵੀ ਸਰਕਾਰ ਦੀ ਸਖ਼ਤੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਝੋਨੇ ਦੀ ਕਟਾਈ ਤੋਂ ਬਾਅਦ ਪਰਾਲੀ ਨੂੰ ਅੱਗ ਲਗਾਏ ਜਾਣ ਦੇ ਮਾਮਲਿਆਂ ਵਿੱਚ ਪੰਜਾਬ ਸਰਕਾਰ ਨੇ ਕਿਸਾਨਾਂ ਦੇ ਨਾਲ ਨਾਲ ਇਸ ਵਾਰ ਸਰਕਾਰੀ ਅਧਿਕਾਰੀਆਂ 'ਤੇ ਵੀ ਸਖਤੀ ਕੀਤੀ ਹੈ।ਇਸ ਸਦਕਾ ਬਠਿੰਡਾ ਜ਼ਿਲ੍ਹੇ ਅੰਦਰ ਇਸ ਵਾਰ ਪਰਾਲੀ ਨੂੰ ਅੱਗ ਲਗਾਏ ਜਾਣ ਦੇ ਮਾਮਲਿਆਂ ਵਿੱਚ ਕਮੀ ਆਈ ਹੈ।ਇਸ ਵਾਰ ਪੰਜਾਬ ਸਰਕਾਰ ਨੇ ਜਿੱਥੇ ਕਿਸਾਨਾਂ ਨੂੰ ਪਰਾਲੀ ਖੇਤਾਂ ਵਿਚ ਨਾ ਸਾੜੇ ਜਾਣ ਲਈ ਵੱਡੀ ਪੱਧਰ 'ਤੇ ਜਾਗਰੂਕ ਕੀਤਾ, ਉੱਥੇ ਹੀ ਵੱਖ-ਵੱਖ ਸਰਕਾਰੀ ਅਧਿਕਾਰੀਆਂ ਦੀਆਂ ਪਰਾਲੀ ਨਾ ਸਾੜੇ ਜਾਣ ਸਬੰਧੀ ਡਿਊਟੀਆਂ ਲਗਾ ਕੇ ਉਨ੍ਹਾਂ ਦੀ ਜ਼ਿੰਮੇਵਾਰੀ ਤੈਅ ਕੀਤੀ ਗਈ। ਇਸ ਦੌਰਾਨ ਹੀ ਜਿਨ੍ਹਾਂ ਖੇਤਰਾਂ ਵਿੱਚ ਕਿਸਾਨਾਂ ਵੱਲੋਂ ਖੇਤਾਂ ਵਿੱਚ ਹੀ ਪਰਾਲੀ ਨੂੰ ਅੱਗ ਲਗਾਏ ਜਾਣ ਦੇ ਵੱਧ ਮਾਮਲੇ ਸਾਹਮਣੇ ਆਏ ਹਨ, ਉਨ੍ਹਾਂ ਖੇਤਰਾਂ ਵਿੱਚ ਤਇਨਾਤ 52 ਸੁਪਰਵਾਈਜ਼ਰਾਂ ਤੇ ਨੋਡਲ ਅਫਸਰਾਂ ਨੂੰ ਨੋਟਿਸ ਜਾਰੀ ਕੀਤੇ ਹਨ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਜਿਹੇ ਅਧਿਕਾਰੀਆਂ ਦੀ ਜਵਾਬ ਤਲਬੀ ਕਰਦਿਆਂ ਉਨ੍ਹਾਂ ਤੋਂ ਜਵਾਬ ਮੰਗਿਆ ਗਿਆ ਹੈ ਕਿ ਉਨ੍ਹਾਂ ਦੇ ਖੇਤਰ ਵਿਚ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਕਿਉਂ ਵਾਪਰ ਰਹੀਆਂ ਹਨ।ਜ਼ਿਕਰਯੋਗ ਹੈ ਕਿ ਝੋਨੇ ਦੀ ਕਟਾਈ ਤੋਂ ਬਾਅਦ ਕਿਸਾਨ ਆਪਣੀ ਅਗਲੀ ਕਣਕ ਦੀ ਫਸਲ ਬੀਜਣ ਲਈ ਪਰਾਲੀ ਨੂੰ ਖੇਤਾਂ ਵਿਚ ਹੀ ਅੱਗ ਲਗਾ ਕੇ ਸਾੜ ਦਿੰਦੇ ਹਨ, ਜਿਸ ਕਾਰਨ ਜਿੱਥੇ ਲਗਾਤਾਰ ਵਾਤਾਵਰਨ ਪ੍ਰਦੂਸ਼ਤ ਹੋ ਰਿਹਾ ਹੈ, ਉੱਥੇ ਹੀ ਜ਼ਮੀਨ ਦੀ ਉਪਜਾਊ ਸ਼ਕਤੀ ਘੱਟ ਰਹੀ ਹੈ।ਭਾਵੇਂ ਪੰਜਾਬ ਸਰਕਾਰ ਤੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਖੇਤਾਂ ਵਿਚ ਪਰਾਲੀ ਨੂੰ ਅੱਗ ਲਗਾਏ ਜਾਣ ਤੋਂ ਹੋਣ ਵਾਲੇ ਨੁਕਸਾਨ ਸਬੰਧੀ ਜਾਗਰੂਕ ਕੀਤਾ ਜਾਂਦਾ ਹੈ, ਪਰ ਕਿਸਾਨ ਖੇਤੀ ਮਾਹਿਰਾਂ ਦੇ ਸੁਝਾਵਾਂ ਨੂੰ ਦਰਕਿਨਾਰ ਕਰਕੇ ਵੱਡੀ ਪੱਧਰ 'ਤੇ ਪਰਾਲੀ ਨੂੰ ਖੇਤਾਂ ਵਿਚ ਹੀ ਅੱਗ ਲਗਾ ਕੇ ਸਾੜ ਦਿੰਦੇ ਹਨ।ਇਸ ਵਾਰ ਪੰਜਾਬ ਦੇ ਖੇਤੀਬਾੜੀ ਮੰਤਰੀ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਦੇ ਆਦੇਸ਼ਾਂ ਤੋਂ ਬਾਅਦ ਖੇਤੀਬਾੜੀ ਵਿਭਾਗ ਨੇ ਕਿਸਾਨਾਂ ਨਾਲ ਲਗਾਤਾਰ ਰਾਬਤਾ ਕਾਇਮ ਕਰਦਿਆਂ ਪਰਾਲੀ ਨੂੰ ਅੱਗ ਨਾ ਲਗਾਏ ਜਾਣ ਸਬੰਧੀ ਅਪੀਲ ਕੀਤੀ ਗਈ ਸੀ, ਜਿਸ ਸਦਕਾ ਇਸ ਵਾਰ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਵਿਚ ਕਮੀ ਆਈ ਹੈ।

### 52 ਸੁਪਰਵਾਈਜ਼ਰਾਂ ਤੇ ਨੋਡਲ ਅਫਸਰਾਂ ਨੂੰ ਨੋਟਿਸ ਜਾਰੀ

ਬਠਿੰਡਾ ਜ਼ਿਲ੍ਹੇ ਅੰਦਰ ਪਿਛਲੇ ਸਾਲ ਖੇਤਾਂ ਵਿੱਚ ਹੀ ਪਰਾਲੀ ਨੂੰ ਅੱਗ ਲਗਾਉਣ ਦੀਆਂ 750 ਘਟਨਾਵਾਂ ਸਾਹਮਣੇ ਆਈਆਂ ਸਨ, ਪਰ ਇਸ ਵਾਰ ਹੁਣ ਤੱਕ ਜ਼ਿਲ੍ਹੇ ਅੰਦਰ ਪਰਾਲੀ ਨੂੰ ਅੱਗ ਲਗਾਉਣ ਦੀਆਂ 354 ਮਾਮਲੇ ਸਾਹਮਣੇ ਆਏ ਹਨ, ਜਦੋਂ ਕਿ ਮਾਨਸਾ ਜ਼ਿਲ੍ਹੇ ਵਿਚ ਹੁਣ ਤੱਕ 296 ਥਾਵਾਂ 'ਤੇ ਖੇਤਾਂ ਵਿਚ ਹੀ ਪਰਾਲੀ ਨੂੰ ਅੱਗ ਲਗਾਈ ਗਈ ਹੈ।ਇਸ ਵਾਰ ਪੰਜਾਬ ਸਰਕਾਰ ਨੇ ਪੂਰਨ ਸਖਤੀ ਕਰਦਿਆਂ ਖੇਤਾਂ ਵਿੱਚ ਪਰਾਲੀ ਸਾੜਨ ਦੇ ਦੋਸ਼ ਹੇਠ 105 ਕੇਸ ਵੱਖ-ਵੱਖ ਕਿਸਾਨਾਂ ਖਿਲਾਫ ਦਰਜ ਕੀਤੇ ਹਨ, ਉੱਥੇ ਹੀ ਮਾਲ ਵਿਭਾਗ ਦੇ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਕੀਤੀ ਗਈ ਹੈ।ਪੰਜਾਬ ਸਰਕਾਰ ਵੱਲੋਂ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਨੂੰ ਇਸ ਵਾਰ 5 ਲੱਖ 25 ਹਜ਼ਾਰ ਰੁਪਏ ਦੇ ਜੁਰਮਾਨੇ ਕੀਤੇ ਗਏ ਹਨ, ਜਿਸ ਵਿੱਚੋਂ 3 ਲੱਖ ਰੁਪਏ ਵਸੂਲ ਵੀ ਕੀਤਾ ਜਾ ਚੁੱਕਾ ਹੈ।ਪਿਛਲੇ ਸਾਲ ਜ਼ਿਲ੍ਹੇ ਅੰਦਰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ 750 ਮਾਮਲੇ ਸਾਹਮਣੇ ਆਏ ਸਨ।ਇਸ ਕਾਰਨ ਪਿਛਲੇ ਸਾਲ 397 ਕਿਸਾਨਾਂ ਖ਼ਿਲਾਫ਼ ਮੁਕੱਦਮੇ ਦਰਜ ਕੀਤੇ ਗਏ ਸਨ, ਜਦੋਂਕਿ ਕਿਸਾਨਾਂ ਨੂੰ 17 ਲੱਖ 72 ਹਜ਼ਾਰ 500 ਰੁਪਏ ਦਾ ਜੁਰਮਾਨਾ ਕੀਤਾ ਗਿਆ ਸੀ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਜੁਰਮਾਨਾ ਵਸੂਲ ਕੀਤਾ ਜਾ ਚੁੱਕਾ ਹੈ।ਪਿਛਲੇ ਸਾਲਾਂ ਦੌਰਾਨ ਕਿਸਾਨ ਜਥੇਬੰਦੀਆਂ ਵੱਲੋਂ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਵਾਲੇ ਅਧਿਕਾਰੀਆਂ ਦਾ ਘਿਰਾਓ ਕੀਤਾ ਜਾਂਦਾ ਰਿਹਾ ਹੈ, ਪਰ ਇਸ ਵਾਰ ਅਜਿਹੀ ਕੋਈ ਵੱਡੀ ਘਟਨਾ ਸਾਹਮਣੇ ਨਹੀਂ ਆਈ।ਇਸ ਵਾਰ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਦੇ ਨਾਲ ਨਾਲ ਡਿਊਟੀ 'ਤੇ ਤਇਨਾਤ ਸਰਕਾਰੀ ਅਧਿਕਾਰੀਆਂ 'ਤੇ ਵੀ ਸ਼ਿਕੰਜਾ ਕੱਸਿਆ ਗਿਆ ਹੈ, ਜਿਨ੍ਹਾਂ ਖੇਤਰਾਂ ਵਿੱਚ ਪਰਾਲੀ ਨੂੰ ਜ਼ਿਆਦਾ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ, ਉਨ੍ਹਾਂ ਖੇਤਰਾਂ ਦੇ ਸੁਪਰਵਾਈਜ਼ਰਾਂ ਤੇ ਨੋਡਲ ਅਫਸਰਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਹੈ।ਇਸ ਵਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਤਾਇਨਾਤ 52 ਨੋਡਲ ਅਫਸਰਾਂ ਤੇ ਸੁਪਰਵਾਈਜ਼ਰਾਂ ਦੀ ਜਵਾਬ ਤਲਬੀ ਕੀਤੀ ਗਈ ਹੈ, ਜਦੋਂ ਕਿ ਪਿਛਲੇ ਸਾਲ 5 ਨੋਡਲ ਅਧਿਕਾਰੀਆਂ ਤੇ ਸੁਪਰਵਾਈਜ਼ਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਸਨ। ਇਸ ਵਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੰਜਾਬ ਸਰਕਾਰ ਦੇ ਆਦੇਸ਼ਾਂ ਤੋਂ ਬਾਅਦ ਵੱਖ-ਵੱਖ ਥਾਵਾਂ 'ਤੇ ਅੱਗ ਬੁਝਾਊ ਗੱਡੀਆਂ ਤਇਨਾਤ ਕੀਤੀਆਂ ਗਈਆਂ ਸਨ।ਜਦੋਂ ਵੀ ਅਧਿਕਾਰੀਆਂ ਨੂੰ ਖੇਤਾਂ ਵਿਚ ਪਰਾਲੀ ਨੂੰ ਅੱਗ ਲਗਾਏ ਜਾਣ ਦੀ ਸੂਚਨਾ ਮਿਲਦੀ ਸੀ ਤਾਂ ਉਹ ਤੁਰੰਤ ਫਾਈਰ ਬ੍ਰਿਗੇਡ ਦੀਆਂ ਗੱਡੀਆਂ ਲੈ ਕੇ ਖੇਤਾਂ ਵਿੱਚ ਲੱਗੀ ਪਰਾਲੀ ਦੀ ਅੱਗ ਨੂੰ ਬੁਝਾ ਦਿੰਦੇ ਸਨ।

## 'ਆਪ' ਮਹਿਲਾ ਵਿੰਗ ਵੱਲੋਂ ਫਿਰੋਜ਼ਪੁਰ 'ਚ ਜ਼ਿਲ੍ਹਾ ਪੱਧਰੀ ਮੀਟਿੰਗ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਆਮ ਆਦਮੀ ਪਾਰਟੀ (ਆਪ) ਵੱਲੋਂ 'ਮਹਿਲਾ ਉਦਮਤਾ ਦਿਵਸ' (ਸ਼ਕਤੀਸ਼ਾਲੀ ਨਾਰੀ, ਮਜ਼ਬੂਤ ਪੰਜਾਬ) ਦੇ ਤਹਿਤ ਫ਼ਿਰੋਜ਼ਪੁਰ ਦੇ ਸਰਕਟ ਹਾਊਸ ਵਿਖੇ ਮਹਿਲਾ ਵਿੰਗ ਦੀ ਇਕ ਅਹਿਮ ਜ਼ਿਲ੍ਹਾ ਪੱਧਰੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਹ ਮੀਟਿੰਗ ਮਹਿਲਾ ਵਿੰਗ ਦੇ ਦੇਸ਼ ਨਿਰਦੇਸ਼ਾਂ 'ਤੇ ਪੰਜਾਬ ਪ੍ਰਧਾਨ ਅਮਨ ਅਰੋੜਾ, ਜ਼ਿਲ੍ਹਾ ਪ੍ਰਧਾਨ ਦਿਲਜੋਤ ਢਲਣ ਤੇ ਜ਼ੋਨ ਇੰਚਾਰਜ ਜਸਵਿੰਦਰ ਕੌਰ ਦੀ ਅਗਵਾਈ ਹੇਠ ਸੰਪੰਨ ਹੋਈ। ਮੀਟਿੰਗ ਵਿੱਚ ਨਵੇਂ ਬਣੇ ਸਾਰੇ ਬਲਾਕ ਕੋਆਰਡੀਨੇਟਰਾਂ ਤੇ ਹਲਕਾ ਕੋਆਰਡੀਨੇਟਰਾਂ ਨੇ ਭਾਗ ਲਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਐੱਮਐੱਲਏ ਰਜਨੀਸ਼ ਕੁਮਾਰ ਦਹੀਆ, ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਘਾਂਗਾ, ਚੇਅਰਮੈਨ ਇਕਬਾਲ ਸਿੰਘ ਢਿੱਲੋਂ, ਜਗਦੇਵ ਸਿੰਘ ਬਾਮ, ਮਾਤਾ ਭੁਪਿੰਦਰ ਕੌਰ ਤੇ ਬੂਟਾ ਗੁਲਾਟੀ ਤੋਂ ਇਲਾਵਾ ਹਰੀਸ਼ ਸਮੇਤ ਕਈ ਹੋਰ ਪ੍ਰਮੁੱਖ ਆਗੂ ਮੌਜੂਦ ਸਨ। ਮੀਟਿੰਗ ਦਾ ਮੁੱਖ ਉਦੇਸ਼ ਮਹਿਲਾਵਾਂ ਨੂੰ ਉੱਦਮਤਾ ਲਈ ਉਤਸ਼ਾਹਤ ਕਰਨਾ ਤੇ ਜ਼ਮੀਨੀ ਪੱਧਰ 'ਤੇ ਪਾਰਟੀ ਦੇ ਮਹਿਲਾ ਵਿੰਗ ਨੂੰ ਹੋਰ ਮਜ਼ਬੂਤ ਕਰਨਾ ਸੀ। ਹਲਕਾ ਕੋਆਰਡੀਨੇਟਰ ਉਰਮਿਲਾ ਗੁਲਾਟੀ ਨੇ ਨਵੇਂ ਬਣੇ ਬਲਾਕ ਕੋਆਰਡੀਨੇਟਰਾਂ ਨੂੰ ਸਨਮਾਨਤ ਕੀਤਾ ਤੇ ਉਨ੍ਹਾਂ ਨੂੰ ਆਪਣੀਆਂ ਨਵੀਆਂ ਜ਼ਿੰਮੇਵਾਰੀਆਂ ਲਈ ਵਧਾਈ ਦਿੱਤੀ। ਇਸ ਮੌਕੇ ਮਹਿਲਾ ਸ਼ਕਤੀਕਰਨ ਤੇ ਪੰਜਾਬ ਨੂੰ ਮਜ਼ਬੂਤ ਬਣਾਉਣ ਦੇ ਟੀਚਿਆਂ 'ਤੇ ਜ਼ੋਰ ਦਿੱਤਾ ਗਿਆ।

## ਕੋਟਾਂ ਕਾਲਜ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਏ



ਦੋਰਾਹਾ (ਹਰਜਿੰਦਰ ਸੇਠ)-ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਰਹਿਨੁਮਾਈ ਹੇਠ ਅਤੇ ਸਕੱਤਰ ਵਿੱਦਿਆ ਇੰਜੀ. ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਏ ਗਏ।ਇਸ ਸਮਾਗਮ ਵਿੱਚ ਲੋਕਲ ਮੈਨੇਜਿੰਗ ਕਮੇਟੀ ਦੇ ਮੈਂਬਰ ਰਘਬੀਰ ਸਿੰਘ ਸਹਾਰਨਮਾਜਰਾ ਅਤੇ ਸੁਖਦੇਵ ਸਿੰਘ ਲਹਿਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਵਿੱਚ ਪ੍ਰਿੰਸੀਪਲ ਸਾਹਿਬ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਸਮੂਹਿਕ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਸੰਪੂਰਨ ਕੀਤੇ ਗਏ। ਉਪਰੰਤ ਸੰਗੀਤ ਵਿਭਾਗ ਦੇ ਮੁਖੀ ਪ੍ਰੋਫੈਸਰ ਰਾਜਿੰਦਰ ਕੌਰ ਅਤੇ ਵਿਦਿਆਰਥੀਆਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਗੁਰੂ ਸਾਹਿਬਾਨ ਦੀਆਂ ਲਾਸਾਨੀ ਕੁਰਬਾਨੀਆਂ ਨੂੰ ਯਾਦ ਰੱਖਦਿਆਂ ਸਿੱਖੀ ਸਿਧਾਂਤਾਂ ਅਤੇ ਗੁਰੂ- ਮਰਿਆਦਾ ਅਨੁਸਾਰ ਜੀਵਨ ਜਿਊਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਬਾਰੇ ਸਮਝਾਉਂਦਿਆਂ ਆਪਣੇ ਧਰਮ ਵਿੱਚ ਦ੍ਰਿੜ੍ਹ ਰਹਿਣ, ਗੁਰ-ਇਤਿਹਾਸ ਨੂੰ ਪੜ੍ਹਨ, ਸਮਝਣ ਅਤੇ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਪਰੰਤ ਕਾਲਜ ਦੀ ਧਾਰਮਿਕ ਕਮੇਟੀ ਦੇ ਮੈਂਬਰਾਂ ਪ੍ਰੋਫੈਸਰ ਰਾਜਿੰਦਰ ਕੌਰ, ਰਾਜਵੀਰ ਸਿੰਘ ਅਤੇ ਲੈਕਚਰਾਰ ਸੁਰਿੰਦਰ ਕੌਰ ਦਾ ਇਸ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ।

## ਪੈਨਸ਼ਨਰ ਭਵਨ ਦੀ ਖੁਸ਼ੀ 'ਚ ਸੁਖਮਨੀ ਸਾਹਿਬ ਦਾ ਪਾਠ 25 ਨੂੰ : ਢੋਸੀਵਾਲ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪ੍ਰਸ਼ਾ)-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਜ਼ਿਲ੍ਹਾ ਇਕਾਈ ਦੇ ਉਪਰਾਲੇ ਨਾਲ ਸਥਾਨਕ ਜ਼ਿਲ੍ਹਾ ਸਿੱਖਿਆ ਅਫਸਰ ਦਫਤਰ ਕੋਲ ਨਵੇਂ ਪੈਨਸ਼ਨਰ ਭਵਨ ਦੀ ਉਸਾਰੀ ਸੰਪੂਰਨ ਹੋ ਚੁੱਕੀ ਹੈ। ਪੈਨਸ਼ਨਰ ਭਵਨ ਦੀ ਉਸਾਰੀ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਸ) ਜਸਪਾਲ ਮੋਂਗਾ ਅਤੇ ਸ.ਸ.ਸ.ਸ. (ਲੜਕੇ) ਦੀ ਮੈਨੇਜਮੈਂਟ ਕਮੇਟੀ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਪੈਨਸ਼ਨਰ ਜਥੇਬੰਦੀਆਂ ਦੇ ਸੇਵਾ ਮੁਕਤ ਕਰਮਚਾਰੀਆਂ ਅਤੇ ਫੈਮਲੀ ਪੈਨਸ਼ਨਰਾਂ ਨੇ ਆਰਥਿਕ ਸਹਿਯੋਗ ਸਮੇਤ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਹੈ। ਪੈਨਸ਼ਨਰ ਭਵਨ ਸੰਪੂਰਨ ਹੋਣ 'ਤੇ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਨੇ ਭਵਨ ਦੀ ਉਸਾਰੀ ਵਿੱਚ ਸਹਿਯੋਗੀਆਂ ਦਾ ਧੰਨਵਾਦ ਕੀਤਾ ਹੈ। ਪੈਨਸ਼ਨਰ ਭਵਨ ਦੇ ਜ਼ਿਲ੍ਹਾ ਪ੍ਰੈਸ ਸਕੱਤਰ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਪੈਨਸ਼ਨਰ ਭਵਨ ਦੀ ਉਸਾਰੀ ਮੁਕੰਮਲ ਹੋਣ ਦੀ ਖੁਸ਼ੀ ਵਿੱਚ ਪੈਨਸ਼ਨਰ ਐਸੋਸੀਏਸ਼ਨ ਵੱਲੋਂ 25 ਨਵੰਬਰ ਨੂੰ ਸਵੇਰੇ 9:00 ਤੋਂ 11:00 ਵਜੇ ਤੱਕ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਜਾਣਗੇ। ਭੋਗ ਉਪਰੰਤ ਸਰਨਾਂ ਲਈ ਚਾਹ ਪਾਣੀ ਦਾ ਲੰਗਰ ਵਰਤਾਇਆ ਜਾਵੇਗਾ।ਐਸੋਸੀਏਸ਼ਨ ਵੱਲੋਂ ਚਾਲੂ ਸਾਲ ਦੀ ਰਹਿੰਦੀ ਪੰਜ ਸੌ ਰੁਪਏ ਦੀ ਰਜਿਸਟ੍ਰੇਸ਼ਨ/ ਮੈਂਬਰਸ਼ਿਪ ਫੀਸ ਵੀ ਜਮ੍ਹਾਂ ਕਰਵਾਉਣ ਦੀ ਅਪੀਲ ਕੀਤੀ ਗਈ ਹੈ। ਇਸ ਦੇ ਨਾਲ ਹੀ ਪ੍ਰਧਾਨ ਕਰਮਜੀਤ ਸ਼ਰਮਾ ਨੇ ਪੈਨਸ਼ਨਰ ਭਵਨ ਦੀ ਉਸਾਰੀ ਵਿੱਚ ਅਜੇ ਤੱਕ ਸਹਿਯੋਗ ਨਾ ਦੇਣ ਵਾਲੇ ਮੈਂਬਰਾਂ ਨੂੰ ਵੀ ਇਸ ਸਹਿਯੋਗੀ ਰਾਸ਼ੀ ਸੰਸਥਾ ਕੋਲ ਜਮ੍ਹਾਂ ਕਰਵਾਉਣ ਦੀ ਬੇਨਤੀ ਕੀਤੀ ਹੈ।

## ਲੇਖ ਮੁਕਾਬਲੇ 'ਚ ਕਿਰਨਦੀਪ ਕੌਰ ਨਾਫਰੇ ਨੇ ਚਮਕਾਇਆ ਜ਼ਿਲ੍ਹੇ ਦਾ ਨਾਂਅ



ਲੁਧਿਆਣਾ (ਜਸਦੀਪ ਵਰਤੀਆ)-ਬੀ ਸੀ ਐਮ ਸੀਨੀਅਰ ਸੈਕੰਡਰੀ ਸਕੂਲ ਫੋਕਲ ਪੁਆਇੰਟ ਦੀ ਹੋਣਹਾਰ ਵਿਦਿਆਰਥਣ ਕਿਰਨਦੀਪ ਕੌਰ ਨਾਫਰੇ (ਮਹਿਦੂਦਾਂ) ਨੇ ਇੱਕ ਵੱਡੀ ਮੱਲ ਮਾਰਦਿਆਂ ਲੁਧਿਆਣਾ ਜ਼ਿਲ੍ਹੇ ਦਾ ਨਾਮ ਪੰਜਾਬ ਭਰ ਵਿੱਚ ਚਮਕਾ ਦਿੱਤਾ ਹੈ। ਉਸ ਨੇ ਬੀਤੇ ਦਿਨ ਪੰਜਾਬ ਭਰ ਦੇ 11ਵੀਂ ਅਤੇ 12ਵੀਂ ਦੇ 400 ਵਿਦਿਆਰਥੀਆਂ 'ਚ ਹੋਏ ਲੇਖ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਲੁਧਿਆਣਾ ਜ਼ਿਲ੍ਹੇ, ਬੀ ਸੀ ਐਮ ਸੀਨੀਅਰ ਸੈਕੰਡਰੀ ਸਕੂਲ ਅਤੇ ਮਾਤਾ ਜਰਨਲਿਸਟ ਗੁਰਿੰਦਰ ਸਿੰਘ ਮਹਿਦੂਦਾਂ (ਮੁੱਖ ਸੰਪਾਦਕ) ਤੇ ਪਿਤਾ ਗੁਰਪ੍ਰੀਤ ਸਿੰਘ ਮਹਿਦੂਦਾਂ ਮੁਲਾਜ਼ਮ ਆਗੂ ਤੇ ਸਾਬਕਾ ਮੁੱਖ ਸੰਪਾਦਕ ਦਾ ਨਾਂਅ ਚਮਕਾ ਦਿੱਤਾ। ਕਿਰਨਦੀਪ ਕੌਰ ਨਾਫ਼ਰੇ ਦੀ ਪਹਿਲੀ ਪੁਜੀਸ਼ਨ ਆਉਣ 'ਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਅਤੇ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਸਾਂਝੇ ਤੌਰ 'ਤੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਲੁਧਿਆਣਾ ਵਿਖੇ ਆਯੋਜਿਤ ਰਾਜ ਪੱਧਰੀ ਬੱਚਿਆਂ ਦਾ ਸੈਮੀਨਾਰ ਸਿਹਤ ਅਤੇ ਖੁਸ਼ਹਾਲੀ ਲਈ ਦੁੱਧ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਖੇਤੀਬਾੜੀ, ਕਿਸਾਨ ਭਲਾਈ, ਫੂਡ ਪ੍ਰੋਸੈਸਿੰਗ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਨੇ 3000 ਰੁਪਏ ਦੇ ਨਕਦ ਇਨਾਮ, ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ। ਬੀ ਸੀ ਐਮ ਸੀਨੀਅਰ ਸੈਕੰਡਰੀ ਸਕੂਲ ਲਈ ਵੱਡੀ ਮਾਣ ਵਾਲੀ ਗੱਲ ਇਹ ਵੀ ਰਹੀ ਕਿ ਏਸੇ ਸਕੂਲ ਦੀਆਂ ਵਿਦਿਆਰਥਣਾਂ ਬਾਨੀ ਡੋਗਰਾ ਨੇ ਦੂਜਾ ਅਤੇ ਅਕਸ਼ਰਾ ਨੇ ਤੀਜਾ ਸਥਾਨ ਹਾਸਲ ਕੀਤਾ। ਉਨ੍ਹਾਂ ਦੋਵਾਂ ਨੂੰ ਵੀ ਏਸੇ ਸਮਾਗਮ ਵਿੱਚ 2000 ਰੁਪਏ ਦੇ ਨਕਦ ਇਨਾਮ, ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਖੁਸ਼ੀ ਸਾਂਝੀ ਕਰਦਿਆਂ ਕਿਰਨਦੀਪ ਕੌਰ ਨਾਫਰੇ ਨੇ ਕਿਹਾ ਕਿ ਉਸ ਨੇ ਪੱਤਰਕਾਰੀ ਦੇ ਖੇਤਰ ਵਿੱਚ ਚੰਗਾ ਸਥਾਨ ਰੱਖਣ ਵਾਲੇ ਆਪਣੇ ਮਾਤਾ ਪਿਤਾ ਦਾ ਵਿਸ਼ੇਸ਼ ਧੰਨਵਾਦ ਕਰਦਿਆ ਕਿਹਾ ਕਿ ਉਹ ਹਰ ਖੇਤਰ ਵਿੱਚ ਉਸ ਨੂੰ ਪ੍ਰੋਤਸਾਹਿਤ ਕਰਦੇ ਹਨ ਜਿਸ ਦੀ ਬਦੌਲਤ ਉਸ ਵੱਲੋਂ ਕਈ ਹੋਰ ਮੁਕਾਬਲੇ ਵੀ ਜਿੱਤੇ ਗਏ ਹਨ।

## ਬੰਗਾ ਸਕੂਲ ਦੇ ਵਿਦਿਆਰਥੀ ਨੇ ਬਤੌਰ ਮੰਤਰੀ ਮੌਕ ਸੈਸ਼ਨ 'ਚ ਹਿੱਸਾ ਲਿਆ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬੰਗਾਂ ਦੇ 12 ਜਮਾਤ ਦੇ ਵਿਦਿਆਰਥੀ ਮੋਹਿਤ ਕੁਮਾਰ ਪੁੱਤਰ ਸ਼੍ਰੀ ਤਰਸੇਮ ਸਿੰਘ ਨੇ ਪੰਜਾਬ ਵਿਧਾਨ ਸਭਾ ਦੇ ਸੰਵਿਧਾਨ ਦਿਵਸ 'ਤੇ 26 ਨਵੰਬਰ ਨੂੰ ਹੋਣ ਵਾਲੇ ਵਿਧਾਨ ਸਭਾ ਦੇ ਮੌਕ ਸ਼ੈਸਨ ਤੋਂ ਪਹਿਲਾਂ ਵਿਧਾਨ ਸਭਾ ਦੇ ਸਿਖਲਾਈ ਸੈਸ਼ਨ ਵਿੱਚ ਬਤੌਰ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਹਲਕਾ ਲਹਿਰਾ ਵਜੋਂ ਭਾਗ ਲਿਆ।ਵਿਧਾਨ ਸਭਾ ਦੇ ਇਸ ਮੌਕ ਸ਼ੈਸਨ ਲਈ ਸੂਬੇ ਦੇ 117 ਵਿਧਾਨ ਸਭਾ ਹਲਕਿਆਂ ਤੋਂ 11 ਵੀਂ ਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਿਖਲਾਈ ਦਿੱਤੀ ਗਈ।ਇਸ ਮੌਕੇ ਵਿਦਿਆਰਥੀ ਮੰਤਰੀ ਨੇ ਲਹਿਰਾ ਹਲਕੇ ਦੇ ਘੱਗਰ ਨਾਲ ਸੰਬੰਧੀ ਸਵਾਲਾਂ ਦਾ ਜਵਾਬ ਦਿੱਤਾ।ਵਿਦਿਆਰਥੀਆਂ ਤੇ ਅਧਿਆਪਕਾਂ ਨੇ ਪੰਜਾਬ ਸਰਕਾਰ ਦੀ ਇਸ ਵਿਲੱਖਣ ਤੇ ਸ਼ਾਨਦਾਰ ਪਹਿਲ ਲਈ ਧੰਨਵਾਦ ਕੀਤਾ।

## ਰਾਵਲ ਚੈਰੀਟੇਬਲ ਟਰੱਸਟ ਵੱਲੋਂ ਸਕੂਲੀ ਲੜਕੀਆਂ ਲਈ ਪ੍ਰਤੀਯੋਗਤਾ



ਸਮਰਾਲਾ (ਸੁਰਜੀਤ ਸਿੰਘ)-ਸੋਨਾਲੀ ਜੀਤ ਰਾਵਲ ਚੈਰੀਟੇਬਲ ਟਰੱਸਟ ਵੱਲੋਂ ਡਰਾਇੰਗ/ਪੇਂਟਿੰਗ ਪ੍ਰਤੀਯੋਗਤਾ ਕਰਵਾਈ ਗਈ ਹੈ। ਟਰੱਸਟ ਦੇ ਚੇਅਰਮੈਨ ਡਾ: ਜੀਤ ਰਾਵਲ ਨੇ ਦੱਸਿਆ ਕਿ ਡਰਾਇੰਗ/ਪੇਂਟਿੰਗ ਪ੍ਰਤੀਯੋਗਤਾ ਵਿਚ 4 ਸਕੂਲਾਂ ਦੀਆਂ 16 ਲੜਕੀਆਂ ਨੇ ਭਾਗ ਲਿਆ। ਡਰਾਇੰਗ/ਪੇਂਟਿੰਗ ਪ੍ਰਤੀਯੋਗਤਾ ਵਿਚ ਨਨਕਾਣਾ ਸਾਹਿਬ ਪਬਲਿਕ ਸਕੂਲ ਦੀ ਜਸਪ੍ਰੀਤ ਕੌਰ ਨੂੰ ਪਹਿਲਾ, ਇਸੇ ਸਕੂਲ ਦੀ ਅਦਰਸ਼ਪ੍ਰੀਤ ਕੌਰ ਨੂੰ ਦੂਜਾ ਅਤੇ ਸਰਕਾਰੀ ਸਕੂਲ (ਲੜਕੀਆਂ) ਦੀ ਪਾਇਲ ਅਤੇ ਐਮ.ਏ.ਐਮ. ਪਬਲਿਕ ਸਕੂਲ ਦੀ ਸਮੀਕਸ਼ਾ ਮੌਰੀਆ ਨੇ ਤੀਜਾ ਇਨਾਮ ਪ੍ਰਾਪਤ ਕੀਤਾ। ਬਾਕੀ 12 ਲੜਕੀਆਂ ਨੂੰ ਕੰਨਸੋਲੇਸ਼ਨ ਇਨਾਮ ਦਿੱਤੇ ਗਏ। ਇਸ ਮੌਕੇ ਟਰੱਸਟੀ ਬਿਮਲਾ ਰਾਣੀ, ਨੀਲਮ ਅਤੇ ਐਮ.ਏ.ਐਮ. ਪਬਲਿਕ ਸਕੂਲ ਦੀ ਪ੍ਰਿੰਸੀਪਲ ਮੋਨਿਕਾ ਮਲਹੋਤਰਾ ਤੋਂ ਇਲਾਵਾ ਅਧਿਆਪਕ ਕਮਲਪ੍ਰੀਤ ਕੌਰ, ਸੰਜੀਤ ਕੌਰ, ਕਮਲਜੀਤ ਕੌਰ, ਸੁਖਵਿੰਦਰ ਕੌਰ, ਭੁਪਿੰਦਰ ਕੌਰ ਵੀ ਹਾਜ਼ਰ ਸਨ।

# ਬੇਨੜਾ 'ਚ ਮੁੱਖ ਮੰਤਰੀ ਵੱਲੋਂ ਜਿੰਮ ਤੇ ਲਾਇਬਰੇਰੀ ਲੋਕ ਅਰਪਿਤ



ਮੈਂ, ਨਿਰਮਲ ਜੀਤ ਪਤਨੀ ਲੇਟ ਸ੍ਰੀ ਬਿਹਾਰੀ ਲਾਲ, ਵਾਸੀ ਨਜ਼ਦੀਕ ਰਵਿਦਾਸ ਗੁਰਦੁਆਰਾ, ਪਿੰਡ ਖੁਰਲਾ ਕਿੰਗਰਾ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਮਰੀਸ਼ ਕੁਮਾਰ ਅਤੇ ਨੂੰਹ ਅਮਨਦੀਪ ਕੌਰ ਪਤਨੀ ਅਮਰੀਸ਼ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੋਮ ਨਾਥ ਪੁੱਤਰ ਪੂਰਨ ਚੰਦ, ਵਾਸੀ ਚੰਨੂਵਾਲਾ ਰੋਡ, ਬਾਘਾ ਪੁਰਾਣਾ, ਤਹਿਸੀਲ ਬਾਘਾ ਪੁਰਾਣਾ, ਜ਼ਿਲ੍ਹਾ ਮੋਗਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਿਤ ਗਰਗ ਅਤੇ ਨੂੰਹ ਚੰਚਲ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ ਅਤੇ ਹਰ ਕੰਮ ਆਪਣੀ ਮਰਜ਼ੀ ਨਾਲ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਪਰਮਜੀਤ ਕੁਮਾਰ ਪੁੱਤਰ ਕ੍ਰਿਸ਼ਨ ਲਾਲ ਅਤੇ ਜੋਤੀ ਪਤਨੀ ਪਰਮਜੀਤ ਕੁਮਾਰ, ਵਾਸੀ ਮਕਾਨ ਨੰ: 67/1, ਭਾਰਗੋ ਨਗਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਮਾਨਸੀ ਸਾਡੇ ਕਹਿਣੇ ਤੋਂ ਬਾਹਰ ਹੈ। ਸਾਡੇ ਸਮਝਾਉਣ 'ਤੇ ਨਹੀਂ ਸਮਝਦੀ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਰੇਸ਼ਮ ਕੌਰ ਪਤਨੀ ਲੇਟ ਹਰਭਜਨ ਦਾਸ ਵਾਸੀ ਪਿੰਡ ਲੰਗੇਰੀ ਤਹਿਸੀਲ ਬੰਗਾਂ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੀ ਹਲਫੀਆ ਬਿਆਨ ਕਰਦੀ ਹਾਂ ਮੇਰਾ ਲੜਕਾ ਪ੍ਰਭਜੀਤ ਕੁਮਾਰ, ਨੂੰਹ ਪ੍ਰਵੀਨ ਕੌਰ, ਪੋਤਾ ਤਾਨੀਸ਼ ਪੋਤੀ ਹਰਮਨ ਮੇਰੇ ਕਹਿਣੇ ਵਿੱਚ ਨਹੀਂ ਹਨ। ਮੈਂ ਇਹਨਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਕੁਲਦੀਪ ਸਿੰਘ ਪੁੱਤਰ ਦੌਲਤ ਸਿੰਘ ਵਾਸੀ ਪਿੰਡ ਠੱਕਰਵਾਲ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕੋਮਲ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦੀ ਖੁਦ ਜ਼ੁੰਮੇਵਾਰ ਹੋਵੇਗੀ।

ਅਸੀ ਅਸ਼ਵਨੀ ਕੁਮਾਰ ਪੁੱਤਰ ਤੀਰਥ ਰਾਮ ਅਤੇ ਪ੍ਰਵੀਨ ਕੁਮਾਰੀ ਪਤਨੀ ਅਸ਼ਵਨੀ ਕੁਮਾਰ ਵਾਸੀ 109, ਗਲੀ ਸੇਖਾ ਵਾਲੀ, ਅੰਦਰੂਨੀ ਲਾਹੌਰੀ ਗੇਟ, ਅੰਮ੍ਰਿਤਸਰ, ਬਿਆਨ ਕਰਦੇ ਹੈ ਕਿ ਸਾਡਾ ਲੜਕਾ ਹਰਸ਼ ਉਰਫ ਜਾਨੂੰ ਜੋ ਕਿ ਸਾਡੇ ਕਹਿਣੇ, ਸੁਨਣੇ ਤੋਂ ਬਾਹਰ ਹੈ, ਮਾੜੀ ਸੰਗਤ ਵਿਚ ਪੈ ਗਿਆ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਅਸੀ ਉਸਨੂੰ ਆਪਣੀ ਹਰ ਕਿਸਮ ਦੀ ਚੱਲ, ਅਚੱਲ ਜਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਅਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ। ਸਾਡਾ ਤੇ ਸਾਡੇ ਪਰਿਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਨਵਦੀਪ ਢੰਡ ਪੁੱਤਰ ਲੇਟ ਨਰਿੰਦਰ ਕੁਮਾਰ, ਵਾਸੀ ਪਿੰਡ ਸ਼ੇਖ ਦੌਲਤ, ਜਗਰਾਉਂ, ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ ਬਿਆਨ ਕਰਦਾ ਹਾਂ ਕਿ ਸੋਨੀਆ ਮੇਰੀ ਹਕੀਕੀ ਭੈਣ ਹੈ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਨਾਲ ਆਪਣੀ ਸ਼ਾਦੀ ਕਰ ਲਈ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਰਣਜੀਤ ਸਿੰਘ ਪੁੱਤਰ ਸ੍ਰ. ਲੱਖਾ ਸਿੰਘ ਵਾਸੀ ਮਕਾਨ ਨੰ.02, ਜੁਝਾਰ ਸਿੰਘ ਐਵੀਨਿਊ, ਨੇੜੇ ਪੰਜਾਬ ਐਂਡ ਸਿੰਧ ਬੈਂਕ, ਅਜਨਾਲਾ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਰਮਾਨਦੀਪ ਸਿੰਘ ਮੇਰੀ ਕਹਿਣੀ ਤੇ ਕਰਨੀ ਤੋਂ ਬਾਹਰ ਹੈ। ਮੇਰਾ ਲੜਕਾ ਮੇਰੇ ਨਾਲ ਲੜਾਈ ਝਗੜਾ ਕਰਦਾ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦਾ ਹੈ , ਇਸ ਵੱਲੋਂ ਮੈਨੂੰ ਤੰਗ - ਪ੍ਰੇਸ਼ਾਨ ਕਰਨ ਤੇ ਮੈਂ ਇਸਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਅਰਮਾਨਦੀਪ ਸਿੰਘ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਮੇਰੀ ਅਤੇ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕੁੰਦਨ ਸਿੰਘ ਪੁੱਤਰ ਸ੍ਰੀ ਸਰਵਣ ਸਿੰਘ, ਵਾਸੀ ਪਿੰਡ ਕੰਗਣੀਵਾਲ, ਡਾਕ. ਹਜ਼ਾਰਾ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰੇ ਲੜਕੇ ਰਣਜੀਤ ਸਿੰਘ ਉਰਫ ਰਣਜੀਤ ਅਤੇ ਮਨਜੀਤ ਸਿੰਘ ਉਰਫ ਮਨਜੀਤ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਕਰਮਬੀਰ ਕੌਰ ਪੁੱਤਰੀ ਸ੍ਰ. ਲਖਵਿੰਦਰ ਸਿੰਘ ਵਾਸੀ ਮਕਾਨ ਨੰ.02, ਜੁਝਾਰ ਸਿੰਘ ਐਵੀਨਿਊ, ਨੇੜੇ ਪੰਜਾਬ ਐਂਡ ਸਿੰਧ ਬੈਂਕ, ਅਜਨਾਲਾ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਰਮਾਨਦੀਪ ਸਿੰਘ ਮੇਰੀ ਕਹਿਣੀ ਤੇ ਕਰਨੀ ਤੋਂ ਬਾਹਰ ਹੈ। ਮੇਰਾ ਲੜਕਾ ਮੇਰੇ ਨਾਲ ਲੜਾਈ ਝਗੜਾ ਕਰਦਾ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦਾ ਹੈ , ਇਸ ਵੱਲੋਂ ਮੈਨੂੰ ਤੰਗ - ਪ੍ਰੇਸ਼ਾਨ ਕਰਨ ਤੇ ਮੈਂ ਇਸਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ।ਅਰਮਾਨਦੀਪ ਸਿੰਘ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਮੇਰੀ ਅਤੇ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕਰਨੈਲ ਸਿੰਘ ਪੁੱਤਰ ਹਰੀ ਸਿੰਘ, ਵਾਸੀ ਬਰਿਆਰ, ਤਹਿਸੀਲ ਭੁਲੱਥ (ਕਪੂਰਥਲਾ) ਆਪਣੀ ਲੜਕੀ ਜਸ਼ਨਪ੍ਰੀਤ ਕੌਰ, ਜੋ ਕਿ ਬਾਲਗ ਹੈ, ਨੂੰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮੁਸਤਾਕ ਮਸੀਹ ਪੁੱਤਰ ਯੂਸਫ ਮਸੀਹ, ਵਾਸੀ ਪਿੰਡ ਪਸਨਾਵਾਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਪੁੱਤਰ ਵਿਜੇ ਮਸੀਹ ਅਤੇ ਮੇਰੀ ਨੂੰਹ ਰੀਨਾ ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਾਨੀ ਪਤਨੀ ਲੇਟ ਸ੍ਰੀ ਸ਼ੰਕਰ ਦਾਸ ਵਾਸੀ ਮਕਾਨ ਨੰ: 21, ਮੁੱਹਲਾ ਨੰ: 16 ਜਲੰਧਰ ਕੈਂਟ ਬਿਆਨ ਕਰਦੀ ਹਾਂ ਕਿ ਮੇਰਾ ਛੋਟਾ ਲੜਕਾ ਗਗਨ ਅਤੇ ਉਸਦੀ ਪਤਨੀ ਰਾਧਿਕਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਅਤੇ ਇਨ੍ਹਾਂ ਦੇ ਵਾਰਸਾਨ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸਰਬਜੀਤ ਪਤਨੀ ਸ੍ਰੀ ਸਾਗਰ ਮਸੀਹ ਵਾਸੀ ਪਿੰਡ ਤੇ ਡਾਕ: ਭੰਡਾਲ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਮੀਰ ਮਸੀਹ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਰੇਨੂੰ ਬਾਲਾ ਪਤਨੀ ਕੁਲਵਿੰਦਰ ਸਿੰਘ ਵਾਸੀ ਮਕਾਨ ਨੰ. 10, ਰਾਜਨ ਕਲੋਨੀ, ਬਸਤੀ ਪੀਰ ਦਾਦ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਕੁਲਵਿੰਦਰ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## PUBLIC NOTICE

I, Manjit Kaur W/o Jaswinder Singh R/o Village and PO Kandhala Jattan Distt. Hoshiarpur 146116 Punjab declare that my minor daughter name Deepka 10th class certificate my name has been wrongly mentioned as Manjeet Kaur. But my correct name is all documents Manjit Kaur. Concerned note.

I, Manjit Kaur W/o S. Bhupinder Singh R/o H.No. 401, Paras Estate, Basti Peer Dad, Jalandhar, Punjab declare that my son Jatinder Singh is out of my control. I disinherit him from my moveable and immovable properties. I and my family shall not be held responsible for any of his acts, deeds and things. All please note.

## ਨਾਂਅ ਦੀ ਬਦਲੀ

ਮੈਂ ਸਾਹਿਲ ਪੁੱਤਰ ਚਰਨਜੀਤ ਕੁਮਾਰ ਵਾਸੀ ਪਿੰਡ ਭਲਿਆਲਾ, ਡਾਕਖਾਨਾ ਬਸੀ ਬਜੀਦ, ਤਹਿਸੀਲ ਅਤੇ ਜਿਲਾ ਹੁਸ਼ਿਆਰਪੁਰ ਦਾ ਪੱਕਾ ਵਸਨੀਕ ਹਾਂ। ਮੈਂ ਆਪਣਾ ਨਾਮ ਸਾਹਿਲ ਤੋਂ ਬਦਲ ਕੇ ਸਾਹਿਲ ਸਿੰਘ ਰੱਖ ਲਿਆ ਹੈ ਮੈਨੂੰ ਸਾਹਿਲ ਸਿੰਘ ਦੇ ਨਾਮ ਨਾਲ ਬੁਲਾਇਆ ਜਾਏ।

ਮੈਂ ਬਿਕਰਮਜੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਚੱਕ ਫ਼ਤੇਹ ਖਾਂ ਤਹਿਸੀਲ ਰਾਜਾਸਾਂਸੀ ਜਿਲਾ ਅੰਮ੍ਰਿਤਸਰ ਨੇ ਆਪਣਾ ਨਾਮ ਬਿੱਕਰ ਸਿੰਘ ਤੋਂ ਬਦਲ ਕੇ ਬਿਕਰਮਜੀਤ ਸਿੰਘ ਰੱਖ ਲਿਆ ਹੈ ।

ਮੈਂ, ਸ਼ੁਭਨੀਤ ਕੁਮਾਰ ਪੁੱਤਰ ਰਜਿੰਦਰ ਕੁਮਾਰ, ਵਾਸੀ ਪਿੰਡ ਲੱਖਨਪਾਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143530, ਮੈਂ ਆਪਣਾ ਨਾਂਅ ਬਦਲ ਕੇ ਸੁਬਨੀਤ ਕੁਮਾਰ ਰੱਖ ਲਿਆ ਹੈ।

ਮੈਂ, ਕੁਮੁਦ ਪੁੱਤਰੀ ਅਮਿਤ ਕੁਮਾਰ, ਵਾਸੀ 626/14, ਗਵਰਨਮੈਂਟ ਕਾਲਜ ਰੋਡ, ਨੇੜੇ ਦਸਮੇਸ਼ ਸਵੀਟਸ, ਸੰਤ ਨਗਰ, ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143521, ਮੈਂ ਆਪਣਾ ਨਾਂਅ ਕੁਮੁਦ ਤੋਂ ਬਦਲ ਕੇ ਕੁਮੁਦ ਕਸ਼ਯਪ ਰੱਖ ਲਿਆ ਹੈ।

## ਦਸਤਾਵੇਜ਼ ਗੁੰਮ

ਮੈਂ, ਪ੍ਰੇਮ ਕੁਮਾਰ ਪੁੱਤਰ ਸ੍ਰੀ ਵਿੰਦਿਯਚਲ ਵਾਸੀ ਮਕਾਨ ਨੰ: 9-ਸੀ, ਲੇਨ ਨੰ: 12, ਨਿਊ ਆਜਾਦ ਨਗਰ, ਮਾਡਲ ਟਾਊਨ, ਜਲੰਧਰ, ਪੰਜਾਬ-144003 ਬਿਆਨ ਕਰਦਾ ਹਾਂ ਕਿ ਮਿਤੀ 24-08-2025 ਨੂੰ ਆਪਣੀ ਪ੍ਰਾਪਰਟੀ ਦੇ ਦਸਤਾਵੇਜ ਲੈਕੇ ਦਫਤਰ ਵੱਲ ਜਾ ਰਿਹਾ ਸੀ। ਰਸਤੇ ਵਿੱਚ ਮੇਰੇ ਬੈਗ ਵਿੱਚੋਂ ਮੇਰੀ ਪ੍ਰਾਪਰਟੀ ਦੇ ਦਸਤਾਵੇਜ ਜਿਨ੍ਹਾਂ ਵਿੱਚ ਮੇਰੇ ਇੱਕ ਪਲਾਟ ਨੰ: 98, ਰਾਜ ਇੰਨਕਲੇਵ, ਪਿੰਡ ਵਡਾਲਾ, ਜਲੰਧਰ ਦੀ ਰਜਿਸਟਰੀ ਵਾ ਹੋਰ ਆਈ.ਡੀ.ਪਰੂਫਾ ਦੀਆਂ ਕਾਪੀਆਂ ਸਨ ਜੋ ਕਿ ਕਿੱਧਰੇ ਰਸਤੇ ਵਿੱਚ ਡਿੱਗ ਪਈਆਂ ਸਨ। ਜੇਕਰ ਉਕਤ ਦਸਤਾਵੇਜ ਕਿਸੇ ਨੂੰ ਮਿਲਣ ਤਾਂ ਉਪਰੋਕਤ ਪਤੇ ਤੇ ਸੰਪਰਕ ਕਰੇ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

(U/O 5 Rule 20 CPC)
In The Court of
Hasan Deep Singh Bajwa
Additional Civil Judge (Senior Division), Kharar
CNR No. PBSAA0-000862-2025
Next Date:- 24-12-2025
EXE/121/2025

Anil Kumar Hooda R/o D-92, Yadav Nagar, Samaypur Badli, Delhi-110042.

Vs.

Parmjeet Kaur W/o Gurjeet Singh R/o H.No. 391, Amloh Road, Near Bhushan Shop Kartar Nagar, Khanna, Distt. Ludhiana.

Publication Issued To:
Parmjeet Kaur W/o Gurjeet Singh, R/o H.No. 391, Amloh Road, Near Bhushan Shop, Kartar Nagar, Khanna, District Ludhiana.

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 24-12-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division) Kharar
Dated, this day of 17-11-2025

## COURT NOTICE

(U/O 5 Rule 20 CPC)
In The Court of Maitri Kakkar
Civil Judge (Junior Division),
Kharar
CNR No. PBSAA0-001481-2023
Next Date: 19-12-2025
Mohinder Singh
Vs.
Rajinder Pal Singh Dhanoa
Publication Issued To:
Rajinder Pal Singh Dhanoa
Father: Ujjagar Singh
Village Gharuan, Tehsil Kharar, District SAS Nagar Mohali

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 19-12-2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division),
Kharar
Dated, this day of 18-11-2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੂਜਾ ਅਜੀਤਵਾਲ, ਤਹਿ: ਵਾ ਜ਼ਿਲ੍ਹਾ ਮੋਗਾ।
ਕੇਸ ਅਨੁਵਾਨ : ਮਨਜੀਤ ਕੌਰ ਬਨਾਮ ਗੁਰਮੇਲ ਸਿੰਘ ਵਗੈਰਾ
ਕਿਸਮ : ਗਿਰਦਾਵਰੀ (ਪਿੰਡ ਪੁਰਾਣੇਵਾਲਾ) ਖੇਵਟ ਨੰਬਰ : 72, 140, 221 ਅਤੇ 13

ਉਪਰੋਕਤ ਕੇਸ ਅਨੁਵਾਨ ਵਿੱਚ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਨਜੀਤ ਕੌਰ ਵਿਧਵਾ ਨਛੱਤਰ ਸਿੰਘ ਪੁੱਤਰ ਨੰਦ ਸਿੰਘ, ਵਾਸੀ ਪਿੰਡ ਪੁਰਾਣੇਵਾਲਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਵੱਲੋਂ ਨਿਮਨਹਸਤਾਖਰ ਦੀ ਅਦਾਲਤ ਵਿੱਚ ਗਿਰਦਾਵਰੀ ਦਾ ਕੇਸ ਦਾਇਰ ਕੀਤਾ ਹੈ, ਜਿਸ ਵਿੱਚ ਹੇਠ ਲਿਖੇ ਉੱਤਰਵਾਦੀ ਨੂੰ ਪਾਰਟੀ ਬਣਾਇਆ ਗਿਆ ਹੈ ਅਤੇ ਅਦਾਲਤ ਨੂੰ ਇਹ ਯਕੀਨ ਹੋ ਚੁੱਕਾ ਹੈ ਕਿ ਹੇਠ ਲਿਖੇ ਉੱਤਰਵਾਦੀ ਦੀ ਤਲਬੀ ਸਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ।

ਇਸ ਲਈ ਹੇਠ ਲਿਖੇ ਉੱਤਰਵਾਦੀ ਨੂੰ ਇਸ ਪਬਲਿਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਨਿਮਨਹਸਤਾਖਰ ਦੀ ਅਦਾਲਤ ਵਿੱਚ ਮਿਤੀ 10-12-2025 ਜਾਂ ਇਸ ਤੋਂ ਪਹਿਲਾਂ-ਪਹਿਲਾਂ ਅਸਾਲਤਨ ਜਾਂ ਵਕਾਲਤਨ ਇਸ ਗਿਰਦਾਵਰੀ ਕੇਸ ਵਿੱਚ ਪੈਰਵੀ ਲਈ ਹਾਜ਼ਰ ਹੋ ਸਕਦੇ ਹਨ।ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਮਿਤੀ 10-12-2025 ਤੋਂ ਬਾਅਦ ਗੈਰ-ਹਾਜ਼ਰ ਉੱਤਰਵਾਦੀਆਨ ਅਤੇ ਉਸ ਦੇ ਵਾਰਸਾਂ ਦਾ ਕੋਈ ਇਤਰਾਜ਼ ਨਹੀਂ ਵਿਚਾਰਿਆ ਜਾਵੇਗਾ।

ਇਹ ਨੋਟਿਸ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਨੰ: 94/ਰੀਡਰ ਮਿਤੀ : 21.11.2025
ਸਹਾਇਕ ਕੁਲੈਕਟਰ ਦਰਜਾ-2 ਅਜੀਤਵਾਲ, ਤਹਿ. ਵਾ ਜ਼ਿਲ੍ਹਾ ਮੋਗਾ।

1. ਗੁਰਮੇਲ ਸਿੰਘ ਪੁੱਤਰ ਜਗਤ ਸਿੰਘ ਉਰਫ ਜੱਗਰ ਸਿੰਘ ਪੁੱਤਰ ਖਜਾਨ ਸਿੰਘ ਵਾਸੀ ਪਿੰਡ ਪੁਰਾਣੇਵਾਲਾ, ਤਹਿਸੀਲ ਵਾ ਜ਼ਿਲਾ ਮੋਗਾ। 2. ਅਜਮੇਰ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਨੰਦ ਸਿੰਘ 3. ਬਲਵੰਤ ਸਿੰਘ ਪੁੱਤਰ ਨੰਦ ਸਿੰਘ ਪੁੱਤਰ ਰਤਨ ਸਿੰਘ 4. ਹਰਪਾਲ ਸਿੰਘ 5. ਸੁਖਪਾਲ ਸਿੰਘ ਪੁੱਤਰਾਨ ਬਲਵੰਤ ਸਿੰਘ ਪੁੱਤਰ ਰਤਨ ਸਿੰਘ 6. ਗੁਰਪ੍ਰੀਤ ਸਿੰਘ ਪੁੱਤਰਾਨ ਗੁਰਮੇਲ ਸਿੰਘ ਪੁੱਤਰ ਜਗਤ ਸਿੰਘ 7. ਗੁਰਸੇਵਕ ਸਿੰਘ ਪੁੱਤਰ ਜਗਦੇਵ ਸਿੰਘ ਪੁੱਤਰ ਜਗਤ ਸਿੰਘ 8. ਨੰਦ ਸਿੰਘ ਪੁੱਤਰ ਰਤਨ ਸਿੰਘ ਪੁੱਤਰ ਖਜਾਨ ਸਿੰਘ। ਸਾਰੇ ਵਾਸੀਆਨ ਪਿੰਡ ਪੁਰਾਣੇਵਾਲਾ, ਤਹਿਸੀਲ ਵਾ ਜ਼ਿਲਾ ਮੋਗਾ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਵਿਕਾਸ ਸ਼ਰਮਾ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-2, ਮੋਗਾ (ਪੰਜਾਬ)
ਕੇਸ ਅਨੁਵਾਨ : ਗੁਰਦੇਵ ਸਿੰਘ ਬਨਾਮ ਨਿਰਭੈ ਸਿੰਘ ਵਗੈਰਾ
ਕੇਸ ਨੰਬਰ : 214.ਏ.ਸੀ.-1 ਤਕਸੀਮ ਕੇਸ ਰਜੂਆ ਮਿਤੀ : 05-11-2024
ਵਾਕਿਆ ਪਿੰਡ : ਦੌਲਤਪੁਰਾ ਉੱਚਾ ਖੇਵਟ ਨੰਬਰ : 77/61 ਜਮ੍ਹਾਂਬੰਦੀ ਸਾਲ 2019-2020
ਗੁਰਦੇਵ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਸ਼ੇਰ ਸਿੰਘ, ਵਾਸੀ ਪਿੰਡ ਚੂਹੜ ਚੱਕ, ਤਹਿਸੀਲ ਤੇ ਜ਼ਿਲ੍ਹਾ ਮੋਗਾ।
....ਦਰਖਾਸਤੀ

ਬਨਾਮ

ਨਿਰਭੈ ਸਿੰਘ ਪੁੱਤਰ ਸਰਦਾਰਾ ਸਿੰਘ ਪੁੱਤਰ ਧਿਆਨ ਸਿੰਘ ਅਤੇ ਹੋਰ ਵਾਸੀਆਨ ਪਿੰਡ ਦੌਲਤਪੁਰਾ ਨੀਵਾਂ, ਤਹਿਸੀਲ ਤੇ ਜ਼ਿਲ੍ਹਾ ਮੋਗਾ।
........ਉੱਤਰਵਾਦੀ ਧਿਰ

ਉਕਤ ਅਨੁਵਾਨ ਤਹਿਤ ਕੇਸ ਨਿਮਨਹਸਤਾਖਰ ਦੀ ਅਦਾਲਤ ਵਿੱਚ ਸੁਣਵਾਈ ਅਧੀਨ ਹੈ। ਇਸ ਕੇਸ ਵਿੱਚ ਹੇਠ ਲਿਖੇ ਫਰੀਕਸਾਨੀ ਉੱਤਰਵਾਦੀ ਧਿਰ ਦੀ ਇਤਲਾਹ ਸਧਾਰਨ ਤਰੀਕੇ ਨਾਲ ਨਹੀਂ ਹੋ ਸਕੀ । ਇਸ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 28-11-2025 ਲਈ ਮੁਕਰਰ ਹੈ।ਇਸ ਪਬਲਿਕ ਨੋਟਿਸ ਰਾਹੀਂ ਹੇਠ ਲਿਖਤ ਧਿਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਮਿਤੀ ਨੂੰ ਸਵੇਰੇ 10:00 ਵਜੇ ਅਸਾਲਤਨ ਜਾਂ ਵਕਾਲਤਨ ਆਪਣਾ ਪੱਖ ਪੇਸ਼ ਕਰਨ ਲਈ ਨਿਮਾਨਹਸਤਾਖਰ ਦੀ ਅਦਾਲਤ (ਕਮਰਾ ਨੰ. ਸੀ-105, ਪਹਿਲੀ ਮੰਜ਼ਲ, ਚੇਨਾਬ ਜੇਹਲਮ ਬਲਾਕ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮੋਗਾ) ਵਿੱਚ ਹਾਜ਼ਰ ਆਉਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਗੁਜ਼ਰਨੇ ਮਿਆਦ ਕੀਤਾ ਗਿਆ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ।

ਅੱਜ ਮਿਤੀ 21/11/2025 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।
ਨੰਬਰ 364/ਰੀਡਰ-2 ਮਿਤੀ : 21-11-2025

ਸਹਾਇਕ ਕੁਲੈਕਟਰ ਦਰਜਾ-2, ਮੋਗਾ

ਉੱਤਰਵਾਦੀ ਧਿਰ ਦਾ ਨਾਂਅ ਅਤੇ ਪਤਾ

ਨਿਰਭੈ ਸਿੰਘ ਪੁੱਤਰ ਸਰਦਾਰਾ ਸਿੰਘ ਪੁੱਤਰ ਧਿਆਨ ਸਿੰਘ, ਅਮਰਜੀਤ ਸਿੰਘ ਪੁੱਤਰ ਸਰਦਾਰਾ ਸਿੰਘ ਪੁੱਤਰ ਧਿਆਨ ਸਿੰਘ, ਹਰਦੇਵ ਸਿੰਘ ਪੁੱਤਰ ਮਨਵਰ ਸਿੰਘ ਪੁੱਤਰ ਸਰਦਾਰਾ ਸਿੰਘ, ਬਿਬਲਜੀਤ ਸਿੰਘ ਪੁੱਤਰ ਮਨਵਰ ਸਿੰਘ ਪੁੱਤਰ ਸਰਦਾਰਾ ਸਿੰਘ, ਸਾਰੇ ਵਾਸੀਆਨ ਪਿੰਡ ਦੌਲਤਪੁਰਾ ਉੱਚਾ, ਤਹਿਸੀਲ ਤੇ ਜ਼ਿਲ੍ਹਾ ਮੋਗਾ, ਸੁਰਜੀਤ ਕੌਰ ਪਤਨੀ ਟੇਕ ਸਿੰਘ ਪੁੱਤਰ ਦੰਮਣ ਸਿੰਘ, ਵਾਸੀ ਲੌਂਗੋਦੇਵਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ, ਸੇਵਕ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਕਿਰਪਾਲ ਸਿੰਘ, ਵਾਸੀ ਹਿੰਮਤ ਸਿੰਘ ਨਗਰ ਦੁੱਨੇਕੇ, ਤਹਿ. ਵਾ ਜ਼ਿਲ੍ਹਾ ਮੋਗਾ। ਪਿਆਰਾ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਸ਼ਾਮ ਸਿੰਘ ਰਾਹੀਂ ਵਾਰਸਾਨ (ੳ) ਰਣਜੀਤ ਕੌਰ ਪਤਨੀ ਲੇਟ ਪਿਆਰਾ ਸਿੰਘ (ਅ) ਰਣਧੀਰ ਸਿੰਘ ਪੁੱਤਰ ਲੇਟ ਪਿਆਰਾ ਸਿੰਘ (ੲ) ਰਾਮਬੀਰ ਸਿੰਘ ਪੁੱਤਰ ਲੇਟ ਪਿਆਰਾ ਸਿੰਘ, ਸਾਰੇ ਵਾਸੀਆਨ ਪਿੰਡ ਦੌਲਤਪੁਰਾ ਉੱਚਾ, ਤਹਿ. ਤੇ ਜ਼ਿਲ੍ਹਾ ਮੋਗਾ।

## Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਾਇਦਾਦ ਵਿਕਰੀ ਸੂਚਨਾ**

ਨਿਮਨਹਸਤਾਖ਼ਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਰਫੇਸੀ ਐਕਟ ਦੇ ਸੈਕਸ਼ਨ 13(4) ਅਧੀਨ ਹੇਠਾਂ ਵਰਨਣ ਜਾਇਦਾਦ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।
ਜਨਤਾ ਨੂੰ ਵੱਡੇ ਪੱਧਰ 'ਤੇ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਐਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਖਰਚਿਆਂ ਦੀ ਵਸੂਲੀ ਲਈ ਹੇਠਾਂ ਦਰਸਾਏ ਕੇਸ ਵਿੱਚ ਵਿਕਰੀ ਬੈਂਕ ਦੁਆਰਾ ਮਿਤੀ 29-12-2025 ਨੂੰ ਕਰਵਾਈ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | 1. ਮੈਸਰਜ਼ ਕਾਲੜਾ ਸਵੀਟ ਸ਼ਾਪ, ਪਿੰਡ ਉੱਗੀ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਰਾਹੀਂ ਇਸ ਦੇ ਪ੍ਰੋਪਰਾਈਟਰ ਸ੍ਰੀ ਸ਼ੰਮੀ ਕਾਲੜਾ (ਕਰਜ਼ਦਾਰ) 2. ਸ੍ਰੀ ਸ਼ੰਮੀ ਕਾਲੜਾ ਪੁੱਤਰ ਮੋਹਨ ਲਾਲ ਕਾਲੜਾ ਵਾਸੀ ਉੱਗੀ ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਪੰਜਾਬ-144623 (ਪ੍ਰੋਪਰਾਈਟਰ ਮੈਸਰਜ਼ ਕਾਲੜਾ ਸਵੀਟ ਸ਼ਾਪ) 3. ਸ੍ਰੀ ਜਿੰਮੀ ਕਲਹਾੜਾ ਉਰਫ ਜਿੰਮੀ ਕਾਲੜਾ ਪੁੱਤਰ ਮੋਹਨ ਲਾਲ ਵਾਸੀ ਮਕਾਨ ਨੰ. 274, ਵਾਸੀ ਉੱਗੀ ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਪੰਜਾਬ-144623 (ਗਰੰਟਰ) 4. ਸ੍ਰੀ ਪ੍ਰਵੀਨ ਕੁਮਾਰ ਪੁੱਤਰ ਗੋਪਾਲ ਦਾਸ ਵਾਸੀ ਨੇੜੇ ਬਾਬਾ ਲਾਖਾ ਉੱਗੀ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਪੰਜਾਬ-144623 (ਗਰੰਟਰ) |
| ਬਕਾਇਆ ਰਕਮ OD/046400000007 | Rs. 5,66,122/- (ਅਤੇ ਮਿਤੀ 01.11.2025 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਦਸਤਾਵੇਜ਼ ਨੰ. 1979 ਮਿਤੀ 26-03-2018 ਅਨੁਸਾਰ ਸ੍ਰੀ ਸ਼ੰਮੀ ਕਾਲੜਾ ਅਤੇ ਸ੍ਰੀ ਜਿੰਮੀ ਕਾਲੜਾ ਪੁੱਤਰ ਮੋਹਨ ਲਾਲ ਕਾਲੜਾ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 8 ਮਰਲੇ ਪਿੰਡ ਬਾਊਪੁਰ/148, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ। |
| ਰਾਖਵੀਂ ਰਕਮ | 1. ਰੁਪਏ 10 ਲੱਖ (ਦਸ ਲੱਖ ਰੁਪਏ ਕੇਵਲ) |
| ਈ ਐੱਮ ਡੀ (ਬਿਆਨਾ ਰਾਸ਼ੀ) | ਸ.ਫਲ ਬੋਲੀਕਾਰ ਦੁਆਰਾ ਰਾਖਵੀਂ ਕੀਮਤ ਦੀ ਕੁੱਲ ਈ ਐੱਮ ਡੀ (ਬਿਆਨਾ ਰਾਸ਼ੀ) 25 ਫੀਸਦੀ ਜਲੰਧਰ ਵਿੱਚ ਅਦਾਇਗੀਯੋਗ ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਪੱਖ ਵਿੱਚ ਡਿਮਾਂਡ ਡਰਾਫਟ ਦੇ ਰਾਹੀਂ ਮਿਤੀ 29.12.2025 ਨੂੰ ਜਮ੍ਹਾਂ ਕਰਵਾਈ ਜਾਵੇਗੀ। ਟੈਂਡਰ ਫਾਰਮ ਅਤੇ ਈ ਐੱਮ ਡੀ ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮ. ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਨੂੰ ਮਾਲੂਮ ਝੰਜਟ : ਕੋਈ ਨਹੀਂ। ਜਾਇਦਾਦ "ਜਿਵੇਂ ਹੈ ਜਿੱਥੇ ਹੈ","ਜੋ ਹੈ ਜਿਵੇਂ ਹੈ" ਅਤੇ "ਉਥੇ ਜੋ ਵੀ ਹੈ" ਦੇ ਅਧਾਰ 'ਤੇ ਵੇਚੀ ਜਾਵੇਗੀ। ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਪੱਖ ਵਿੱਚ ਡਿਮਾਂਡ ਡਰਾਫਟ ਰਾਹੀਂ, ਜਲੰਧਰ ਵਿੱਚ ਅਦਾਇਗੀਯੋਗ, ਈ ਐਮ ਡੀ (ਬਿਆਨਾ ਰਾਸ਼ੀ) ਅਰਥਾਤ 25% ਸਮੇਤ ਟੈਂਡਰ ਪ੍ਰਾਪਤ ਕਰਨ ਦੀ ਅੰਤਿਮ ਮਿਤੀ/ਸਮਾਂ 29.12.2025 ਨੂੰ ਸਵੇਰੇ 11.00 ਵਜੇ ਤੱਕ ਹੈ। ਟੈਂਡਰ ਦਰਸਾਈ ਮਿਤੀ ਨੂੰ ਸਵੇਰੇ 11.00 ਵਜੇ ਤੋਂ ਬਾਅਦ ਸਾਰੇ ਪੇਸ਼ਕਾਰਾਂ/ਉਨ੍ਹਾਂ ਦੇ ਪ੍ਰਤੀਨਿਧੀਆਂ ਦੀ ਹਾਜ਼ਰੀ ਵਿੱਚ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਵਿਖੇ ਖੋਲ੍ਹੇ ਅਤੇ ਉਸੇ ਮਿਤੀ ਨੂੰ ਵਿਚਾਰੇ ਜਾਣਗੇ। ਟੈਂਡਰ ਫਾਰਮ ਸਹਿਤ ਵਿਕਰੀ ਦੇ ਵਿਸਥਾਰਤ ਨਿਯਮਾਂ ਅਤੇ ਜਾਇਦਾਦ ਦੀ ਪੜਤਾਲ ਲਈ ਬਰਾਂਚ ਦਫ਼ਤਰ ਉੱਗੀ ਨਾਲ ਸੰਪਰਕ ਕੀਤਾ ਜਾਵੇ। ਵਿਕਰੀ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ਼ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ਼ ਸਕਿਓਰਿਟੀ ਇੰਟਰੈਸਟ ਐਕਟ 2002 ਅਧੀਨ ਨਿਰਧਾਰਤ ਨਿਯਮਾਂ/ਸ਼ਰਤਾਂ ਦਾ ਵਿਸ਼ਾ ਹੋਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸਿਆਂ ਵਿਕਰੀ ਦੀ ਪੁਸ਼ਟੀ ਕਰਨ ਤੋਂ ਪਹਿਲਾਂ ਕਿਸੇ ਵੀ ਸਮੇਂ ਵਿਕਰੀ ਰੱਦ ਕਰਨ/ਅਨਿਸਚਿਤ ਸਮੇਂ ਲਈ ਅੱਗੇ ਪਾਉਣ/ਮੁਲਤਵੀ ਕਰਨ/ਨਿਯਮਾਂ ਅਤੇ ਸ਼ਰਤਾਂ ਵਿੱਚ ਬਦਲਾਅ ਕਰਨ ਦਾ ਹੱਕ ਪ੍ਰਾਪਤ ਹੈ।

ਮਿਤੀ : 21.11.2025 — ਅਧਿਕਾਰਤ ਅਫਸਰ

## Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਾਇਦਾਦ ਵਿਕਰੀ ਸੂਚਨਾ**

ਨਿਮਨਹਸਤਾਖ਼ਰੀ ਨੇ ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਰਫੇਸੀ ਐਕਟ ਦੇ ਸੈਕਸ਼ਨ 13(4) ਅਧੀਨ ਹੇਠਾਂ ਵਰਨਣ ਜਾਇਦਾਦ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।
ਜਨਤਾ ਨੂੰ ਵੱਡੇ ਪੱਧਰ 'ਤੇ ਜਾਣਕਾਰੀ ਦਿੱਤੀ ਜਾਂਦੀ ਹੈ ਕਿ ਐਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਖਰਚਿਆਂ ਦੀ ਵਸੂਲੀ ਲਈ ਹੇਠਾਂ ਦਰਸਾਏ ਕੇਸ ਵਿੱਚ ਵਿਕਰੀ ਬੈਂਕ ਦੁਆਰਾ ਮਿਤੀ 29-12-2025 ਨੂੰ ਕਰਵਾਈ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | 1. ਸ੍ਰੀ ਸੁਭਾਸ਼ ਘੋਸ਼ ਪੁੱਤਰ ਖਜਾਨ ਘੋਸ਼ ਵਾਸੀ ਜਗਤਪੁਰਾ, ਪੰਜ ਢੇਰਾ, ਜਲੰਧਰ, ਪੰਜਾਬ-144410 (ਕਰਜ਼ਦਾਰ) 2. ਤ੍ਰਿਪਤੀ ਪੁੱਤਰੀ ਰਜਨੀ ਕਾਂਤ ਮਾਰਫਤ ਸ਼ਿਵਾਲਿਆ ਸਪਿੰਨਿੰਗ ਮਿੱਲ, ਚੰਬਲ ਘਾਟੀ, ਢੰਡਾਰੀ ਕਲਾਂ, ਲੁਧਿਆਣਾ, ਪੰਜਾਬ-141014 (ਗਰੰਟਰ) 3. ਸੰਦੀਪ ਚਾਵਲਾ ਪੁੱਤਰ ਕੇਵਲ ਕ੍ਰਿਸ਼ਨ ਚਾਵਲਾ ਵਾਸੀ ਸੀ-158, ਪਿੰਡ ਪੰਜ ਢੇਰਾ, ਜਗਤਪੁਰਾ, ਫਿਲੌਰ, ਪੰਜਾਬ-144410 (ਗਰੰਟਰ) |
| ਬਕਾਇਆ ਰਕਮ LAP/013612000267 | ਰੁਪਏ 1,64,318.60 (ਅਤੇ ਮਿਤੀ 01.11.2025 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਦਸਤਾਵੇਜ਼ ਨੰ. 1216 ਮਿਤੀ 27.11.2017 ਅਨੁਸਾਰ ਸ੍ਰੀ ਸੁਭਾਸ਼ ਘੋਸ਼ ਪੁੱਤਰ ਖਜਾਨ ਘੋਸ਼ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 5 ਮਰਲੇ, ਪੰਜ ਢੇਰਾ ਵਿਖੇ ਸਥਿਤ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ, ਹੱਦਬਸਤ ਨੰ. 132 ਨਾਲ ਸੰਬੰਧਤ ਸਭ ਕੁਝ। |
| ਰਾਖਵੀਂ ਰਕਮ | 1. ਰੁਪਏ 3 ਲੱਖ (ਤਿੰਨ ਲੱਖ ਰੁਪਏ ਕੇਵਲ) |
| ਈ ਐੱਮ ਡੀ (ਬਿਆਨਾ ਰਾਸ਼ੀ) | ਸ.ਫਲ ਬੋਲੀਕਾਰ ਦੁਆਰਾ ਰਾਖਵੀਂ ਕੀਮਤ ਦੀ ਕੁੱਲ ਈ ਐੱਮ ਡੀ (ਬਿਆਨਾ ਰਾਸ਼ੀ) 25 ਫੀਸਦੀ ਜਲੰਧਰ ਵਿੱਚ ਅਦਾਇਗੀਯੋਗ ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਪੱਖ ਵਿੱਚ ਡਿਮਾਂਡ ਡਰਾਫਟ ਦੇ ਰਾਹੀਂ ਮਿਤੀ 29.12.2025 ਨੂੰ ਜਮ੍ਹਾਂ ਕਰਵਾਈ ਜਾਵੇਗੀ। ਟੈਂਡਰ ਫਾਰਮ ਅਤੇ ਈ ਐੱਮ ਡੀ ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮ. ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਨੂੰ ਮਾਲੂਮ ਝੰਜਟ : ਕੋਈ ਨਹੀਂ। ਜਾਇਦਾਦ "ਜਿਵੇਂ ਹੈ ਜਿੱਥੇ ਹੈ","ਜੋ ਹੈ ਜਿਵੇਂ ਹੈ" ਅਤੇ "ਉਥੇ ਜੋ ਵੀ ਹੈ" ਦੇ ਅਧਾਰ 'ਤੇ ਵੇਚੀ ਜਾਵੇਗੀ। ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਦੇ ਪੱਖ ਵਿੱਚ ਡਿਮਾਂਡ ਡਰਾਫਟ ਰਾਹੀਂ, ਜਲੰਧਰ ਵਿੱਚ ਅਦਾਇਗੀਯੋਗ, ਈ ਐਮ ਡੀ (ਬਿਆਨਾ ਰਾਸ਼ੀ) ਅਰਥਾਤ 25% ਸਮੇਤ ਟੈਂਡਰ ਪ੍ਰਾਪਤ ਕਰਨ ਦੀ ਅੰਤਿਮ ਮਿਤੀ/ਸਮਾਂ 29.12.2025 ਨੂੰ ਸਵੇਰੇ 11.00 ਵਜੇ ਤੱਕ ਹੈ। ਟੈਂਡਰ ਦਰਸਾਈ ਮਿਤੀ ਨੂੰ ਸਵੇਰੇ 11.00 ਵਜੇ ਤੋਂ ਬਾਅਦ ਸਾਰੇ ਪੇਸ਼ਕਾਰਾਂ/ਉਨ੍ਹਾਂ ਦੇ ਪ੍ਰਤੀਨਿਧੀਆਂ ਦੀ ਹਾਜ਼ਰੀ ਵਿੱਚ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਵਿਖੇ ਖੋਲ੍ਹੇ ਅਤੇ ਉਸੇ ਮਿਤੀ ਨੂੰ ਵਿਚਾਰੇ ਜਾਣਗੇ। ਟੈਂਡਰ ਫਾਰਮ ਸਹਿਤ ਵਿਕਰੀ ਦੇ ਵਿਸਥਾਰਤ ਨਿਯਮਾਂ ਅਤੇ ਜਾਇਦਾਦ ਦੀ ਪੜਤਾਲ ਲਈ ਬਰਾਂਚ ਦਫ਼ਤਰ ਜੀ ਟੀ ਰੋਡ ਜਲੰਧਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ਼ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ਼ ਸਕਿਓਰਿਟੀ ਇੰਟਰੈਸਟ ਐਕਟ 2002 ਅਧੀਨ ਨਿਰਧਾਰਤ ਨਿਯਮਾਂ/ਸ਼ਰਤਾਂ ਦਾ ਵਿਸ਼ਾ ਹੋਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸਿਆਂ ਵਿਕਰੀ ਦੀ ਪੁਸ਼ਟੀ ਕਰਨ ਤੋਂ ਪਹਿਲਾਂ ਕਿਸੇ ਵੀ ਸਮੇਂ ਵਿਕਰੀ ਰੱਦ ਕਰਨ/ਅਨਿਸਚਿਤ ਸਮੇਂ ਲਈ ਅੱਗੇ ਪਾਉਣ/ਮੁਲਤਵੀ ਕਰਨ/ਨਿਯਮਾਂ ਅਤੇ ਸ਼ਰਤਾਂ ਵਿੱਚ ਬਦਲਾਅ ਕਰਨ ਦਾ ਹੱਕ ਪ੍ਰਾਪਤ ਹੈ।

ਮਿਤੀ : 21.11.2025 — ਅਧਿਕਾਰਤ ਅਫਸਰ

## SBI STATE BANK OF INDIA
RETAIL ASSETS CENTRAL PROCESSING CENTRE (05296), 1ST FLOOR, CIVIL LINES, FOUNTAIN CHOWK, LUDHIANA

**ਵਾਹਨਾਂ ਦੀ 16.12.2025 ਨੂੰ 11 ਵਜੇ ਸਵੇਰ ਤੋਂ ਸ਼ਾਮ 4 ਵਜੇ ਤੱਕ ਈ-ਨਿਲਾਮੀ ਰਾਹੀਂ ਵਿਕਰੀ ਲਈ ਜਨਤਕ ਨੋਟਿਸ**
**ਈ ਐੱਮ ਡੀ ਤੇ ਦਸਤਾਵੇਜ਼ ਡਿਮਾਂਡ ਡਰਾਫਟ (ਹਾਰਡ ਕਾਪੀ) ਸਮੇਤ ਜਮ੍ਹਾਂ ਕਰਵਾਉਣ ਦੀ ਆਖਰੀ ਤਰੀਕ ਤੇ ਸਮਾਂ 15.12.2025 ਨੂੰ 4 ਵਜੇ ਸ਼ਾਮ ਤੱਕ ਜਾਂ ਪਹਿਲਾਂ**
**ਈ ਐੱਮ ਡੀ ਤੇ ਦਸਤਾਵੇਜ਼ ਡਿਮਾਂਡ ਡਰਾਫਟ (ਆਨਲਾਈਨ) ਸਮੇਤ ਜਮ੍ਹਾਂ ਕਰਵਾਉਣ ਦੀ ਆਖਰੀ ਤਰੀਕ ਤੇ ਸਮਾਂ 15.12.2025 ਨੂੰ 4 ਵਜੇ ਸ਼ਾਮ ਤੱਕ ਜਾਂ ਪਹਿਲਾਂ**
**ਚਾਹਵਾਨ ਖਰੀਦਦਾਰਾਂ ਲਈ ਜਾਂਚ-ਪੜਤਾਲ ਦੀ ਤਰੀਕ ਤੇ ਸਮਾਂ 12.12.2025, ਸਵੇਰੇ 11 ਵਜੇ ਤੋਂ ਦੁਪਹਿਰ 1 ਵਜੇ ਤੱਕ**

ਹੇਠਾਂ ਦਿੱਤੇ ਗਾਹਕਾਂ ਤੋਂ ਬੈਂਕ ਦਾ ਕਰਜ਼ਾ, ਲਾਗਤ ਤੇ ਹੋਰ ਖਰਚੇ ਵਸੂਲਣ ਲਈ ਕੇ ਵਾਈ ਸੀ ਦਸਤਾਵੇਜ਼ਾਂ ਜਿਵੇਂ ਕਿ ਉੱਪਰ ਵੇਰਵਾ ਦਿੱਤਾ ਹੈ, ਸਮੇਤ ਹੇਠਾਂ ਦਿੱਤੇ ਵਾਹਨਾਂ ਦੀ "ਜਿਵੇਂ ਹੈ ਜਿੱਥੇ ਹੈ ਅਤੇ ਜੋ ਵੀ ਅਧਾਰ ਹੈ" ਦੇ ਆਧਾਰ 'ਤੇ ਬੋਲੀ ਰਾਹੀਂ ਵਿਕਰੀ ਲਈ ਪੇਸ਼ਕਸ਼ਾਂ ਦੀ ਮੰਗ ਕੀਤੀ ਜਾਂਦੀ ਹੈ

**ਵਾਹਨਾਂ ਦਾ ਵੇਰਵਾ**

| ਕਰਜ਼ਦਾਰ ਦਾ ਨਾਂਅ | ਬਕਾਇਆ ਰਕਮ / ਕਬਜ਼ੇ ਦੀ ਮਿਤੀ | ਵਾਹਨਾਂ ਦਾ ਵੇਰਵਾ | ਰਾਖਵੀਂ ਕੀਮਤ ਈ ਐੱਮ ਡੀ ਵਾਧਾ ਰਕਮ |
|---|---|---|---|
| ਮਿਸ ਰਿਜੁਤਾ ਜੈਨ, 313 ਏ ਗੋਲਫ ਲਿੰਕ ਅਪਾਰਟਮੈਂਟਸ, ਤਲਵਾੜਾ, ਲੁਧਿਆਣਾ-141001 | 18-11-2025 ਨੂੰ ਰੁ. 13,13,472.91/- ਅਤੇ ਇਸ 'ਤੇ ਵਿਆਜ / 26.05.2025 | ਹਾਈਪੋਥੀਕੇਸ਼ਨ ਆਫ ਕਾਰ ਟਾਟਾ ਨੈਕਸਨ ਈ ਵੀ ਐਕਸ ਜ਼ੈਡ ਪਲੱਸ ਡੀ ਕੇ ਬਲੈਕ ਓ ਐਨ ਵਾਈ ਐਕਸ ਇਲੈਕਟ੍ਰਿਕ ਪਾਵਰ ਟਰੇਨ ਬੈਟਰੀ ਲਿਥੀਉਮ ਆਈ ਓ ਐੱਨ ਸਮੇਤ ਕਪੈਸਿਟੀ 30 ਓ ਕੇ ਡਬਲਯੂ ਐੱਚ ਈ ਪੀ ਏ 4 ਨੰ. ਆਫ ਅਲਾਇ ਵੀਲਜ਼ ਰਿਮ 1 ਨੰ. ਆਫ ਸਟੀਲ ਵ੍ਹੀਲ ਰਿਮ ਅਤੇ ਟਾਇਰ ਸਾਈਜ਼ 215/60 ਆਰ 16, 2498 ਵੀਲਬੇਸ ਅਤੇ ਸੀਟ ਸਮਰੱਥਾ ਡਰਾਈਵਰ ਪਲੱਸ 4 ਫੈਕਟ ਪਾਵਰ ਵਿੰਡੋ ਡੋਰਜ਼, ਰਿਜੁਤਾ ਜੈਨ ਪਤਨੀ ਰਜਿੰਦਰ ਜੈਨ ਦੇ ਨਾਂਅ ਕਾਰ ਰਜਿਸਰੇਸ਼ਨ ਨੰ. ਪੀ ਪੀ 10 ਜੇ ਈ 6760 | Rs. 8,00,000/- Rs. 80,000/- Rs. 8,000/- |

**ਇਹ ਇਸ਼ਤਿਹਾਰ ਉਕਤ ਕਰਜ਼ਦਾਰਾਂ ਤੇ ਗਰੰਟਰਾਂ ਲਈ 7 ਦਿਨਾਂ ਦਾ ਨੋਟਿਸ ਹੈ**

ਨਿਯਮ ਤੇ ਸ਼ਰਤਾਂ-ਇਹ ਈ ਨਿਲਾਮੀ "ਜਿਵੇਂ ਹੈ ਜਿੱਥੇ ਹੈ ਤੇ ਜੋ ਵੀ ਬੇਸਿਜ਼ ਹੈ ਅਤੇ ਬਿਨਾਂ ਬੈਂਕ ਦੇ ਰੀਕੋਰਸ" ਜੋ ਆਨ ਲਾਈਨ ਕੀਤਾ ਜਾਵੇਗਾ ਦੇ ਆਧਾਰ 'ਤੇ ਕੀਤੀ ਜਾਵੇਗੀ। ਨਿਲਾਮੀ ਬੈਂਕ ਦੇ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸਰਜ਼ ਐੱਸ ਆਈ ਐੱਸ ਐੱਲ ਪ੍ਰਾਈਵੇਟ ਲਿਮਟਿਡ, ਉਨ੍ਹਾਂ ਦੀ ਵੈੱਬ ਪੋਰਟਲ https://baanknet.com 'ਤੇ ਕੀਤੀ ਜਾਵੇਗੀ। ਚਾਹਵਾਨ ਬੋਲੀਕਾਰ ਈ ਨਿਲਾਮੀ ਵੈੱਬਸਾਈਟ 'ਤੇ ਆਪਣੇ ਆਪ ਨੂੰ ਰਜਿਸਟਰਡ ਕਰਵਾਉਣਾ ਯਕੀਨੀ ਬਣਾਉਣਗੇ ਅਤੇ ਬਿਆਨਾ ਰਕਮ ਸਰਵਿਸ ਪ੍ਰੋਵਾਈਡਰ ਦੁਆਰਾ ਬਣਾਏ ਵਰਚੂਅਲ ਵਾਲੈੱਟ 'ਚ https://baanknet.com ਉੱਪਰ ਦਿੱਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਮ੍ਹਾਂ ਕਰਵਾਉਣਗੇ। ਈ ਨਿਲਾਮੀ ਟੈਂਡਰ ਦਸਤਾਵੇਜ਼, ਆਨ ਲਾਈਨ ਈ-ਨਿਲਾਮੀ ਬੋਲੀ ਫਾਰਮ, ਐਲਾਨਨਾਮਾ ਆਮ ਨਿਯਮ ਤੇ ਸ਼ਰਤਾਂ (ਵੈੱਬਸਾਈਟ ਦੇ ਪਤੇ) ਵਿੱਚ ਉਪਲੱਬਧ ਹਨ। ਚਾਹਵਾਨ ਬੋਲੀਕਾਰ ਆਪਣਾ ਈ ਐੱਮ ਡੀ ਵੈੱਬ ਪੋਰਟਲ ਰਾਹੀਂ ਦੇ ਸਕਦੇ ਹਨ (ਯੂਜ਼ਰ ਆਈ ਡੀ ਤੇ ਪਾਸਵਰਡ ਥਰੂ ਲਾਗ ਇਨ ਆਈ ਡੀ ਅਤੇ ਪਾਸਵਰਡ 'ਤੇ ਦਰਜ ਕਰਵਾ ਕੇ ਬਿਨਾਂ ਲਾਗਤ ਪ੍ਰਾਪਤ ਕਰ ਸਕਦੇ ਹਨ) ਈ ਐੱਮ ਡੀ ਬੀ ਆਰ ਪਾਰਕਿੰਗ ਅਕਾਊਂਟ ਆਫ ਸਟੇਟ ਬੈਂਕ ਆਫ ਇੰਡੀਆ ਦੇ ਪੱਖ 'ਚ ਐੱਨ ਈ ਐੱਫ ਟੀ/ਆਰ ਟੀ ਜੀ ਐੱਸ ਰਾਹੀਂ ਅਦਾਇਗੀਯੋਗ ਹੋਵੇਗਾ। ਕ੍ਰਿਪਾ ਕਰਕੇ ਨੋਟ ਕੀਤਾ ਜਾਵੇ ਕਿ ਬੈਂਕਰ ਚੈੱਕ/ਡਿਮਾਂਡ ਡਰਾਫਟ ਦੀ ਅਦਾਇਗੀ ਅਧਿਕਾਰਤ ਅਫਸਰ ਦੇ ਪੱਖ 'ਚ ਸਟੇਟ ਬੈਂਕ ਆਫ ਇੰਡੀਆ ਦੀ ਸੰਬੰਧਤ ਸ਼ਾਖਾ 'ਚ ਕੀਤੀ ਜਾਵੇ ਅਤੇ ਸੰਬੰਧਤ ਸ਼ਾਖਾ ਨੂੰ ਮਿਤੀ 15.12.2025, ਸਮਾਂ 16.00 ਵਜੇ ਨੂੰ ਜਾਂ ਪਹਿਲਾਂ ਹਾਰਡ ਕਾਪੀ ਜਮ੍ਹਾਂ ਕਰਵਾਈ ਜਾਏ ਅਤੇ ਆਨਲਾਈਨ ਰਾਹੀਂ ਮਿਤੀ 15.12.2025, ਸਮਾਂ 16.00 ਵਜੇ ਨੂੰ ਜਾਂ ਪਹਿਲਾਂ ਜਮ੍ਹਾਂ ਕਰਵਾਈ ਜਾਵੇ। ਅਧਿਕਾਰਤ ਅਫਸਰ ਵੱਲੋਂ ਭਾਵੇਂ ਜਾਣਕਾਰੀ ਸਹੀ-ਸਹੀ ਦਿੱਤੀ ਗਈ ਹੈ, ਫਿਰ ਵੀ ਚਾਹਵਾਨ ਬੋਲੀਕਾਰ ਵਾਹਨਾਂ ਦੀ ਜਾਣਕਾਰੀ ਨਿਲਾਮੀ, ਦਾਅਵੇ/ਹੱਕ/ਬਕਾਇਆ ਸੰਬੰਧੀ ਆਪਣੇ ਤੌਰ 'ਤੇ ਬੋਲੀ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕਰ ਸਕਦੇ ਹਨ। ਈ-ਨਿਲਾਮੀ ਇਸ਼ਤਿਹਾਰ ਕਿਸੇ ਵਚਨਬੱਧਤਾ ਜਾਂ ਬੈਂਕ ਦੀ ਪ੍ਰਤੀਨਿਧਤਾ ਨਾਲ ਸੰਬੰਧ ਨਹੀਂ ਰਖਦਾ। ਅਧਿਕਾਰਤ ਅਫਸਰ/ਸਕਿਓਰਡ ਕ੍ਰੈਡਿਟਰ ਕਿਸੇ ਤੀਜੀ ਪਾਰਟੀ ਦੇ ਦਾਅਵੇ/ਹੱਕ ਬਕਾਇਆ ਦੇ ਦਾਅਵੇ ਦਾ ਜ਼ਿੰਮੇਵਾਰ ਨਹੀਂ ਹੋਵੇਗਾ। ਵਿਕਰੀ ਬੈਂਕ ਦੇ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਹੋਵੇਗੀ। ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ ਵੈਬਸਾਈਟ https://baanknet.com 'ਤੇ ਪ੍ਰਕਾਸ਼ਿਤ ਕੀਤੀਆਂ ਗਈਆਂ ਹਨ। ਬੋਲੀਕਾਰ ਜਿਸ ਦੀ ਬੋਲੀ ਨਿਲਾਮੀ ਸਮੇਂ ਉਚਤਮ ਹੋਵੇਗੀ, ਨੂੰ ਸਫਲ ਬੋਲੀਕਾਰ ਘੋਸ਼ਿਤ ਕੀਤਾ ਜਾਵੇਗਾ, ਜੋ ਕਿ ਬੈਂਕ ਦੇ ਅਧਿਕਾਰਤ ਅਫਸਰ ਦੀ ਮਨਜ਼ੂਰੀ ਦਾ ਵਿਸ਼ਾ ਹੋਵੇਗੀ। ਸਫਲ ਬੋਲੀਕਾਰ ਵਿਕਰੀ ਕੀਮਤ ਦੀ ਪੂਰੀ ਅਦਾਇਗੀ 7 ਦਿਨਾਂ ਦੇ ਅੰਦਰ-ਅੰਦਰ ਕਰੇਗਾ, ਤਦ ਉਸ ਦੁਆਰਾ ਜਮ੍ਹਾਂ ਈ ਐੱਮ ਡੀ ਸਕਿਓਰਡ ਕ੍ਰੈਡਿਟਰ ਵੱਲੋਂ ਜ਼ਬਤ ਕਰ ਲਈ ਜਾਵੇਗੀ ਅਤੇ ਪ੍ਰਵਾਨ ਬੋਲੀ ਆਪਣੇ ਆਪ ਹੀ ਕੈਂਸਲ ਸਮਝੀ ਜਾਵੇਗੀ। ਨੋਟ: ਅਧਿਕਾਰਤ ਅਫਸਰ ਕਿਸੇ ਵੀ ਉਚਤਮ ਪੇਸ਼ਕਸ਼ ਨੂੰ ਪ੍ਰਵਾਨ ਕਰਨ ਦਾ ਪਾਬੰਦ ਨਹੀਂ ਹੈ ਅਤੇ ਉਹ ਈ-ਨਿਲਾਮੀ ਨੂੰ ਬਿਨਾਂ ਕਿਸੇ ਕਾਰਨ ਕਿਸੇ ਪੇਸ਼ਕਸ਼/ਪੇਸ਼ਕਾਰਾਂ ਨੂੰ ਮਨਜ਼ੂਰ ਜਾਂ ਨਾ-ਮਨਜ਼ੂਰ ਕਰਨ ਜਾਂ ਈ-ਨਿਲਾਮੀ ਨੂੰ ਅੱਗੇ ਪਾਉਣ/ਮੁਲਤਵੀ ਕਰਨ/ਰੱਦ ਕਰਨ ਦਾ ਪੂਰਾ ਅਧਿਕਾਰ ਰਖਦਾ ਹੈ।

ਮਿਤੀ : 22.11.2025 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ

22-Nov-PAGE--8.qxd 11/21/2025 11:02 PM Page 1



# ਡਾ. ਇਸ਼ਾਂਕ ਕੁਮਾਰ ਨੇ 36 ਲਾਭਪਾਤਰੀਆਂ ਨੂੰ ਛੱਤਾਂ ਲਈ 10-10 ਹਜ਼ਾਰ ਦੇ ਚੈੱਕ ਕੀਤੇ ਭੇਟ



**ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)**

ਡਾ.ਇਸ਼ਾਕ ਕੁਮਾਰ ਐੱਮ ਐੱਲ ਏ ਹਲਕਾ ਚੱਬੇਵਾਲ ਨੇ ਜੇਜੋਂ ਵਿੱਚ 36 ਪਰਵਾਰਾਂ ਨੂੰ ਛੱਤਾਂ ਦੇ ਰਿਪੇਅਰ ਵਾਸਤੇ 10-10 ਹਜ਼ਾਰ ਰੁਪਏ ਦੇ ਚੈੱਕ ਦਿੱਤੇ। ਜਿਸ ਵਿੱਚ ਲਾਭਪਾਤਰੀ ਬੰਦਨਾ, ਪਿੰਕੀ, ਸ਼ਸ਼ੀ ਬਾਲਾ, ਗੁਰਨਾਮ ਸਿੰਘ,ਵਰਿੰਦਰ ਕੁਮਾਰ, ਸਤਪਾਲ, ਊਸ਼ਾ, ਰਮਨ, ਰਜਨੀ ਦੇਵੀ,ਰਾਜਵਿੰਦਰ ਕੌਰ, ਸੰਦੀਪ ਕੌਰ, ਜੋਤੀ, ਪੂਜਾ, ਸੁਨੇਹਾ ਜੈਨ, ਸ਼ਕੁੰਤਲਾ ਦੇਵੀ, ਸਤੀਸ਼ ਕੁਮਾਰ, ਵਿਦਿਆ ਦੇਵੀ, ਦੀਪਿਕਾ, ਆਕਾਸ਼ਦੀਪ, ਸਰੋਜ ਰਾਣੀ, ਮਮਤਾ ਅਤੇ ਹੋਰ ਲਾਭਪਾਤਰੀਆਂ ਨੂੰ 10-10 ਹਜ਼ਾਰ ਦੇ ਚੈੱਕ ਦਿੱਤੇ ਗਏ। ਇਸ ਮੌਕੇ ਹਾਜ਼ਰ ਬੀ ਡੀ ਪੀ ਓ ਅਵਤਾਰ ਸਿੰਘ ਮਾਹਿਲਪੁਰ, ਏ ਪੀ ਓ ਅਮਨ ਕੁਮਾਰ, ਰਾਮ ਕੁਮਾਰ, ਐਰੀ ਯੂ ਐੱਸ ਏ, ਜਸਪਾਲ ਸਿੰਘ ਲੁਧਿਆਣਾ, ਸਰਪੰਚ ਹਰਜੀਆਣਾ, ਸਰਪੰਚ ਬਦੋਵਾਲ, ਰਸ਼ਪਾਲ ਸਿੰਘ ਪਾਲੀ, ਸਰਪੰਚ ਲਲਵਾਨ, ਸਰਪੰਚ ਖੰਨੀ, ਸਰਪੰਚ ਗੱਜਰ, ਸਰਪੰਚ ਚੱਕ ਨਰਿਆਲ, ਸਰਪੰਚ ਚੱਕ ਨਾਥਾ, ਮੈਂਬਰ ਪੰਚਾਇਤ ਰੇਨੂ ਬਾਲਾ, ਮੈਂਬਰ ਪੰਚਾਇਤ ਪਿੰਕੀ, ਮੈਂਬਰ ਪੰਚਾਇਤ ਕੁਲਵਿੰਦਰ ਕੌਰ, ਬਾਮਦੇਵ ਸ਼ਰਮਾ, ਅਸ਼ਵਨੀ ਖੰਨਾ, ਜੋਲੀ ਜੈਨ, ਰਕੇਸ਼ ਜੈਨ, ਗੀਤੂ ਜੈਨ, ਸ਼ਿਵ ਕੁਮਾਰ ਸ਼ਰਮਾ, ਵਿਵੇਕ ਸ਼ਰਮਾ,ਅਜੇ, ਗਿਰਜਾ, ਸੰਤ ਬਾਬਾ ਅਮਰੀਕ ਸ਼ਾਹ ਜੀ ਖਾਕੀ ਸ਼ਾਹ ਦਰਬਾਰ ਆਦਿ ਹਾਜ਼ਰ ਸਨ।

# ਹੈਰੋਇਨ ਸਮੇਤ ਇੱਕ ਕਾਬੂ



**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਤੁਸ਼ਾਰ ਗੁਪਤਾ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਉਪ ਕਪਤਾਨ ਪੁਲਸ ਸਬ ਡਵੀਜ਼ਨ ਬਲਾਚੌਰ ਦੀ ਯੋਗ ਅਗਵਾਈ ਹੇਠ ਸਬ ਇੰਸਪੈਕਟਰ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਪੋਜੇਵਾਲ ਸਮੇਤ ਪੁਲਸ ਪਾਰਟੀ ਨੇ ਗਸ਼ਤ ਦੌਰਾਨ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸੰਬੰਧ ਵਿੱਚ ਗਸ਼ਤ ਕਰ ਰਹੇ ਸੀ ਤਾਂ ਪੁਲਸ ਪਾਰਟੀ ਵੱਲੋਂ ਸੁਖਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਮਾਣੇਵਾਲ ਥਾਣਾ ਕਾਠਗੜ੍ਹ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਕਾਬੂ ਕਰਕੇ ਇਸ ਪਾਸੋਂ 4 30 ਗਰਾਮ ਹੈਰੋਇਨ ਬਰਾਮਦ ਹੋਣ 'ਤੇ ਦੋਸ਼ੀ ਸੁਖਵਿੰਦਰ ਸਿੰਘ ਦੇ ਖਿਲਾਫ ਮੁਕਦਮਾ ਥਾਣਾ ਪੋਜੇਵਾਲ ਦਰਜ ਮੁਢਲੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ।

# ਐਡੀਟਰ ਅਨੁਰਾਧਾ ਭਸੀਨ ਵਿਰੁੱਧ ਦਰਜ ਐੱਫ ਆਈ ਆਰ ਰੱਦ ਕੀਤੀ ਜਾਵੇ : ਜਮਹੂਰੀ ਫਰੰਟ

**ਬੰਗਾ (ਅਵਤਾਰ ਕਲੇਰ)**

ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਨੇ ਸਟੇਟ ਜਾਂਚ ਏਜੰਸੀ (ਐੱਸ ਆਈ ਏ) ਵੱਲੋਂ ਕਸ਼ਮੀਰ ਟਾਈਮਜ਼ ਦੀ ਪੱਤਰਕਾਰੀ ਨੂੰ ਭਾਰਤ ਦੀ ਪ੍ਰਭੂਤਾ ਲਈ ਖ਼ਤਰਾ ਕਰਾਰ ਦੇ ਕੇ ਅਖ਼ਬਾਰ ਦੇ ਦਫ਼ਤਰ 'ਤੇ ਛਾਪਾ ਮਾਰਨ ਅਤੇ ਅਖ਼ਬਾਰ ਦੀ ਮੈਨੇਜਿੰਗ ਐਡੀਟਰ ਅਨੁਰਾਧਾ ਭਸੀਨ ਖ਼ਿਲਾਫ਼ ਐੱਫ ਆਈ ਆਰ ਦਰਜ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਪ੍ਰੈੱਸ ਬਿਆਨ ਜਾਰੀ ਕਰਕੇ ਕਿਹਾ ਕਿ ਇਹ ਕਾਰਵਾਈ ਜੰਮੂ-ਕਸ਼ਮੀਰ ਵਿਚ ਸੁਤੰਤਰ ਅਤੇ ਆਲੋਚਨਾਤਮਕ ਪੱਤਰਕਾਰੀ ਦੀ ਜ਼ੁਬਾਨਬੰਦੀ ਕਰਨ ਦੀ ਫਾਸ਼ੀਵਾਦੀ ਮੁਹਿੰਮ ਦਾ ਹਿੱਸਾ ਹੈ।ਇਹ ਛਾਪੇਮਾਰੀ ਅਤੇ ਅਨੁਰਾਧਾ ਭਸੀਨ ਦੀ ਕਿਤਾਬ ਅਤੇ ਰਿਪੋਰਟਿੰਗ 'ਤੇ ਪਹਿਲਾਂ ਲਗਾਈਆਂ ਰੋਕਾਂ ਤੇ ਪਾਬੰਦੀਆਂ ਭਾਰਤੀ ਰਾਜ ਦੀ ਕਸ਼ਮੀਰੀ ਲੋਕਾਂ ਪ੍ਰਤੀ ਜਾਬਰ ਨੀਤੀ ਦੀ ਆਲੋਚਨਾ ਕਰਨ ਅਤੇ ਸਵਾਲ ਉਠਾਉਣ ਵਾਲੀਆਂ ਆਵਾਜ਼ਾਂ ਨੂੰ ਨਿਸ਼ਾਨਾ ਬਣਾਉਣ ਦੇ ਇਕ ਸਪਸ਼ਟ ਪੈਟਰਨ ਨੂੰ ਦਿਖਾਉਂਦੀਆਂ ਹਨ। ਪਿੱਛੇ ਜਿਹੇ ਕਸ਼ਮੀਰ ਵਿਚ ਗਵਰਨਰ ਪ੍ਰਸ਼ਾਸਨ ਵੱਲੋਂ ਉਨ੍ਹਾਂ 25 ਕਿਤਾਬਾਂ ਉੱਪਰ ਪਾਬੰਦੀ ਲਗਾਈ ਗਈ ਹੈ, ਜੋ ਕਸ਼ਮੀਰ ਦੇ ਇਤਿਹਾਸ ਨੂੰ ਅਤੇ ਕਸ਼ਮੀਰੀ ਲੋਕਾਂ ਦੇ ਸਵੈਨਿਰਣੇ ਦੇ ਹੱਕ ਨੂੰ ਇਤਿਹਾਸਕ ਤੱਥਾਂ ਅਤੇ ਜਮਹੂਰੀ ਸਰੋਕਾਰਾਂ ਤੋਂ ਪੇਸ਼ ਕਰਦੀਆਂ ਹਨ। ਉਨ੍ਹਾਂ ਵਿਚ ਅਨੁਰਾਧਾ ਭਸੀਨ ਦੀ ਕਿਤਾਬ ਵੀ ਸ਼ਾਮਲ ਹੈ। ਕਸ਼ਮੀਰ ਵਿੱਚ ਪੱਤਰਕਾਰਾਂ ਨੂੰ ਲਗਾਤਾਰ ਛਾਪਿਆਂ, ਝੂਠੇ ਕੇਸਾਂ, ਥਾਣਿਆਂ-ਫ਼ੌਜੀ ਕੈਂਪਾਂ ਵਿਚ ਸੱਦ ਕੇ ਪ੍ਰੇਸ਼ਾਨ ਕਰਨ, ਯਾਤਰਾ ਕਰਨ ਉੱਪਰ ਪਾਬੰਦੀਆਂ, ਪੱਤਰਕਾਰਾਂ ਦੇ ਕੈਮਰੇ ਤੇ ਹੋਰ ਡਿਵਾਈਸ ਜ਼ਬਤ ਕਰਨ ਅਤੇ ਪਬਲਿਕ ਸਕਿਊਰਿਟੀ ਐਕਟ, ਨੈਸ਼ਨਲ ਸਕਿਊਰਿਟੀ ਐਕਟ, ਯੂਏਪੀਏ ਵਰਗੇ ਜਾਬਰ ਕਾਨੂੰਨਾਂ ਤਹਿਤ ਗ੍ਰਿਫ਼ਤਾਰੀਆਂ ਅਤੇ ਧਮਕੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਸ਼ਮੀਰ ਟਾਈਮਜ਼ ਵਿਰੁੱਧ ਮੌਜੂਦਾ ਛਾਪੇਮਾਰੀ ਇਸੇ ਸਿਲਸਿਲੇ ਦਾ ਹਿੱਸਾ ਹੈ ਜੋ ਪ੍ਰੈੱਸ ਦੀ ਆਜ਼ਾਦੀ ਅਤੇ ਲੋਕਾਂ ਦੇ ਜਾਣਕਾਰੀ ਦੇ ਅਧਿਕਾਰ 'ਤੇ ਸਿੱਧਾ ਹਮਲਾ ਹੈ। ਫਰੰਟ ਸਮੂਹ ਪ੍ਰੈੱਸ ਸੰਸਥਾਵਾਂ, ਜਨਤਕ ਤੇ ਜਮਹੂਰੀ ਜਥੇਬੰਦੀਆਂ ਅਤੇ ਪੱਤਰਕਾਰਾਂ ਨੂੰ ਕਸ਼ਮੀਰ ਟਾਈਮਜ਼ ਦੀ ਸੁਤੰਤਰ ਪੱਤਰਕਾਰੀ ਦਾ ਗਲਾ ਘੁੱਟਣ ਅਤੇ ਜਮਹੂਰੀ ਸਪੇਸ ਨੂੰ ਕੁਚਲਣ ਦੀ ਇਸ ਫਾਸ਼ੀਵਾਦੀ ਮੁਹਿੰਮ ਵਿਰੁੱਧ ਆਵਾਜ਼ ਉਠਾਉਣ ਦੀ ਅਪੀਲ ਕਰਦਾ ਹੈ। ਆਗੂਆਂ ਨੇ ਮੰਗ ਕੀਤੀ ਕਿ ਮੀਡੀਆ ਨੂੰ ਡਰਾਉਣ-ਧਮਕਾਉਣ ਵਾਲੀਆਂ ਕਾਰਵਾਈਆਂ ਤੁਰੰਤ ਰੋਕੀਆਂ ਜਾਣ। ਪੱਤਰਕਾਰਾਂ ਦੀ ਸੁਰੱਖਿਆ ਅਤੇ ਅਧਿਕਾਰ ਯਕੀਨੀ ਬਣਾਏ ਜਾਣ। ਪੱਤਰਕਾਰੀ ਅਤੇ ਇਤਿਹਾਸਕ-ਰਾਜਨੀਤਕ ਤੇ ਸਾਹਿਤਿਕ ਲਿਖਤਾਂ ਉੱਪਰ ਬੋਲਿਆ ਜਾਬਰ ਹੱਲਾ ਬੰਦ ਕੀਤਾ ਜਾਵੇ। ਪ੍ਰਗਟਾਵੇ ਦੀ ਆਜ਼ਾਦੀ ਅਤੇ ਪ੍ਰੈੱਸ ਦੀ ਆਜ਼ਾਦੀ ਉੱਪਰ ਹਮਲੇ ਬੰਦ ਕੀਤੇ ਜਾਣ। ਸਾਰੇ ਗ੍ਰਿਫ਼ਤਾਰ ਕਸ਼ਮੀਰੀ ਪੱਤਰਕਾਰਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

# ਸ਼ਹੀਦੀ ਸਮਾਗਮਾਂ ਦੌਰਾਨ 20 ਵੱਡੀਆਂ ਐੱਲ ਈ ਡੀ ਸਕਰੀਨ 'ਤੇ ਹੋਵੇਗਾ ਗੁਰਮਤਿ ਸਮਾਗਮ ਦਾ ਸਿੱਧਾ ਪ੍ਰਸਾਰਨ : ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਤੇ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਹੈ ਕਿ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਖ ਵੱਖ ਢੁਕਵੀਆਂ ਥਾਵਾਂ ਤੇ 20 ਵੱਡੀਆਂ ਐੱਲ ਈ ਡੀ ਸਕਰੀਨਾਂ ਤੋਂ 24 ਨਵੰਬਰ ਨੂੰ ਭਾਈ ਜੈਤਾ ਜੀ ਯਾਦਗਾਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਅਤੇ ਆਯੋਜਿਤ ਗੁਰਮਤਿ ਸਮਾਗਮਾਂ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ। ਇਸ ਤੋਂ ਇਲਾਵਾ 300 ਸਪੀਕਰ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਰਹੀਆਂ ਸੰਗਤਾਂ ਨੂੰ ਹਰ ਤਰਾਂ ਦੀ ਜ਼ਰੂਰੀ ਸੂਚਨਾ ਸਮੇਂ ਸਿਰ ਮੁਹੱਈਆ ਕਰਵਾਉਣਗੇ।ਬੈਂਸ ਨੇ ਦੱਸਿਆ ਕਿ ਸਮੁੱਚੇ ਇਲਾਕੇ ਵਿੱਚ 300 ਸਪੀਕਰ ਲਗਾ ਦਿੱਤੇ ਗਏ ਹਨ, ਜਿਨ੍ਹਾਂ ਦਾ ਕੰਟਰੋਲ ਰੂਮ ਇੱਕ ਸਥਾਨ ਤੇ ਬਣਾਇਆ ਗਿਆ ਹੈ, ਜਿੱਥੇ ਹਰ ਤਰਾਂ ਦੀ ਜ਼ਰੂਰੀ ਜਾਣਕਾਰੀ ਸੰਗਤਾਂ ਤੱਕ ਤੁਰੰਤ ਪਹੁੰਚਾਈ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ 30 ਢੁਕਵੀਆਂ ਥਾਵਾਂ ਤੇ ਐਲਈਡੀ ਸਕਰੀਨਾਂ ਲਗਾਈਆਂ ਜਾ ਰਹੀਆਂ ਹਨ, ਇਨ੍ਹਾਂ ਸਕਰੀਨਾਂ ਉਤੇ ਵੱਖ ਵੱਖ ਧਾਰਮਿਕ ਸਮਾਗਮਾਂ ਨੂੰ ਪ੍ਰਸਾਰਿਤ ਕੀਤਾ ਜਾਵੇਗਾ।

# ਪਿੰਡ ਸੈਣੀ ਮਾਜਰਾ 'ਚ ਨਜਾਇਜ਼ ਮਾਈਨਿੰਗ ਦਾ ਭਾਂਡਾਫੋੜ, ਪਰਚਾ ਦਰਜ

## ਇੱਕ ਪੋਕਲੇਨ ਮਸ਼ੀਨ ਤੇ ਇੱਕ ਟਿੱਪਰ ਕਬਜ਼ੇ 'ਚ

**ਖਰੜ (ਹਰਨਾਮ ਸਿੰਘ ਡੱਲਾ)**

ਮਾਈਨਿੰਗ ਵਿਭਾਗ ਦੀ ਟੀਮ ਦੇ ਜੇ.ਈ.-ਕਮ-ਮਾਈਨਿੰਗ ਇੰਸਪੈਕਟਰ ਸ਼ੁਭਮ ਸਿੰਗਲਾ ਅਤੇ ਪੰਕਜ ਜਿੰਦਲ-ਵੱਲੋਂ ਇੱਕ ਸ਼ਿਕਾਇਤ ਮਿਲਣ ਉਪਰੰਤ ਬਲਾਕ ਮਾਜਰੀ ਦੇ ਪਿੰਡ ਸੈਣੀ ਮਾਜਰਾ ਵਿਖੇ ਮੌਕਾ ਮੁਆਇਨਾ ਕੀਤਾ ਗਿਆ।ਜਾਂਚ ਦੌਰਾਨ ਦੋ ਥਾਵਾਂ 'ਤੇ ਵੱਡੇ ਪੱਧਰ 'ਤੇ ਨਜਾਇਜ਼ ਮਿੱਟੀ ਨਿਕਾਸੀ ਦਾ ਪਤਾ ਲੱਗਾ। ਜੀ ਪੀ ਐਸ ਕੋਆਰਡੀਨੇਟ 30.894987, 76.628732 'ਤੇ ਲਗਭਗ 1,00,800 ਘਣ ਫੁੱਟ ਮਿੱਟੀ ਦੀ ਗੈਰਕਾਨੂੰਨੀ ਖੁਦਾਈ ਦਰਜ ਕੀਤੀ ਗਈ, ਜਦਕਿ ਜੀ ਪੀ ਐਸ ਕੋਆਰਡੀਨੇਟ 30.895558, 76.628704 'ਤੇ ਹੋਰ 1,06,920 ਘਣ ਫੁੱਟ ਨਜਾਇਜ਼ ਨਿਕਾਸੀ ਦੀ ਪੁਸ਼ਟੀ ਹੋਈ।ਮੌਕੇ 'ਤੇ ਮਿਲੇ ਸਬੂਤਾਂ ਦੇ ਆਧਾਰ 'ਤੇ ਮਾਈਨਿੰਗ ਵਿਭਾਗ ਨੇ ਤੁਰੰਤ ਕਾਰਵਾਈ ਕਰਦਿਆਂ ਸਤਨਾਮ ਸਿੰਘ ਪੁੱਤਰ ਉਜਾਗਰ ਸਿੰਘ ਨਿਵਾਸੀ ਪਿੰਡ ਖਿਜ਼ਰਾਬਾਦ ਵਿਰੁੱਧ ਐੱਫ ਆਈ ਆਰ ਦਰਜ ਕਰਵਾਈ। ਗੈਰ ਕਾਨੂੰਨੀ ਮਾਈਨਿੰਗ ਵਿੱਚ ਵਰਤੀ ਜਾ ਰਹੀ ਇੱਕ ਪੋਕਲੇਨ ਮਸ਼ੀਨ ਅਤੇ ਇੱਕ ਟਿੱਪਰ ਨੂੰ ਵੀ ਕਬਜ਼ੇ ਵਿੱਚ ਲਿਆ ਗਿਆ ਹੈ। ਇਹ ਮਾਮਲਾ ਐੱਫ ਆਈ ਆਰ ਨੰਬਰ 0116 ਮਿਤੀ 17/11/2025 ਥਾਣਾ ਬਲਾਕ ਮਾਜਰੀ ਵਿੱਚ ਰਜਿਸਟਰ ਕੀਤਾ ਗਿਆ।ਇਸ ਤੋਂ ਇਲਾਵਾ, ਉਕਤ ਥਾਵਾਂ 'ਤੇ ਗੈਰਕਾਨੂੰਨੀ ਨਿਕਾਸੀ ਸਬੰਧੀ ਆਰ-ਨੋਟਿਸ ਜਾਰੀ ਕਰ ਦਿੱਤਾ ਗਿਆ ਹੈ ਅਤੇ ਜ਼ਰੂਰੀ ਨਿਸ਼ਾਨਦੇਹੀ ਅਤੇ ਅੱਗੇ ਦੀ ਕਾਰਵਾਈ ਲਈ ਸੰਬੰਧਿਤ ਰੈਵਿਨਿਊ ਵਿਭਾਗ ਨੂੰ ਸੂਚਿਤ ਕੀਤਾ ਗਿਆ ਹੈ।

# ਸਰਕਾਰੀ ਮਿਡਲ ਸਕੂਲ ਸੀਚੇਵਾਲ 'ਚ ਇੰਟਰਨੈਸ਼ਨਲ ਮਿਨ ਡੇ ਮਨਾਇਆ



**ਨਕੋਦਰ (ਮਨਜੀਤ ਮਾਨ)**-ਸਰਕਾਰੀ ਮਿਡਲ ਸਕੂਲ ਸੀਚੇਵਾਲ ਵਿਖੇ ਇੰਟਰਨੈਸ਼ਨਲ ਮਿਨ ਡੇ ਮਨਾਉਣ ਸਬੰਧੀ ਇੱਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਜਿਸ ਵਿੱਚ ਸਿੱਖਿਆ ਵਿਭਾਗ ਨਾਲ ਸਬੰਧਤ ਪੁਰਸ਼ ਵਰਗ ਵਿੱਚੋਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸੱਦਾ ਦਿੱਤਾ ਗਿਆ ਅਤੇ ਇਸ ਸਮਾਗਮ ਦੌਰਾਨ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਸਾਰੇ ਮਹਿਮਾਨਾਂ ਦਾ ਫੁੱਲ ਭੇਟ ਕਰਕੇ ਜੀ ਆਇਆਂ ਨੂੰ ਆਖਿਆ ਗਿਆ ਅਤੇ ਗੌਰਵ ਕੁਮਾਰ ਨੇ ਸਟੇਜ ਸੈਕਟਰੀ ਦੀ ਭੂਮਿਕਾ ਨਿਭਾਈ ।ਮੁੱਖ ਮਹਿਮਾਨ ਵਜੋਂ ਪ੍ਰਿੰਸੀਪਲ ਦਮਨਜੀਤ ਕੌਰ ਡੀ.ਡੀ.ਓ ਸ ਸ ਸ ਸ ਨਿਹਾਲੂਵਾਲ ਨੇ ਇਸ ਪ੍ਰੋਗਰਾਮ ਵਿੱਚ ਪਹੁੰਚ ਕੇ ਸਮਾਗਮ ਦੀ ਸ਼ਾਨ ਵਧਾਈ ਗਈ।ਇਸ ਮੌਕੇ ਸਾਰੀਆਂ ਪੁਰਸ਼ ਸ਼ਖ਼ਸੀਅਤਾਂ ਵੱਲੋਂ ਇਸ ਦਿਨ ਨੂੰ ਯਾਦਗਾਰ ਬਣਾਉਣ ਲਈ ਰੋਲਿੰਗ ਚੇਅਰ ਅਤੇ ਤੰਬੋਲਾ ਆਦਿ ਜਿਹੀਆਂ ਖੇਡਾਂ ਵਿੱਚ ਭਾਗ ਲੈ ਕੇ ਮਨਪ੍ਰਚਾਵਾ ਕੀਤਾ ਗਿਆ।ਪ੍ਰਿੰਸੀਪਲ ਦਮਨਜੀਤ ਕੌਰ ਅਤੇ ਮੈਡਮ ਕੰਚਨ ਵੱਲੋਂ ਪੁਰਸ਼ ਵਰਗ ਦੇ ਸਮਾਜ ਵਿੱਚ ਅਹਿਮ ਯੋਗਦਾਨ ਅਤੇ ਇੱਕ ਜ਼ਿੰਮੇਵਾਰੀ ਨਾਲ ਭਰੇ ਇਨਸਾਨ ਬਾਰੇ ਸਿਫਤ ਕਰਦੇ ਹੋਏ ਸਾਰਿਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ।ਪ੍ਰਿੰਸੀਪਲ-ਕਮ-ਬਲਾਕ ਨੋਡਲ ਅਫਸਰ ਜਸਪਾਲਜੀਤ ਕੌਰ ਵੱਲੋਂ ਇਹਨਾਂ ਸਾਰੀਆਂ ਆਈਆਂ ਹੋਈਆਂ ਸ਼ਖ਼ਸੀਅਤਾਂ ਲਈ ਮੁਬਾਰਕਬਾਦ ਭੇਜੀ ਗਈ।ਅੰਤ ਵਿੱਚ ਮਨਜਿੰਦਰ ਸਿੰਘ ਬੱਲ, ਸੰਜੀਵ ਕੁਮਾਰ, ਸੁਖਵਿੰਦਰਪ੍ਰੀਤ ਸਿੰਘ, ਰਾਮ ਤੀਰਥ ਸ਼ਰਮਾ, ਸ਼ਿਵ ਚੰਦ ਅਤੇ ਹੋਰ ਪਤਵੰਤਿਆਂ ਵੱਲੋਂ ਇਸ ਇੰਟਰਨੈਸ਼ਨਲ ਦਿਵਸ ਮਨਾਉਣ ਅਤੇ ਸਨਮਾਨ ਚਿੰਨ੍ਹ ਭੇਟ ਕਰਨ 'ਤੇ ਧੰਨਵਾਦ ਕੀਤਾ ਗਿਆ।

# ਰੋਟਰੀ ਭਵਨ ਵਿਖੇ ਟ੍ਰੇਨਿੰਗ ਵਰਕਸ਼ਾਪ ਕਰਵਾਈ

**ਨਵਾਂਸ਼ਹਿਰ (ਮਨੋਜ ਲਾਡੀ)**-ਰੋਟਰੀ ਕੱਲਬ ਵੱਲੋਂ ਰੋਟਰੀ ਭਵਨ ਵਿਖੇ ਸਮਾਜ ਸੇਵੀ ਅਗਵਾਈ ਨਿਭਾਉਣ ਲਈ ਲੋੜੀਂਦੀ ਯੋਗਤਾ, ਗੁਣਾਂ ਤੇ ਫਰਜ਼ਾਂ ਅਤੇ ਧੰਨਵਾਦ ਦੇ ਅਸਲ ਵਿਵਹਾਰ ਬਾਰੇ ਟ੍ਰੇਨਿੰਗ ਵਰਕਸ਼ਾਪ ਕਰਵਾਈ ਗਈ। ਰੋਟਰੀ ਕਲੱਬ ਦੇ ਪ੍ਰਧਾਨ ਰੋਟੇਰੀਅਨ ਰੀਆ ਅਰੋੜਾ, ਰੋਟੇ. ਜੀ ਐੱਸ ਤੂਰ, ਰੋਟੇ ਗੁਰਚਰਨ ਅਰੋੜਾ ਤੇ ਰੋਟੇ ਕੁਮਾਰ ਚੰਦਨ ਦੀ ਅਗਵਾਈ ਵਿਚ ਹੋਏ ਸਮਾਗਮ ਵਿਚ ਵਿਸ਼ੇਸ਼ ਬੁਲਾਰੇ ਡਾ. ਅਜੇ ਬੱਗਾ ਵੱਲੋਂ ਧੰਨਵਾਦੀ ਵਿਵਹਾਰ ਬਾਰੇ ਵਿਦਵਤਾ ਭਰਪੂਰ ਵਿਚਾਰ ਪੇਸ਼ ਕਰਦਿਆਂ ਦੱਸਿਆ ਕਿ ਧੰਨਵਾਦ ਰਸਮੀ ਸ਼ਬਦਾਂ ਤੇ ਅਧਾਰਿਤ ਨਹੀਂ ਹੋਣਾ ਚਾਹੀਦਾ। ਬਲਕਿ ਦੋ ਤਰਫਾ ਅਮਲੀ ਧੰਨਵਾਦ ਹੋਣਾ ਚਾਹੀਦਾ ਹੈ ਉਨ੍ਹਾਂ ਧੰਨਵਾਦ ਦੇ ਅਦਾਨ-ਪ੍ਰਦਾਨ ਲਈ ਜਜਬਾਤੀ ਉਦਾਹਰਣਾਂ ਪੇਸ਼ ਕਰਦਿਆਂ ਲੁੜੀਂਦੀ ਧੰਨਵਾਦੀ-ਕਲਾ ਦੀ ਸਾਂਝ ਪਾਈ। ਇਸ ਮੌਕੇ ਸਮਾਜ ਸੇਵੀ ਜੇ ਐੱਸ ਗਿੱਦਾ ਨੇ ਸਮਾਜ ਸੇਵੀ ਲੀਡਰਸ਼ਿਪ, ਯੋਗਤਾ, ਗੁਣਾਂ ਤੇ ਫਰਜ਼ਾਂ ਵਾਰੇ ਵਿਚਾਰ ਪੇਸ਼ ਕਰਦਿਆਂ 'ਧੀਆਂ ਬਚਾਓ' ਲਹਿਰ ਬਾਰੇ ਨਵਾਂਸ਼ਹਿਰ ਮਾਡਲ ਦੀ ਵਿਆਖਿਆ ਕੀਤੀ। ਜਿਸ ਦੇ ਸਿੱਟੇ ਵਜੋਂ 775 ਲੜਕੀਆਂ ਪ੍ਰਤੀ ਹਜ਼ਾਰ ਲੜਕੇ ਤੱਕ ਡਿੱਗਿਆ ਲਿੰਗ-ਅਨੁਪਾਤ 962 ਲੜਕੀਆਂ ਪ੍ਰਤੀ ਹਜਾਰ ਲੜਕੇ ਤੱਕ ਪੁੱਜਾ ਜੋ ਪੰਜਾਬ ਵਿੱਚੋਂ ਅਵੱਲ ਰਿਹਾ। ਰੋਟਰੀ ਕਲੱਬ ਵੱਲੋਂ ਸ਼ੁੱਧ ਵਾਤਾਵਰਣ ਪ੍ਰਤੀ ਸੰਦੇਸ਼ ਸਾਂਝਾ ਕਰਨ ਲਈ ਰੋਟਰੀ ਭਵਨ ਦੇ ਵਿਹੜੇ ਵਿਚ ਫੁੱਲਾਂ ਦੇ ਬੂਟਿਆਂ ਰਾਹੀਂ ਪੌਦਾਕਰਣ ਕੀਤਾ। ਜਿਸ ਵਿਚ ਡਾ. ਦੀਪਇੰਦਰ ਸਿੰਘ ਸੰਧੂ, ਡਾ. ਰਾਵਿੰਦਰ ਕਾਰਾ, ਪ੍ਰਿੰ. ਪ੍ਰਕਾਸ਼ ਕੌਰ, ਸੁਰਿੰਦਰ ਕੌਰ ਤੂਰ, ਡਾ. ਪਵਨ ਕੁਮਾਰ, ਡਾ. ਗੁਰਪਾਲ, ਪ੍ਰੋ. ਅਰੁਣਾ ਪ੍ਰਭਾਕਰ, ਚੰਦਨ ਅਰੋੜਾ, ਵਿਨੋਦ ਜਾਂਗੜਾ, ਦੇਸ ਰਾਜ, ਸੁਮੀਤ ਗਿੱਲ ਸ਼ਾਮਲ ਸਨ।

# ਸੀ ਪੀ ਆਈ ਬ੍ਰਾਂਚ ਮੇਹਲੀ ਦੀ ਚੋਣ



**ਬੰਗਾ (ਅਵਤਾਰ ਕਲੇਰ)**-ਭਾਰਤੀ ਕਮਿਊਨਿਸਟ ਪਾਰਟੀ ਬ੍ਰਾਂਚ ਮੇਹਲੀ ਦੀ ਚੋਣ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਨਰੰਜਣ ਦਾਸ ਮੇਹਲੀ ਦੀ ਰਹਿਨੁਮਾਈ ਹੇਠ ਹੋਈ। ਨਰੰਜਣ ਦਾਸ ਮੇਹਲੀ ਵਲੋਂ ਮਾਰਕਸ ਅਤੇ ਪਾਰਟੀ ਦੇ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ। ਸਰਬ ਸੰਮਤੀ ਨਾਲ ਮੇਹਲੀ ਬ੍ਰਾਂਚ ਦਾ ਹੁਸਨ ਲਾਲ ਨੂੰ ਸਕੱਤਰ ਅਤੇ ਅਮਰਜੀਤ ਮੇਹਲੀ, ਗੁਰਦੀਪ ਰਾਮ ਨੂੰ ਮੀਤ ਸਕੱਤਰ ਚੁਣਿਆ ਗਿਆ। ਇਸ ਮੌਕੇ ਨਰੰਜਣ ਦਾਸ ਮੇਹਲੀ, ਗੁਰਮੀਤ ਰਾਮ, ਹਰਮੇਸ਼ ਲਾਲ, ਹੁਸਨ ਲਾਲ, ਗੁਰਦੀਪ ਲਾਲ, ਹਰਪਾਲ ਸਿੰਘ, ਬੀਬੀ ਪਿਆਰੀ,ਦੇਸ ਰਾਜ,ਜਸਪਾਲ ਸਿੰਘ ਆਦਿ ਹਾਜ਼ਰ ਸਨ।

# ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨਾ ਸਰਕਾਰ ਦਾ ਪਹਿਲਾ ਫਰਜ਼ : ਸੈਣੀ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਵੱਧ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾਂ ਕਰਦਿਆਂ ਹਲਕਾ ਗੜ੍ਹਸ਼ੰਕਰ ਤੋਂ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਦੀਪ ਸਿੰਘ ਸੈਣੀ ਨੇ ਕਿਹਾ ਕਿ ਲੋਕਾਂ ਦੀ ਜਾਨ ਮਾਲ ਦੀ ਰਾਖੀ ਕਰਨਾ ਸਰਕਾਰ ਦਾ ਪਹਿਲਾ ਫਰਜ਼ ਹੈ। ਪੰਜਾਬ ਸਰਕਾਰ ਨੇ ਹੜ੍ਹ ਪੀੜਿਤ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਹੈ। ਹੜ੍ਹ ਪੀੜਤ ਲੋਕਾਂ ਨੂੰ ਫਸਲਾਂ, ਪਸ਼ੂਆਂ ਅਤੇ ਢਹਿ ਚੁੱਕੇ ਘਰਾਂ ਦੇ ਮੁੜ ਵਸੇਬੇ ਲਈ ਬਣਦਾ ਯੋਗ ਮੁਆਵਜ਼ਾ ਦਿੱਤਾ ਗਿਆ। ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਦਸਦੇ ਹੋਏ ਉਹਨਾਂ ਕਿਹਾ ਕਿ ਸਰਕਾਰ ਵਲੋਂ ਬਿਨਾਂ ਕਿਸੇ ਸਿਫ਼ਾਰਿਸ਼ ਅਤੇ ਭੇਦਭਾਵ ਦੇ ਮੈਰਿਟ ਦੇ ਆਧਾਰ ਤੇ ਨੌਕਰੀਆਂ ਪੰਜਾਬ ਦੇ ਨੌਜਵਾਨਾਂ ਨੂੰ ਦਿੱਤੀਆਂ ਜਾ ਚੁੱਕੀਆਂ ਹਨ। ਮੁੱਖ ਮੰਤਰੀ ਪੰਜਾਬ ਪਹਿਲਾਂ ਹੀ ਐਲਾਨ ਕਰ ਚੁੱਕੇ ਹਨ ਕਿ ਪੰਜਾਬ ਪੁਲਸ ਵਿਚ ਨਵੀਂ ਹੋਰ ਭਰਤੀ, ਔਰਤਾਂ ਨੂੰ ਫਰੀ ਬੱਸ ਸਰਵਿਸ ਮੁਹੱਈਆ ਕਰਵਾਈ ਜਾ ਰਹੀ ਹੈ।

# ਗੋ-ਸੋਲਰ ਪ੍ਰੋਜੈਕਟ 'ਚ ਹੁਸ਼ਿਆਰਪੁਰ ਬਣਿਆ ਨੰਬਰ 1

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਨਵਿਆਉਣਯੋਗ ਊਰਜਾ ਨੂੰ ਉਤਸ਼ਾਹਿਤ ਕਰਨ ਲਈ ਚੱਲ ਰਹੇ ਗੋ-ਸੋਲਰ ਪ੍ਰੋਜੈਕਟ ਵਿੱਚ ਹੁਸ਼ਿਆਰਪੁਰ ਜ਼ਿਲ੍ਹਾ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਪੂਰੇ ਪੰਜਾਬ ਵਿੱਚੋਂ ਪਹਿਲੇ ਨੰਬਰ 'ਤੇ ਪਹੁੰਚ ਗਿਆ ਹੈ। 15 ਸਤੰਬਰ ਤੋਂ 12 ਨਵੰਬਰ ਦੇ ਸਮੇਂ ਦੌਰਾਨ ਜ਼ਿਲ੍ਹੇ ਨੇ 825 ਤੋਂ 998 ਅਰਜ਼ੀਆਂ ਤੱਕ ਪਹੁੰਚਦੇ ਹੋਏ 8.8 ਫੀਸਦੀ ਦੀ ਸਭ ਤੋਂ ਤੇਜ਼ ਗ੍ਰੋਥ ਦਰਜ ਕੀਤੀ, ਜੋ ਕਿ ਰਾਜ ਦੇ 21 ਸਰਕਲਾਂ ਵਿੱਚੋਂ ਸਭ ਤੋਂ ਵੱਧ ਹੈ। ਇਹ ਪ੍ਰਾਪਤੀ ਪ੍ਰਸ਼ਾਸਨਿਕ ਕੁਸ਼ਲਤਾ, ਵਿਭਾਗੀ ਤਾਲਮੇਲ ਅਤੇ ਜ਼ਮੀਨੀ ਪੱਧਰ 'ਤੇ ਸਮੂਹਿਕ ਯਤਨਾਂ ਦਾ ਨਤੀਜਾ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਡੇਟਾ-ਸੰਚਾਲਿਤ ਪਹੁੰਚ, ਮਾਈਕ੍ਰੋ-ਮਾਨੀਟਰਿੰਗ, ਨਿਯਮਿਤ ਸਰਕਲ-ਪੱਧਰੀ ਸਮੀਖਿਆਵਾਂ ਅਤੇ ਅਰਜ਼ੀ ਪ੍ਰਕਿਰਿਆ ਵਿੱਚ ਰੁਕਾਵਟਾਂ ਨੂੰ ਤੁਰੰਤ ਦੂਰ ਕਰਨ ਨੇ ਪੂਰੀ ਮੁਹਿੰਮ ਨੂੰ ਇਕ ਨਵਾਂ ਹੁਲਾਰਾ ਦਿੱਤਾ। ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਗਈਆਂ, ਜਦੋਂ ਕਿ ਤਕਨੀਕੀ ਮੁੱਦਿਆਂ ਨੂੰ ਹੱਲ ਕਰਨ ਲਈ ਟਾਸਕ ਫੋਰਸਾਂ ਤਾਇਨਾਤ ਕੀਤੀਆਂ ਗਈਆਂ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹੇ ਦੀ ਇਸ ਵੱਡੀ ਪ੍ਰਾਪਤੀ ਵਿੱਚ ਕਈ ਵਿਭਾਗਾਂ ਅਤੇ ਹਿੱਸੇਦਾਰਾਂ ਦਾ ਮਹੱਤਵਪੂਰਨ ਯੋਗਦਾਨ ਰਿਹਾ ਹੈ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ ਦੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਨੇ ਗੋ-ਸੋਲਰ ਪ੍ਰੋਜੈਕਟ ਦੇ ਨੋਡਲ ਅਫ਼ਸਰ ਵਜੋਂ ਮੁੱਖ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਨੋਡਲ ਅਫ਼ਸਰ ਹੋਣ ਦੇ ਨਾਤੇ, ਓਇਸ਼ੀ ਮੰਡਲ ਨੇ ਸਖ਼ਤ ਫੀਲਡ ਨਿਗਰਾਨੀ, ਵਿਭਾਗਾਂ ਵਿਚਕਾਰ ਸੁਚਾਰੂ ਤਾਲਮੇਲ, ਅਸਲ-ਸਮੇਂ ਦੀ ਪ੍ਰਗਤੀ ਨਿਗਰਾਨੀ ਅਤੇ ਹਿੱਸੇਦਾਰਾਂ ਦੀਆਂ ਟੀਮਾਂ ਨਾਲ ਸਮੇਂ ਸਿਰ ਫਾਲੋਅੱਪ ਨੂੰ ਯਕੀਨੀ ਬਣਾਇਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਦੀ ਸਮਰਪਿਤ ਅਗਵਾਈ ਅਤੇ ਸਰਗਰਮ ਨਿਗਰਾਨੀ ਨੇ ਪ੍ਰੋਜੈਕਟ ਦੀ ਸਮੁੱਚੀ ਕਾਰਗੁਜ਼ਾਰੀ ਨੂੰ ਕਾਫ਼ੀ ਮਜ਼ਬੂਤੀ ਦਿੱਤੀ ਹੈ।

# ਜ਼ਿਲ੍ਹਾ ਪੱਧਰੀ ਮੈਡੀਕਲ ਪ੍ਰੈਕਟੀਸ਼ਨਰ ਕਨਵੈਨਸ਼ਨ 29 ਨੂੰ



**ਬਲਾਚੌਰ (ਜਸਵਿੰਦਰ ਬੈਂਸ)**

ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਵੀਜ਼ਨ ਬਲਾਚੌਰ ਵਿੱਚ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਰਜਿ 295 ਤਹਿਸੀਲ ਬਲਾਚੌਰ ਦੀ ਮਹੀਨਾਵਾਰ ਮੀਟਿੰਗ ਡਾ. ਤਜਿੰਦਰ ਸਿੰਘ ਜੋਤ ਦੀ ਪ੍ਰਧਾਨਗੀ ਹੇਠ ਹੋਈ। ਮੌਕੇ 'ਤੇ ਪੰਜਾਬ ਦੇ ਉਪ ਪ੍ਰਧਾਨ ਡਾ ਦਿਲਦਾਰ ਸਿੰਘ ਚਾਹਲ, ਜ਼ਿਲ੍ਹਾ ਪ੍ਰਧਾਨ ਕਸ਼ਮੀਰ ਸਿੰਘ ਢਿੱਲੋਂ, ਜ਼ਿਲ੍ਹਾ ਜਨਰਲ ਸਕੱਤਰ ਧਰਮਜੀਤ ਔੜ, ਜ਼ਿਲ੍ਹਾ ਮੈਂਬਰ ਡਾ. ਜਸਪਾਲ ਸ਼ਰਮਾ, ਤਹਿਸੀਲ ਦੇ ਚੇਅਰਮੈਨ ਮਨੋਹਰ ਲਾਲ ਟਕਾਰਲਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਮੌਕੇ 'ਤੇ ਡਾ. ਢਿੱਲੋਂ ਨੇ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਮੰਗਾਂ ਅਤੇ ਭਵਿੱਖ ਦੀ ਰਣਨੀਤੀ 'ਤੇ ਚਰਚਾ ਕਰਨ ਲਈ, 29 ਨਵੰਬਰ ਨੂੰ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਦਾ ਆਯੋਜਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 'ਚ ਵਿਸ਼ਵਕਰਮਾ ਮੰਦਰ ਵਿਖੇ ਕੀਤਾ ਜਾਵੇਗਾ। ਕਨਵੈਨਸ਼ਨ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ ਅਤੇ ਜਥੇਬੰਦੀ ਵੱਲੋਂ ਵੱਧ ਤੋਂ ਵੱਧ ਪ੍ਰੈਕਟੀਸ਼ਨਰਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।ਇਸ ਕਨਵੈਨਸ਼ਨ ਦਾ ਮੁੱਖ ਉਦੇਸ਼ ਜ਼ਿਲ੍ਹੇ ਦੇ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਅਤੇ ਉਨ੍ਹਾਂ ਦੇ ਹੱਕਾਂ ਤੇ ਮਸਲਿਆਂ 'ਤੇ ਵਿਚਾਰ ਵਟਾਂਦਰਾ ਕਰਨਾ ਹੈ। ਕਨਵੈਨਸ਼ਨ ਦੌਰਾਨ ਜਥੇਬੰਦੀ ਦੀਆਂ ਪਿਛਲੀਆਂ ਪ੍ਰਾਪਤੀਆਂ ਦੀ ਸਮੀਖਿਆ ਕੀਤੀ ਜਾਵੇਗੀ ਅਤੇ ਭਵਿੱਖ ਦੀਆਂ ਕਾਰਵਾਈਆਂ ਦੀ ਰੂਪ-ਰੇਖਾ ਉਲੀਕੀ ਜਾਵੇਗੀ। ਇਸ ਤੋਂ ਇਲਾਵਾ ਸਰਕਾਰ ਤੋਂ ਲੰਬਿਤ ਮੰਗਾਂ ਨੂੰ ਮਨਵਾਉਣ ਲਈ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ। ਜਥੇਬੰਦੀ ਦੇ ਆਗੂਆਂ ਨੇ ਜ਼ਿਲ੍ਹੇ ਦੇ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ 29 ਨਵੰਬਰ ਨੂੰ ਵੱਡੀ ਗਿਣਤੀ ਵਿੱਚ ਕਨਵੈਨਸ਼ਨ ਵਿੱਚ ਪਹੁੰਚਣ ਦੀ ਅਪੀਲ ਕੀਤੀ ਹੈ ਤਾਂ ਜੋ ਸੰਘਰਸ਼ ਨੂੰ ਹੋਰ ਮਜ਼ਬੂਤ ? ?ਕੀਤਾ ਜਾ ਸਕੇ।ਮੀਟਿੰਗ ਵਿੱਚ ਡਾ ਗਿਆਨ ਸਿੰਘ, ਡਾ ਹਰਜਿੰਦਰ ਸਿੰਘ, ਡਾ ਬਲਦੇਵ ਸਿੰਘ, ਡਾ ਮਨਮੋਹਨ ਸਿੰਘ, ਭੁਪਿੰਦਰ ਸਿੰਘ, ਡਾ ਸੁਭਾਸ਼, ਡਾਕਟਰ ਪ੍ਰੇਮ, ਡਾ ਦਿਲਬਾਗ, ਡਾ ਬਹਾਦਰ ਸੁੱਧਾ ਮਾਜਰਾ, ਡਾ ਬਲਵੀਰ, ਡਾ ਜਤਿੰਦਰ ਪਾਲ ਹੋਰ ਬਹੁਤ ਸਾਰੇ ਮੈਂਬਰ ਸ਼ਾਮਲ ਹੋਏ।

# ਰੰਧਾਵਾ ਵੱਲੋਂ ਨਵੇਂ ਟਿਊਬਵੈੱਲ ਦੇ ਕੰਮ ਦੀ ਸ਼ੁਰੂਆਤ



**ਜ਼ੀਰਕਪੁਰ (ਵਿਨੈ ਕੁਮਾਰ ਜੈਨ)**-ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਨਗਰ ਕੌਂਸਲ ਦੀ ਹੱਦ ਅੰਦਰ ਆਉਂਦੇ ਜ਼ੀਰਕਪੁਰ ਖੇਤਰ ਦੇ ਵਾਰਡ ਨੰਬਰ 27, ਏ ਕੇ ਐੱਸ ਕਲੋਨੀ-1 ਵਿੱਚ 40.53 ਲੱਖ ਰੁਪਏ ਦੀ ਲਾਗਤ ਨਾਲ ਪਾਣੀ ਦੀ ਸਪਲਾਈ ਲਈ ਨਵੇਂ ਟਿਊਬਵੈੱਲ ਦੇ ਕੰਮ ਦੀ ਸ਼ੁਰੂਆਤ ਦਾ ਨੀਂਹ ਪੱਥਰ ਰੱਖਿਆ। ਇਸ ਕਦਮ ਨਾਲ ਸਥਾਨਕ ਨਿਵਾਸੀਆਂ ਨੂੰ ਸਾਫ਼ ਤੇ ਲਗਾਤਾਰ ਪਾਣੀ ਦੀ ਸਹੂਲਤ ਉਪਲਬਧ ਹੋਵੇਗੀ।ਇਸ ਮੌਕੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ, ਇਹ ਵਿਕਾਸ ਪ੍ਰੋਜੈਕਟ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਅਤੇ ਲੋਕ-ਮੁਖੀ ਨੀਤੀਆਂ ਦਾ ਨਤੀਜਾ ਹੈ।

# ਦ ਵੈਲਥ ਕੰਪਨੀ ਮਿਉਚੁਅਲ ਫੰਡ ਨੇ ਹਾਈਬ੍ਰਿਡ ਮਲਟੀ ਐਸੇਟ ਅਲੋਕੇਸ਼ਨ ਫੰਡ ਕੀਤਾ ਲਾਂਚ

**ਚੰਡੀਗੜ੍ਹ**-ਪੈਂਟੋਮੈਥ ਫਾਈਨੈਂਸ਼ੀਅਲ ਸਰਵਿਸਿਜ਼ ਗਰੁੱਪ ਦੇ ਅਧੀਨ ਭਾਰਤ ਦੇ ਸਭ ਤੋਂ ਤੇਜ਼ੀ ਨਾਲ ਵਧ ਰਹੇ ਏ ਐਮ ਸੀ ਵਿੱਚੋਂ ਇੱਕ ਦ ਵੈਲਥ ਕੰਪਨੀ ਐਸੇਟ ਮੈਨੇਜਮੈਂਟ ਹੋਲਡਿੰਗਜ਼ ਪ੍ਰਾਈਵੇਟ ਲਿਮਟਿਡ 'ਦ ਵੈਲਥ ਕੰਪਨੀ ਮਲਟੀ ਐਸੇਟ ਅਲੋਕੇਸ਼ਨ ਫੰਡ' ਲਾਂਚ ਕਰ ਰਹੀ ਹੈ। ਨਵੀਂ ਫੰਡ ਪੇਸ਼ਕਸ਼ 19 ਨਵੰਬਰ, 2025 ਨੂੰ ਖੁੱਲ੍ਹੇਗੀ ਤੇ 3 ਦਸੰਬਰ, 2025 ਨੂੰ ਬੰਦ ਹੋਵੇਗੀ।ਐਨਐਫਓ ਲਾਂਚ ਬਾਰੇ ਵਿਸਥਾਰ ਵਿੱਚ ਦੱਸਦੇ ਹੋਏ, ਅਪਰਣਾ ਸ਼ੰਕਰ, ਸੀ ਆਈ ਓ-ਇਕੁਇਟੀ, ਦ ਵੈਲਥ ਕੰਪਨੀ ਮਿਊਚੁਅਲ ਫੰਡ ਨੇ ਕਿਹਾ, ਦ ਵੈਲਥ ਕੰਪਨੀ ਮਿਊਚੁਅਲ ਫੰਡ ਵਿਖੇ, ਸਾਡਾ ਮੰਨਣਾ ਹੈ ਕਿ ਸੰਪਤੀ ਵੰਡ ਲੰਬੇ ਸਮੇਂ ਦੀ ਦੌਲਤ ਸਿਰਜਣ ਅਤੇ ਸੰਭਾਲ ਦਾ ਅਧਾਰ ਹੈ। ਸਾਡਾ ਮਲਟੀ-ਐਲੋਕੇਸ਼ਨ ਫੰਡ ਹਰ ਹਾਲਾਤ ਵਿੱਚ ਸਫਲਤਾ ਦੀ ਸੰਭਾਵਨਾ ਵਾਲੀਆਂ ਸੰਪਤੀਆਂ ਵਿੱਚ ਨਿਵੇਸ਼ ਕਰਦਾ ਹੈ।

# ਹੜ੍ਹ ਪ੍ਰਭਾਵਿਤ ਪਿੰਡਾਂ ਲਈ 84 ਲੱਖ ਦੀ ਗ੍ਰਾਂਟ ਜਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਚੱਬੇਵਾਲ ਵਿਧਾਨ ਸਭਾ ਹਲਕੇ ਵਿੱਚ ਹੜ੍ਹ ਤੋਂ ਪ੍ਰਭਾਵਿਤ ਪਿੰਡਾਂ ਦੀ ਸਫਾਈ, ਫੋਗਿੰਗ ਅਤੇ ਹੋਰ ਕੰਮਾਂ ਨੂੰ ਤੁਰੰਤ ਪ੍ਰਭਾਵ ਨਾਲ ਤੇਜ਼ੀ ਦੇਣ ਲਈ ਪੰਜਾਬ ਸਰਕਾਰ ਨੇ ਵੱਡਾ ਕਦਮ ਚੁੱਕਦਿਆਂ 42 ਪਿੰਡਾਂ ਨੂੰ 84 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਹੈ। ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਹਲਕੇ ਦੇ ਕਈ ਪਿੰਡ ਬਹੁਤ ਗੰਭੀਰ ਤਰੀਕੇ ਨਾਲ ਪ੍ਰਭਾਵਿਤ ਹੋਏ ਸਨ। ਇਸ ਸਥਿਤੀ ਨੂੰ ਸਾਹਮਣੇ ਰੱਖਦਿਆਂ ਅਤੇ ਰਾਹਤ ਪਹੁੰਚਾਉਣ ਲਈ ਹੁਣ ਸਾਡੇ ਪਿੰਡਾਂ ਦੀ ਸਫਾਈ, ਫੋਗਿੰਗ ਆਦਿ ਲਈ ਇਹ ਰਕਮ ਜਾਰੀ ਕੀਤੀ ਗਈ ਹੈ। ਵਿਧਾਇਕ ਡਾ ਇਸ਼ਾਂਕ ਨੇ ਮਾਹਿਲਪੁਰ ਰੈਸਟ ਹਾਊਸ ਵਿਖੇ ਇਸ ਸਹਾਇਤਾ ਰਾਸ਼ੀ ਦੇ ਸੈਂਕਸ਼ਨ ਲੈਟਰ ਸਬੰਧਿਤ ਪੰਚਾਇਤਾਂ ਨੂੰ ਵੰਡੇ । ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਇਹ ਰਕਮ ਜਾਰੀ ਕਰਨਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਹਨਾਂ ਪਿੰਡਾਂ ਨੂੰ ਹੜ੍ਹਾਂ ਕਾਰਨ ਹੋਣ ਵਾਲੇ ਦੂਰ ਪ੍ਰਭਾਵਾਂ ਤੋਂ ਬਚਾਉਣ ਦਾ ਇੱਕ ਸਰਾਹਣਯੋਗ ਯਤਨ ਹੈ।



# ਪੈਰਾ ਲੀਗਲ ਵਲੰਟੀਅਰਾਂ ਲਈ ਅਪਲਾਈ ਕਰਨ ਦੀ ਮਿਤੀ 27 ਤੱਕ ਵਧਾਈ : ਸੀ ਜੇ ਐੱਮ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਜ਼ਿਲ੍ਹਾ ਅਤੇ ਸ਼ੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਰਜਿੰਦਰ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਹੁਸ਼ਿਆਰਪੁਰ, ਦਸੂਹਾ, ਮੁਕੇਰੀਆਂ ਅਤੇ ਗੜ੍ਹਸ਼ੰਕਰ ਵਿਖੇ ਪੈਰਾ ਲੀਗਲ ਵਲੰਟੀਅਰਜ਼ ਦੀ ਨਿਯੁਕਤੀ ਕੀਤੀ ਜਾਣੀ ਹੈ। ਇਸ ਸਬੰਧ ਵਿਚ ਯੋਗ ਉਮੀਦਵਾਰਾਂ ਤੋਂ ਅਰਜੀਆਂ ਦੀ ਮੰਗ 18 ਨਵੰਬਰ ਤੱਕ ਕੀਤੀ ਗਈ ਸੀ, ਜਿਸ ਨੂੰ ਹੁਣ 27 ਨਵੰਬਰ 2025 ਤੱਕ ਵਧਾ ਦਿੱਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਨੀਰਜ ਗੋਇਲ ਨੇ ਦੱਸਿਆ ਕਿ ਇਸ ਸਬੰਧੀ ਜਨਤਕ ਇਸ਼ਤਿਹਾਰ ਜ਼ਿਲ੍ਹਾ ਕੋਰਟ, ਹੁਸ਼ਿਆਰਪੁਰ ਦੀ ਵੈੱਬਸਾਈਟ 'ਤੇ ਅੱਪਲੋਡ ਕਰ ਦਿਤਾ ਗਿਆ ਹੈ।ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਬਤੌਰ ਪੈਰਾ ਲੀਗਲ ਵਲੰਟੀਅਰਜ਼ ਸੇਵਾਵਾਂ ਦੇਣ ਵਾਲੇ ਪ੍ਰਾਰਥੀ ਨੂੰ ਵੇਜ਼ਜ਼/ਮਿਹਨਤਾਵਾਂ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਨੂੰ ਬਤੌਰ ਪੀ.ਐਲ.ਵੀ ਨਿਯੁਕਤ ਹੋ ਜਾਣ ਉਪਰੰਤ 800 ਰੁਪਏ ਮਾਣਭੱਤਾ ਸਿਰਫ ਉਸ ਦਿਨ ਲਈ ਹੀ ਦਿੱਤਾ ਜਾਵੇਗਾ, ਜਿਸ ਦਿਨ ਪੀ.ਐਲ.ਵੀ ਦੀ ਡਿਊਟੀ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਲਗਾਈ ਜਾਵੇਗੀ। ਇਸ ਮਾਣਭੱਤੇ ਵਿਚ ਕੇਵਲ ਵਾਧਾ ਜਾਂ ਕਟੌਤੀ ਕੇਵਲ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਦੁਆਰਾ ਸਮੇਂ-ਸਮੇਂ ਸਿਰ ਨਿਸ਼ਚਿਤ ਕੀਤੇ ਜਾਣ ਵਾਲੇ ਨਿਯਮਾਂ ਅਨੁਸਾਰ ਹੀ ਹੋਵੇਗਾ।

# ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਤੇ ਪ੍ਰਦਰਸ਼ਨੀ



**ਫਗਵਾੜਾ (ਡਾ. ਰਮਨ)**

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੀਆਂ ਹਦਾਇਤਾਂ 'ਤੇ ਹਾੜ੍ਹੀ ਦੀਆਂ ਫਸਲਾਂ ਦੀ ਤਕਨੀਕੀ ਜਾਣਕਾਰੀ ਦੇਣ ਅਤੇ ਕੁਦਰਤੀ ਸੋਮਿਆਂ ਦੀ ਸੁਚੱਜੀ ਵਰਤੋਂ ਬਾਰੇ ਆਤਮਾ ਦੇ ਸਹਿਯੋਗ ਨਾਲ ਲਵਲੀ ਪ੍ਰੋਫੈਸਨਲ ਯੂਨੀਵਰਸਿਟੀ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਖੇਤੀ ਪ੍ਰਦਰਸ਼ਨੀ ਲਗਾਈ ਗਈ।ਇਸ ਕੈਂਪ ਵਿੱਚ ਰਾਜ ਸਭਾ ਮੈਂਬਰ-ਕਮ-ਚਾਂਸਲਰ ਲਵਲੀ ਪ੍ਰੋਫੈਸਨਲ ਯੂਨੀਵਰਸਿਟੀ ਡਾ. ਅਸ਼ੋਕ ਕੁਮਾਰ ਮਿੱਤਲ ਵਲੋਂ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਕੈਂਪ ਦਾ ਉਦਘਾਟਨ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਵੱਲੋਂ ਕੀਤਾ ਗਿਆ। ਦੋਨਾਂ ਮਹਿਮਾਨਾਂ ਵੱਲੋਂ ਸਰਕਾਰੀ ਵਿਭਾਗਾਂ ਅਤੇ ਅਦਾਰਿਆਂ ਵਲੋਂ ਲਗਾਈਆਂ ਗਈਆਂ ਪ੍ਰਦਰਸ਼ਨੀਆਂ/ਨੁਮਾਇਸ਼ਾਂ ਦਾ ਨਿਰੀਖਣ ਕੀਤਾ ਗਿਆ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਕਿਹਾ ਕਿ ਖੇਤੀ ਮਾਹਰਾਂ ਪਾਸੋਂ ਹਾੜ੍ਹੀ ਦੀਆਂ ਫਸਲਾਂ ਸਬੰਧੀ ਜੋ ਤਕਨੀਕੀ ਗਿਆਨ ਹਾਸਲ ਕੀਤਾ ਹੈ ਉਸ ਨੂੰ ਕਿਸਾਨ ਆਪਣੇ ਖੇਤਾਂ ਵਿੱਚ ਅਪਣਾ ਕੇ ਲਾਭ ਉਠਾਉਣ। ਇਸ ਕੈਂਪ ਵਿੱਚ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ ਡਾ. ਅਰੁਣ ਕੁਮਾਰ, ਸੰਯੁਕਤ ਡਾਇਰੈਕਟਰ ਖੇਤੀਬਾੜੀ ਵਲੋਂ ਕਿਸਾਨਾਂ ਨੂੰ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਪ੍ਰੇਰਿਤ ਕੀਤਾ।ਮੁੱਖ ਖੇਤੀਬਾੜੀ ਅਫਸਰ ਡਾ.ਐਚ.ਪੀ.ਐਸ ਭਰੋਤ ਵਲੋਂ ਆਏ ਹੋਏ ਮੁੱਖ ਮਹਿਮਾਨਾਂ ਅਤੇ ਹਾਜ਼ਰ ਕਿਸਾਨਾਂ ਨੂੰ ਜੀ.ਆਇਆਂ ਕਹਿਣ ਉਪਰੰਤ ਸੰਬੋਧਨ ਕਰਦਿਆਂ ਖੇਤੀਬਾੜੀ ਵਿਭਾਗ ਦੀਆਂ ਸਕੀਮਾਂ ਅਤੇ ਹਾੜ੍ਹੀ ਦੀਆਂ ਫਸਲਾਂ ਦੇ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਵਲੋਂ ਇਹ ਵੀ ਦੱਸਿਆ ਗਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਵਿਭਾਗ ਦੀਆਂ ਕੋਸਿਸਾਂ ਸਦਕਾ ਝੋਨੇ ਦੀ ਪਰਾਲੀ ਨੂੰ ਅਗ ਲੱਗਣ ਦੀਆਂ ਘਟਨਾਵਾਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਹੁਣ ਤੱਕ 56 ਫੀਸਦੀ ਕਮੀ ਦਰਜ ਕੀਤੀ ਗਈ ਹੈ। ਇਸ ਕੈਂਪ ਵਿੱਚ ਡਾ.ਗਗਨਦੀਪ ਸਿੰਘ ਧਵਨ ਵਲੋਂ ਮਿੱਟੀ ਪਰਖ ਅਤੇ ਖਾਦਾਂ ਦੀ ਵਰਤੋਂ ਸਬੰਧੀ, ਡਾ. ਜਸਪਾਲ ਸਿੰਘ ਵਲੋਂ ਖਾਦਾਂ ਦੀ ਵਰਤੋਂ ਸਬੰਧੀ, ਡਾ. ਉਜਾਗਰ ਸਿੰਘ ਵਾਲੀਆ ਵਲੋਂ ਕਣਕ ਦੇ ਨਦੀਨਾਂ ਦੀ ਰੋਕਥਾਮ ਸਬੰਧੀ, ਡਾ. ਹਰਮੀਤ ਸਿੰਘ ਵਲੋਂ ਕਣਕ ਦੀਆਂ ਕਿਸਮਾਂ ਸਬੰਧੀ, ਡਾ. ਸੁਮਨ ਜੋਲੀ ਵਲੋਂ ਕਣਕ ਦੇ ਕੀੜੇ-ਮਕੌੜੇ ਅਤੇ ਬਿਮਾਰੀਆਂ ਸਬੰਧੀ, ਡਾ. ਅਮਨਦੀਪ ਕੌਰ ਸਬਜਿਆਂ ਦੀ ਕਾਸ਼ਤ ਸਬੰਧੀ, ਡਾ. ਰਜਿੰਦਰ ਕੁਮਾਰ ਵਲੋਂ ਕਮਾਦ ਦੀ ਫਸਲ ਦੀ ਕਾਸ਼ਤ ਸਬੰਧੀ, ਡਾ. ਅਨਿਲ ਸੂਦ ਵਲੋਂ ਮੌਸਮ ਸਬੰਧੀ, ਜਸਮਿੰਦਰ ਸਿੰਘ ਬਿੰਦਰਾ ਵਲੋਂ ਨਬਾਡ ਬੈਂਕ ਦੀਆਂ ਸਕੀਮਾਂ ਅਤੇ ਕੰਵਲਜੀਤ ਸਿੰਘ, ਐਲ.ਡੀ.ਐਮ ਵਲੋਂ ਜਾਣਕਾਰੀ ਸਾਝੀ ਕੀਤੀ ਗਈ।ਇਸ ਕੈਂਪ ਨੂੰ ਕਾਮਯਾਬ ਬਣਾਉਣ ਵਿੱਚ ਡਾ. ਜਸਪਾਲ ਸਿੰਘ ਸੰਧੂ, ਵਾਇਸ ਚਾਂਸਲਰ, ਐਲ.ਪੀ.ਯੂ, ਡਾ.ਪਰਦੀਪ ਸਿੰਘ ਸੁਲੇਜਾ, ਡੀਨ ਸਕੂਲ ਆਫ ਐਗਰੀਕਲਚਰ ਅਤੇ ਡਾ. ਪਰਮਜੀਤ ਸਿੰਘ ਮਹੇ, ਖੇਤੀਬਾੜੀ ਅਫਸਰ, ਫਗਵਾੜਾ ਵਲੋਂ ਵਿਸ਼ੇਸ ਯੋਗਦਾਨ ਰਿਹਾ। ਡਾ. ਸਤਨਾਮ ਸਿੰਘ, ਖੇਤੀਬਾੜੀ ਅਫਸਰ, ਨਡਾਲਾ ਨੇ ਮੰਚ ਸੰਚਾਲਨ ਕੀਤਾ। ਇਸ ਕਿਸਾਨ ਮੇਲੇ ਵਿੱਚ ਖੇਤੀਬਾੜੀ ਅਤੇ ਸਹਾਇਕ ਵਿਭਾਗਾਂ ਵੱਲੋਂ ਪ੍ਰਦਰਸ਼ਨੀਆਂ ਵੀ ਲਗਾਈਆਂ। ਇਸ ਮੌਕੇ ਪਰਾਲੀ ਦੇ ਪ੍ਰਬੰਧਨ ਲਈ ਵਧੀਆਂ ਕੰਮ ਕਰਨ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਸਿਖਲਾਈ ਅਫਸਰ, ਕਪੂਰਥਲਾ ਡਾ.ਗੁਰਮੀਤ ਸਿੰਘ ਨੇ ਮੁੱਖ ਮਹਿਮਾਨਾਂ, ਸਮੁੱਚੀ ਮਾਹਿਰਾਂ ਦੀ ਟੀਮ ਅਤੇ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ।

# ਸਪੀਕਰ ਵੱਲੋਂ ਭਾਈ ਜੈਤਾ ਦੀ ਯਾਦਗਾਰ ਨੂੰ ਆਰਜ਼ੀ ਪੰਜਾਬ ਵਿਧਾਨ ਸਭਾ ਕੰਪਲੈਕਸ ਵਜੋਂ ਮਨੋਨੀਤ ਕਰਨ ਦੇ ਹੁਕਮ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸੋਲ੍ਹਵੀਂ ਪੰਜਾਬ ਵਿਧਾਨ ਸਭਾ ਦਾ 10ਵਾਂ (ਵਿਸ਼ੇਸ਼) ਇਜਲਾਸ ਸੋਮਵਾਰ, 24 ਨਵੰਬਰ, 2025 ਨੂੰ ਦੁਪਹਿਰ 1.00 ਵਜੇ ਭਾਈ ਜੈਤਾ ਜੀ ਯਾਦਗਾਰ, ਸ੍ਰੀ ਅਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ ਵਿਖੇ ਬੁਲਾਇਆ ਗਿਆ ਹੈ। ਇਸ ਸਬੰਧ ਵਿੱਚ ਪੰਜਾਬ ਵਿਧਾਨ ਸਭਾ ਸਪੀਕਰ ਨੇ ਪੰਜਾਬ ਵਿਧਾਨ ਸਭਾ, 2025 ਦੇ 10ਵੇਂ (ਵਿਸ਼ੇਸ਼) ਇਜਲਾਸ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਸਥਿਤ ਭਾਈ ਜੈਤਾ ਜੀ ਯਾਦਗਾਰ ਦੇ ਪੂਰੇ ਖੇਤਰ ਨੂੰ ਆਰਜ਼ੀ ਪੰਜਾਬ ਵਿਧਾਨ ਸਭਾ ਕੰਪਲੈਕਸ ਵਜੋਂ ਮਨੋਨੀਤ ਕਰਨ ਦੇ ਹੁਕਮ ਦਿੱਤੇ ਹਨ, ਜਿੱਥੇ ਸਦਨ ਦੀ ਕਾਰਵਾਈ ਸੰਬੰਧੀ ਸਾਰੇ ਨਿਯਮ ਲਾਗੂ ਹੋਣਗੇ।

# ਐੱਸ ਐੱਸ ਪੀ ਤੁਸ਼ਾਰ ਗੁਪਤਾ ਨੇ ਅਹੁਦਾ ਸੰਭਾਲਿਆ

**ਨਵਾਂਸ਼ਹਿਰ (ਮਨੋਜ ਲਾਡੀ)**-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਨਵੇਂ ਐੱਸਐੱਸਪੀ ਤੁਸ਼ਾਰ ਗੁਪਤਾ ਨੇ ਆਪਣਾ ਅਹੁਦਾ ਸੰਭਾਲਦਿਆਂ ਕਿਹਾ ਕਿ ਉਨ੍ਹਾਂ ਦਾ ਸਿੰਪਲ ਏਜੰਡਾ ਹੈ ਕਿ ਜ਼ਿਲ੍ਹੇ ਵਿਚ ਲਾਅ ਐਂਡ ਆਰਡਰ ਨੂੰ ਮੈਨਟੇਨ ਕਰਨਾ ਹੈ। ਉਨ੍ਹਾਂ ਕਿਹਾ ਕਿ ਕ੍ਰਾਇਮ ਨੂੰ ਹੋਣ ਤੋਂ ਪਹਿਲਾ ਰੋਕਣ ਲਈ ਪੁਖਤਾ ਪ੍ਰਬੰਧ ਕੀਤੇ ਜਾਣਗੇ।

# ਸਾਲਾਨਾ ਫੁੱਟਬਾਲ ਟੂਰਨਾਮੈਂਟ 24 ਤੋਂ ਸ਼ੁਰੂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਯੰਗ ਫੁੱਟਵਾਲ ਕਲੱਬ ਪਾਂਸ਼ਟਾ ਵੱਲੋਂ ਸਲਾਨਾ ਫੁੱਟਵਾਲ ਟੂਰਨਾਮੈਂਟ ਪਿੰਡ ਪਾਸ਼ਟਾ ਦੇ ਸਮੂਹ ਨਗਰ ਨਿਵਾਸੀਆਂ,ਗ੍ਰਾਮ ਪੰਚਾਇਤ ਪਾਂਸ਼ਟਾ ,ਐੱਨ ਆਰ ਆਈ ਸਭਾ ਦੇ ਸਹਿਯੋਗ ਨਾਲ 24 ਨਵੰਬਰ ਤੋਂ 30ਨਵੰਬਰ ਤੱਕ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪਬਲਿਕ ਹਾਈ ਸਕੂਲ ਪਾਂਸ਼ਟਾ ਨਰੂੜ ਦੀ ਗਰਾਊਂਡ ਵਿੱਚ ਕਰਵਾਏ ਜਾ ਰਹੇ ਟੂਰਨਾਮੈਂਟ ਦਾ ਉਦਘਾਟਨ ਸੰਸਾਰ ਸਿੰਘ (ਸਾਬਕਾ ਪ੍ਰਧਾਨ ਗੁਰਦੁਆਰਾ ਸ਼ਹੀਦ ਗੰਜ ਪਾਂਸ਼ਟਾ) ਵੱਲੋਂ ਅਰਦਾਸ ਕਰਨ ਉਪਰੰਤ ਉਦਘਾਟਨ ਕੀਤਾ ਜਾਵੇਗਾ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦੌਰਾਨ ਪੰਜਾਬ ਦੀਆਂ ਨਾਮਵਰ ਟੀਮਾਂ ਹਿੱਸਾ ਲੈਣਗੀਆਂ। ਉਨ੍ਹਾਂ ਦੱਸਿਆ ਕਿ 30ਨਵੰਬਰ ਨੂੰ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਸਰਦਾਰ ਪਰਮਿੰਦਰ ਸਿੰਘ ਯੂ ਕੇ ਕਰਨਗੇ। ਉਨ੍ਹਾਂ ਦੱਸਿਆ ਸਾਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਮੌਕੇ ਪਿੰਡ ਪੱਧਰ ਉਪਨ ਦੀਆ 24 ਟੀਮਾਂ ਭਾਗ ਲੈਣਗੀਆਂ। ਉਨ੍ਹਾਂ ਦੱਸਿਆ ਕਿ ਪਹਿਲਾ ਇਨਾਮ 51000 ਰੁਪਏ ਤੇ ਟਰਾਫ਼ੀ ਅਤੇ ਦੂਜੇ ਸਥਾਨ ਤੇ ਆਉਣ ਵਾਲੀ ਟੀਮ ਨੂੰ 41000 ਰੁਪਈਏ ਤੇ ਟਰਾਫ਼ੀ ਦਿੱਤੀ ਜਾਵੇਗੀ। ਇਸੇ ਤਰ੍ਹਾਂ 2008 ਦੀਆਂ 8 ਟੀਮਾਂ ਭਾਗ ਲੈਣਗੀਆਂ। ਇਨ੍ਹਾਂ ਨੂੰ ਪਹਿਲਾਂ ਇਨਾਮ 15000 ਰੁਪਏ ਅਤੇ ਟਰਾਫ਼ੀ ਅਤੇ ਦੂਜਾ ਇਨਾਮ 13000 ਰੁਪਏ ਤੇ ਟਰਾਫ਼ੀ ਦਿੱਤੀ ਜਾਵੇਗੀ।



# ਸਿੱਖਣ ਤੇ ਜਾਨਣ ਦਾ ਸਿਲਸਿਲਾ ਜਾਰੀ ਰੱਖਣਾ ਚਾਹੀਦਾ : ਮੋਰੋਂ



**ਬੰਗਾ (ਅਵਤਾਰ ਕਲੇਰ)**

ਵਿਵੇਕ ਵਿਕਾਸ ਲਹਿਰ ਪੰਜਾਬ, ਮੁੱਖ ਦਫਤਰ ਬੰਗਾ ਵੱਲੋਂ ਗਿਆਨ ਵੰਡਣ ਦੀ ਮੁਹਿੰਮ, ਮੁਫ਼ਤ ਪੁਸਤਕਾਂ ਰਾਹੀਂ ਸ਼ੁਰੂ ਕੀਤੀ ਹੋਈ ਹੈ। ਜਿਸ ਤਹਿਤ ਪਿੰਡਾਂ ਵਿੱਚ ਸਮਾਗਮਾਂ ਦੌਰਾਨ ਅਤੇ ਸਕੂਲਾਂ ਵਿੱਚ ਜਾ ਕੇ ਗਿਆਨ, ਵਿਗਿਆਨ ਨਾਲ ਸੰਬੰਧਿਤ ਬਿਲਕੁੱਲ ਮੁਫਤ ਕਿਤਾਬਾਂ ਵੰਡੀਆਂ ਜਾ ਰਹੀਆਂ ਹਨ। ਇਸ ਲੜੀ ਤਹਿਤ ਸੰਸਥਾ ਵਲੋਂ ਤੇਰਵਾਂ ਸਮਾਗਮ ਪਿੰਡ ਮਹਿੰਦੀਪੁਰ ਵਿਖੇ ਕੀਤਾ ਗਿਆ ਇਸ ਮੌਕੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਇੰਜੀ. ਜਸਵੀਰ ਸਿੰਘ ਮੋਰੋਂ ਨੇ ਕਿਹਾ ਕਿ ਜੋ ਕੁੱਝ ਵੀ ਪੜ੍ਹਿਆ ਜਾਵੇ,ਉਸ ਨੂੰ ਵਿਚਾਰਿਆ ਜਾਵੇ ਅਤੇ ਵਿਚਾਰ ਕਰਕੇ ਪ੍ਰਾਪਤ ਕੀਤੀ ਸਿੱਖਿਆ ਨੂੰ ਆਪਣੇ ਜੀਵਨ ਵਿੱਚ ਲਾਗੂ ਕੀਤਾ ਜਾਵੇ। ਸਾਨੂੰ ਸਿੱਖਣ ਅਤੇ ਜਾਨਣ ਦਾ ਸਿਲਸਿਲਾ ਨਿਰੰਤਰ ਜਾਰੀ ਰੱਖਣਾ ਚਾਹੀਦਾ ਹੈ ਤਾਂ ਕਿ ਸੋਚ ਨੂੰ ਸਮੇਂ ਦੀ ਹਾਣੀ ਬਣਾਇਆ ਜਾਵੇ । ਇਹਨਾਂ ਤੋਂ ਇਲਾਵਾ ਹਰੀਬਿਲਾਸ ਹੀਉਂ ਅਤੇ ਮੁਲਾਜ਼ਮ ਆਗੂ ਗੁਰਦਿਆਲ ਸਿੰਘ ਮਹਿੰਦੀਪੁਰ ਨੇ ਬੱਚਿਆਂ ਨੂੰ ਇੱਕ ਉਦੇਸ਼ ਮਿੱਥ ਕੇ ਉਸ ਦੀ ਪ੍ਰਾਪਤੀ ਵਾਸਤੇ ਮਿਹਨਤ ਕਰਨ ਲਈ ਪ੍ਰੇਰਤ ਕੀਤਾ। ਮਹਾਨ ਲੋਕਾਂ ਦੀਆਂ ਜੀਵਨੀਆਂ ਪੜ੍ਹਕੇ ਉਹਨਾਂ ਤੋਂ ਪ੍ਰੇਰਨਾ ਲੈ ਕੇ ਜੀਵਨ ਵਿੱਚ ਅੱਗੇ ਵਧਣਾ ਚਾਹੀਦਾ ਹੈ। ਸਮਾਗਮ ਦੇ ਅੰਤ ਵਿੱਚ ਸਮੂਹ ਵਿਦਿਆਰਥੀਆਂ ਨੂੰ ਗਿਆਨ ,ਵਿਗਿਆਨ ਨਾਲ ਸੰਬੰਧਿਤ ਮੁਫ਼ਤ ਕਿਤਾਬਾਂ ਵੰਡੀਆਂ ਗਈਆਂ।

# ਸਨੇਟਾ ਕੈਮਿਸਟ ਐਸੋਸੀਏਸ਼ਨ ਵੱਲੋਂ ਜਨਰਲ ਮੀਟਿੰਗ

**ਮੁਹਾਲੀ (ਗੁਰਜੀਤ ਬਿੱਲਾ)**

ਸਨੇਟਾ ਕੈਮਿਸਟ ਐਸੋਸੀਏਸ਼ਨ ਵੱਲੋਂ ਐਜੂਕੇਸ਼ਨ ਕਮ ਐਨੁਅਲ ਜਨਰਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਜ਼ੋਨਲ ਲਾਇਸੈਂਸਿੰਗ ਅਫਸਰ ਜਸਬੀਰ ਪਰਤਾਪ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮੋਹਾਲੀ ਜ਼ਿਲ੍ਹਾ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਦੀਪ ਸਿੰਘ ਅਤੇ ਜਨਰਲ ਸੈਕ੍ਰੇਟਰੀ ਵਿਕਰਮਜੀਤ ਸਿੰਘ ਆਪਣੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਮੁੱਖ ਮਹਿਮਾਨ ਜਸਬੀਰ ਪਰਤਾਪ ਸਿੰਘ ਅਤੇ ਪ੍ਰਧਾਨ ਅਮਰਦੀਪ ਸਿੰਘ ਨੇ ਹਾਜ਼ਰ ਸਾਰੇ ਕੈਮਿਸਟਾਂ ਨੂੰ ਦਵਾਈਆਂ ਨਾਲ ਸਬੰਧਤ ਤਾਜ਼ਾ ਕਾਨੂੰਨਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਅਤੇ ਭਵਿੱਖ ਵਿੱਚ ਆਪਣੇ ਵਪਾਰ ਨੂੰ ਹੋਰ ਪ੍ਰੋਫੈਸ਼ਨਲ ਅਤੇ ਸੁਚਾਰੂ ਢੰਗ ਨਾਲ ਚਲਾਣ ਲਈ ਮਹੱਤਵਪੂਰਨ ਸੁਝਾਅ ਵੀ ਸਾਂਝੇ ਕੀਤੇ।ਸਨੇਟਾ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਡਾ. ਬਲਜੀਤ ਸਨੇਟਾ ਨੇ ਜਨਰਲ ਸੈਕ੍ਰੇਟਰੀ ਗੁਰਧਿਆਨ ਸਿੰਘ, ਕੈਸ਼ੀਅਰ ਹਰੀਸ਼ ਕੁਮਾਰ, ਮੁੱਖ ਮਹਿਮਾਨਾਂ, ਜ਼ਿਲ੍ਹਾ ਟੀਮ ਅਤੇ ਸਨੇਟਾ ਦੇ ਸਾਰੇ ਹਾਜ਼ਰ ਕੈਮਿਸਟਸ ਦਾ ਹਾਰਦਿਕ ਧੰਨਵਾਦ ਕੀਤਾ। ਉਨ੍ਹਾਂ ਨੇ ਭਰੋਸਾ ਦਵਾਇਆ ਕਿ ਸਨੇਟਾ ਕੈਮਿਸਟ ਐਸੋਸੀਏਸ਼ਨ ਕਾਨੂੰਨਾਂ ਦੀ ਪੂਰੀ ਪਾਲਣਾ ਕਰਦਿਆਂ ਮਨੁੱਖਤਾ ਦੀ ਸੇਵਾ ਅਤੇ ਕਸਬੇ ਦੀ ਭਲਾਈ ਲਈ ਹਮੇਸ਼ਾ ਸਮਰਪਿਤ ਰਹੇਗੀ।




# ਬਿਜਲੀ ਕੁਨੈਕਸ਼ਨ ਲਈ ਐੱਨ ਓ ਸੀ ਖਤਮ ਕਰਨ ਦੀ ਸ਼ਲਾਘਾ

**ਨਵਾਂਸ਼ਹਿਰ (ਮਨੋਜ ਲਾਡੀ)**-ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਲਈ ਹਰ ਰੋਜ਼ ਕੋਈ ਨਾ ਕੋਈ ਨਵੀਂ ਸਕੀਮ ਲਿਆ ਰਹੀ ਹੈ। ਪੰਜਾਬ ਸਰਕਾਰ ਨੇ ਇੱਕ ਅਹਿਮ ਫੈਸਲਾ ਕਰਦੇ ਹੋਏ ਬਿਜਲੀ ਕਨੈਕਸ਼ਨ ਲੈਣ ਲਈ ਐੱਨਓਸੀ ਦੀ ਸ਼ਰਤ ਨੂੰ ਖਤਮ ਕਰ ਦਿੱਤਾ ਹੈ। ਸਤਨਾਮ ਜਲਾਲਪੁਰ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਨੇ ਦੱਸਿਆ ਕਿ ਆਮ ਲੋਕਾਂ ਦੀ ਇਸ ਮੰਗ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਨੇ ਇਹ ਸ਼ਰਤ ਖਤਮ ਕੀਤੀ ਹੈ। ਜਿਸ ਤਰ੍ਹਾਂ ਪਹਿਲਾਂ ਬਿਜਲੀ ਦਾ ਕੁਨੈਕਸ਼ਨ ਲੈਣ ਲਈ ਦਫ਼ਤਰਾਂ ਦੇ ਚੱਕਰ ਲਾਉਣੇ ਪੈਂਦੇ ਸਨ। ਹੁਣ ਪੰਜਾਬ ਸਰਕਾਰ ਨੇ ਲੋਕਾਂ ਨੂੰ ਰਾਹਤ ਦਿੰਦੇ ਹੋਏ ਫੈਸਲਾ ਲਿਆ ਹੈ। ਹੁਣ ਕਨੈਕਸ਼ਨ ਲੈਣ ਲਈ ਸਿਰਫ ਆਪਣੀ ਮਾਲਕੀ ਦਾ ਸਬੂਤ ਅਤੇ ਆਧਾਰ ਕਾਰਡ ਜਾਂ ਵੋਟਰ ਕਾਰਡ ਜਾ ਡਰਾਈਵਿੰਗ ਲਾਇਸੈਂਸ ਦੀ ਕਾਪੀ ਨਥੀ ਕਰਨੀ ਹੋਵੇਗੀ। ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਕਰੱਪਸ਼ਨ ਨੂੰ ਨੱਥ ਪਏਗੀ।

# ਪੰਜਾਬ 'ਵਰਸਿਟੀ ਦੀਆਂ ਸੈਨੇਟ ਚੋਣਾਂ ਜਲਦ ਕਰਵਾਏ ਸਰਕਾਰ : ਜਸ਼ਨ ਗੁਰਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਸੀਨੇਟ ਚੋਣਾਂ ਦਾ ਐਲਾਨ ਨਾ ਕਰਨ ਅਤੇ ਪੀ ਯੂ ਬਚਾਓ ਮੋਰਚੇ ਵੱਲੋਂ 25 ਨਵੰਬਰ ਤੱਕ ਚੋਣਾਂ ਕਰਵਾਉਣ ਦੇ ਕੇਂਦਰ ਨੂੰ ਦਿੱਤੇ ਅਲਟੀਮੇਟ ਨੂੰ ਆਪਣਾ ਭਰਵਾਂ ਸਮਰਥਨ ਦੇਣ ਸਬੰਧੀ ਵਿਚਾਰ ਵਿਟਾਂਦਰਾ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਐਸ ਓ ਆਈ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਸ਼ਨ ਗੁਰਾਇਆ ਲਾਲੋਵਾਲ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਭਾਰੀ ਗਿਣਤੀ ਵਿੱਚ ਐਸ ਓ ਆਈ ਦੇ ਮੈਂਬਰਾਂ ਨੇ ਭਾਗ ਲਿਆ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਜਸ਼ਨ ਗੁਰਾਇਆ ਲਾਲੋਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਦਖਲ ਅੰਦਾਜ਼ੀ ਕਰਕੇ ਪੀ ਯੂ ਦੀ ਸ਼ਾਂਤੀ ਭੰਗ ਕਰ ਦਿੱਤੀ ਹੈ ਜਿਸ ਨੂੰ ਕਿਸੇ ਵੀ ਕੀਮਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਪੀ ਯੂ ਦੇ ਸੀਨੇਟ ਦੀਆਂ ਚੋਣਾਂ ਜਲਦ ਕਰਵਾਉਣ ਦਾ ਭਰੋਸਾ ਤਾਂ ਦਿੱਤਾ ਸੀ ਪਰ ਉਹ ਟਾਲਮਟੋਲ ਦੀ ਨੀਤੀ ਅਪਣਾ ਰਹੀ ਹੈ। ਉਨ੍ਹਾਂ ਕਿਹਾ ਕਿ ਪੀਯੂ ਬਚਾਓ ਮੋਰਚਾ ਵੱਲੋਂ ਕੇਂਦਰ ਸਰਕਾਰ ਨੂੰ 25 ਨਵੰਬਰ ਤੱਕ ਸੀਨੇਟ ਦੀਆਂ ਚੋਣਾਂ ਦਾ ਕਰਵਾਉਣ ਤੇ 26 ਨਵੰਬਰ ਨੂੰ ਪੀਯੂ ਬੰਦ ਕਰ ਦੇਣ ਦਾ ਐਲਾਨ ਕੀਤਾ ਹੋਇਆ ਹੈ ਜਿਸ ਸੰਘਰਸ਼ ਨੂੰ ਸਾਡੀ ਐਸ.ਓ.ਆਈ ਆਪਣਾ ਪੂਰਾ ਸਹਿਯੋਗ ਦੇਵੇਗੀ।ਇਸ ਮੌਕੇ ਤੇ ਸਰਪੰਚ ਸੁਖਰਾਜ ਸਿੰਘ, ਸੁਖਜੀਤ ਸਿੰਘ, ਅੰਮ੍ਰਿਤ ਪਾਲ ਸਿੰਘ, ਕਰਨਦੀਪ ਸਿੰਘ, ਕਿਵਨ ਗੁਰਾਇਆ, ਮਨਤੇਜ ਸਿੰਘ, ਪੁਨੀਤ, ਸਤਵੀਰ ਸਿੰਘ, ਸੁਖਮਨ ਸਿੰਘ ਅਤੇ ਹੋਰ ਹਾਜ਼ਰ ਸਨ।

# ਬਾਲ ਦਿਵਸ ਮਨਾਇਆ



**ਲੋਹੀਆਂ ਖਾਸ (ਯੋਗੇਸ਼ਵਰ)**- ਬੀ.ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਵਾੜਾ ਜੋਧ ਸਿੰਘ ਜ਼ਿਲ੍ਹਾ ਜਲੰਧਰ ਵਿਖੇ ਧੰਨ ਧੰਨ ਸੰਤ ਬਾਬਾ ਨਾਹਰ ਸਿੰਘ ਜੀ ਅਤੇ ਸੰਤ ਬਾਬਾ ਕਪੂਰ ਸਿੰਘ ਜੀ ਦੇ ਅਸ਼ੀਰਵਾਦ ਨਾਲ ਬਾਲ ਦਿਵਸ ਬਹੁਤ ਧੂਮ-ਧਾਮ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੂੰ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ ਗਈ। ਅਧਿਆਪਕਾਂ ਵੱਲੋਂ ਵਿਦਿਆਰਥੀਆਂ ਲਈ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਅਧਿਆਪਕਾਂ ਨੇ ਵਿਦਿਆਰਥੀਆਂ ਲਈ ਸ਼ਾਨਦਾਰ ਕੋਰੀਓਗ੍ਰਾਫੀ ਪ੍ਰਸਤੁਤ ਕੀਤੀ ਜਿਸ ਨੇ ਸਭ ਦਾ ਮਨ ਮੋਹ ਲਿਆ। ਮੈਡਮ ਸੁਖਦੀਪ ਕੌਰ ਨੇ ਬਾਲ ਦਿਵਸ ਨੂੰ ਸਮਰਪਿਤ ਕਵਿਤਾ ਉਚਾਰਨ ਰਾਹੀਂ ਬੱਚਿਆਂ ਪ੍ਰਤੀ ਪ੍ਰੇਮ ਨੂੰ ਪ੍ਰਗਟ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਨੀਤੀਮਾ ਨੇ ਬੱਚਿਆਂ ਦੇ ਉਜਵਲ ਭਵਿੱਖ ਨੂੰ ਸਮਰਪਿਤ ਗੀਤ ਗਾ ਕੇ ਆਪਣੀ ਭਾਵਨਾਵਾਂ ਦਾ ਪ੍ਰਗਟਾਵਾ ਕੀਤਾ। ਉਪਰੰਤ ਸਾਰੇ ਵਿਦਿਆਰਥੀਆਂ ਨੂੰ ਬਿਸਕਿਟ ਅਤੇ ਮਿਠਾਈ ਦਿੱਤੀ ਗਈ। ਡਾਇਰੈਕਟਰ ਸਦਾਮ ਖਾਨ, ਡਿਪਟੀ ਡਾਇਰੈਕਟਰ ਸਰਗਮ ਬਿੰਦ ,ਪ੍ਰਿੰਸੀਪਲ ਨੀਤੀਮਾ ਨੇ ਵਿਦਿਆਰਥੀਆਂ ਨੂੰ ਖੁਸ਼ੀਆਂ ਭਰਿਆ ਬਚਪਨ ਦੀ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸੁਨਹਿਰੀ ਭਵਿੱਖ ਲਈ ਯੋਜਨਾ ਬਣਾਉਣ ਦੀ ਪ੍ਰੇਰਨਾ ਦਿੱਤੀ।

# ਕੈਬਨਿਟ ਮੰਤਰੀ ਨੇ ਵਿਰਾਸਤ ਏ ਖਾਲਸਾ ਵਿਖੇ ਹੋਣ ਵਾਲੇ ਡਰੋਨ ਸ਼ੋਅ ਦਾ ਲਿਆ ਜਾਇਜ਼ਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਅਤੇ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਵਿਰਾਸਤ ਏ ਖਾਲਸਾ ਵਿਖੇ ਹੋਣ ਵਾਲੇ ਡਰੋਨ ਦੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਦੱਸਿਆ ਕਿ ਉੱਤਰੀ ਭਾਰਤ ਵਿਚ ਪਹਿਲੀ ਵਾਰ 500 ਡਰੋਨ ਰਾਹੀ 23 ਤੋਂ 29 ਨਵੰਬਰ ਤੱਕ ਵਿਸ਼ਵ ਪ੍ਰਸਿੱਧ ਵਿਰਾਸਤ-ਏ-ਖਾਲਸਾ ਵਿੱਚ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਫਲਸਫੇ ਅਤੇ ਲਾਸਾਨੀ ਸ਼ਹਾਦਤ ਨੂੰ ਦਰਸਾਉਂਦੇ ਡਰੋਨ ਸ਼ੋਅ ਵਿਖਾਏ ਜਾਣਗੇ। ਜਿਸ ਦੇ ਲਈ ਵਿਆਪਕ ਪ੍ਰਬੰਧ ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਪੰਜਾਬ ਸਰਕਾਰ ਵੱਲੋਂ ਬਹੁਤ ਹੀ ਸ਼ਰਧਾ ਤੇ ਧਾਰਮਿਕ ਭਾਵਨਾ ਨਾਲ ਮਨਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਸੰਤਾਂ ਮਹਾਪੁਰਸ਼ਾਂ ਵੱਲੋਂ ਸ੍ਰੀਨਗਰ, ਗੁਰਦਾਸਪੁਰ, ਫਰੀਦਕੋਟ ਅਤੇ ਤਲਵੰਡੀਸਾਬੋ ਤੋਂ ਚਾਰ ਵਿਸ਼ਾਲ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਰਹੇ ਹਨ। ਇਸ ਤੋਂ ਇਲਾਵਾ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਕੀਰਤਪੁਰ ਸਾਹਿਬ ਤੋਂ 24 ਨਵੰਬਰ ਨੂੰ ਗੁਰਦੁਆਰਾ ਸੀਸ਼ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੱਕ ਸੀਸ਼ ਭੇਂਟ ਨਗਰ ਕੀਰਤਨ ਵੀ ਪੁੱਜ ਰਿਹਾ ਹੈ। ਇਨ੍ਹਾਂ ਵਿਚ ਪੰਜਾਬ ਦੇ ਮੁੱਖ ਮੰਤਰੀ ਅਤੇ ਕੈਬਨਿਟ ਮੰਤਰੀ ਤੇ ਸਾਰੇ ਵਿਧਾਇਕ ਹਾਜ਼ਰੀ ਭਰਨਗੇ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਨਿਮਾਣੀ ਸੰਗਤ ਦੀ ਤਰ੍ਹਾਂ ਇਨ੍ਹਾਂ ਸਮਾਗਮਾਂ ਵਿੱਚ ਸ਼ਾਮਿਲ ਹੋ ਰਹੀ ਹੈ। ਸ੍ਰੀ ਬੈਂਸ ਨੇ ਦੱਸਿਆ ਹੈ ਕਿ 24 ਨਵੰਬਰ ਨੂੰ ਭਾਈ ਜੈਤਾ ਜੀ ਮੈਮੋਰੀਅਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਕਰਵਾਇਆ ਜਾ ਰਿਹਾ ਹੈ। ਇਸ ਤੋ ਪਹਿਲਾ 20 ਨਵੰਬਰ ਨੂੰ ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਰੋਸ਼ਨੀ ਅਤੇ ਆਵਾਜ਼ ਦਾ ਪ੍ਰੋਗਰਾਮ ਹੋ ਰਿਹਾ ਹੈ ਜਿਸ ਵਿੱਚ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਸੰਗਤਾਂ ਨੂੰ ਵਡਮੁੱਲੀ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਸਭ ਧਰਮ ਸੰਮੇਲਨ ਵਿਰਾਸਤੀ ਯਾਤਰਾ, ਗਾਈਡਡ ਟੂਰ, ਗੁਰੂ ਸਾਹਿਬ ਦੇ ਜੀਵਨ ਨਾਲ ਸਬੰਧਿਤ ਪ੍ਰਦਰਸ਼ਨੀ, ਢਾਡੀ ਵਾਰਾ ਨਾਲ ਵੀ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਗੁਰੂ ਕਾ ਬਾਗ ਫਲਾਉਣੀ ਵਿਖੇ ਬੁੱਢਾ ਦਲ ਵਿਖੇ 23 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਨ੍ਹਾਂ ਦੇ ਭੋਗ 25 ਨਵੰਬਰ ਨੂੰ ਪੈਣਗੇ। ਉਨ੍ਹਾਂ ਨੇ ਦੱਸਿਆ ਕਿ ਸਭ ਧਰਮ ਸੰਮੇਲਨ ਵਿੱਚ ਪ੍ਰਮੁੱਖ ਸ਼ਖਸ਼ੀਅਤਾਂ ਪਹੁੰਚ ਰਹੀਆਂ ਹਨ। ਇਨ੍ਹਾਂ ਸਾਰੇ ਸਮਾਗਮਾਂ ਨੂੰ ਬਹੁਤ ਹੀ ਸਰਧਾ ਨਾਲ ਮਨਾਇਆ ਜਾ ਰਿਹਾ ਹੈ ਅਤੇ ਇਹ ਸਮਾਗਮ ਸਾਡਾ ਨੌਵੇਂ ਪਾਤਸ਼ਾਹ ਹਿੰਦੀ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਚਰਨਾਂ ਵਿਚ ਨਮਨ ਹੈ ਜਿਸ ਦੀਆਂ ਤਿਆਰੀਆਂ ਦਿਨ ਰਾਤ ਕੀਤੀਆ ਜਾ ਰਹੀਆਂ ਹਨ।

# ਪਤੀ-ਪਤਨੀ ਨੇ ਸਰੀਰ ਦਾਨ ਕਰਨ ਦਾ ਪ੍ਰਣ ਲਿਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਗੁਰੂ ਅੰਗਦ ਨਗਰ ਦੇ ਵਸਨੀਕ ਨਵਾਂਸ਼ਹਿਰ ਜੋਗਾ ਸਿੰਘ ਸਹਿਕਾਰੀ ਸਭਾ ਕਰੀਮਪੁਰ ਦੇ ਸਾਬਕਾ ਸਕੱਤਰ, ਅਤੇ ਉਨ੍ਹਾ ਪਤਨੀ ਭੁਪਿੰਦਰ ਕੌਰ ਨੂੰ ਪਛਾਣ ਪੱਤਰ ਭੇਟ ਸ਼ਹੀਦ ਭਗਤ ਸਿੰਘ ਨਗਰ ਦੇ ਜੀ.ਏ. ਟੂ ਡੀ.ਸੀ, ਸ਼੍ਰੀ ਜਗਦੀਪ ਸਿੰਘ ਨੇ ਕੀਤੇ, ਜਿਨ੍ਹਾਂ ਨੇ ਮੌਤ ਤੋਂ ਬਾਅਦ ਆਪਣੇ ਸਰੀਰ ਦਾਨ ਕਰਨ ਦਾ ਪ੍ਰਣ ਲਿਆ ਹੈ ।ਇਸ ਮੌਕੇ ਜਗਦੀਪ ਸਿੰਘ , ਜੀ.ਏ. ਟੂ ਡੀ.ਸੀ, ਨੇ ਕਿਹਾ ਕਿ ਮੌਤ ਤੋਂ ਬਾਅਦ ਸਰੀਰ ਦਾ ਸਸਕਾਰ ਕਰਨ ਦੀ ਬਜਾਏ, ਇਸ ਨੂੰ ਮੈਡੀਕਲ ਕਾਲਜ ਨੂੰ ਦਾਨ ਕਰਨਾ ਮੈਡੀਕਲ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਹੋਵੇਗਾ। ਦੋਆਬਾ ਸੇਵਾ ਸਮਿਤੀ ਦੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਅਤੇ ਮਾਸਟਰ ਹੁਸਨ ਲਾਲ ਨੇ ਦੱਸਿਆ ਕਿ ਮੌਤ ਤੋਂ ਬਾਅਦ ਸਵੈ-ਇੱਛਾ ਨਾਲ ਆਪਣੇ ਸਰੀਰ ਦਾਨ ਕਰਨ ਦੀ ਇੱਛਾ ਰੱਖਣ ਵਾਲਿਆਂ ਦੇ ਫਾਰਮ ਭਰੇ ਜਾਂਦੇ ਹਨ ਅਤੇ ਪਿਮਸ ਮੈਡੀਕਲ ਕਾਲਜ ਹਸਪਤਾਲ ਜਲੰਧਰ ਭੇਜੇ ਜਾਂਦੇ ਹਨ, ਜਿੱਥੇ ਪਛਾਣ ਪੱਤਰ ਤਿਆਰ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ 142 ਵੇਂ ਸ਼ਰੀਰ ਦਾਨੀ ਨੂੰ ਪਛਾਣ ਪੱਤਰ ਮਿਲਿਆ ਹੈ। ਦੋਆਬਾ ਸੇਵਾ ਸਮਿਤੀ ਨੇ ਉਨ੍ਹਾਂ ਲੋਕਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਆਪਣੇ ਸਰੀਰ ਦਾਨ ਕਰਕੇ ਸਮਾਜ ਸੇਵਾ ਵਿੱਚ ਯੋਗਦਾਨ ਪਾਇਆ। ਇਸ ਮੌਕੇ ਸਰੀਰ ਦਾਨ ਕਰਨ ਵਾਲੇ ਜੋਗਾ ਸਿੰਘ ਅਤੇ ਭੁਪਿੰਦਰ ਕੌਰ ਨੇ ਕਿਹਾ ਕਿ ਜੇਕਰ ਮੌਤ ਤੋਂ ਬਾਅਦ ਕੋਈ ਵਿਦਿਆਰਥੀ ਉਨ੍ਹਾ ਦੇ ਸਰੀਰ ਤੋਂ ਸਿੱਖਿਆ ਲੈ ਕੇ ਡਾਕਟਰ ਬਣ ਜਾਂਦਾ ਹੈ ਅਤੇ ਦੂਜੀਆਂ ਜਾਨਾਂ ਬਚਾਉਂਦਾ ਹੈ ਤਾਂ ਉਹ ਆਪਣਾ ਜਨਮ ਅਤੇ ਮੌਤ ਦੋਵੇਂ ਸਫਲ ਸਮਝਣਗੇ।ਅਤੇ ਇਹ ਫਾਰਮ ਸਮਾਜ ਸੇਵਾ ਵਿੱਚ ਯੋਗਦਾਨ ਪਾਉਣ ਲਈ ਭਰਿਆ ਗਿਆ ਹੈ। ਇਸ ਮੌਕੇ ਦੋਆਬਾ ਸੇਵਾ ਸਮਿਤੀ ਦੇ ਸਕੱਤਰ ਰਤਨ ਕੁਮਾਰ ਜੈਨ, ਮਾਸਟਰ ਹੁਸਨ ਲਾਲ, ਅਸ਼ੋਕ ਸ਼ਰਮਾ ਸੇਵਾਮੁਕਤ ਬੈਂਕ ਮੈਨੇਜਰ, ਜਗਜੀਤ ਰਾਏ ਬੁੱਧੀ ਰਾਜਾ, ਅਸ਼ੋਕ ਸ਼ਰਮਾ ਸੇਵਾਮੁਕਤ ਸੁਪਰਡੈਂਟ ਮੌਜੂਦ ਸਨ।



# ਸੰਧਵਾਂ ਨੇ ਸ੍ਰੀ ਅਨੰਦਪੁਰ ਸਾਹਿਬ ਵਿਚ ਬਣ ਰਹੀ ਪੰਜਾਬ ਵਿਧਾਨ ਸਭਾ ਦੀਆ ਤਿਆਰੀਆਂ ਦਾ ਲਿਆ ਜਾਇਜ਼ਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਬਣ ਰਹੀ ਪੰਜਾਬ ਵਿਧਾਨ ਸਭਾ ਅਤੇ ਸਬੰਧਿਤ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੇ ਸੰਬੰਧ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੀਆਂ ਤਿਆਰੀਆਂ ਨੂੰ ਸੁਚਾਰੂ ਬਣਾਉਣ ਲਈ ਸਪੀਕਰ ਨੇ ਵੱਖ-ਵੱਖ ਸਾਈਟਾਂ ਦਾ ਦੌਰਾ ਕੀਤਾ ਅਤੇ ਅਧਿਕਾਰੀਆਂ ਨੂੰ ਕੰਮ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਸੈਰ-ਸਪਾਟਾ ਵਿਭਾਗ ਦੇ ਸਲਾਹਕਾਰ ਸ੍ਰੀ ਦੀਪਕ ਬਾਲੀ ਵੀ ਰਹੇ ਮੌਜੂਦ। ਸਪੀਕਰ ਸੰਧਵਾਂ ਨੇ ਕਿਹਾ ਕਿ ਸ਼ਹੀਦੀ ਸ਼ਤਾਬਦੀ ਸਮਾਗਮ ਮੌਕੇ ਹਰ ਪੱਧਰ 'ਤੇ ਪੁਖ਼ਤਾ ਪ੍ਰਬੰਧ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ। ਸ. ਸੰਧਵਾਂ ਨੇ ਬਣ ਰਹੀ ਟੈਂਟ ਸਿਟੀ ਕੋਟਲਾ ਪਾਵਰ ਦਾ ਵੀ ਦੌਰਾ ਕੀਤਾ, ਜਿੱਥੇ ਲੱਖਾਂ ਸ਼ਰਧਾਲੂਆਂ ਦੀ ਸਹੂਲਤ ਲਈ ਰਿਹਾਇਸ਼, ਪੀਣ ਯੋਗ ਪਾਣੀ, ਸਫ਼ਾਈ, ਆਵਾਜਾਈ ਅਤੇ ਸਹੂਲਤਾਂ ਮੁਹੱਈਆ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਟੈਂਟ ਸਿਟੀ ਵਿੱਚ ਸਾਰੇ ਪ੍ਰਬੰਧ ਸੰਗਤ ਦੀ ਸਹੂਲਤ ਨੂੰ ਧਿਆਨ ਵਿੱਚ ਰੱਖ ਕੇ ਕੀਤੇ ਜਾ ਰਹੇ ਹਨ ਅਤੇ ਕਿਸੇ ਕਿਸਮ ਦੀ ਕਮੀ ਨਹੀਂ ਛੱਡੀ ਜਾਵੇਗੀ। ਸਪੀਕਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮਾਂ ਦੌਰਾਨ ਸੁਰੱਖਿਆ ਪ੍ਰਬੰਧਾਂ ਨੂੰ ਸਭ ਤੋਂ ਪਹਿਲੀ ਤਰਜੀਹ ਦਿੱਤੀ ਜਾਵੇ। ਉਨ੍ਹਾਂ ਨੇ ਦੱਸਿਆ ਕਿ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਨਾਲ ਮਿਲ ਕੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸਮਾਗਮ ਸ਼ਾਂਤੀਪੂਰਵਕ ਅਤੇ ਸੁਚਾਰੂ ਢੰਗ ਨਾਲ ਹੋਣ। ਇਸੇ ਤਰ੍ਹਾਂ, ਸੈਰ-ਸਪਾਟਾ ਵਿਭਾਗ ਵੱਲੋਂ ਇਤਿਹਾਸਕ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਵਿੱਚ ਸੰਗਤਾਂ ਲਈ ਖਾਸ ਪ੍ਰਬੰਧ ਵੀ ਕੀਤੇ ਜਾ ਰਹੇ ਹਨ। ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਮਰਪਿਤ ਇਹ ਸ਼ਤਾਬਦੀ ਸਮਾਗਮ ਯਾਦਗਾਰ ਬਣਨ ਅਤੇ ਦੁਨੀਆ ਭਰ ਤੋਂ ਆਉਣ ਵਾਲੇ ਸੰਗਤਾਂ ਨੂੰ ਸਭ ਤੋਂ ਵਧੀਆ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾਣ। ਉਨ੍ਹਾਂ ਨੇ ਭਰੋਸਾ ਦਵਾਇਆ ਕਿ ਜਲਦੀ ਹੀ ਸਾਰੇ ਕੰਮ ਪੂਰੇ ਕਰਕੇ ਪੰਜਾਬ ਵਿਧਾਨ ਸਭਾ ਦੇ ਖ਼ਾਸ ਸੈਸ਼ਨ ਲਈ ਮੁਕੰਮਲ ਤਿਆਰੀ ਕੀਤੀ ਜਾਵੇਗੀ।



# ਹੈਰੋਇਨ ਸਮੇਤ ਨੌਜਵਾਨ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਸ ਵਲੋ ਇਕ ਨੌਜਵਾਨ ਨੂੰ 2.46 ਗ੍ਰਾਮ ਹੈਰੋਇਨ ਸਮੇਤ ਕਾਬੂ ਕਰ ਲਿਆ ਗਿਆ । ਪੁਲਿਸ ਥਾਣਾ ਸਦਰ ਨਵਾਂਸ਼ਹਿਰ ਵਿਖੇ ਦਰਜ਼ ਮਾਮਲੇ ਅਨੁਸਾਰ ਐੱਸ ਐੱਚ ਓ ਇੰਸਪੈਕਟਰ ਅਸ਼ੋਕ ਕੁਮਾਰ ਨੇ ਦੱਸਿਆ ਕਿ ਐੱਸ ਆਈ ਰਾਮ ਪਾਲ ਨੇ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਇੱਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ। ਜੋ ਪੁਲਿਸ ਵਹੀਕਲ ਦੀਆਂ ਲਾਈਟਾਂ ਦੇਖ ਕੇ ਯਕਦਮ ਘਬਰਾ ਕੇ ਆਪਣੇ ਖੱਬੇ ਪਾਸੇ ਵੱਲ ਨੂੰ ਮੁੜ ਪਿਆ ਅਤੇ ਮੁੜਦੇ ਸਾਰ ਆਪਣੇ ਖੱਬੇ ਹੱਥ ਨਾਲ ਇੱਕ ਪਾਰਦਰਸ਼ੀ ਮੋਮੀ ਲਿਫਾਫੀ ਸੜਕ ਦੇ ਕਿਨਾਰੇ ਘਾਹ ਫੂਸ ਵਿੱਚ ਸੁੱਟਦਾ ਦਿਖਾਈ ਦਿੱਤਾ ਅਤੇ ਆਪ ਤੇਜ ਕਦਮੀ ਪਿੱਛੇ ਵੱਲ ਨੂੰ ਚੱਲ ਪਿਆ। ਜਿਸ ਨੂੰ ਸ਼ੱਕ ਦੀ ਬਿਨਾਹ ਪਰ ਕਾਬੂ ਕਰਕੇ ਨਾਮ ਪਤਾ ਪੁੱਛਿਆ। ਜਿਸ ਨੇ ਆਪਣਾ ਨਾਮ ਜਸ਼ਨ ਕੁਮਾਰ ਦੱਸਿਆ। ਜਿਸ ਵੱਲੋਂ ਸੜਕ ਦੇ ਕਿਨਾਰੇ ਘਾਹ ਫੂਸ ਵਿਚ ਸੁੱਟੀ ਪਾਰਦਰਸ਼ੀ ਮੋਮੀ ਲਿਫਾਫੀ ਵਿਚੋਂ 2.46 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਕਥਿਤ ਮੁਲਜ਼ਮ ਦੇ ਖਿਲਾਫ ਮਾਮਲਾ ਦਰਜ ਕੀਤਾ ਹੈ।

# ਸਕੂਲ ਆਫ਼ ਐਮੀਨੈਂਸ ਦੀ ਸਟੇਟ ਪੱਧਰ 'ਤੇ ਬੱਲੇ-ਬੱਲੇ



**ਫਗਵਾੜਾ (ਜਸਵਿੰਦਰ ਢੱਡਾ)**- ਹਰਜਿੰਦਰ ਸਿੰਘ, ਜ਼ਿਲਾ ਸਿੱਖਿਆ ਅਫ਼ਸਰ (ਸੈ.ਸਿ) ਕਪੂਰਥਲਾ, ਰਜੇਸ਼ ਕੁਮਾਰ ਭੱਲਾ, ਸਟੇਟ ਅਵਾਰਡੀ, ਉੱਪ ਜ਼ਿਲਾ ਸਿੱਖਿਆ ਅਫ਼ਸਰ (ਸੈ.ਸਿ), ਕਪੂਰਥਲਾ, ਸ੍ਰੀ ਸੁਖਵਿੰਦਰ ਸਿੰਘ, ਡੀ. ਐਮ ਸਪੋਰਟਸ, ਕਪੂਰਥਲਾ, ਜੀ ਦੀ ਅਗਵਾਈ ਹੇਠ ਅਤੇ ਸ੍ਰੀ ਰਣਜੀਤ ਕੁਮਾਰ ਗੋਗਨਾ, ਸਕੂਲ ਪ੍ਰਿੰਸੀਪਲ ਅਤੇ ਸਮੂਹ ਸਟਾਫ ਮੈਂਬਰ, ਸਕੂਲ ਆਫ਼ ਐਮੀਨੈਂਸ, ਫਗਵਾੜਾ ਦੀ ਪ੍ਰੇਰਨਾ ਸਦਕਾ ਸਕੂਲ ਆਫ਼ ਐਮੀਨੈਂਸ ਫਗਵਾੜਾ ਨੇ 69ਵੀਆਂ ਪੰਜਾਬ ਰਾਜ ਅੰਤਰ ਜ਼ਿਲਾ ਖੇਡਾਂ ਵਿੱਚ ਜ਼ਿਲਾ ਕਪੂਰਥਲਾ ਦੀ ਬੱਲੇ-ਬੱਲੇ ਕਰਵਾ ਦਿੱਤੀ । ਇਸ ਮੌਕੇ ਸ਼੍ਰੀ ਰਣਜੀਤ ਕੁਮਾਰ ਗੋਗਨਾ ਸਕੂਲ ਪ੍ਰਿੰਸੀਪਲ ਦੁਆਰਾ ਸਕੂਲ ਆਫ਼ ਐਮੀਨੈਂਸ ਫਗਵਾੜਾ ਵਿਖੇ ਇੱਕ ਭਰਮੇ ਸਮਾਗਮ ਦੌਰਾਨ ਸਕੂਲ ਦੀਆਂ ਦੋ ਖਿਡਾਰਨਾਂ ਬਿੰਦੀਆ ਅਤੇ ਭਾਰਤੀ ਦਾ ਸਨਮਾਨ ਕੀਤਾ ਗਿਆ ਬਿੰਦੀਆਂ ਨੇ 69 ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਖੇਡਾਂ ਵਿੱਚ ਕਿਕ-ਬਾਕਸਿੰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਜਿੱਤਿਆ ਅਤੇ ਭਾਰਤੀ ਨੇ ਬਰੋਨਜ਼ ਮੈਡਲ ਜਿੱਤਿਆ। ਦੋਵਾਂ ਖਿਡਾਰਨਾਂ, ਕੋਚ ਪ੍ਰਿੰਸ, ਦੇਸਰਾਜ ਪੀ.ਟੀ.ਆਈ ਦਾ ਸਕੂਲ ਪਹੁੰਚਣ ਤੇ ਸਕੂਲ ਪ੍ਰਿੰਸੀਪਲ ਅਤੇ ਸਮੂਹ ਸਟਾਫ ਦੁਆਰਾ ਹਾਰ ਪਾ ਕੇ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਸ਼੍ਰੀ ਰਣਜੀਤ ਕੁਮਾਰ ਗੋਗਨਾ ਪ੍ਰਿੰਸੀਪਲ ਵੱਲੋਂ ਖਿਡਾਰਨਾ, ਕੋਚ, ਕਲਾਸ ਇੰਚਾਰਜ ਸ੍ਰੀ ਸੁਮਿਤ ਗੁਪਤਾ, ਕੁਲਵਿੰਦਰ ਕੌਰ, ਵਿਨੋਦ ਕੁਮਾਰ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ।

# ਟਰੱਕ ਤੇ ਕਾਰ ਦੀ ਟੱਕਰ-ਜਾਨੀ ਨੁਕਸਾਨ ਤੋਂ ਹੋਇਆ ਬਚਾਅ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਨ ਬਲਾਚੌਰ ਦੇ ਕੰਗਣਾ ਪੁਲ ਵਿਖੇ ਇੱਕ ਟਰੱਕ ਅਤੇ ਕਾਰ ਦੀ ਆਪਸ ਵਿੱਚ ਟੱਕਰ ਹੋਣ ਦੀ ਖਬਰ ਹੈ। ਜਾਣਕਾਰੀ ਦਿੰਦੇ ਹੋਏ ਐਸ ਐਸ ਐਫ ਟੀਮ ਦੇ ਇੰਚਾਰਜ ਚੌਧਰੀ ਪ੍ਰਵੀਨ ਕੁਮਾਰ ਰਾਜੂ ਮਾਜਰਾ ਨੇ ਦੱਸਿਆ ਕਿ ਇੱਕ ਟਰੱਕ ਨੰਬਰ ਐਚ ਪੀ 03 ਸੀ 2872 ਜਿਸ ਨੂੰ ਕਿਸ਼ਨ ਉੱਤਰ ਦੇਵੀ ਸਿੰਘ ਵਾਸੀ ਰਾਜਗੜ੍ਹ ਜ਼ਿਲ੍ਹਾ ਸਿਰਮੌਰ ਚਲਾ ਰਿਹਾ ਸੀ ਜੋ ਕਿ ਲਖਨਊ ਤੋਂ ਹੁਸ਼ਿਆਰਪੁਰ ਵੱਲ ਨੂੰ ਜਾ ਰਿਹਾ ਸੀ ਤਾਂ ਜਦੋਂ ਉਹ ਕੰਗਣਾ ਪੁਲ ਬਲਾਚੌਰ ਦੇ ਨਜਦੀਕ ਪਹੁੰਚਿਆ ਤਾਂ ਉਸ ਦੇ ਅੱਗੇ ਜਾ ਰਹੀ ਇੱਕ ਵਰਟਸ ਗੱਡੀ ਨੰਬਰ ਪੀ ਬੀ 07 ਸੀ ਐਲ 6304 ਜਿਸ ਨੂੰ ਦਿਨੇਸ਼ ਕੁਮਾਰ ਪੁੱਤਰ ਤਰਸੇਮ ਲਾਲ ਵਾਸੀ ਦਸੂਹਾ ਚਲਾ ਰਿਹਾ ਸੀ ਜੋ ਚੰਡੀਗੜ੍ਹ ਤੋਂ ਦਸੂਹਾ ਜਾ ਰਿਹਾ ਸੀ ਕਿ ਜਿਨ੍ਹਾਂ ਦੀ ਆਪਸ ਵਿੱਚ ਅਚਾਨਕ ਟੱਕਰ ਹੋ ਗਈ। ਜਿਸ ਦੇ ਫਲਸਰੂਪ ਵਾਹਨਾਂ ਦਾ ਥੋੜਾ ਬਹੁਤ ਨੁਕਸਾਨ ਹੋਇਆ ਜਦਕਿ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ। ਇਸ ਹਾਦਸੇ ਦੀ ਸੂਚਨਾ ਬਲਾਚੌਰ ਪੁਲਸ ਨੂੰ ਦਿੱਤੀ ਗਈ ਅਤੇ ਰਸਤਾ ਚਾਲੂ ਕਰਵਾ ਕੇ ਆਵਾਜਾਈ ਨੂੰ ਨਿਰਵਿਘਨ ਬਣਾਇਆ ਗਿਆ।

# ਮੁਫ਼ਤ ਮੈਡੀਕਲ ਕੈਂਪ ਆਯੋਜਿਤ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸੰਧੂ ਹਸਪਤਾਲ, ਚੰਡੀਗੜ੍ਹ ਰੋਡ, ਨਵਾਂਸ਼ਹਿਰ ਵੱਲੋਂ ਪਿੰਡ ਲੰਗੜੋਆ ਦੇ ਪੰਚਾਇਤ ਘਰ ਵਿੱਚ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਮੁਫ਼ਤ ਮਲਟੀ-ਸਪੈਸ਼ਲਿਟੀ ਹੈਲਥ ਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਕੈਂਪ ਪਿੰਡਾਂ ਦੇ ਵਸਨੀਕਾਂ ਤੱਕ ਵਿਸ਼ੇਸ਼ ਤਬੀ ਸਹੂਲਤਾਂ ਅਤੇ ਸਿਹਤ ਜਾਗਰੂਕਤਾ ਪਹੁੰਚਾਉਣ ਦੇ ਉਦੇਸ਼ ਨਾਲ ਲਗਾਇਆ ਗਿਆ। ਕੈਂਪ ਵਿੱਚ ਸ਼ਾਮਲ ਮੈਡੀਕਲ ਟੀਮ ਵਿੱਚ ਡਾ. ਕਨਵ ਟੰਡਨ (ਕਨਸਲਟੈਂਟ ਆਰਥੋਪੀਡਿਕ ਸਰਜਨ), ਡਾ. ਸਦੀਪ ਅਗਰਵਾਲ (ਕਨਸਲਟੈਂਟ ਜਨਰਲ ਅਤੇ ਲੈਪਰੋਸਕੋਪਿਕ ਸਰਜਨ), ਡਾ. ਸੂਮਨ (ਫ਼ਿਜ਼ਿਓਥੈਰਾਪਿਸਟ) ਅਤੇ ਡਾ. ਸਿਮਰਨ (ਮੈਡੀਕਲ ਆਫ਼ਿਸਰ) ਹਾਜ਼ਰ ਰਹੇ।ਕੈਂਪ ਦੌਰਾਨ ਮਰੀਜ਼ਾਂ ਨੂੰ ਮੁਫ਼ਤ ਡਾਕਟਰੀ ਚੈਕਅੱਪ, ਜ਼ਰੂਰੀ ਦਵਾਈਆਂ, ਦੋ ਮੁਫ਼ਤ ਫ਼ਿਜ਼ਿਓਥੈਰਾਪੀ ਸੈਸ਼ਨ , ਮੁਫ਼ਤ ਐਕਸ-ਰੇ ਕੂਪਨ ਅਤੇ ਖ਼ੂਨ ਦੇ ਟੈਸਟ ਘੱਟ ਰੇਟਾਂ 'ਤੇ ਪ੍ਰਦਾਨ ਕੀਤੇ ਗਏ। ਇਸ ਦੇ ਨਾਲ ਮੈਡੀਕਲ ਟੀਮ ਨੇ ਲੱਛਣਾਂ ਦੀ ਸ਼ੁਰੂਆਤੀ ਪਛਾਣ, ਬਚਾਅ ਦੇ ਉਪਾਅ ਅਤੇ ਸਮੇਂ-ਸਿਰ ਇਲਾਜ ਦੀ ਮਹੱਤਤਾ ਬਾਰੇ ਵੀ ਮਹੱਤਵਪੂਰਣ ਜਾਣਕਾਰੀ ਸਾਂਝੀ ਕੀਤੀ। ਡਾਕਟਰਾਂ ਦੀ ਟੀਮ ਨੇ ਲਗਭਗ 150 ਮਰੀਜ਼ਾਂ ਦਾ ਚੈਕਅੱਪ ਕੀਤਾ ਅਤੇ ਉਨ੍ਹਾਂ ਨੂੰ ਯੋਗ ਸਲਾਹ ਅਤੇ ਇਲਾਜ ਮੁਹੱਈਆ ਕਰਵਾਇਆ। ਲੰਗੜੋਆ ਅਤੇ ਆਸ-ਪਾਸ ਦੇ ਪਿੰਡਾਂ ਦੇ ਬਹੁਤ ਸਾਰੇ ਲੋਕਾਂ ਨੇ ਕੈਂਪ ਵਿੱਚ ਉਤਸ਼ਾਹ ਨਾਲ ਭਾਗ ਲਿਆ। ਹਸਪਤਾਲ ਦੀ ਟੀਮ ਨੇ ਹਰ ਮਰੀਜ਼ ਨੂੰ ਨਿੱਜੀ ਧਿਆਨ, ਯੋਗ ਸਲਾਹ ਅਤੇ ਲੋੜ ਅਨੁਸਾਰ ਫਾਲੋ-ਅੱਪ ਸਬੰਧੀ ਨਿਰਦੇਸ਼ ਦਿੱਤੇ।



# ਅਧਿਆਪਕ ਟ੍ਰੇਨਿੰਗ ਵਰਕਸ਼ਾਪ ਆਯੋਜਿਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਅਮਰੀਕਨ ਇੰਡੀਆ ਫਾਊਂਡੇਸ਼ਨ (ਏ ਆਈ ਐੱਫ਼) ਵੱਲੋਂ ਆਦਰਸ਼ ਸਕੂਲ ਲੋਦੀਪੁਰ ਵਿੱਚ ਅਧਿਆਪਕਾਂ ਲਈ ਸਟੀਮ ਪੈਡਾਗੌਗੀ ਅਤੇ ਰੋਬੋਟਿਕਸ ਦੋ ਦਿਨਾਂ ਦੀ ਅਧਿਆਪਕ ਸਮਰੱਥਾ ਵਿਕਾਸ ਵਰਕਸ਼ਾਪ ਵਿੱਚ ਟ੍ਰੇਨਿੰਗ ਸਫਲਤਾਪੂਰਵਕ ਕਰਵਾਈ ਗਈ। ਇਸ ਮੌਕੇ ਤੇ ਇੰਚਾਰਜ ਨਿਖਲ ਕੁਮਾਰ ਦੁਆਰਾ ਵਰਕਸ਼ਾਪ ਦੌਰਾਨ ਅਧਿਆਪਕਾਂ ਨੂੰ ਸਟੀਮ ਅਧਾਰਿਤ ਸਿੱਖਣ-ਸਿਖਾਉਣ ਦੀਆਂ ਤਕਨੀਕਾਂ, ਰੋਬੋਟਿਕਸ ਦੇ ਮੁੱਢਲੇ ਸਿਧਾਂਤਾਂ ਅਤੇ ਪ੍ਰਾਜੈਕਟ ਅਧਾਰਿਤ ਸਿੱਖਣ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਅਮਰੀਕਨ ਇੰਡੀਆ ਫਾਊਂਡੇਸ਼ਨ ਦੀ ਟੀਮ ਵੱਲੋਂ ਦੋ ਦਿਨ ਦੀ ਸਮੱਗਰੀ-ਅਧਾਰਤ ਟ੍ਰੇਨਿੰਗ ਬਹੁਤ ਹੀ ਉਤਸ਼ਾਹ ਨਾਲ ਕਰਵਾਈ ਗਈ। ਟ੍ਰੇਨਿੰਗ ਦੀ ਸ਼ੁਰੂਆਤ ਹਰਪ੍ਰੀਤ ਸਿੰਘ ਅਤੇ ਗੌਰਵ ਕੁਮਾਰ ਵੱਲੋਂ ਕੰਪਿਊਟਰ ਅਧਾਰਿਤ ਬਲੌਕ-ਕੋਡਿੰਗ, ਸੰਵੇਦਕਾਂ (ਸਿਨਸਰਾਂ) ਦੀ ਕਾਰਗੁਜ਼ਾਰੀ ਅਤੇ ਰੋਬੋਟਿਕ ਸਮੱਗਰੀ ਦੀ ਜਾਣਕਾਰੀ ਨਾਲ ਹੋਈ। ਇਸ ਸੈਸ਼ਨ ਵਿੱਚ ਅਧਿਆਪਕਾਂ ਨੇ ਮਸ਼ੀਨ-ਅਧਿਐਨ ਕੋਡਿੰਗ (ਐਮ.ਐਲ. ਕੋਡਿੰਗ) ਅਤੇ ਅਤਿਰਿਕਤ ਰੋਬੋਟਿਕ ਸਮੱਗਰੀ ਬਾਰੇ ਹੱਥ-ਅਜ਼ਮਾਇਸ਼ ਰਾਹੀਂ ਸਿੱਖਿਆ ਪ੍ਰਾਪਤ ਕੀਤੀ। ਇਸ ਤੋਂ ਬਾਅਦ 'ਰੋਬੋਟਿਕਸ ਮੈਕਸ ਸਟਾਰਟਰ ਕਿੱਟ' ਅਤੇ 'ਪ੍ਰੋ ਕਿੱਟ' ਉੱਤੇ ਵਿਸਥਾਰਪੂਰਵਕ ਹੱਥ-ਵਰਤੀ ਟ੍ਰੇਨਿੰਗ ਕਰਵਾਈ ਗਈ, ਜਿਸ ਨਾਲ ਅਧਿਆਪਕਾਂ ਨੇ ਰੋਬੋਟ ਬਣਾਉਣ, ਕੰਮ ਕਰਵਾਉਣ ਅਤੇ ਪ੍ਰੋਗਰਾਮਿੰਗ ਦੇ ਵਿਗਿਆਨਕ ਤਰੀਕਿਆਂ ਨੂੰ ਆਪਣੇ ਹੱਥਾਂ ਨਾਲ ਅਜ਼ਮਾਇਆ। ਅੰਤ ਵਿੱਚ, ਵੱਖ ਵੱਖ ਕਲਾਸਾਂ ਦੇ ਵਿਦਿਆਰਥੀਆਂ ਵੱਲੋਂ ਰੋਬੋਟਿਕਸ ਪ੍ਰੋਜੈਕਟ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਦੁਆਰਾ ਤਿਆਰ ਕੀਤੇ ਮਾਡਲ ਅਤੇ ਸੰਵੇਦਕ-ਅਧਾਰਿਤ ਪ੍ਰੋਜੈਕਟ ਪ੍ਰਗਟ ਕੀਤੇ, ਜੋ ਕਿ ਸਭ ਦੇ ਲਈ ਪ੍ਰੇਰਣਾਦਾਇਕ ਸਾਬਤ ਹੋਏ।




# ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਨੂੰ ਭੇਜੀ ਸਹਾਇਤਾ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਲੋਹੀਆਂ ਖ਼ਾਸ, ਨਦਰਿ ਕਰਮਿ ਸੇਵਾ ਦਲ ਵੱਲੋਂ ਮਨੁੱਖਤਾ ਦੀਆਂ ਸੇਵਾਵਾਂ ਦੇ ਸੱਤ ਵਰ੍ਹੇ ਮੁਕੰਮਲ ਹੋਣ ਦੀ ਖੁਸ਼ੀ ਵਿੱਚ ਅਕਾਲ ਪੁਰਖ ਵਾਹਿਗੁਰੂ ਜੀ ਦੇ ਸ਼ੁਕਰਾਨੇ ਵਜੋਂ ਗੁ: ਸਿੱਖ ਸੈਂਟਰ ਆਫ਼ ਸਿਆਟਲ ਅਮਰੀਕਾ ਅਤੇ ਸੋਚ ਸੈਂਟਰ ਸਿਆਟਲ ਅਮਰੀਕਾ ਸਹਿਯੋਗ ਨਾਲ 21 ਨਵੰਬਰ ਤੋਂ 30 ਨਵੰਬਰ ਤੱਕ ਪਿੱਤੇ ਦੀ ਪਥਰੀ, ਗਦੂਦਾਂ, ਹਰਨੀਆਂ, ਅਪੈਂਡਿਕਸ, ਬੱਚੇਦਾਨੀ ਅਤੇ ਛਾਤੀ ਦੀਆਂ ਰਸੌਲੀਆਂ ਦਾ ਮੁਫ਼ਤ ਚੈੱਕਅਪ ਅਤੇ ਮੁਫ਼ਤ ਅਪ੍ਰੇਸ਼ਨ ਕੈਂਪ ਲੋਹੀਆਂ ਸ਼ਹਿਰ ਦੇ 'ਜੋਸਨ ਹਸਪਤਾਲ' ਵਿੱਚ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਮਾਹਿਰ ਡਾਕਟਰ ਚੈੱਕਅਪ ਅਤੇ ਅਪ੍ਰੇਸ਼ਨ ਕਰਨਗੇ। ਇਸ ਨੇਕ ਕਾਰਜ ਲਈ 'ਗੁਰੂ ਨਾਨਕ ਮੋਦੀਖਾਨਾ ਪਰਵਾਰ' ਦੇ ਮੈਂਬਰ ਬਲਵਿੰਦਰ ਸਿੰਘ ਚੰਦੀ ਵੱਲੋਂ ਅਮਰੀਕਾ 5,50,000 ਰੁਪਏ ਦੀ ਸੇਵਾ ਭੇਜੀ ਗਈ ਹੈ। ਹੋਰ ਜਾਣਕਾਰੀ ਦਿੰਦਿਆਂ ਬਲਵਿੰਦਰ ਸਿੰਘ ਚੰਦੀ ਦੇ ਛੋਟੇ ਭਰਾ ਰਿਟਾ: ਥਾਣੇਦਾਰ ਸੁਖਵਿੰਦਰਜੀਤ ਸਿੰਘ ਚੰਦੀ, ਡਾ: ਗੁਰਿੰਦਰ ਸਿੰਘ ਜੋਸਨ, ਡਾ: ਵਿਸਾਲਦੀਪ ਸਿੰਘ ਜੋਸਨ, ਸਤਿੰਦਰ ਸਿੰਘ ਖ਼ਾਲਸਾ, ਮਾ: ਪਰਮਿੰਦਰ ਸਿੰਘ ਅਤੇ ਸੁਖਵਿੰਦਰ ਸਿੰਘ ਸੈਂਹਬੀ ਨੇ ਦੱਸਿਆ ਕਿ ਕੋਈ ਵੀ ਲੋੜਵੰਦ ਮਰੀਜ਼ ਇਨ੍ਹਾਂ ਸੇਵਾਵਾਂ ਤੋਂ ਲਾਭ ਉਠਾ ਸਕਦਾ ਹੈ, ਵੈਸੇ ਸੁਲਤਾਨਪੁਰ ਲੋਧੀ ਅਤੇ ਲੋਹੀਆਂ ਇਲਾਕੇ ਦੇ ਹੜ੍ਹਾਂ ਤੋਂ ਪ੍ਰਭਾਵਿਤ ਪਿੰਡਾਂ ਨਾਲ਼ ਸਬੰਧਤ ਮਰੀਜ਼ਾਂ ਦੇ ਇਲਾਜ਼ ਨੂੰ ਅਸੀਂ ਵਿਸ਼ੇਸ਼ ਤਰਜੀਹ ਦੇ ਰਹੇ ਹਾਂ। ਕੈਂਪ ਦੌਰਾਨ ਟੈਸਟ ਅਤੇ ਸਕੈਨਿੰਗ ਵਗੈਰਾ ਦੇ ਨਾਲ਼ ਨਾਲ਼ ਅਪ੍ਰੇਸ਼ਨ ਤੋਂ ਬਾਅਦ ਮਰੀਜ਼ ਨੂੰ ਘਰ ਜਾਣ ਸਮੇਂ ਮੁਫ਼ਤ ਐਂਬੂਲੈਂਸ ਸੇਵਾਵਾਂ ਵੀ ਦਿੱਤੀਆਂ ਜਾਣਗੀਆਂ।



# ਕਿਸਾਨ ਸਸ਼ਕਤੀਕਰਨ ਵਿਸ਼ੇ 'ਤੇ ਕਰਵਾਇਆ ਸੈਮੀਨਾਰ

**ਫਗਵਾੜਾ (ਡਾ. ਰਮਨ)**- ਮਿੱਤਲ ਸਕੂਲ ਆਫ ਬਿਜ਼ਨਸ (ਐੱਲ ਪੀ ਯੂ) ਦੇ ਸਹਿਯੋਗ ਸਦਕਾ ਨਜਦੀਕੀ ਪਿੰਡ ਹਰਦੋ ਫਰਾਲਾ ਵਿਖੇ ਸਥਾਈ ਖੇਤੀ ਰਾਹੀਂ ਕਿਸਾਨਾਂ ਦਾ ਸ਼ਕਤੀਕਰਨ ਵਿਸ਼ੇ 'ਤੇ ਜਾਗਰੁਕਤਾ ਸੈਮੀਨਾਰ ਟੀਮ ਕੋਆਰਡੀਨੇਟ ਟੇਂਡਈ ਮਤੀਮਤੀ ਦੀ ਦੇਖਰੇਖ ਹੇਠ ਕਰਵਾਇਆ ਗਿਆ। ਸਮਾਗਮ ਦਾ ਥੀਮ ਸਸਟੇਨੇਬਲ ਐਗਰੀਕਲਚਰ ਰਾਹੀਂ ਫਾਈਨੈਂਸ਼ਲ ਇੰਡਿਪੈਂਡੈਂਸੀ ਰੱਖਿਆ ਗਿਆ ਸੀ। ਸਮਾਗਮ ਦੌਰਾਨ ਮੁੱਖ ਬੁਲਾਰਿਆਂ ਵਜੋਂ ਡਾ. ਪ੍ਰਵੀਨ ਕੁਮਾਰੀ ਏ.ਓ. ਟਰੇਨਿੰਗ ਸੈਕਸ਼ਨ, ਡਾ. ਸੋਨੂ ਅਤੇ ਅਤੇ ਰਵਿੰਦਰ ਕੌਰ ਏ.ਈ.ਓ. ਜਲੰਧਰ ਈਸਟ ਨੇ ਸ਼ਿਰਕਤ ਕੀਤੀ। ਡਾ. ਪ੍ਰਵੀਨ ਕੁਮਾਰੀ ਨੇ ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਹਨਾਂ ਨੇ ਦੱਸਿਆ ਕਿ ਉਨੱਤ ਖੇਤੀ ਯੰਤਰਾਂ ਜਿਵੇਂ ਮਾਡਰਨ ਟਰੈਕਟਰ, ਹਾਰਵੇਸਟਰ ਅਤੇ ਹੋਰ ਮਸ਼ੀਨਰੀ ਨਾਲ ਖੇਤੀ ਦੀ ਉਪਜ ਵਧਾਈ ਅਤੇ ਖਰਚ ਘਟਾਇਆ ਜਾ ਸਕਦਾ ਹੈ। ਉਹਨਾਂ ਨੇ ਪੰਜਾਬ ਗ੍ਰੀਨ ਟਰੈਕਟਰ ਸਕੀਮ, ਜਿਸ ਵਿੱਚ 70% ਤੱਕ ਸਬਸਿਡੀ ਮਿਲਦੀ ਹੈ, ਦਾ ਖਾਸ ਤੌਰ ਤੇ ਜ਼ਿਕਰ ਕੀਤਾ। ਨਾਲ ਹੀ ਫਸਲੀ ਚੱਕਰ, ਇੰਟਰਕ੍ਰੋਪਿੰਗ, ਮਿੱਟੀ ਦੀ ਸੰਭਾਲ ਅਤੇ ਡਰਿੱਪ ਸਿੰਚਾਈ ਦੀ ਮਹੱਤਤਾ 'ਤੇ ਵੀ ਚਾਨਣਾ ਪਾਇਆ। ਡਾ. ਪ੍ਰਵੀਨ ਕੁਮਾਰੀ ਨੇ ਦੱਸਿਆ ਕਿ ਜੇਕਰ ਕਿਸਾਨ ਆਧੁਨਿਕ ਤਕਨੀਕਾਂ ਨੂੰ ਅਪਣਾਉਣ, ਤਾਂ ਉਨ੍ਹਾਂ ਦੀ ਪੈਦਾਵਾਰ ਵਧੇਗੀ, ਖਰਚੇ ਘਟਣਗੇ ਅਤੇ ਖੇਤੀ ਨਾਲ ਜੁੜੇ ਜੋਖਮ ਵੀ ਘੱਟ ਜਾਣਗੇ। ਡਾ. ਸੋਨੂ ਨੇ ਸੈਸ਼ਨ ਦੌਰਾਨ ਸਰਕਾਰੀ ਯੋਜਨਾਵਾਂ ਅਤੇ ਵਿੱਤੀ ਸਹਾਇਤਾ ਬਾਰੇ ਵਿਸਥਾਰ ਨਾਲ ਨਾਲ ਦੱਸਿਆ।



# ਆਜ਼ਾਦ ਪ੍ਰੈੱਸ ਐਂਡ ਵੈੱਲਫੇਅਰ ਕਲੱਬ ਦੀ ਮੀਟਿੰਗ



**ਬਲਾਚੌਰ (ਜਸਵਿੰਦਰ ਬੈਂਸ)**- ਆਜ਼ਾਦ ਪ੍ਰੈੱਸ ਐਂਡ ਵੈਲਫੇਅਰ ਕਲੱਬ ਬਲਾਚੌਰ ਦੀ ਮਾਸਿਕ ਮੀਟਿੰਗ ਕਲੱਬ ਦੇ ਚੇਅਰਮੈਨ ਸਤੀਸ਼ ਸ਼ਰਮਾਂ ਦੀ ਪ੍ਰਧਾਨ ਹੇਠ ਹੋਈ ਜਿਸ ਵਿੱਚ ਵਿਸ਼ੇਸ ਤੌਰ 'ਤੇ ਆਪ ਦੇ ਜ਼ਿਲਾ ਪ੍ਰਧਾਨ ਅਤੇ ਚੇਅਰਮੈਨ ਜ਼ਿਲਾ ਪਲੈਨਿੰਗ ਬੋਰਡ ਸਤਨਾਮ ਜਲਾਲਪੁਰ ਵਲੋਂ ਆਪਣੇ ਸਮਾਜ ਭਲਾਈ ਦੇ ਕੰਮਾ ਦੇ ਰੁਝੇਵਿਆ ਵਿੱਚੋ ਸਮ੍ਹਾਂ ਕੱਢ ਕੇ ਸ਼ਮੂਲੀਅਤ ਕੀਤੀ ਗਈ ਜਿਨ੍ਹਾਂ ਦੇ ਮੀਟਿੰਗ ਵਿੱਚ ਪੁੱਜਣ ਤੇ ਸਮੂਹ ਮੈਂਬਰਾ ਵਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਉਨਾਂ ਵਲੋਂ ਪੱਤਰਕਾਰ ਭਾਈਚਾਰੇ ਦੀਆਂ ਦਰਪੇਸ਼ ਮੁਸ਼ਿਕਲਾਂ ਨੂੰ ਸੁਣਿਆ ਅਤੇ ਉਨਾਂ ਨੂੰ ਹੱਲ ਕਰਾਉਣ ਦਾ ਵਾਅਦਾ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਚੇਅਰਮੈਨ ਜ਼ਿਲਾ ਪਲੈਨਿੰਗ ਬੋਰਡ ਅਤੇ ਆਪ ਦੇ ਜ਼ਿਲਾ ਪ੍ਰਧਾਨ ਸਤਨਾਮ ਜਲਾਲਪੁਰ ਨੇ ਆਖਿਆ ਕਿ ਪੱਤਰਕਾਰ ਸਮਾਜ ਵਿੱਚ ਆਪਣਾ ਅਹਿਮ ਯੋਗਦਾਨ ਪਾਉਂਦਾ ਹੈ ਜਿਸ ਲਈ ਹੀ ਲੋਕਤੰਤਰ ਵਿੱਚ ਇਸ ਨੂੰ ਚੌਥਾ ਥੰਮ ਮੰਨਿਆ ਜਾਂਦਾ ਹੈ। ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਰਕਾਰਾ ਅਤੇ ਸਰਕਾਰੀ ਦਰਬਾਰ ਤੱਕ ਪਹੁੰਚਾਉਣਾ, ਸਰਕਾਰ ਦੀ ਚੰਗੀ ਮਾੜੀ ਕਾਰਗੁਜਾਰੀ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਇਸ ਸਫਰ ਵਿੱਚ ਪੱਤਰਕਾਰ ਭਾਈਚਾਰੇ ਨੂੰ ਅਨੇਕਾ ਦਰਪੇਸ਼ ਮੁਸ਼ਿਕਲਾ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਉਪਰ ਉਨਾਂ ਪ੍ਰੈਸ ਕਲੱਬ ਦੀ ਮਾਲੀ ਮਦਦ ਵੀ ਕੀਤੀ ਗਈ ਅਤੇ ਕਲੱਬ ਲਈ ਬਣਦੀ ਕਿਸੇ ਯੋਗ ਜਗ੍ਹਾਂ ਉਪਰ ਦਫਤਰ ਲਈ ਕਮਰਾ ਅਲਾਟ ਕਰਾਉਣ ਅਤੇ ਹੋਰ ਮੁਸ਼ਕਿਲਾ ਦੇ ਹੱਲ ਕਰਾਉਣ ਦਾ ਵਾਅਦਾ ਵੀ ਕੀਤਾ ਗਿਆ। ਅਖੀਰ ਵਿੱਚ ਕਲੱਬ ਦੇ ਚੇਅਰਮੈਨ ਸਤੀਸ਼ ਸ਼ਰਮਾਂ ਵਲੋਂ ਕਲੱਬ ਦੇ ਰਜਿਸਟਰ ਹੋਣ ਬਾਰੇ, ਕਰੋਨਾ ਕਾਲ ਦੇ ਸਮੇਂ ਤੋਂ ਲੈ ਕੇ ਹੁਣ ਤੱਕ ਦੀਆਂ ਸਮਾਜ ਭਲਾਈ ਦੇ ਖੇਤਰ ਵਿੱਚ ਕੀਤੀਆਂ ਗਤੀਵਿਧੀਆਂ ਤੋਂ ਵੀ ਜਾਣੂ ਕਰਾਇਆ ਗਿਆ।

# ਫੇਫੜਿਆਂ ਦੀ ਸਿਹਤ 'ਤੇ ਚਿੰਤਾ ਪ੍ਰਗਟ ਕਰਦਾ ਹੈ ਵਿਸ਼ਵ ਸੀ ਓ ਪੀ ਡੀ ਦਿਵਸ: ਡਾ. ਗੋਇਲ

**ਚੰਡੀਗੜ੍ਹ** : ਸਥਾਨਕ ਸ਼ੈਲਬੀ ਹਸਪਤਾਲ ਦੇ ਫੇਫੜੇ ਰੋਗ ਮਾਹਿਰ ਡਾ. ਸੁਰੇਸ਼ ਗੋਇਲ ਨੇ ਕਿਹਾ ਕਿ ਜੀਵਨਸ਼ੈਲੀ ਵਿੱਚ ਬਦਲਾਅ ਲਿਆ ਕੇ ਹੀ ਫੇਫੜਿਆਂ ਦੀ ਸਿਹਤ ਨੂੰ ਤੰਦਰੁਸਤ ਰੱਖਿਆ ਜਾ ਸਕਦਾ ਹੈ। ਵਿਸ਼ਵ ਸੀ ਓ ਪੀ ਡੀ (ਕ੍ਰੋਨਿਕ ਔਬਸਟ੍ਰਕਟਿਵ ਪਲਮਨਰੀ ਡਿਜ਼ੀਜ਼) ਦਿਵਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਗੋਇਲ ਨੇ ਕਿਹਾ ਕਿ ਫੇਫੜਿਆਂ ਦੀ ਬਿਮਾਰੀ ਬੇਸ਼ੱਕ ਰੋਕਥਾਮ ਅਤੇ ਇਲਾਜ਼ਯੋਗ ਹੈ ਪਰ ਫਿਰ ਵੀ ਇਹ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ। ਉਨ੍ਹਾਂ ਦੱਸਿਆ ਕਿ ਇਸ ਕਾਰਨ ਵਿਸ਼ਵ ਪੱਧਰ 'ਤੇ ਸਾਲਾਨਾ ਲਗਭਗ 35 ਲੱਖ ਲੋਕਾਂ ਦੀ ਜਾਣ ਜਾਂਦੀ ਹੈ ਜਦਕਿ ਭਾਰਤ ਵਿੱਚ ਇਸ ਕਾਰਨ 8.5 ਲੱਖ ਮੌਤਾਂ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਦਾ ਵੱਡਾ ਕਾਰਨ ਸਿਗਰਟਨੋਸ਼ੀ ਹੈ। ਉਨ੍ਹਾਂ ਕਿਹਾ ਕਿ ਇੱਕ ਸਿਗਰਟ ਜੀਵਨ ਦੇ 11 ਮਿੰਟ ਘਟਾਉਂਦੀ ਹੈ ਅਤੇ 12 ਤੋਂ 15 ਕਿਸਮਾਂ ਦੇ ਕੈਂਸਰ ਦਾ ਕਾਰਨ ਬਣਦੀ ਹੈ। ਉਨ੍ਹਾਂ ਕਿਹਾ ਕਿ ਸਿਗਰਟਨੋਸ਼ੀ ਕਾਰਨ ਫੇਫੜੇ, ਭੋਜਨ ਪਾਈਪ, ਮੂੰਹ, ਗੁਰਦੇ, ਪਿਸ਼ਾਬ ਬਲੈਡਰ ਆਦਿ ਵਰਗੇ ਕੈਂਸਰ ਪੈਦਾ ਹੁੰਦੇ ਹਨ।

# ਸਿਹਤ ਵਿਭਾਗ ਨੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਲਗਾਈ ਪ੍ਰਦਰਸ਼ਨੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ 350ਵੇਂ ਸ਼ਹੀਦੀ ਸਮਾਗਮ ਨੂੰ ਲੋਕ-ਕੇਂਦਰਿਤ ਅਤੇ ਜਾਣਕਾਰੀਪੂਰਕ ਬਣਾਉਣ ਲਈ ਸਿਹਤ ਵਿਭਾਗ ਨੂੰ ਵਿਸ਼ੇਸ਼ ਹਦਾਇਤਾਂ ਦਿੱਤੀਆਂ ਗਈਆਂ ਹਨ। ਇਨ੍ਹਾਂ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਸਿਹਤ ਜਾਗਰੂਕਤਾ ਤੇ ਸਿਹਤ ਪ੍ਰੋਗਰਾਮਾਂ ਦੀ ਜਾਣਕਾਰੀ ਲਈ ਮਾਸ ਮੀਡੀਆ ਅਤੇ ਐਜੂਕੇਸ਼ਨ ਵਿੰਗ ਸਿਹਤ ਵਿਭਾਗ ਰੂਪਨਗਰ ਵੱਲੋਂ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ ਹੈ। ਇਹ ਪ੍ਰਦਰਸ਼ਨੀ 29 ਨਵੰਬਰ ਤੱਕ ਜਾਰੀ ਰਹੇਗੀ। ਇਸ ਪ੍ਰਦਰਸ਼ਨੀ ਵਿੱਚ ਸਿਹਤ ਵਿਭਾਗ ਵੱਲੋਂ ਆਮ ਲੋਕਾਂ ਨੂੰ ਟੀਕਾਕਰਣ, ਮਾਤਾ-ਬੱਚਾ ਸਿਹਤ, ਐਨ.ਸੀ.ਡੀ., ਕੈਂਸਰ ਸਕ੍ਰੀਨਿੰਗ, ਟੀ.ਬੀ. ਮੁਕਤ ਭਾਰਤ ਮੁਹਿੰਮ, ਤੰਬਾਕੂ-ਰੋਧਕ ਜਾਗਰੂਕਤਾ, ਡੇਂਗੂ-ਮਲੇਰੀਆ ਰੋਕਥਾਮ, ਸਫਾਈ ਅਤੇ ਸਿਹਤਮੰਦ ਜੀਵਨਸ਼ੈਲੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾ ਰਹੀ ਹੈ। ਵੱਖ-ਵੱਖ ਸਟਾਲਾਂ ਰਾਹੀਂ ਮੁਫ਼ਤ ਸਲਾਹ, ਸਕ੍ਰੀਨਿੰਗ ਅਤੇ ਸਿੱਖਿਆ ਸਮੱਗਰੀ ਦੀ ਵੰਡ ਵੀ ਨਿਰੰਤਰ ਕੀਤੀ ਜਾ ਰਹੀ ਹੈ।



# ਸੂਬੇ ਵਿੱਚ 5 ਨਵੇਂ ਵਰਕਿੰਗ ਵੂਮੈਨ ਹੋਸਟਲ ਬਣ ਰਹੇ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਦੀ ਭਲਾਈ ਅਤੇ ਸਸ਼ਕਤੀਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ। ਕੰਮਕਾਜੀ ਮਹਿਲਾਵਾਂ ਨੂੰ ਸੁਰੱਖਿਅਤ ਤੇ ਸੁਵਿਧਾਜਨਕ ਰਿਹਾਇਸ਼ ਮੁਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਵੱਡੇ ਕਦਮ ਚੁੱਕੇ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 150 ਕਰੋੜ ਰੁਪਏ ਦੀ ਲਾਗਤ ਨਾਲ 5 ਵਰਕਿੰਗ ਵੂਮੈਨ ਹੋਸਟਲ ਬਣਾਏ ਜਾ ਰਹੇ ਹਨ, ਜੋ ਮੋਹਾਲੀ, ਅੰਮ੍ਰਿਤਸਰ ਅਤੇ ਜਲੰਧਰ ਵਿੱਚ ਸਥਾਪਿਤ ਹੋਣਗੇ। ਉਨ੍ਹਾਂ ਦੱਸਿਆ ਕਿ ਮੋਹਾਲੀ ਵਿੱਚ 3, ਜਦਕਿ ਅੰਮ੍ਰਿਤਸਰ ਅਤੇ ਜਲੰਧਰ ਵਿੱਚ ਇੱਕ-ਇੱਕ ਹੋਸਟਲ ਬਣੇਗਾ।

# 63 ਸਾਲਾ ਮਰੀਜ਼ ਨੂੰ ਮਿਲਿਆ ਨਵਾਂ ਜੀਵਨ

**ਮੋਹਾਲੀ (ਗੁਰਜੀਤ ਬਿੱਲਾ)**- ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ ਮੋਹਾਲੀ ਦੇ ਡਾਕਟਰਾਂ ਨੇ ਗੁਇਲੇਨ-ਬੈਰੇ ਸਿੰਡਰੋਮ (ਜੀ ਬੀ ਐੱਸ) ਨਾਲ ਪੀੜਤ 63 ਸਾਲਾ ਵਿਅਕਤੀ ਦਾ ਸਫਲਤਾਪੂਰਵਕ ਇਲਾਜ ਕੀਤਾ, ਜੋ ਕਿ ਇੱਕ ਨਿਊਰੋਲੋਜੀਕਲ ਵਿਕਾਰ ਹੈ, ਜਿਸ ਵਿੱਚ ਸਰੀਰ ਦੀ ਇਮਿਊਨ ਸਿਸਟਮ ਨਸਾਂ 'ਤੇ ਹਮਲਾ ਕਰਦੀ ਹੈ, ਜਿਸ ਨਾਲ ਕਮਜ਼ੋਰੀ ਅਤੇ ਅਧਰੰਗ ਹੋ ਜਾਂਦਾ ਹੈ। ਇਸ ਜੀਵਨ-ਰੱਖਿਅਕ ਇਲਾਜ ਦੀ ਅਗਵਾਈ ਮੈਕਸ ਦੇ ਐਸੋਸੀਏਟ ਡਾਇਰੈਕਟਰ ਨਿਊਰੋਲੋਜੀ ਡਾ. ਸਾਵਨ ਕੁਮਾਰ ਵਰਮਾ ਅਤੇ ਉਨ੍ਹਾਂ ਦੀ ਟੀਮ ਨੇ ਕੀਤੀ। ਪੰਜਾਬ ਦੇ ਪਾਤੜਾਂ ਤੋਂ ਸਤਪਾਲ ਸਿੰਘ (63) ਨੂੰ ਮੈਕਸ ਦੀ ਐਮਰਜੈਂਸੀ ਵਿੱਚ ਉਸ ਦੇ ਅੰਗਾਂ ਵਿੱਚ ਤੇਜ਼ੀ ਨਾਲ ਵਧਦੀ ਕਮਜ਼ੋਰੀ ਦੇ ਨਾਲ ਲਿਆਂਦਾ ਗਿਆ। ਉਸ ਨੂੰ ਸ਼ੁਰੂ ਵਿੱਚ ਦੋਵੇਂ ਹੇਠਲੇ ਅੰਗਾਂ ਵਿੱਚ ਕਮਜ਼ੋਰੀ ਹੋ ਗਈ, ਜੋ ਫਿਰ 5-7 ਦਿਨਾਂ ਦੀ ਮਿਆਦ ਵਿੱਚ ਉੱਪਰਲੇ ਅੰਗਾਂ ਤੱਕ ਵਧ ਗਈ। ਅਗਲੇ ਕੁਝ ਦਿਨਾਂ ਦੇ ਅੰਦਰ, ਉਸਦੀ ਹਾਲਤ ਇਸ ਹੱਦ ਤੱਕ ਵਿਗੜ ਗਈ ਕਿ ਉਹ ਮੁਸ਼ਕਿਲ ਨਾਲ ਖੜ੍ਹਾ ਹੋ ਸਕਦਾ ਸੀ ਜਾਂ ਸੁਤੰਤਰ ਤੌਰ 'ਤੇ ਹਿੱਲ ਸਕਦਾ ਸੀ। ਇੱਕ ਵਿਸਤ੍ਰਿਤ ਨਿਊਰੋਲੋਜੀਕਲ ਮੁਲਾਂਕਣ ਅਤੇ ਡਾਇਗਨੌਸਟਿਕ ਟੈਸਟਾਂ ਤੋਂ ਬਾਅਦ, ਡਾ. ਵਰਮਾ ਅਤੇ ਉਨ੍ਹਾਂ ਦੀ ਟੀਮ ਨੇ ਜੀ ਬੀ ਐਸ ਦਾ ਪਤਾ ਲਗਾਇਆ।



# ਜਲ ਸਪਲਾਈ ਕਾਮਿਆਂ ਵੱਲੋਂ 2 ਤੋਂ 4 ਤੱਕ ਧਰਨੇ ਦੇਣ ਦਾ ਐਲਾਨ

**ਨਕੋਦਰ (ਮਨਜੀਤ ਮਾਨ)**

ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਈਸੜੂ ਭਵਨ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਦੀ ਅਗੁਵਾਈ ਹੇਠ ਕੀਤੀ ਗਈ, ਜਿਸ 'ਚ ਸੂਬਾ ਕਮੇਟੀ ਮੈਂਬਰ, ਵੱਖ ਵੱਖ ਜ਼ਿਲ੍ਹਿਆ ਦੇ ਪ੍ਰਧਾਨ/ਜਨਰਲ ਸਕੱਤਰ ਸਮੇਤ ਹੋਰ ਸਰਗਰਮ ਆਗੂਆਂ ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਕਈ ਅਹਿਮ ਏਜੰਡਿਆ ਤੇ ਵਿਚਾਰ ਚਰਚਾ ਕਰਨ ਉਪਰੰਤ ਸਰਵ ਸੰਮਤੀ ਨਾਲ ਫੈਸਲੇ ਲਏ ਗਏ। ਸਰਕਾਰ ਅਤੇ ਵਿਭਾਗੀ ਮੈਨੇਜਮੈਂਟ ਦੇ ਖਿਲਾਫ ਪੂਰ ਅਮਨ ਢੰਗ ਨਾਲ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕਰਦੇ ਹੋਏ ਐਲਾਨ ਕੀਤਾ ਗਿਆ।ਇਸ ਸਬੰਧੀ ਇਥੇ ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੂਬਾ ਜੁਆਇੰਟ ਪ੍ਰੈਸ ਸਕੱਤਰ ਜਸਵੀਰ ਸਿੰਘ ਸ਼ੀਰਾ ਨੇ ਦੱਸਿਆ ਕਿ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਪਲੇਟਫਾਰਮ ਤੋਂ ਉਲੀਕੇ ਸੰਘਰਸ਼ ਪ੍ਰੋਗਰਾਮ ਨੂੰ ਲਾਗੂ ਕਰਦੇ ਹੋਏ ਜਲ ਸਪਲਾਈ ਵਿਭਾਗ ਦੇ ਕਾਮੇ ਮਿਤੀ 2, 3 ਤੇ 4 ਦਸੰਬਰ ਨੂੰ ਆਪਣੇ ਕੰਮਾਂ ਨੂੰ ਮੁਕੰਮਲ ਬੰਦ ਕਰਕੇ ਵਿਭਾਗੀ ਦਫਤਰਾਂ ਅੱਗੇ ਲਗਾਤਾਰ ਦਿਨ-ਰਾਤ ਦੇ ਸਾਰੇ ਪੰਜਾਬ ਵਿੱਚ ਸਰਕਲ, ਡਵੀਜਨ ਅਤੇ ਸਬ ਡਵੀਜਨ ਪੱਧਰੀ ਧਰਨੇ ਦੇਣਗੇ। 4 ਦਸੰਬਰ ਨੂੰ ਸਾਰੇ ਪੰਜਾਬ ਵਿੱਚ ਜਲ ਸਪਲਾਈ ਕਾਮੇ ਪਰਿਵਾਰਾਂ ਅਤੇ ਬੱਚਿਆ ਸਮੇਤ ਸ਼ਾਮਿਲ ਹੋਣਗੇ ਅਤੇ ਸ਼ਹਿਰਾਂ ਵਿੱਚ ਰੋਸ਼ ਮਾਰਚ ਕਰਦੇ ਹੋਏ ਡਿਪਟੀ ਕਮਿਸ਼ਰ ਰਾਹੀ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜੇ ਜਾਣਗੇ ਜਿਸਦੀ ਤਿਆਰੀ ਲਈ ਜਿਲ੍ਹਾ ਪੱਧਰੀ ਮੀਟਿੰਗ ਕਰਕੇ ਵਰਕਰਾਂ ਨੂੰ ਲਾਮਬੰਦ ਕੀਤਾ ਜਾਵੇਗਾ।ਇਸ ਮੀਟਿੰਗ ਵਿਚ ਉਪਰੋਕਤ ਆਗੂਆਂ ਤੋਂ ਇਲਾਵਾ ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਸੂਬਾ ਖਜਾਨਚੀ ਰੁਪਿੰਦਰ ਸਿੰਘ ਫਿਰੋਜਪੁਰ, ਮੀਤ ਪ੍ਰਧਾਨ ਭੁਪਿੰਦਰ ਸਿੰਘ ਕੁਤਬੇਵਾਲ, ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ, ਜੁਆਇਟ ਪ੍ਰੈਸ ਸਕੱਤਰ ਜਸਵੀਰ ਸਿੰਘ ਸੀਰਾ, ਗੁਰਵਿੰਦਰ ਸਿੰਘ, ਤਜਿੰਦਰ ਸਿੰਘ ਮਾਨ, ਮੇਜਰ ਸਿੰਘ ਮੋਹਾਲੀ ਮੌਜੂਦ ਸਨ।



# ਵਿਸ਼ਾਲ ਨਗਰ ਕੀਰਤਨ ਭਲਕੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਇਤਿਹਾਸਕ ਪਿੰਡ ਭੁੰਗਰਨੀ ਵਿਖੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ, ਸ੍ਰੀ ਗੁਰੂ ਹਰਿ ਰਾਇ ਨੌਜਵਾਨ ਸਭਾ ਭੁੰਗਰਨੀ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਿੰਦ ਦੀ ਚਾਦਰ, ਪਾਤਸ਼ਾਹੀ ਨੌਵੀਂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਦਿਹਾੜੇ ਮੌਕੇ 23 ਨਵੰਬਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 23 ਨਵੰਬਰ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸ਼ਹੀਦੀ ਸ਼ਤਾਬਦੀ ਦਿਹਾੜੇ ਮੌਕੇ ਵਿਸ਼ਾਲ ਨਗਰ ਕੀਰਤਨ ਦੌਰਾਨ ਭਾਈ ਸੁਖਚੈਨ ਸਿੰਘ ਮੁੱਖ ਗ੍ਰੰਥੀ ਭੁੰਗਰਨੀ, ਭਾਈ ਕੁਲਦੀਪ ਸਿੰਘ ਇੰਟਰਨੈਸ਼ਨਲ ਕਵੀਸ਼ਰੀ ਜੱਥਾ ਸ੍ਰੀ ਅੰਮ੍ਰਿਤਸਰ ਵਾਲੇ, ਪ੍ਰਭਾਤ ਫੇਰੀ ਜੱਥਾ ਆਦਿ ਗੁਰਬਾਣੀ, ਗੁਰਇਤਿਹਾਸ, ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸ਼ਹੀਦੀ ਸ਼ਤਾਬਦੀ ਸ਼ਹੀਦੇ ਦਿਹਾੜੇ ਮੌਕੇ 25 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਭਾਈ ਸੁਖਚੈਨ ਸਿੰਘ ਮੁੱਖ ਗ੍ਰੰਥੀ ਭੁੰਗਰਨੀ, ਬੀਬੀ ਜਸਵਿੰਦਰ ਕੌਰ ਇੰਟਰਨੈਸ਼ਨਲ ਢਾਡੀ ਜੱਥਾ ਅੰਮ੍ਰਿਤਸਰ , ਪ੍ਰਭਾਤ ਫੇਰੀ ਜੱਥਾ ਗੁਰਬਾਣੀ, ਗੁਰਇਤਿਹਾਸ, ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਇਸ ਮੌਕੇ ਸਮਾਗਮ ਦੌਰਾਨ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਹਰੇਕ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਕੀਤਾ ਜਾਗਰੂਕ

**ਬਲਾਚੌਰ (ਜਸਵਿੰਦਰ ਬੈਂਸ)**-ਸਿਵਲ ਸਰਜਨ ਸਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਤੇ ਐਪੀਡੀਮੋਲੋਜਿਸਟ ਡਾਕਟਰ ਰਾਕੇਸ਼ ਪਾਲ ਦੇ ਦਿਸਾ ਨਿਰਦੇਸ਼ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੜੋਆ ਡਾਕਟਰ ਜਤਿੰਦਰ ਸਿੰਘ ਦੀ ਅਗਵਾਈ ਹੇਠ ਆਯੂਸ਼ਮਾਨ ਅਰੋਗਿਆ ਕੇਂਦਰ ਮਾਲੇਵਾਲ ਵਿਖੇ ਨੈਸ਼ਨਲ ਬੈਕਟਰ ਬੋਰਨ ਡਜੀਜ ਕੰਟਰੋਲ ਪ੍ਰੋਗਰਾਮ ਅਧੀਨ ਮਲੇਰੀਆ ਡੇਂਗੂ ਸਬੰਧੀ ਐਕਟੀਵੀਟੀ ਕੀਤੀ ਗਈ ਜਿਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀ ਕਰਾਂਤੀ ਪਾਲ ਸਿੰਘ ਰੌੜੀ ਵੱਲੋਂ ਮਲੇਰੀਆ ਡੇਗੂ ਦੇ ਲੱਛਣਾ ਅਤੇ ਬਚਾਓ ਸਬੰਧੀ ਦੱਸਿਆ ਕਿ ਡੇਗੂ ਇਕ ਵਾਇਰਲ ਬੀਮਾਰੀ ਹੈ ਜੋ ਕਿ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਇਹ ਰੁਕੇ ਹੋਏ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਹਫਤੇ ਵਿਚ ਇਕ ਦਿਨ ਆਪਣੇ ਕੂਲਰਾ ਫਰਿਜ ਦੀਆਂ ਟ੍ਰੇਆਂ ਪੁਰਾਣੇ ਟਾਇਰਾਂ ਗਮਲਿਆਂ ਵਿੱਚ ਖੜੇ ਪਾਣੀ ਨੂੰ ਜ਼ਰੂਰ ਸਾਫ ਕਰਨਾ ਚਾਹੀਦਾ ਹੈ। ਇਸ ਮੌਕੇ ਕਰਾਂਤੀ ਪਾਲ ਸਿੰਘ ਰੌੜੀ ਕਵਿਤਾ ਜਸਵਿੰਦਰ ਕੌਰ ਆਸਾ ਵਰਕਰ ਆਦਿ ਹਾਜ਼ਰ ਸਨ।



22-NOV-PAGE-1.qxd 11/21/2025 9:49 PM Page 2



## ਐੱਸ ਕੇ ਐੱਮ ਵੱਲੋਂ ਮੋਰਚੇ ਦੀ 5ਵੀਂ ਵਰ੍ਹੇਗੰਢ ਮਨਾਉਣ ਲਈ 26 ਨੂੰ ਭਾਰੀ ਗਿਣਤੀ ਨਾਲ ਸ਼ਮੂਲੀਅਤ ਕੀਤੀ ਜਾਵੇਗੀ



**ਦੋਰਾਹਾ (ਹਰਮਿੰਦਰ ਸੇਠ)**-ਜੇਤੂ ਦਿੱਲੀ ਕਿਸਾਨ ਮੋਰਚੇ ਦੀ 5ਵੀਂ ਵਰ੍ਹੇਗੰਢ ਮਨਾਉਣ ਲਈ ਐੱਸ ਕੇ ਐੱਮ ਭਾਰਤ ਦੇ ਸੱਦੇ 'ਤੇ ਐੱਸ ਕੇ ਐੱਮ ਵਿੱਚ ਸ਼ਾਮਲ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਚੰਡੀਗੜ੍ਹ ਸੈਕਟਰ 34 ਦੁਸਹਿਰਾ ਗਰਾਊਂਡ ਵਿਖੇ ਲੱਗਣ ਵਾਲੇ ਸਾਂਝੇ ਧਰਨੇ ਵਿੱਚ ਆਪਣੀ ਜਥੇਬੰਦੀ ਵੱਲੋਂ ਪੂਰਾ ਤਾਣ ਲਾ ਕੇ 26 ਨਵੰਬਰ ਨੂੰ ਸ਼ਮੂਲੀਅਤ ਕੀਤੀ ਜਾਵੇ। ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਮੀਤ ਪ੍ਰਧਾਨ ਮਨੋਹਰ ਸਿੰਘ ਕਲਾੜ ਨੇ ਦੱਸਿਆ ਕਿ ਇਸ ਮੌਕੇ ਪੂਰੇ ਭਾਰਤ ਵਿੱਚ ਸੂਬਾ ਰਾਜਧਾਨੀਆਂ ਜਾਂ ਜ਼ਿਲ੍ਹਾ ਕੇਂਦਰਾਂ ਵਿੱਚ ਲਾਏ ਜਾਣ ਵਾਲੇ ਇਨ੍ਹਾਂ ਧਰਨਿਆਂ ਦੀਆਂ ਕੁਝ ਅਹਿਮ ਮੰਗਾਂ, ਦਿੱਲੀ ਮੋਰਚੇ ਦੀਆਂ ਰਹਿੰਦੀਆਂ ਮੰਗਾਂ-ਸਾਰੀਆਂ ਫਸਲਾਂ ਦੀ ਲਾਭਕਾਰੀ ਐੱਮ ਐੱਸ ਪੀ ਉੱਤੇ ਖ੍ਰੀਦ ਦਾ ਗਰੰਟੀ ਵਾਲ਼ਾ ਕਾਨੂੰਨ ਬਣਵਾਉਣਾ; ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿਵਾਉਣੀਆਂ; ਦਿੱਲੀ ਮੋਰਚੇ ਦੌਰਾਨ ਕਿਸਾਨਾਂ ਸਿਰ ਮੜ੍ਹੇ ਗਏ ਪੁਲਸ ਕੇਸ ਰੱਦ ਕੀਤੇ ਜਾਣ। ਕਰਜ਼ੇ ਮੋੜਨੋਂ ਅਸਮਰੱਥ ਕਿਸਾਨਾਂ ਤੇ ਖੇਤ ਮਜ਼ਦੂਰਾਂ ਸਿਰ ਚੜ੍ਹੇ ਸਰਕਾਰੀ ਤੇ ਗੈਰਸਰਕਾਰੀ ਕਰਜ਼ੇ ਸਾਰੇ ਖ਼ਤਮ ਕਰੋ। ਕੁਦਰਤੀ ਆਫ਼ਤਾਂ ਅਤੇ ਨਕਲੀ ਬੀਜਾਂ, ਖਾਦਾਂ, ਸਪਰੇਆਂ ਜਾਂ ਕਿਸਾਨਾਂ ਦੇ ਵੱਸੋਂ ਬਾਹਰੇ ਕਾਰਨਾਂ ਕਰਕੇ ਤਬਾਹ ਹੋਈਆਂ ਫਸਲਾਂ ਦੀ ਪੂਰੀ ਭਰਪਾਈ ਵਾਲ਼ੀ ਫ਼ਸਲੀ ਬੀਮਾ ਯੋਜਨਾ ਲਾਗੂ ਕਰੋ ਜਿਸ ਦੇ ਪ੍ਰੀਮੀਅਮ ਸਰਕਾਰ ਵੱਲੋਂ ਅਦਾ ਕੀਤੇ ਜਾਣ।ਕਿਸਾਨਾਂ ਅਤੇ ਖੇਤ ਮਜ਼ਦੂਰਾਂ ਲਈ 60 ਸਾਲ ਦੀ ਉਮਰ ਵਿੱਚ ਗੁਜ਼ਾਰੇ ਯੋਗ ਪੈਨਸ਼ਨ ਲਾਗੂ ਕੀਤੀ ਜਾਵੇ।ਪੰਜਾਬ ਸਰਕਾਰ ਵੱਲੋਂ ਲਿਆਂਦਾ ਗਿਆ ਬਿਜਲੀ ਸੋਧ ਬਿੱਲ 2025 ਰੱਦ ਕਰੋ, ਹੜ੍ਹ ਪੀੜਤਾਂ ਲਈ ਤਬਾਹ ਹੋਈਆਂ ਫਸਲਾਂ, ਜ਼ਮੀਨਾਂ, ਮਕਾਨਾਂ ਪਸ਼ੂਆਂ ਆਦਿ ਦੇ ਨੁਕਸਾਨ ਦੀ ਪੂਰੀ ਭਰਪਾਈ ਵਾਲ਼ਾ ਮੁਆਵਜ਼ਾ ਤੁਰੰਤ ਦਿੱਤਾ ਜਾਵੇ। ਪਬਲਿਕ ਅਦਾਰਿਆਂ ਦੀਆਂ ਜ਼ਮੀਨਾਂ ਵੇਚਣੀਆਂ ਬੰਦ ਕਰੋ।ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਪੰਜਾਬ ਦੇ ਕੰਟਰੋਲ ਵਿੱਚ ਹੀ ਰੱਖਣ ਲਈ ਸੈਨੇਟ ਦੀਆਂ ਚੋਣਾਂ ਦਾ ਤੁਰੰਤ ਐਲਾਨ ਕਰਨ ਸਮੇਤ ਵਿਦਿਆਰਥੀਆਂ ਦੀਆਂ ਹੱਕੀ ਮੰਗਾਂ ਤੁਰੰਤ ਪੂਰੀਆਂ ਕੀਤੀਆਂ ਜਾਣ।ਐੱਸ ਕੇ ਐੱਮ ਵਿਦਿਆਰਥੀ ਘੋਲ ਦੀ ਹਮਾਇਤ ਕਰਦਾ ਹੈ।ਆਗੂਆਂ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਚੰਡੀਗੜ੍ਹ ਵਿਖੇ ਪਹੁੰਚਿਆ ਜਾਵੇ।

## ਗੁਰੂ ਘਰ ਨੂੰ ਜਾਂਦੀ ਸੜਕ ਦੀ ਮੁਰੰਮਤ ਦਾ ਕੰਮ ਮੁਕੰਮਲ : ਦਿਆਲਪੁਰਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਆਮ ਆਦਮੀ ਪਾਰਟੀ ਸਰਕਾਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ ਅਤੇ ਸੰਗਤਾਂ ਧਾਰਮਿਕ ਸਮਾਗਮਾਂ ਵਿਚ ਵੱਧ ਚੜ੍ਹ ਕੇ ਸ਼ਮੂਲੀਅਤ ਕਰ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਲਕਾ ਸਮਰਾਲਾ ਤੋਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਇਨ੍ਹਾਂ ਸਮਾਗਮਾਂ ਸਬੰਧੀ ਵੱਖ-ਵੱਖ ਸ਼ਹਿਰਾਂ ਤੋਂ ਨਗਰ ਕੀਰਤਨ ਸ੍ਰੀ ਆਨੰਦਪੁਰ ਸਾਹਿਬ ਵੱਲ ਜਾ ਰਹੇ ਹਨ ਅਤੇ ਰਸਤੇ ਵਿਚ ਪੈਂਦੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਦਰਸ਼ਨਾਂ ਲਈ ਸੰਗਤਾਂ ਪੁੱਜ ਰਹੀਆਂ ਹਨ। ਉਨ੍ਹਾਂ ਕਿਹਾ ਕਿ ਚਰਨ ਕੰਵਲ ਸਾਹਿਬ ਚੌਂਕ ਤੋਂ ਲੈ ਕੇ ਗੁਰੂ ਘਰ ਤੱਕ ਜਾਂਦੀ ਸੜਕ ਦੀ ਹਾਲਤ ਖਸਤਾ ਹੋ ਚੁੱਕੀ ਸੀ । ਫਿਲਹਾਲ ਨਗਰ ਕੀਰਤਨ ਦੇ ਮੱਦੇਨਜ਼ਰ ਇਸ ਦੀ ਮੁਰੰਮਤ ਦਾ ਕੰਮ ਕਰਵਾ ਦਿੱਤਾ ਗਿਆ ਹੈ।

## ਸ਼ਹੀਦੀ ਪੁਰਬ ਨੂੰ ਸਮਰਪਤ ਦੋ ਰੋਜ਼ਾ ਕੌਮੀ ਸੈਮੀਨਾਰ ਦੀ ਸ਼ੁਰੂਆਤ



**ਸ੍ਰੀ ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਤ ਚੱਲ ਰਹੇ ਸਮਾਗਮਾਂ ਦੀ ਲੜੀ ਅਧੀਨ ਪੰਜਾਬੀ ਵਿਭਾਗ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵੱਲੋਂ ਦੋ ਰੋਜ਼ਾ ਕੌਮੀ ਸੈਮੀਨਾਰ ਦਾ ਆਗਾਜ਼ ਕੀਤਾ ਗਿਆ। 'ਗੁਰੂ ਤੇਗ ਬਹਾਦਰ ਜੀ ਦੀ ਬਾਣੀ ਤੇ ਜੀਵਨ ਵਿਆਖਿਆ ਤੇ ਇਤਿਹਾਸਕਾਰੀ' ਵਿਸ਼ੇ 'ਤੇ ਕੇਂਦਰਤ ਇਸ ਸੈਮੀਨਾਰ ਦੇ ਉਦਘਾਟਨੀ ਇਜਲਾਸ ਵਿੱਚ ਮੁੱਖ ਭਾਸ਼ਣ ਸਾਬਕਾ ਪ੍ਰੋਫੈਸਰ ਜੀਐਨਡਿਯੂ, ਅੰਮ੍ਰਿਤਸਰ ਦੇ ਪ੍ਰੋ. ਬਲਵੰਤ ਸਿੰਘ ਢਿੱਲੋਂ ਵੱਲੋਂ ਪੇਸ਼ ਕੀਤਾ ਗਿਆ, ਜਿਨ੍ਹਾਂ ਨੇ ਫਾਰਸੀ, ਅੰਗਰੇਜ਼ੀ ਤੇ ਹੋਰ ਲਿਖਤਾਂ ਵਿੱਚ ਗੁਰੂ ਤੇਗ ਬਹਾਦਰ ਜੀ ਸਬੰਧੀ ਪਾਈ ਜਾਣ ਵਾਲੀਆਂ ਗਲਤਫ਼ਹਿਮੀਆਂ ਦੀ ਚਰਚਾ ਕਰਦਿਆਂ ਰਤਨ ਸਿੰਘ ਭੰਗੂ ਦੀਆਂ ਲਿਖਤਾਂ ਤੇ ਗੁਰੂ ਸਾਹਿਬਾਨ ਦੇ ਹੁਕਮਨਾਮਿਆਂ ਦੀ ਇਤਿਹਾਸਕ ਮਹੱਤਤਾ ਉਜਾਗਰ ਕੀਤੀ।ਗਿਆਨੀ ਹਰਪਾਲ ਸਿੰਘ, ਮੁੱਖ ਗ੍ਰੰਥੀ, ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਗੁਰੂ ਤੇਗ ਬਹਾਦਰ ਸਾਹਿਬ ਦੀ ਬੇਮਿਸਾਲ ਸ਼ਹਾਦਤ ਨੂੰ ਕੇਵਲ ਹਿੰਦ ਦੀ ਚਾਦਰ ਤੱਕ ਸੀਮਿਤ ਨਾ ਕਰਨ ਦੀ ਪ੍ਰੇਰਣਾ ਦਿੱਤੀ।ਇਜਲਾਸ ਦੀ ਪ੍ਰਧਾਨਗੀ ਵਾਈਸ ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਨੇ ਕੀਤੀ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਯੂਨੀਵਰਸਿਟੀ ਵੱਲੋਂ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਚੱਲ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਸਵਾਗਤੀ ਸ਼ਬਦ ਡਾ. ਸਿਕੰਦਰ ਸਿੰਘ, ਮੁਖੀ, ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਨੇ ਪੇਸ਼ ਕੀਤੇ ਜਦਕਿ ਮੰਚ ਸੰਚਾਲਨ ਡਾ. ਹਰਪ੍ਰੀਤ ਕੌਰ ਵੱਲੋਂ ਕੀਤਾ ਗਿਆ।ਸੈਮੀਨਾਰ ਦਾ ਪਹਿਲਾ ਅਕਾਦਮਿਕ ਸੈਸ਼ਨ ਪ੍ਰੋ. ਹਰਭਜਨ ਸਿੰਘ, ਸਾਬਕਾ ਪ੍ਰੋਫੈਸਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਪ੍ਰਧਾਨਗੀ ਹੇਠ ਆਯੋਜਤ ਹੋਇਆ, ਜਿਸ ਵਿੱਚ ਡਾ. ਸੋਮੀ ਰਾਮ, ਅਕਾਲ ਅਕੈਡਮੀ, ਤਲਵੰਡੀਸਾਬੋ, ਡਾ. ਅੰਕਦੀਪ ਕੌਰ ਅਟਵਾਲ, ਡਾਇਰੈਕਟਰ, ਅੰਦਰੂਨੀ ਗੁਣਵੱਤਾ ਨਿਰਧਾਰਣ ਸੈੱਲ, ਅਤੇ ਸ. ਹਰਪ੍ਰੀਤ ਸਿੰਘ, ਮੁਖੀ, ਸੰਗੀਤ ਵਿਭਾਗ ਨੇ ਆਪਣੀਆਂ ਖੋਜ ਪ੍ਰਸਤੁਤੀਆਂ ਪੇਸ਼ ਕੀਤੀਆਂ।ਸੈਸ਼ਨ ਵਿੱਚ ਪ੍ਰੋ (ਡਾ.) ਤੇਜਬੀਰ ਸਿੰਘ, ਰਜਿਸਟ੍ਰਾਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਸੰਚਾਲਨ ਡਾ. ਪਲਵਿੰਦਰ ਕੌਰ, ਸਹਾਇਕ ਪ੍ਰੋਫੈਸਰ, ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਨੇ ਕੀਤਾ।ਦੂਜਾ ਅਕਾਦਮਿਕ ਸੈਸ਼ਨ ਪ੍ਰੋ. ਪਰਮਵੀਰ ਸਿੰਘ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਅਗਵਾਈ ਹੇਠ ਆਯੋਜਿਤ ਹੋਇਆ, ਜਿਸ ਵਿੱਚ ਡਾ. ਸੇਵਕ ਸਿੰਘ, ਸਿੱਖ ਚਿੰਤਕ, ਡਾ. ਹਰਪ੍ਰੀਤ ਕੌਰ, ਸਹਾਇਕ ਪ੍ਰੋਫੈਸਰ, ਪੰਜਾਬੀ ਵਿਭਾਗ ਤੇ ਡਾ. ਰਮਨਦੀਪ ਕੌਰ, ਮੁੱਖੀ, ਸਮਾਜਿਕ ਸ਼ਾਸਤਰ ਵਿਭਾਗ ਨੇ ਆਪਣੇ ਖੋਜ ਪਰਚੇ ਪੜ੍ਹੇ।ਸੈਸ਼ਨ ਵਿੱਚ ਪ੍ਰੋ. (ਡਾ.) ਨਵਦੀਪ ਕੌਰ, ਡੀਨ ਰਿਸਰਚ ਨੇ ਵਿਸ਼ੇਸ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸੈਸ਼ਨ ਦਾ ਮੰਚ ਸੰਚਾਲਨ ਡਾ. ਸੰਦੀਪ ਕੌਰ ਨੇ ਨਿਭਾਇਆ।

## ਦੇਵ ਮਾਨ ਨੇ 2 ਕਰੋੜ ਦੀ ਗ੍ਰਾਂਟ ਜਾਰੀ ਕਰਨ 'ਤੇ ਮੁੱਖ ਮੰਤਰੀ ਦਾ ਕੀਤਾ ਧੰਨਵਾਦ



**ਨਾਭਾ (ਵਰਿੰਦਰ ਵਰਮਾ)**-ਵਿਧਾਨ ਸਭਾ ਨਾਭਾ ਜਿਲਾ ਪਟਿਆਲਾ ਦੇ ਪਿੰਡ ਥੂਹੀ, ਅਗੌਲ, ਰਾਮਗੜ੍ਹ ਬੌੜਾ ਅਤੇ ਗੁਣੀਕੇ ਗੁਰੂ ਤੇਗ ਬਹਾਦਰ ਜੀ ਦੇ ਚਰਨ ਛੋਹ ਪ੍ਰਾਪਤ ਅਸਥਾਨ ਹਨ।ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਦਿਹਾੜੇ ਮੌਕੇ ਵੀਰਵਾਰ ਨੂੰ ਧੂਰੀ ਵਿਖੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਹਰੇਕ ਪੰਚਾਇਤ ਦੇ ਹਰੇਕ ਸਰਪੰਚ ਨੂੰ ਆਪਣੇ ਹੱਥੀਂ 50 ਲੱਖ ਦੇ ਚੈੱਕ ਪਿੰਡ ਦੇ ਵਿਕਾਸ ਕਾਰਜਾਂ ਲਈ ਦਿੱਤੇ ਗਏ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕੀਤਾ।ਉਨ੍ਹਾਂ ਦੱਸਿਆ ਕਿ ਇਹ 2 ਕਰੋੜ ਰੁਪਏ ਦੀ ਸਪੈਸ਼ਲ ਗਰਾਂਟ ਚਾਰ ਪਿੰਡਾਂ ਨੂੰ ਦਿੱਤੀ ਗਈ ਹੈ।ਜਿਸ ਨਾਲ ਇਨ੍ਹਾਂ ਪਿੰਡਾਂ ਵਿੱਚ ਵਿਕਾਸ ਕਾਰਜ ਸ਼ੁਰੂ ਕਰਵਾਏ ਜਾਣਗੇ।ਵਿਧਾਇਕ ਦੇਵ ਮਾਨ ਵੱਲੋਂ ਇਹ ਗ੍ਰਾਂਟ ਜਾਰੀ ਕਰਨ ਦੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ, ਉਂਕਾਰ ਸਿੰਘ ਅਗੋਲ, ਭਰਪੂਰ ਸਿੰਘ ਸਰਪੰਚ ਗੁਣੀਕੇ, ਬਹਾਦਰ ਸਿੰਘ ਪੰਚ, ਹਰਜੀਤ ਕੌਰ ਪੰਚ, ਸਤਗੁਰ ਸਿੰਘ ਪੰਚ, ਸੋਹਣ ਸਿੰਘ ਪੰਚ, ਗੁਰਚਰਨ ਸਿੰਘ ਪੰਚ, ਕੁਲਦੀਪ ਸਿੰਘ ਸਰਪੰਚ ਰਾਮਗੜ੍ਹ, ਨਿਧਾਨ ਸਿੰਘ ਪੰਚ, ਰਵਿੰਦਰ ਸਿੰਘ ਪੰਚ, ਸੇਰ ਸਿੰਘ ਸਰਪੰਚ ਥੂਹੀ, ਅਮਰੀਕ ਸਿੰਘ ਪੰਚ, ਜੋਰਾ ਸਿੰਘ ਪੰਚ, ਹਰਜਿੰਦਰ ਸਿੰਘ ਪੰਚ, ਜਸਵੀਰ ਸਿੰਘ ਪੰਚ, ਸਨਦੀਪ ਕੌਰ ਪੰਚ ਅਤੇ ਹੋਰ ਅਹੁਦੇਦਾਰਾਂ ਮੌਜੂਦ ਸਨ।

## ਸ਼ੁਤਰਾਣਾ ਦੇ 3 ਇਤਿਹਾਸਕ ਪਿੰਡਾਂ ਨੂੰ 50-50 ਲੱਖ ਰੁਪਏ ਦੀ ਗਰਾਂਟ ਜਾਰੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਨੌਵੇਂ ਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੂਰਬ ਮੌਕੇ ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਐਲਾਨੀਆਂ ਗਈਆਂ ਗਰਾਂਟਾਂ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਤਿੰਨ ਇਤਿਹਾਸਿਕ ਪਿੰਡਾਂ ਨੂੰ ਪੰਜਾਬ ਸਰਕਾਰ ਵੱਲੋਂ 50-50 ਲੱਖ ਰੁਪਏ ਦੀ ਗਰਾਂਟ ਰਾਸ਼ੀ ਦਿੱਤੀ ਗਈ ਹੈ।ਇਸ ਗਰਾਂਟ ਨਾਲ ਇਹਨਾਂ ਇਤਿਹਾਸਿਕ ਪਿੰਡਾਂ ਦੇ ਸੁੰਦਰੀਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ 50-50 ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ ਕੀਤਾ ਗਿਆ ਸੀ ਜਿਸ ਦੇ ਤਹਿਤ ਹਲਕਾ ਸ਼ੁਤਰਾਣਾ ਦੇ ਪਿੰਡ ਦੋਦੜਾ ਕੋਟਲੀ ਅਤੇ ਬਹਿਰ ਸਾਹਿਬ ਦੀਆਂ ਗ੍ਰਾਮ ਪੰਚਾਇਤਾਂ ਨੂੰ ਉਕਤ ਗਰਾਂਟਾਂ ਦੇ ਚੈੱਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੌਂਪੇ ਗਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਯਤਨਸ਼ੀਲ ਹੈ ਉੱਥੇ ਹੀ ਇਸ ਇਤਿਹਾਸਿਕ ਪੁਰਬ ਮੌਕੇ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਪਿੰਡਾਂ ਲਈ ਵਿਸ਼ੇਸ਼ ਗਰਾਂਟ ਜਾਰੀ ਕੀਤੀ ਗਈ ਹੈ।

## ਸ਼ਹਿਰ 'ਚ ਝਪਟਮਾਰ ਸਰਗਰਮ, ਲੋਕਾਂ 'ਚ ਸਹਿਮ

**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਧੂਰੀ ਸ਼ਹਿਰ ਅੰਦਰ ਝਪਟਮਾਰਾਂ ਦੀਆਂ ਸਰਗਰਮੀਆਂ ਕਾਰਨ ਲੋਕਾਂ ਵਿੱਚ ਸਹਿਮ ਵਾਲਾ ਮਾਹੌਲ ਬਣਦਾ ਜਾ ਰਿਹਾ ਹੈ।ਸ਼ਹਿਰ 'ਚ ਵਾਪਰੀ ਤਾਜਾ ਘਟਨਾ ਵਿੱਚ ਭੀੜ ਭੜੱਕੇ ਵਾਲੇ ਸਦਰ ਬਾਜਾਰ ਅੰਦਰ ਤਿੰਨ ਮੋਟਰਸਾਈਕਲ ਸਵਾਰ ਝਪਟਮਾਰਾਂ ਵੱਲੋਂ ਪੈਦਲ ਜਾ ਰਹੀ ਇੱਕ ਬਿਰਧ ਔਰਤ ਪਾਸੋਂ ਪਰਸ ਖੋਹਣ ਦੀ ਅਸਫ਼ਲ ਕੋਸ਼ਿਸ਼ ਕੀਤੀ ਗਈ। ਇੱਕ ਵਿਅਕਤੀ ਵੱਲੋਂ ਝਪਟਮਾਰਾਂ ਨੂੰ ਜੱਫਾ ਮਾਰਨ ਦੀ ਕੋਸ਼ਿਸ਼ ਕੀਤੀ ਗਈ ਪਰ ਮੋਟਰਸਾਈਕਲ ਸਵਾਰ ਝਪਟਮਾਰ ਉਸ ਵਿਅਕਤੀ ਦੀਆਂ ਅੱਖਾਂ ਵਿੱਚ ਮਿਰਚਾਂ ਦਾ ਰੁੱਗ ਮਾਰਕੇ ਫਰਾਰ ਹੋ ਜਾਣ ਵਿੱਚ ਸਫ਼ਲ ਰਹੇ।ਲੋਕਾਂ ਦੀ ਪ੍ਰਸ਼ਾਸਨ ਤੋਂ ਮੰਗ ਹੈ ਕਿ ਅਜਿਹੀਆਂ ਵਾਰਦਾਤਾਂ ਨੂੰ ਠੱਲਣ ਅਤੇ ਲੋਕਾਂ ਨੂੰ ਸੁਰੱਖਿਆ ਦ ਅਹਿਸਾਸ ਕਰਵਾਉਣ ਲਈ ਪੁਲਿਸ ਦੀ ਗਸ਼ਤ ਤੇਜ ਕੀਤੀ ਜਾਵੇ।

## ਅਸਪਾਲ ਵਿਖੇ ਲਗਭਗ 1 ਕਰੋੜ ਰੁਪਏ ਨਾਲ ਵਿਕਾਸ ਕਾਰਜ ਮੁਕੰਮਲ : ਗੁਰਮੀਤ ਸਿੰਘ ਖੁੱਡੀਆਂ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪਿੰਡਾਂ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ। ਪਿੰਡਾਂ ਦੇ ਲੋਕਾਂ ਨੂੰ ਮਿਆਰੀ ਅਤੇ ਮੁੱਢਲੀਆਂ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ ਹੈ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ ਦੇ ਪਿੰਡ ਅਸਪਾਲ ਵਿਖੇ ਲਗਭਗ 1 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵਿਕਾਸ ਕਾਰਜਾਂ ਮੌਕੇ ਕੀਤਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਹਲਕਾ ਲੰਬੀ ਦੇ ਪਿੰਡ ਅਸਪਾਲ ਵਿਖੇ ਵਾਟਰ ਵਰਕਸ ਦੇ ਪਾਣੀ ਦੀ ਨਿਕਾਸੀ ਸਬੰਧੀ ਪਾਈਪ ਲਾਈਨ ਲਈ 13.20 ਲੱਖ ਰੁਪਏ, ਆਂਗਣਵਾੜੀ ਸੈਂਟਰ ਦੇ ਦੋ ਕਮਰਿਆਂ ਦੀ ਉਸਾਰੀ ਲਈ 4.50 ਲੱਖ ਰੁਪਏ, ਬਾਸਕਟਬਾਲ ਮੈਦਾਨ ਦੀ ਉਸਾਰੀ ਲਈ 10 ਲੱਖ ਰੁਪਏ, ਢਾਣੀ ਦੇ ਰਸਤਿਆਂ ਅਤੇ ਕਮਿਊਨਿਟੀ ਸੈਂਟਰ ਵਿਚ ਇੰਟਰਲਾਕ ਟਾਈਲਾਂ ਲਈ 15 ਲੱਖ ਰੁਪਏ ਖਰਚ ਕਰਕੇ ਵਿਕਾਸ ਕਾਰਜ ਮੁਕੰਮਲ ਕੀਤੇ ਜਾ ਚੁੱਕੇ ਹਨ ਅਤੇ ਅੱਜ 10 ਲੱਖ ਰੁਪਏ ਨਾਲ ਬਣੀ ਲਾਇਬ੍ਰੇਰੀ ਦਾ ਉਦਘਾਟਨ ਕਰਕੇ ਪਿੰਡ ਵਾਸੀਆਂ ਦੇ ਸਪੁਰਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪਿੰਡ ਵਿੱਚ 46 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ। ਇਸ ਮੌਕੇ ਬੀ.ਡੀ.ਪੀ.ਓ. ਰਾਕੇਸ਼ ਬਿਸ਼ਨੋਈ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਪੰਚ, ਸਰਪੰਚ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਫ਼ਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਵੱਲੋਂ ਸਲਾਨਾ ਸੱਤਰੰਗ ਫੈਸਟੀਵਲ ਤੇ ਸਨਮਾਨ ਸਮਾਰੋਹ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫ਼ਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵੱਲੋਂ ਆਯੋਜਿਤ ਸਲਾਨਾ ਸੱਤਰੰਗ ਫੈਸਟੀਵਲ ਅਤੇ ਸਨਮਾਨ ਸਮਾਰੋਹ ਦੀ ਸ਼ੁਰੂਆਤ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਮੁੱਖ ਮਹਿਮਾਨ ਵਜੋਂ ਆਗਮਨ ਨਾਲ ਸ਼ਾਨਦਾਰ ਢੰਗ ਨਾਲ ਹੋਈ। ਮਲੂਕਾ ਨੇ ਵਿਦਿਆਰਥੀਆਂ ਦੀਆਂ ਬੇਮਿਸਾਲ ਪ੍ਰਤਿਭਾਵਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਫ਼ਤਿਹ ਗਰੁੱਪ ਵੱਲੋਂ ਨੌਜਵਾਨ ਪੀੜ੍ਹੀ ਨੂੰ ਸਿੱਖਿਆ ਦੇ ਨਾਲ-ਨਾਲ ਸੱਭਿਆਚਾਰਕ ਮੰਚ ਦੇਣਾ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਵਿਦਿਆਰਥੀਆਂ ਨਾਲ ਰਾਜਨੀਤੀ ਬਾਰੇ ਵੀ ਅਹਿਮ ਨੁਕਤਿਆਂ 'ਤੇ ਵਿਚਾਰ ਸਾਂਝੇ ਕੀਤੇ।ਸੰਸਥਾ ਦੇ ਚੇਅਰਮੈਨ ਐਸ. ਐਸ. ਚੱਠਾ ਨੇ ਕਿਹਾ ਕਿ ਸੱਤਰੰਗ ਫੈਸਟੀਵਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀਆਂ ਲੁਕੀਆਂ ਕਾਬਲੀਅਤਾਂ ਨੂੰ ਉਜਾਗਰ ਕਰਨਾ ਅਤੇ ਉਨ੍ਹਾਂ ਨੂੰ ਸੱਭਿਆਚਾਰ ਨਾਲ ਜੋੜਨਾ ਹੈ। ਉਨ੍ਹਾਂ ਸਮੂਹ ਸਟਾਫ ਦੀ ਮਿਹਨਤ ਅਤੇ ਤਨਦੇਹੀ ਦੀ ਵੀ ਸ਼ਲਾਘਾ ਕੀਤੀ।ਸਮਾਰੋਹ ਦੇ ਪਹਿਲੇ ਦਿਨ ਸਕੂਲੀ ਵਿਦਿਆਰਥੀਆਂ ਨੇ ਗਿੱਧੇ, ਭੰਗੜੇ, ਸਕਿੱਟ, ਗੀਤ-ਗ਼ਜ਼ਲਾਂ, ਰੰਗੋਲੀ ਬਣਾਉਣ ਸਮੇਤ ਵੱਖ-ਵੱਖ ਕਲਾ ਪੇਸ਼ਕਾਰੀਆਂ ਕੀਤੀਆਂ। ਇਸ ਮੌਕੇ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤਾਂ ਵਿੱਚ ਪੁਜੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਅਤੇ ਸੂਬਾ ਪੱਧਰ 'ਤੇ ਖੇਡਣ ਵਾਲੇ ਵਿਦਿਆਰਥੀ ਖਿਡਾਰੀਆਂ ਨੂੰ ਵੀ ਮਾਣ-ਮਰਤਬਾ ਬਖ਼ਸ਼ਿਆ ਗਿਆ, ਜਦਕਿ ਚੰਗੇ ਅਨੁਸ਼ਾਸਨ ਦੇ ਨਮੂਨੇ ਵਿਦਿਆਰਥੀਆਂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੁੱਖ ਮਹਿਮਾਨ ਮਲੂਕਾ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸੰਸਥਾ ਵੱਲੋਂ ਸਨਮਾਨਿਤ ਕੀਤਾ ਗਿਆ। ਪੱਤਰਕਾਰ ਭਾਈਚਾਰੇ ਨੂੰ ਵੀ ਉੱਚੀ ਪੇਸ਼ਾਵਰ ਸੇਵਾ ਲਈ ਸਨਮਾਨਤ ਕੀਤਾ ਗਿਆ।ਇਸ ਮੌਕੇ ਸਰਵਨ ਸਿੰਘ ਚੱਠਾ, ਐਮ.ਡੀ. ਮਨਜੀਤ ਕੌਰ ਚੱਠਾ, ਪ੍ਰਿੰਸੀਪਲ ਬਘੇਲ ਸਿੰਘ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ ਅਤੇ ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ, ਪ੍ਰੋ ਜਸਵਿੰਦਰ ਸਿੰਘ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਫ਼ਤਿਹ ਗਰੁੱਪ ਸਿਰਫ਼ ਅਕਾਦਮਿਕ ਖੇਤਰ ਹੀ ਨਹੀਂ, ਸਗੋਂ ਸੱਭਿਆਚਾਰ, ਖੇਡ ਅਤੇ ਵਿਅਕਤੀਗਤ ਵਿਕਾਸ ਵਿੱਚ ਵੀ ਅੱਗੇ ਰਿਹਾ ਹੈ।ਆਰਟਸ ਵਿਭਾਗ ਮੁਖੀ ਪ੍ਰੋ. ਕੁਮਾਰੀ ਸ਼ੈਲਜਾ, ਐਜੂਕੇਸ਼ਨ ਵਿਭਾਗ ਮੁਖੀ ਪ੍ਰੋ. ਸੰਦੀਪ ਕੌਰ, ਕੰਪਿਊਟਰ ਸਾਇੰਸ ਵਿਭਾਗ ਮੁਖੀ ਪ੍ਰੋ. ਸੋਨਵਿੰਦਰ ਸਿੰਘ, ਕਾਮਰਸ ਵਿਭਾਗ ਮੁਖੀ ਪ੍ਰੋ. ਅਨੀਤਾ ਗਰਗ, ਪ੍ਰੋ. ਕਰਮਜੀਤ ਕੌਰ ਮੰਡੀਕਲਾਂ, ਸਾਈਕੋਲੋਜੀ ਵਿਭਾਗ ਮੁਖੀ ਪ੍ਰੋ. ਮਨਦੀਪ ਕੌਰ, ਖੇਡ ਵਿਭਾਗ ਮੁਖੀ ਪ੍ਰੋ. ਕੁਲਦੀਪ ਸਿੰਘ ਅਤੇ ਪ੍ਰੋ. ਵਰਿੰਦਰ ਕੌਰ ਨੇ ਵੀ ਸਮੂਹ ਸਟਾਫ ਦੇ ਸਹਿਯੋਗ ਅਤੇ ਉਤਸ਼ਾਹ ਦੀ ਪ੍ਰਸ਼ੰਸਾ ਕਰਦਿਆਂ ਸਭ ਨੂੰ ਮੁਬਾਰਕਬਾਦ ਦਿੱਤੀ।

## ਵਿਧਾਇਕ ਕੋਹਲੀ ਵਲੋਂ ਲਿਆਂਦੇ ਦੋ ਮਤੇ ਹੋਏ ਪਾਸ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਗੱਲਬਾਤ ਕਰਦਿਆਂ ਆਖਿਆ ਕਿ ਨਗਰ ਨਿਗਮ ਦੇ ਜਨਰਲ ਹਾਊਸ ਵਿਚ ਬਿਨਾਂ ਏਜੰਡੇ ਤੋਂ ਆਏ ਦੋ ਮਤੇ ਪਾਸ ਹੋਏ ਹਨ, ਜਿਸ ਲਈ ਉਨ੍ਹਾਂ ਵਿਸ਼ੇਸ਼ ਤੌਰ 'ਤੇ ਨਗਰ ਨਿਗਮ ਦੀ ਸ਼ਲਾਘਾ ਕਰਦਿਆਂ ਮੇਅਰ ਕੁੰਦਨ ਗੋਗੀਆ ਦਾ ਧੰਨਵਾਦ ਵੀ ਕੀਤਾ ਹੈ।ਉਨ੍ਹਾਂ ਨੇ ਆਖਿਆ ਕਿ ਮੈਨੂੰ ਤੁਹਾਡੇ ਨਾਲ ਇਹ ਗੱਲ ਸਾਂਝੀ ਕਰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਨਗਰ ਨਿਗਮ ਦੇ ਜਨਰਲ ਹਾਊਸ ਨੇ ਨਵੇਂ ਬਣੇ ਆਡੀਟੋਰੀਅਮ ਦਾ ਨਾਮ ਗੁਰੂ ਤੇਗ ਬਹਾਦਰ ਸਾਹਿਬ ਆਡੀਟੋਰੀਅਮ ਰੱਖਣ ਦਾ ਮਤਾ ਪਾਸ ਕਰ ਦਿੱਤਾ ਗਿਆ ਹੈ। ਇਸੇ ਤਰ੍ਹਾਂ, ਰਾਜ ਮਾਤਾ ਮਹਿੰਦਰ ਕੌਰ ਪਾਰਕ ਵਿੱਚ ਵਿਸ਼ਕਰਮਾ ਕਮਿਊਨਿਟੀ ਹਾਲ ਲਈ ਜ਼ਮੀਨ ਅਲਾਟ ਕਰਨ ਲਈ ਇੱਕ ਹੋਰ ਮਤਾ ਸਰਬਸੰਮਤੀ ਨਾਲ ਪਾਸ ਕੀਤਾ ਗਿਆ।

## ਪੀ ਜੀ ਆਈ ਦੇ ਰੇਡੀਆਲੋਜਿਸਟਾਂ ਵੱਲੋਂ ਆਊਟਰੀਚ ਕਾਨਫਰੰਸ ਆਯੋਜਿਤ



**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਵੈਸਕੁਲਰ ਅਤੇ ਇੰਟਰਵੇਂਸ਼ਨਲ ਰੇਡੀਆਲੋਜੀ ਸੋਸਾਇਟੀ ਦੇ ਸੂਬਾ ਚੈਪਟਰ ਵੱਲੋਂ ਪ੍ਰੋ. ਪਰਮਜੀਤ ਸਿੰਘ, ਮੁਖੀ, ਰੇਡੀਓਡਾਇਗਨੋਸਿਸ ਵਿਭਾਗ ਅਤੇ ਪ੍ਰੋ. ਅਜੈ ਕੁਮਾਰ, ਸੂਬਾ ਚੈਪਟਰ ਦੇ ਪ੍ਰਧਾਨ ਦੀ ਅਗਵਾਈ ਹੇਠ ਏਮਸ, ਭੁਵਨੇਸ਼ਵਰ ਵਿੱਚ ਇੱਕ ਆਊਟਰੀਚ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਹ ਕਾਨਫਰੰਸ ਓਡੀਸ਼ਾ ਦੇ ਸੂਬਾ ਚੈਪਟਰ ਦੇ ਸਹਿਯੋਗ ਨਾਲ ਕਰਵਾਈ ਗਈ। ਡਾ. ਹਰਿਸ਼ ਭੁਜਾਦੇ, ਸੂਬਾ ਸਕੱਤਰ ਨੇ ਦੱਸਿਆ ਕਿ ਇਸ ਆਊਟਰੀਚ ਪ੍ਰੋਗਰਾਮ ਦਾ ਮੁੱਖ ਉਦੇਸ਼ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਰੇਡੀਆਲੋਜੀ ਰਿਹਾਇਸ਼ੀ ਡਾਕਟਰਾਂ ਅਤੇ ਪ੍ਰੈਕਟਿਸ ਕਰ ਰਹੇ ਡਾਕਟਰਾਂ ਵਿੱਚ ਚਿੱਤਰ-ਆਧਾਰਿਤ ਥੈਰਾਪਿਊਟਿਕ ਕਾਰਵਾਈਆਂ ਬਾਰੇ ਗਿਆਨ ਫੈਲਾਉਣਾ ਸੀ। ਇਸ ਪ੍ਰੋਗਰਾਮ ਵਿੱਚ ਲਗਭਗ 200 ਡੈਲੀਗੇਟਾਂ ਨੇ ਹਿੱਸਾ ਲਿਆ। ਪੀ ਜੀ ਆਈ ਦੇ ਰੇਡੀਓਡਾਇਗਨੋਸਿਸ ਵਿਭਾਗ ਤੋਂ ਸੀਨੀਅਰ ਅਧਿਆਪਕਾਂ ਪ੍ਰੋ. ਅਜੈ ਕੁਮਾਰ, ਪ੍ਰੋ. ਮਹੇਸ਼ ਪ੍ਰਕਾਸ਼, ਡਾ. ਉਂਜਵਲ ਗੋਰਸੀ, ਡਾ. ਹਰਿਸ਼ ਭੁਜਾਦੇ, ਡਾ. ਅਨੁਜ ਪ੍ਰਭਾਕਰ ਅਤੇ ਡਾ. ਤਰਵਿੰਦਰ ਸਿੰਘ ਨੇ ਨਿਊਰੋ-ਇੰਟਰਵੇਂਸ਼ਨ ਅਤੇ ਬਾਡੀ ਇੰਟਰਵੇਂਸ਼ਨ ਵਿਸ਼ਿਆਂ 'ਤੇ ਲੈਕਚਰ ਦਿੱਤੇ। ਪ੍ਰਸਿੱਧ ਰਾਸ਼ਟਰੀ ਵਿਦਵਾਨਾਂ ਡਾ. ਨਿਤਿਨ ਸ਼ੈਟੀ ਤੇ ਡਾ. ਸੰਦੀਪ ਕਥਾਵਲੇ ਨੇ ਵੀ ਇਸ ਪ੍ਰੋਗਰਾਮ ਵਿੱਚ ਭਾਗ ਲਿਆ। ਸਥਾਨਕ ਆਯੋਜਕ ਕਮੇਟੀ ਵਿੱਚ ਡਾ. ਤਾਰਾਪ੍ਰਸਾਦ, ਡਾ. ਰੰਜਨ ਅਤੇ ਏਮਸ ਭੁਵਨੇਸ਼ਵਰ ਦੇ ਰੇਡੀਓਲੋਜੀ ਵਿਭਾਗ ਦੇ ਅਧਿਆਪਕ ਸ਼ਾਮਲ ਸਨ।

## ਰਣਜੋਧ ਸਿੰਘ ਹਡਾਣਾ ਨੇ ਵੱਖ-ਵੱਖ ਪਿੰਡਾਂ ਨੂੰ ਵਿਕਾਸ ਲਈ 86 ਲੱਖ ਦੇ ਚੈੱਕ ਵੰਡੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਨੌਰ ਹਲਕੇ ਦੇ ਵਿਕਾਸ ਨੂੰ ਤੇਜ਼ ਰਫ਼ਤਾਰ ਦੇਣ ਲਈ ਆਮ ਆਦਮੀ ਪਾਰਟੀ ਵੱਲੋਂ ਲਗਾਤਾਰ ਕੋਸ਼ਿਸ਼ਾਂ ਜਾਰੀ ਹਨ। ਹਲਕਾ ਇੰਚਾਰਜ ਸਨੌਰ ਅਤੇ ਪੀ.ਆਰ.ਟੀ.ਸੀ. ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਵੀਰਵਾਰ ਨੂੰ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ 86 ਲੱਖ ਰੁਪਏ ਦੇ ਚੈੱਕ ਵੰਡੇ। ਇਹ ਰਕਮ ਖ਼ਾਸ ਤੌਰ 'ਤੇ ਰਸਤੇ, ਗਲੀਆਂ, ਨਾਲੀਆਂ, ਡਰੇਨਜ, ਵਾਟਰ ਸਪਲਾਈ ਲਾਈਨ, ਸਬਮਰਸੀਬਲ ਮੋਟਰਾਂ ਆਦਿ ਦੇ ਪ੍ਰੋਜੈਕਟਾਂ ਲਈ ਜਾਰੀ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਨਾਲ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਦੁਧਾਨਸਾਧਾ ਵੀ ਮੌਜੂਦ ਰਹੇ। ਹਡਾਣਾ ਨੇ ਕਿਹਾ ਕਿ ਸਨੌਰ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਸਾਡੀ ਸਰਕਾਰ ਦਾ ਮੁੱਖ ਮਕਸਦ ਪਿੰਡਾਂ ਦੀਆਂ ਬੁਨਿਆਦੀ ਜ਼ਰੂਰਤਾਂ ਪੂਰੀਆਂ ਕਰਨੀਆਂ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਹਡਾਣਾ ਨੇ ਇਹ ਵੀ ਦੱਸਿਆ ਕਿ ਪਿੰਡਾਂ ਵਿੱਚ ਲੋਕਾਂ ਦੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਤਰਜੀਹ ਅਧਾਰ 'ਤੇ ਕੰਮ ਕਰਵਾਏ ਜਾ ਰਹੇ ਹਨ। ਜਿਹੜੇ ਵੀ ਪ੍ਰੋਜੈਕਟ ਲੰਬੇ ਸਮੇਂ ਤੋਂ ਪੈਂਡਿੰਗ ਸਨ ਜਾਂ ਪਿੰਡ ਵਾਸੀਆਂ ਵੱਲੋਂ ਵਾਰ-ਵਾਰ ਮੰਗ ਕੀਤੀ ਜਾ ਰਹੀ ਸੀ, ਉਹਨਾਂ ਨੂੰ ਤੁਰੰਤ ਮਨਜ਼ੂਰੀ ਦੇ ਕੇ ਰਕਮ ਜਾਰੀ ਕੀਤੀ ਗਈ ਹੈ।

## ਔਰਤਾਂ ਸਵੈ-ਰੁਜ਼ਗਾਰ ਦੇ ਸਮਰੱਥ ਬਣਨ : ਰਾਜ ਲਾਲੀ ਗਿੱਲ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਨੇ ਆਮ ਖਾਸ ਬਾਗ ਵਿਖੇ ਬੇਟੀ ਬਚਾਓ ਬੇਟੀ ਪੜਾਓ ਸਕੀਮ ਤਹਿਤ ਮਹਿਲਾਵਾਂ ਨੂੰ ਸਿਹਤ, ਸਫਾਈ ਤੇ ਰੋਜ਼ਗਾਰ ਬਾਰੇ ਜਾਣਕਾਰੀ ਦੇਣ ਲਈ ਆਯੋਜਿਤ ਜਿਲ੍ਹਾ ਪੱਧਰੀ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਔਰਤਾਂ ਨੂੰ ਸਵੈ ਰੁਜ਼ਗਾਰ ਦੇ ਸਮਰੱਥ ਬਣਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਜਿਥੇ ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਔਰਤਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਉਥੇ ਹੀ ਆਪਣੇ ਅੰਦਰ ਛੁਪੀ ਪ੍ਰਤਿਭਾ ਦੀ ਪਛਾਣ ਕਰਕੇ ਆਪਣੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਵੀ ਪ੍ਰੇਰਿਆ ਜਾ ਰਿਹਾ ਹੈ। ਉਨ੍ਹਾਂ ਨੇ ਜਿਲ੍ਹਾ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਆਯੋਜਿਤ ਇਸ ਵਿਸ਼ੇਸ਼ ਸਮਾਗਮ ਦੌਰਾਨ ਔਰਤ ਸਮੂਹਾਂ ਵੱਲੋਂ ਲਗਾਈਆਂ ਗਈਆਂ ਵਿਸ਼ੇਸ਼ ਪ੍ਰਦਰਸ਼ਨੀਆਂ ਦਾ ਨਿਰੀਖਣ ਵੀ ਕੀਤਾ। ਚੇਅਰਪਰਸਨ ਨੇ ਔਰਤਾਂ ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਨੂੰ ਕਮਿਸ਼ਨ ਦੀ ਤਰਫੋਂ ਮੁਹੱਈਆ ਕਰਵਾਈਆਂ ਜਾਂਦੀਆਂ ਵੱਖ ਵੱਖ ਸੇਵਾਵਾਂ ਬਾਰੇ ਦੱਸਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਸੁਰਿੰਦਰ ਸਿੰਘ ਧਾਲੀਵਾਲ, ਡਿਪਟੀ ਡਾਇਰੈਕਟਰ ਗੁਲਬਹਾਰ ਸਿੰਘ, ਜਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ, ਜਿਲ੍ਹਾ ਪ੍ਰੋਗਰਾਮ ਅਫ਼ਸਰ ਅਨੂਰਤਨ ਕੌਰ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਗੁਰਤੇਜ ਸਿੰਘ ਖੋਸਾ ਨੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਵਜੋਂ ਅਹੁਦਾ ਸੰਭਾਲਿਆ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਦੀ ਮੌਜੂਦਗੀ ਵਿੱਚ ਗੁਰਤੇਜ ਸਿੰਘ ਖੋਸਾ ਨੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਵਜੋਂ ਆਪਣਾ ਅਹੁਦਾ ਸੰਭਾਲਿਆ। ਸਮੁੱਚੀ ਲੀਡਰਸ਼ਿਪ ਨੇ ਨਵ-ਨਿਯੁਕਤ ਚੇਅਰਮੈਨ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਅਤੇ ਵਿਧਾਇਕ ਜੈਤੋ ਅਮੋਲਕ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਗੁਰਤੇਜ ਸਿੰਘ ਖੋਸਾ ਨੇ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮੁਨੀਸ਼ ਸਿਸੋਦੀਆ ਇੰਚਾਰਜ ਪੰਜਾਬ, ਅਮਨ ਅਰੋੜਾ ਸੂਬਾ ਪ੍ਰਧਾਨ ਪੰਜਾਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਹ ਇਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਲੋਕਹਿੱਤ ਕਾਰਜਾਂ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਯਕੀਨ ਦਿਵਾਇਆ ਕਿ ਉਹਜ਼ਿਲ੍ਹੇ ਦੀ ਤਰੱਕੀ, ਵਿਕਾਸ ਉਪਰਾਲਿਆਂ ਅਤੇ ਆਮ ਲੋਕਾਂ ਦੀ ਹਿੱਤਕਾਰੀ ਯੋਜਨਾਵਾਂ ਤੇ ਪੂਰਾ ਧਿਆਨ ਕੇਂਦਰਿਤ ਕੀਤਾ ਜਾਵੇਗਾ। ਇਸ ਮੌਕੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਨਵ-ਨਿਯੁਕਤ ਚੇਅਰਮੈਨ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਹਰ ਵਰਕਰ ਦੇ ਨਾਲ ਖੜ੍ਹੀ ਹੈ ਅਤੇ ਸਰਕਾਰ ਤੁਹਾਡੀ ਆਪਣੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ ਅਤੇ ਜੋ ਵੀ ਕੰਮ ਸ਼ਹਿਰ ਦੇ ਵਿਕਾਸ ਲਈ ਕਰਵਾਏ ਜਾ ਰਹੇ ਹਨ ਉਨ੍ਹਾਂ ਨੂੰ ਨਿਯਮਾਂ ਅਧੀਨ ਟੈਂਡਰ ਪ੍ਰਕ੍ਰਿਆ ਰਾਹੀਂ ਸਮੇਂ ਸਿਰ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਵਿਧਾਇਕ ਜੈਤੋ ਅਮੋਲਕ ਸਿੰਘ ਨੇ ਨਵ-ਨਿਯੁਕਤ ਚੇਅਰਮੈਨ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਪੰਜਾਬ ਸਰਕਾਰ ਲੋਕ ਪੱਖੀ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ।ਇਸ ਮੌਕੇ ਨਵਜੋਤ ਸਿੰਘ ਜਰਗ ਜੁਆਇੰਟ ਸੈਕਟਰੀ ਪੰਜਾਬ ਆਮ ਆਦਮੀ ਪਾਰਟੀ, ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਸਾਧੂ ਸਿੰਘ, ਸੁਖਜੀਤ ਸਿੰਘ ਢਿੱਲਵਾਂ, ਗੈਰੀ ਵੜਿੰਗ, ਰਵੀ ਬੁਗਰਾ, ਜਗਤਾਰ ਨੰਗਲ, ਵਿਪਨ ਲਾਂਬਾ, ਸੁਧੀਰ ਧੀਰਾ, ਗੁਰਪਿੰਦਰ ਗਿੱਲ,ਐਡਵੋਕੇਟ ਸਰਬਜੀਤ ਕੌਰ, ਸਿਮਰਨ ਗਿੱਲ, ਨੀਤੂ ਕਪੂਰ, ਦੀਪਕ ਅਰੋੜਾ ਸਮਾਲਸਰ, ਜਗਜੀਤ ਜੱਗੀ, ਜਗਮੋਹਨ ਲੱਕੀ, ਗੁਰਜੰਟ ਚੀਮਾ, ਸਤਵਿੰਦਰ ਸਿੰਘ ਰੁਪਈਆ ਵਾਲਾ, ਹੈਰੀ ਢਿੱਲਵਾਂ, ਗੁਰਪ੍ਰੀਤ ਸਿੰਘ, ਗੌਰਵ ਚੌਪੜਾ ਤੇ ਪਰਮਵੀਰ ਸੰਧੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਸੀ ਏ ਪ੍ਰਿਆਂਸ਼ੂ ਗੋਇਲ ਨੂੰ ਹਜ਼ਾਰਾਂ ਨਮ ਅੱਖਾਂ ਵੱਲੋਂ ਅੰਤਿਮ ਵਿਦਾਇਗੀ



**ਧੂਰੀ (ਮੋਹਿਤ ਗਰਗ)**-ਸਥਾਨਕ ਸ਼ਹਿਰ ਧੂਰੀ ਦੇ ਨਾਮਵਰ ਚਾਰਟਡ ਅਕਾਊਂਟੈਂਟ ਪ੍ਰਿਆਂਸ਼ੂ ਗੋਇਲ (36) ਦੇ ਬੀਤੇ ਦਿਨ ਅਚਾਨਕ ਦੇਹਾਂਤ ਨੇ ਪੂਰੇ ਇਲਾਕੇ ਨੂੰ ਗਹਿਰੇ ਦੁੱਖ ਵਿੱਚ ਡੁੱਬੋ ਦਿੱਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ, ਪ੍ਰਿਆਂਸ਼ੂ ਗੋਇਲ ਨੂੰ ਬੀਤੇ ਦਿਨੀਂ ਸ਼ਹਿਰ ਦੇ ਇੱਕ ਜਿਮ ਵਿੱਚ ਵਰਕਆਊਟ ਦੌਰਾਨ ਅਚਾਨਕ ਹਾਰਟ ਅਟੈਕ ਆ ਗਿਆ, ਜਿਸ ਕਰਕੇ ਉਨ੍ਹਾਂ ਦੀ ਮੌਤ ਹੋ ਗਈ।ਸਥਾਨਕ ਰਾਮ ਬਾਗ ਸ਼ਮਸ਼ਾਨ ਘਾਟ ਵਿੱਚ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ।ਮਿੱਠੇ ਸੁਭਾਅ, ਨਿਮਰਤਾ ਅਤੇ ਸਹਿਯੋਗੀ ਪ੍ਰਵਿਰਤੀ ਦੇ ਕਾਰਨ ਪ੍ਰਿਆਂਸ਼ੂ ਗੋਇਲ ਇਲਾਕੇ ਵਿੱਚ ਬਹੁਤ ਪਿਆਰ ਅਤੇ ਆਦਰ ਪ੍ਰਾਪਤ ਕਰਦੇ ਸਨ।ਅੰਤਿਮ ਯਾਤਰਾ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਇਲਾਕੇ ਦੇ ਲੋਕ, ਵਪਾਰੀਆਂ, ਸਮਾਜਿਕ ਸੰਗਠਨਾਂ ਦੇ ਮੈਂਬਰਾਂ ਅਤੇ ਨੌਜਵਾਨਾਂ ਨੇ ਨਮ ਅੱਖਾਂ ਨਾਲ ਉਨ੍ਹਾਂ ਨੂੰ ਭਾਵਪੂਰਣ ਵਿਦਾਇਗੀ ਦਿੱਤੀ।

## ਨਰਿੰਦਰ ਕੌਰ ਭਰਾਜ ਵੱਲੋਂ ਖੇਡ ਮੈਦਾਨਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਪ੍ਰੇਰਤ ਕਰਨ ਤੇ ਪਿੰਡ ਪੱਧਰ 'ਤੇ ਖੇਡਾਂ ਦੇ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਸ਼ੁਰੂ ਕੀਤੀ ਗਈ। ਹਰ ਪਿੰਡ ਖੇਡ ਮੈਦਾਨ ਮੁਹਿੰਮ ਤਹਿਤ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਮੰਗਵਾਲ ਵਿਖੇ 58.34 ਲੱਖ ਰੁਪਏ, ਪਿੰਡ ਬਾਲੀਆਂ ਵਿਖੇ 18.57 ਲੱਖ ਰੁਪਏ ਅਤੇ ਪਿੰਡ ਭਿੰਡਰਾਂ ਵਿਖੇ 27.80 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ ਆਧੁਨਿਕ ਖੇਡ ਮੈਦਾਨਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਾਈ ਗਈ। ਖੇਡ ਮੈਦਾਨਾਂ ਵਿੱਚ ਨੌਜਵਾਨਾਂ ਲਈ ਵੱਖ-ਵੱਖ ਖੇਡਾਂ ਦੀਆਂ ਸੁਵਿਧਾਵਾਂ ਮੁਹੱਈਆ ਕਰਾਈਆਂ ਜਾਣਗੀਆਂ।ਇਸ ਕਦਮ ਨਾਲ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਵਿੱਚ ਆਪਣੀ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲੇਗਾ ਤੇ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਤੰਦਰੁਸਤ ਜੀਵਨ ਬਤੀਤ ਕਰ ਸਕਣਗੇ।ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹਰ ਪਿੰਡ ਵਿੱਚ ਸ਼ਾਨਦਾਰ ਖੇਡ ਮੈਦਾਨ ਬਣਾਉਣਾ ਹੈ ਤਾਂ ਜੁ ਨੌਜਵਾਨਾਂ ਨੂੰ ਆਪਣੇ ਘਰ ਦੇ ਨੇੜੇ ਹੀ ਖੇਡਾਂ ਲਈ ਉੱਚ ਪੱਧਰੀ ਢਾਂਚਾ ਪ੍ਰਾਪਤ ਹੋਵੇ।ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾ ਰਹੀ ਤੇ ਹਲਕਾ ਸੰਗਰੂਰ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ।ਇਸ ਮੌਕੇ ਪਿੰਡਾਂ ਦੀਆਂ ਪੰਚਾਇਤਾਂ, ਆਮ ਆਦਮੀ ਪਾਰਟੀ ਦੇ ਆਗੂ, ਸਮਾਜ ਸੇਵੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਰਹੇ, ਜਿਨ੍ਹਾਂ ਨੇ ਇਸ ਕਦਮ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

## ਜ਼ਿਲ੍ਹਾ ਪੱਧਰ ਦਾ ਕਿਸਾਨ ਮੇਲਾ 27 ਨੂੰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਹਾੜ੍ਹੀ 2025-26 ਦੀਆਂ ਫਸਲਾਂ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਪ੍ਰਦਾਨ ਕਰਨ ਲਈ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਲਾਰਡ ਰਾਮਾਂ ਹਾਲ, ਅਨਾਜ ਮੰਡੀ ਬਠਿੰਡਾ ਵਿਖੇ 27 ਨਵੰਬਰ ਨੂੰ ਸਵੇਰੇ 9 ਵਜੇ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ ਸਿੱਧੂ ਨੇ ਸਾਂਝੀ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਇਸ ਮੇਲੇ ਵਿੱਚ ਲਗਭਗ 2 ਹਜ਼ਾਰ ਕਿਸਾਨਾਂ ਵੱਲੋਂ ਭਾਗ ਲਿਆ ਜਾਵੇਗਾ। ਮੇਲੇ ਦੇ ਪ੍ਰਧਾਨਗੀ ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਜਸਵਿੰਦਰ ਸਿੰਘ ਵੱਲੋਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਮੇਲੇ ਵਿੱਚ ਖਾਸ ਤੌਰ 'ਤੇ ਸਾਉਣੀ ਦੀਆਂ ਫਸਲਾਂ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਪੰਜਾਬ, ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਤੋਂ ਵੀ ਮਾਹਰਾਂ ਦੀ ਟੀਮ ਵਲੋਂ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਅਪੀਲ ਕਰਦਿਆਂ ਕਿਹਾ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਸ ਮੇਲੇ ਦਾ ਲਾਭ ਲੈਣ।


ਸਮੈਮ ਸਕੀਮ ਤਹਿਤ ਖੇਤੀ ਮਸ਼ੀਨਾਂ 'ਤੇ ਸਬਸਿਡੀ ਲਈ ਬਿਨੈ ਪੱਤਰਾਂ ਦੀ ਮੰਗ

ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਖੇਤੀ ਮਸ਼ੀਨੀਕਰਨ ਨੂੰ ਉਤਸ਼ਾਹਿਤ ਕਰਨ ਲਈ ਸਮੈਮ ਸਕੀਮ ਤਹਿਤ ਮਸ਼ੀਨਾਂ 'ਤੇ ਸਬਸਿਡੀ ਲਈ ਅਰਜ਼ੀਆਂ ਦੀ ਮੰਗ ਕੀਤੀ ਜਾਂਦੀ ਹੈ

ਸਕੀਮ ਅਧੀਨ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਮੁੱਖ ਮਸ਼ੀਨਾਂ ਹੇਠ ਲਿਖੇ ਅਨੁਸਾਰ ਹਨ:-

- ਡੀ.ਐਸ.ਆਰ. ਡਰਿੱਲ
- ਰੇਜ਼ਡ ਬੈੱਡ ਪਲਾਂਟਰ
- ਪੀ.ਟੀ.ਓ. ਆਪਰੇਟਡ ਬੰਡ ਫੋਰਮਰ
- ਟਰੈਕਟਰ ਆਪਰੇਟਡ ਬੂਮ ਸਪਰੇਅਰ
- ਹਾਈ ਕਲੀਅਰੈਂਸ ਬੂਮ ਸਪਰੇਅਰ
- ਲੱਕੀ ਸੀਡ ਡਰਿੱਲ
- ਨਰਸਰੀ ਸੀਡਰ
- ਮੈਨੂਅਲ/ਪਾਵਰ ਸਪਰੇਅਰ

ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਸਮੂਹ ਮਸ਼ੀਨਾਂ ਦੀ ਸੂਚੀ ਪੋਰਟਲ 'ਤੇ ਉਪਲਬਧ ਹੈ।

ਕਸਟਮ ਹਾਈਰਿੰਗ ਸੈਂਟਰ ਸਥਾਪਿਤ ਕਰਨ ਲਈ ਵੀ ਪ੍ਰਤੀਬੇਨਤੀਆਂ ਪੋਰਟਲ ਰਾਹੀਂ ਦਿੱਤੀਆਂ ਜਾ ਸਕਦੀਆਂ ਹਨ।

ਸਬਸਿਡੀ ਦੀ ਦਰ ਸਕੀਮ ਦੀਆਂ ਗਾਈਡਲਾਈਨਜ਼ ਅਨੁਸਾਰ ਹੋਵੇਗੀ

ਸਬਸਿਡੀ ਲੈਣ ਦੇ ਚਾਹਵਾਨ ਮਿਤੀ: 04.12.2025 ਸ਼ਾਮ 5 ਵਜੇ ਤੱਕ ਆਪਣੀਆਂ ਅਰਜ਼ੀਆਂ ਆਨਲਾਈਨ ਪੋਰਟਲ agrimachinerypb.com ਰਾਹੀਂ ਦੇ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ ਜਾਂ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਧਿਕਾਰੀ ਨਾਲ ਸੰਪਰਕ ਕਰੋ ਜੀ।

ਉੱਨਤ ਮਸ਼ੀਨਾਂ ਅਪਣਾਉ, ਖੇਤੀ ਖਰਚੇ ਘਟਾਉ



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

22-Nov-PAGE-11.qxd 11/21/2025 11:00 PM Page 1



## 26 ਦੇ ਚੰਡੀਗੜ੍ਹ ਮੁਜ਼ਾਹਰੇ ਲਈ ਜਮਹੂਰੀ ਕਿਸਾਨ ਸਭਾ ਵੱਲੋਂ ਜ਼ੋਰਦਾਰ ਤਿਆਰੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**
ਜਮਹੂਰੀ ਕਿਸਾਨ ਸਭਾ ਜ਼ਿਲ੍ਹਾ ਗੁਰਦਾਸਪੁਰ ਦੀ ਇਕ ਭਰਵੀਂ ਮੀਟਿੰਗ ਸ਼ਹੀਦ ਬਲਜੀਤ ਸਿੰਘ ਭਵਨ ਜੇਲ ਰੋਡ ਗੁਰਦਾਸਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਕਾਹਲੋਂ ਕਲਾਨੌਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸੂਬਾ ਪ੍ਰਧਾਨ ਸਤਨਾਮ ਸਿੰਘ ਅਜਨਾਲਾ ਉਚੇਚੇ ਤੌਰ 'ਤੇ ਪਹੁੰਚੇ। ਰਘਬੀਰ ਸਿੰਘ ਪਕੀਵਾ, ਮੱਖਣ ਸਿੰਘ ਕੁਹਾੜ ,ਜਗੀਰ ਸਿੰਘ ਸਲਾਚ, ਅਜੀਤ ਸਿੰਘ ਹੁੰਦਲ, ਅਵਤਾਰ ਸਿੰਘ ਠੱਠਾ, ਕੁਲਵਿੰਦਰ ਸਿੰਘ ਤਿੱਬੜ, ਆਜ਼ਾਦ ਸਿੰਘ ਸ਼ਾਹਪੁਰ ਜਾਜਨ, ਰਘਬੀਰ ਸਿੰਘ ਚਾਹਲ, ਹੈੱਡਮਾਸਟਰ ਅਬਨਾਸ਼ ਸਿੰਘ, ਬਲਜੀਤ ਸਿੰਘ ਕਲਾਨੌਰ, ਰਣਜੀਤ ਸਿੰਘ ਰਾਣਾ ਘਰਾਲਾ, ਕਪੂਰ ਸਿੰਘ ਘੁੰਮਣ, ਰਜਿੰਦਰ ਸੋਨੂ ਘਰਾਲਾ ਆਦਿ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੱਖਣ ਕੁਹਾੜ ਨੇ ਦੱਸਿਆ ਕਿ ਮੀਟਿੰਗ ਦੌਰਾਨ ਬੋਲਦਿਆਂ ਸਤਨਾਮ ਸਿੰਘ ਅਜਨਾਲਾ ਹੋਰਨਾਂ ਨੇ 26 ਨਵੰਬਰ ਦੇ 2020 ਦੇ ਸੰਯੁਕਤ ਕਿਸਾਨ ਮੋਰਚੇ ਦੇ ਦਿੱਲੀ ਪੁੱਜ ਕੇ ਕੀਤੇ ਲੰਬੇ ਸੰਘਰਸ਼ ਤੇ ਕਾਲੇ ਕਾਨੂੰਨ ਅਤੇ ਬਿਜਲੀ ਸੋਧ ਬਿੱਲ 2020 ਰੱਦ ਕਰਾਉਣ ਵਰਗੀਆਂ ਮਹਾਨ ਪ੍ਰਾਪਤੀਆਂ ਦਾ ਜ਼ਿਕਰ ਕੀਤਾ।ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਜੋ ਨਵਾਂ ਬਿਜਲੀ ਸੋਧ ਬਿੱਲ ਲਿਆਂਦਾ ਜਾ ਰਿਹਾ ਹੈ, ਉਹ ਮੋਬਾਈਲਾਂ ਲਈ ਇੰਟਰਨੈੱਟ ਦੇਣ ਵਾਲੀਆਂ ਵੱਖ-ਵੱਖ ਕੰਪਨੀਆਂ ਵਾਂਗ ਹੀ ਹੈ ਅਤੇ ਵੰਡ ਦੇ ਨਿੱਜੀਕਰਨ ਬਾਅਦ ਚਿੱਪ ਵਾਲੇ ਮੀਟਰਾਂ ਵਾਂਗ ਪਹਿਲਾਂ ਪੈਸੇ ਪਾਉਣੇ ਲਾਜ਼ਮੀ ਹੋ ਜਾਣਗੇ।ਹਰ ਤਰ੍ਹਾਂ ਦੀ ਸਬਸਿਡੀ ਵੀ ਬੰਦ ਹੋ ਜਾਵੇਗੀ।ਇਸ ਲਈ ਸੰਯੁਕਤ ਕਿਸਾਨ ਮੋਰਚੇ ਦਾ 26 ਨਵੰਬਰ 2025 ਦਾ ਚੰਡੀਗੜ੍ਹ ਦਾ ਲਾਮਿਸਾਲ ਮੁਜ਼ਾਹਰਾ ਪੰਜਾਬ ਸਰਕਾਰ ਨੂੰ ਇਹ ਬਿਲ ਨਾਮਨਜ਼ੂਰ ਕਰਨ ਲਈ ਮਜਬੂਰ ਕਰ ਦੇਵੇਗਾ।ਫੈਸਲਾ ਕੀਤਾ ਗਿਆ ਕਿ ਦੋ ਬੱਸਾਂ ਕਲਾਨੌਰ ਤੋਂ ਇੱਕ ਬੱਸ ਤਿੱਬੜ ਤੋਂ, ਇੱਕ ਸਲਾਚਾਂ ਤੋਂ, ਇੱਕ ਠੱਠੇ ਤੋਂ, ਇੱਕ ਠੱਕਰ ਸੰਧੂ ਤੋਂ ਤੇ ਇੱਕ ਘੁਮਾਣਾ ਤੋਂ ਚੱਲੇਗੀ। ਕੁੱਲ ਸੱਤ ਬੱਸਾਂ ਜਮਹੂਰੀ ਕਿਸਾਨ ਸਭਾ ਵੱਲੋਂ ਚੰਡੀਗੜ੍ਹ ਮੁਜਾਹਰੇ ਲਈ ਚੱਲਣਗੀਆਂ।ਇਸ ਮੌਕੇ ਹੋਰਨਾ ਤੋਂ ਇਲਾਵਾ ਵੀਰ ਸਿੰਘ ਕਲਾਨੌਰ, ਗੁਰਮੀਤ ਸਿੰਘ ਥਾਣੇਵਾਲ, ਕੁਲਵੰਤ ਸਿੰਘ ਬਾਠ, ਸਤਨਾਮ ਸਿੰਘ ਕਲਾਨੌਰ, ਪੁਸ਼ਪਿੰਦਰ ਸਿੰਘ ਸ਼ਾਹਪੁਰ ਜਾਜਨ, ਰਛਪਾਲ ਸਿੰਘ ਰਵਾਲ, ਜੋਗਿੰਦਰ ਸਿੰਘ ਰਵਾਲ, ਹਰਜਿੰਦਰ ਸਿੰਘ ਰਵਾਲ, ਕੁਲਵੰਤ ਸਿੰਘ ਮੀਆਂ ਕੋਟ, ਮਲਕੀਅਤ ਸਿੰਘ ਬੁੱਢਾਕੋਟ, ਬਲਪ੍ਰੀਤ ਸਿੰਘ, ਬਰਿੰਦਰ ਸਿੰਘ ਲਾਡੀ ਘਰਾਲਾ, ਕੁਲਜੀਤ ਸਿੰਘ ਰੰਧਾਵਾ, ਕੁਲਜੀਤ ਸਿੰਘ ਸਿੱਧਵਾਂ ਜਮੀਤਾ, ਗੁਰਿੰਦਰ ਸਿੰਘ ਮੰਪੀ, ਚਰਨ ਸਿੰਘ ਆਦਿ ਵੀ ਹਾਜ਼ਰ ਸਨ।

## ਵਿਕਾਸ ਕਾਰਜਾਂ ਲਈ 50 ਲੱਖ ਦੀ ਗ੍ਰਾਂਟ ਜਾਰੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਧੂਰੀ ਵਿਖੇ ਕਰਵਾਏ ਇਕ ਸਮਾਗਮ ਦੌਰਾਨ ਮੁੱਖ ਮੰਤਰੀ ਪੰਜਾਬ ਨਵਾਂਸ਼ਹਿਰ ਅਤੇ ਪਿੰਡ ਦੁਰਗਾਪੁਰ ਨੂੰ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਵੱਲੋਂ 50 ਲੱਖ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਪੰਚਾਇਤ ਅਫ਼ਸਰ ਭਗਵਾਨ ਸਿੰਘ, ਸੈਕਟਰੀ ਸੰਜੀਵ ਸੂਰੀ,ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਪਿੰਡ ਦੁਰਗਾਪੁਰ ਪੰਚਾਇਤ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਤੋਂ ਗ੍ਰਾਂਟ ਦੇ ਚੈੱਕ ਪ੍ਰਾਪਤ ਕਰਦਿਆਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਪੰਚਾਇਤ ਅਫ਼ਸਰ ਭਗਵਾਨ ਸਿੰਘ, ਸੈਕਟਰੀ ਸੰਜੀਵ ਸੂਰੀ ਸਰਪੰਚ ਰੋਸ਼ਨ ਲਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਕਾਰਜਾਂ ਦੇ ਲਈ ਲੱਖਾਂ ਰੁਪਏ ਦੀਆਂ ਗਰਾਂਟਾਂ ਦੇ ਕੇ ਪਿੰਡਾਂ ਦਾ ਸੁੰਦਰੀਕਰਨ ਕੀਤਾ ਜਾ ਰਿਹਾ ਹੈ। ਸਰਕਾਰ ਵੱਲੋਂ ਪਿੰਡਾਂ ਦੇ ਸੁੰਦਰੀਕਰਨ ਲਈ ਟੋਭਿਆ ਦਾ ਨਵੀਨੀਕਰਨ ਕੀਤਾ ਜਾਵੇਗਾ ਜਿਸ ਦੇ ਤਹਤ ਪੰਜਾਬ ਸਰਕਾਰ ਵਲੋਂ ਪਿੰਡ ਦੁਰਗਾਪੁਰ ਨੂੰ ਪਿੰਡ ਦੇ ਵਿਕਾਸ ਕਾਰਜਾਂ ਦੇ ਲਈ ,50 ਲੱਖ ਰੁਪਏ ਦਾ ਚੈਕ ਵਿਕਾਸ ਕਾਰਜਾਂ ਲਈ ਦਿੱਤਾ ਗਿਆ।

## ਜਮਹੂਰੀ ਤਾਕਤਾਂ ਦੀ ਜ਼ੁਬਾਨਬੰਦੀ ਕਿਸੇ ਵੀ ਸੂਰਤ 'ਚ ਸਹਿਣ ਨਹੀਂ ਕੀਤੀ ਜਾਵੇਗੀ : ਜਮਹੂਰੀ ਫਰੰਟ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**
ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੀ ਸੂਬਾ ਕਮੇਟੀ ਨੇ ਐਡਵੋਕੇਟ ਅਮਨਦੀਪ ਕੌਰ ਨੂੰ ਅਗਿਆਤ ਫ਼ੋਨ ਤੋਂ ਕਾਲ ਕਰਕੇ ਧਮਕੀਆਂ ਦੇਣ, ਗਾਲੀ-ਗਲੋਚ ਕਰਨ, ਆਰਐੱਸਐੱਸ ਦੇ ਵਿਰੁੱਧ ਨਾ ਬੋਲਣ, ਪਾਕਿਸਤਾਨ ਦੀ ਏਜੰਟ ਕਹਿਣ ਅਤੇ ਦੇਸ਼ ਛੱਡ ਜਾਣ ਦੇ ਹੁਕਮ ਸੁਣਾਉਣ ਦਾ ਗੰਭੀਰ ਨੋਟਿਸ ਲੈਂਦਿਆਂ ਇਸਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।ਜਮਹੂਰੀ ਫਰੰਟ ਦੇ ਕਨਵੀਨਰ ਡਾ. ਪਰਮਿੰਦਰ ਅਤੇ ਸੂਬਾ ਕਮੇਟੀ ਆਗੂਆਂ ਯਸ਼ਪਾਲ ਝਬਾਲ, ਐਡਵੋਕੇਟ ਅਮਰਜੀਤ ਬਾਈ ਅਤੇ ਸੁਮੀਤ ਅੰਮ੍ਰਿਤਸਰ ਨੇ ਪ੍ਰੈੱਸ ਬਿਆਨ ਜਾਰੀ ਕਰਕੇ ਕਿਹਾ ਕਿ ਲੋਕਪੱਖੀ ਵਕੀਲ ਅਮਨਦੀਪ ਕੌਰ, ਜਮਹੂਰੀ ਫਰੰਟ ਅਤੇ ਜਮਹੂਰੀ ਅਧਿਕਾਰ ਸਭਾ ਦੀ ਸੂਬਾ ਕਮੇਟੀ ਮੈਂਬਰ ਹੈ ਜੋ ਪੰਜਾਬ ਯੂਨੀਵਰਸਿਟੀ ਦੀ ਰਾਖੀ ਲਈ ਆਵਾਜ਼ ਬੁਲੰਦ ਕਰਕੇ ਬਤੌਰ ਜਾਗਰੂਕ ਨਾਗਰਿਕ ਆਪਣਾ ਫਰਜ਼ ਨਿਭਾ ਰਹੀ ਹੈ।ਪੰਜਾਬ ਦਾ ਹਰ ਜਾਗਰੂਕ ਵਸਨੀਕ ਅਜਿਹੀਆਂ ਧਮਕੀਆਂ ਤੋਂ ਬੇਪ੍ਰਵਾਹ ਹੋ ਕੇ ਕੇਂਦਰੀਕਰਨ ਅਤੇ ਸਿੱਖਿਆ ਦੇ ਭਗਵਾਂਕਰਨ ਵਿਰੁੱਧ ਨਿਧੜਕ ਆਵਾਜ਼ ਉਠਾਉਂਦਾ ਰਹੇਗਾ ਅਤੇ ਪੰਜਾਬ ਦੇ ਲੋਕ ਪੰਜਾਬ ਯੂਨੀਵਰਸਿਟੀ ਨੂੰ ਕੇਂਦਰ ਦੇ ਤਾਨਾਸ਼ਾਹ ਕੰਟਰੋਲ ਹੇਠ ਲਿਆਉਣ ਦੀ ਆਰਐੱਸਐੱਸ-ਭਾਜਪਾ ਦੀ ਸਾਜ਼ਿਸ਼ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਣਗੇ।ਉਨ੍ਹਾਂ ਮੋਦੀ ਸਰਕਾਰ ਉਤੇ ਸਿੱਖਿਆ ਦਾ ਭਗਵਾਂਕਰਨ, ਨਿੱਜੀਕਰਨ ਅਤੇ ਕੇਂਦਰੀਕਰਨ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਅਜਿਹੀਆਂ ਲੋਕ ਵਿਰੋਧੀ ਤਾਕਤਾਂ ਨੂੰ ਚੇਤੇ ਰੱਖਣਾ ਚਾਹੀਦਾ ਹੈ ਕਿ ਪੰਜਾਬ ਦੀ ਜਨਤਕ ਜਮਹੂਰੀ ਲਹਿਰ ਹਮੇਸ਼ਾ ਵਿਚਾਰਾਂ ਦੀ ਆਜ਼ਾਦੀ ਦੇ ਹੱਕ ਵਿਚ ਡੱਟਦੀ ਆਈ ਹੈ ਅਤੇ ਫਾਸ਼ੀਵਾਦੀ ਧਮਕੀਆਂ ਤੋਂ ਡਰਕੇ ਇਹ ਨਾ ਕਦੇ ਖ਼ਾਮੋਸ਼ ਹੋਈ ਹੈ ਅਤੇ ਨਾ ਹੋਵੇਗੀ।ਐਡਵੋਕੇਟ ਅਮਨਦੀਪ ਕੌਰ ਵਰਗੇ ਰੌਸ਼ਨ ਖਿਆਲ ਚਿੰਤਕ ਸਾਡੇ ਸਮਾਜ ਦਾ ਵਡਮੁੱਲਾ ਬੌਧਿਕ ਸਰਮਾਇਆ ਹਨ ਅਤੇ ਉਨ੍ਹਾਂ ਦੇ ਨਾਲ ਖੜ੍ਹਨਾ ਪੰਜਾਬ ਦੀ ਸਮੁੱਚੀ ਜਨਤਕ ਜਮਹੂਰੀ ਲਹਿਰ ਆਪਣਾ ਫਰਜ਼ ਸਮਝਦੀ ਹੈ।ਉਨ੍ਹਾਂ ਜ਼ੋਰਦਾਰ ਮੰਗ ਕੀਤੀ ਕਿ ਪੰਜਾਬ ਯੂਨੀਵਰਸਿਟੀ ਨੂੰ ਬਚਾਉਣ ਲਈ ਜੂਝ ਰਹੇ ਵਿਦਿਆਰਥੀਆਂ ਅਤੇ ਪੰਜਾਬ ਦੇ ਲੋਕਾਂ ਦੇ ਵਾਜਬ ਸੰਘਰਸ਼ ਵਿਚ ਅੜਿੱਕੇ ਖੜ੍ਹੇ ਕਰਨ ਵਾਲਾ ਚੰਡੀਗੜ੍ਹ ਪੁਲਸ-ਪ੍ਰਸ਼ਾਸਨ ਤਮਾਸ਼ਬੀਨ ਬਣ ਕੇ ਅਜਿਹੇ ਸਮਾਜ ਵਿਰੋਧੀ ਅਨਸਰਾਂ ਦੀ ਪੁਸ਼ਤਪਨਾਹੀ ਕਰਨਾ ਬੰਦ ਕਰੇ ਅਤੇ ਧਮਕੀ ਦੇਣ ਵਾਲਿਆਂ ਦੀ ਸ਼ਨਾਖ਼ਤ ਕਰਕੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰੇ।

## ਪੁਲਸ ਦੀ ਜਵਾਬੀ ਕਾਰਵਾਈ 'ਚ ਛੇਹਰਟਾ ਕਤਲ ਕੇਸ ਦਾ ਮੁੱਖ ਸ਼ੂਟਰ ਜ਼ਖ਼ਮੀ



**ਛੇਹਰਟਾ, (ਮਨੋਜ ਕੁਮਾਰ)**
ਛੇਹਰਟਾ ਵਿਚ ਬੀਤੇ ਮੰਗਲਵਾਰ ਨੂੰ ਵਾਪਰੇ ਕਤਲ ਕੇਸ ਦਾ ਮੁੱਖ ਸ਼ੂਟਰ ਉਸ ਵੇਲੇ ਪੁਲਸ ਦੀ ਗੋਲੀ ਨਾਲ ਜ਼ਖ਼ਮੀ ਹੋ ਗਿਆ, ਜਦੋਂ ਪਿਸਤੌਲ ਦੀ ਰਿਕਵਰੀ ਦੌਰਾਨ ਉਸ ਨੇ ਪੁਲਿਸ ਮੁਲਜ਼ਮਾਂ ਉਪਰ ਗੋਲੀ ਚਲਾ ਦਿੱਤੀ। ਪੁਲਿਸ ਦੀ ਜਵਾਬੀ ਕਾਰਵਾਈ ਦੌਰਾਨ ਉਸ ਦੀ ਲੱਤ ਵਿਚ ਗੋਲੀ ਵੱਜੀ। ਪੁਲਸ ਕਮਿਸ਼ਨਰੇਟ ਅੰਮ੍ਰਿਤਸਰ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਕ ਬੀਤੇ ਮੰਗਲਵਾਰ ਸਵੇਰ ਵਰਿੰਦਰ ਸਿੰਘ ਨੂੰ ਗੁਰਦੁਆਰਾ ਛੇਹਰਟਾ ਸਾਹਿਬ ਨੇੜੇ ਦੋ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਗੋਲੀ ਮਾਰ ਕੇ ਜ਼ਖ਼ਮੀ ਕਰ ਦਿੱਤਾ ਸੀ, ਜਿਸ ਦੀ ਬਾਅਦ ਵਿਚ ਇਕ ਨਿੱਜੀ ਹਸਪਤਾਲ ਵਿਚ ਇਲਾਜ ਦੌਰਾਨ ਮੌਤ ਹੋ ਗਈ। ਇਸ ਮਾਮਲੇ ਵਿਚ ਪੁਲਿਸ ਨੇ ਇਕ ਮੁਲਜ਼ਮ ਗੁਰਲਾਲ ਸਿੰਘ ਤੇ ਉਸ ਦੀ ਪਤਨੀ ਪਰਮਜੀਤ ਕੌਰ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ ਸੀ। ਅਗਲੇਰੀ ਜਾਂਚ ਦੌਰਾਨ ਪੁਲਸ ਨੇ ਕਾਰਵਾਈ ਕਰਦੇ ਹੋਏ ਦੋ ਮੁਲਜ਼ਮਾਂ ਮੁੱਖ ਸ਼ੂਟਰ ਜੋਬਨਪ੍ਰੀਤ ਸਿੰਘ ਉਰਫ਼ ਜੋਬਨ ਵਾਸੀ ਪਿੰਡ ਫੱਤੂਪੁਰ, ਥਾਣਾ ਕੋਟਲੀ ਸੂਰਤ ਮੱਲ੍ਹੀ, ਜ਼ਿਲ੍ਹਾ ਗੁਰਦਾਸਪੁਰ ਤੇ ਉਸ ਦੇ ਸਾਥੀ ਸੁਖਬੀਰ ਸਿੰਘ ਉਰਫ਼ ਸੁੱਖ ਵਾਸੀ ਪਿੰਡ ਮਾਹਲ, ਥਾਣਾ ਕਲਾਨੌਰ, ਗੁਰਦਾਸਪੁਰ ਗ੍ਰਿਫ਼ਤਾਰ ਕੀਤਾ। ਪੁੱਛਗਿੱਛ ਦੌਰਾਨ ਜੋਬਨਪ੍ਰੀਤ ਸਿੰਘ ਨੇ ਵਾਰਦਾਤ ਵਿਚ ਵਰਤੀ ਗਈ ਗਲੋਕ 9ਐੱਮਐੱਮ ਪਿਸਤੌਲ ਬਰਾਮਦ ਕਰਨ ਦੀ ਪੇਸ਼ਕਸ਼ ਕੀਤੀ। ਉਸ ਨੇ ਇਹ ਵੀ ਦੱਸਿਆ ਕਿ ਲੁਕੋਈ ਗਈ ਪਿਸਤੌਲ ਖਾਲੀ ਹੈ। ਇਸ 'ਤੇ ਕਾਰਵਾਈ ਕਰਦੇ ਹੋਏ ਪੁਲਸ ਉਸ ਨੂੰ ਦੱਸੇ ਗਏ ਸਥਾਨ 'ਤੇ ਲੈ ਗਈ। ਮੌਕੇ 'ਤੇ ਪੁੱਜਣ ਤੋਂ ਬਾਅਦ ਮੁਲਜ਼ਮ ਨੇ ਅਚਾਨਕ ਲੁਕੋਇਆ ਹੋਇਆ ਹਥਿਆਰ ਫੜ ਕੇ ਕਾਂਸਟੇਬਲ ਗੁਰਿੰਦਰ ਸਿੰਘ 'ਤੇ ਇਕ ਗੋਲੀ ਚਲਾਈ, ਪਰ ਖ਼ੁਸ਼ਕਿਸਮਤੀ ਨਾਲ ਗੋਲੀ ਉਸ ਨੂੰ ਨਹੀਂ ਲੱਗੀ। ਜਵਾਬ ਵਿਚ ਥਾਣਾ ਛੇਹਰਟਾ ਦੇ ਐੱਸਐੱਚਓ ਇੰਸਪੈਕਟਰ ਲਵਪ੍ਰੀਤ ਸਿੰਘ ਨੇ ਪੁਲਸ ਪਾਰਟੀ ਨੂੰ ਬਚਾਉਣ ਲਈ ਆਪਣੀ ਸਰਵਿਸ ਪਿਸਤੌਲ ਤੋਂ ਗੋਲੀ ਚਲਾਈ, ਜੋ ਮੁਲਜ਼ਮ ਦੀ ਸੱਜੀ ਲੱਤ ਵਿੱਚ ਲੱਗੀ। ਜ਼ਖ਼ਮੀ ਮੁਲਜ਼ਮ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਘਟਨਾ ਦੌਰਾਨ ਮੁਲਜ਼ਮ ਕੋਲੋਂ ਗਲੋਕ ਪਿਸਤੌਲ ਬਰਾਮਦ ਕੀਤਾ ਗਿਆ। ਪੁਲਸ ਅਨੁਸਾਰ ਮੁੱਖ ਮੁਲਜ਼ਮ ਨਿਸ਼ਾਨ ਸਿੰਘ ਨੇ ਇਨ੍ਹਾਂ ਸ਼ੂਟਰਾਂ ਨੂੰ ਵਿਦੇਸ਼ (ਦੁਬਈ) ਭੇਜਣ ਦਾ ਵਾਅਦਾ ਕਰ ਕੇ ਇਹ ਵਾਰਦਾਤ ਕਰਵਾਈ ਸੀ। ਨਿਸ਼ਾਨ ਸਿੰਘ ਦੇ ਖ਼ੁਦ ਦੇ ਵਿਦੇਸ਼ ਵਿਚ ਹੋਣ ਦਾ ਸ਼ੱਕ ਹੈ।

## 2 ਕਿਲੋ 544 ਗ੍ਰਾਮ ਹੈਰੋਇਨ ਸਮੇਤ 2 ਵਿਅਕਤੀ ਗ੍ਰਿਫ਼ਤਾਰ



**ਗੁਰਦਾਸਪੁਰ, (ਦਿਨੇਸ਼ ਕੁਮਾਰ)**
ਗੁਰਦਾਸਪੁਰ ਪੁਲਸ ਨੇ ਸੀਮਾ ਸੁਰੱਖਿਆ ਬਲ (ਬੀਐੱਸਐੱਫ) ਦੇ ਸਹਿਯੋਗ ਨਾਲ ਇੱਕ ਸਾਂਝੇ ਆਪ੍ਰੇਸ਼ਨ ਦੌਰਾਨ ਵੱਡੀ ਸਫਲਤਾ ਹਾਸਲ ਕੀਤੀ ਹੈ।ਪੁਲਸ ਨੇ ਕਲਾਨੌਰ ਖੇਤਰ ਵਿੱਚੋਂ ਦੋ ਵਿਅਕਤੀਆਂ ਨੂੰ 2 ਕਿਲੋ 544 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਦੋਸ਼ੀਆਂ ਦਾ ਪਹਿਚਾਣ ਮੰਗਲ ਸਿੰਘ ਵਾਸੀ ਅੰਮ੍ਰਿਤਸਰ ਅਤੇ ਗੁਰਭੇਜ ਸਿੰਘ ਭੇਜਾ ਥਾਣਾ ਡੇਰਾ ਬਾਬਾ ਨਾਨਕ ਦੇ ਰੂਪ ਵਿਚ ਹੋਈ ਹੈ ।ਇਸ ਸਬੰਧੀ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਐੱਸਐੱਸਪੀ ਗੁਰਦਾਸਪੁਰ ਆਦਿੱਤਯ (ਆਈ.ਪੀ.ਐੱਸ.) ਅਤੇ ਐਸ.ਪੀ. (ਇਨਵੈਸਟੀਗੇਸ਼ਨ) ਦੇਵਿੰਦਰ ਕੁਮਾਰ ਚੌਧਰੀ (ਪੀ.ਪੀ.ਐੱਸ.) ਨੇ ਦੱਸਿਆ ਕਿ ਇਹ ਕਾਰਵਾਈ ਡੀਜੀਪੀ ਪੰਜਾਬ ਤੇ ਡੀਆਈਜੀ ਬਾਰਡਰ ਰੇਂਜ, ਅੰਮ੍ਰਿਤਸਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਮਲ ਵਿੱਚ ਲਿਆਂਦੀ ਗਈ ਹੈ।ਅਧਿਕਾਰੀਆਂ ਨੇ ਦੱਸਿਆ ਕਿ 20 ਨਵੰਬਰ ਨੂੰ ਨਸ਼ਾ ਵਿਰੋਧੀ ਵਿਸ਼ੇਸ਼ ਮੁਹਿੰਮ ਤਹਿਤ ਬੀਐੱਸਐੱਫ ਦੇ ਸਹਿਯੋਗ ਨਾਲ ਟੀ-ਪੁਆਇੰਟ ਰੁੜਿਆਣਾ ਮੋੜ, ਕਲਾਨੌਰ ਵਿਖੇ ਨਾਕਾਬੰਦੀ ਕੀਤੀ ਗਈ ਸੀ।ਇਸ ਦੌਰਾਨ ਮੋਟਰਸਾਈਕਲ ਤੇ ਸਵਾਰ ਦੋ ਸ਼ੱਕੀ ਵਿਅਕਤੀਆਂ ਨੂੰ ਰੋਕਿਆ ਗਿਆ।ਡੀਐੱਸਪੀ (ਸਿਟੀ) ਗੁਰਦਾਸਪੁਰ ਮੋਹਨ ਸਿੰਘ ਦੀ ਅਗਵਾਈ ਹੇਠ ਜਦੋਂ ਸ਼ੱਕੀਆਂ ਦੀ ਚੈਕਿੰਗ ਦੌਰਾਨ 2 ਕਿਲੋ 544 ਗ੍ਰਾਮ ਹੈਰੋਇੰਨ ਮਿਲੀ। ਪੁਲਸ ਨੇ ਮੌਕੇ ਤੋਂ ਦੋਸ਼ੀਆਂ ਦਾ ਪੈਸ਼ਨ ਪ੍ਰੋ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ।ਗ੍ਰਿਫ਼ਤਾਰ ਦੋਸ਼ੀਆਂ ਦਾ ਰਿਮਾਂਡ ਹਾਸਿਲ ਕਰਕੇ ਹੋਰ ਡੂੰਘਾਈ ਨਾਲ ਪੁੱਛ ਗਿਛ ਕੀਤਾ ਜਾਵੇਗੀ ਅਤੇ ਇਨ੍ਹਾਂ ਦੇ ਬੈਕਵਰਡ ਅਤੇ ਫਾਰਵਰਡ ਲਿੰਕ ਖੰਗਾਲੇ ਜਾਣਗੇ ।



ਆਮ ਆਦਮੀ ਪਾਰਟੀ ਐੱਸਸੀ ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾ. ਇੰਦਰ ਪਾਲ ਦੀ ਅਗਵਾਈ ਹੇਠ ਪਾਰਟੀ ਦਾ ਵਫ਼ਦ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੂੰ ਮਿਲਿਆ। ਵਫ਼ਦ ਨੇ ਡਿਪਟੀ ਕਮਿਸ਼ਨਰ ਨੂੰ ਲੋਕਾਂ ਦੀਆਂ ਮੁਸ਼ਕਲਾਂ ਦੱਸੀਆਂ ਤੇ ਉਨ੍ਹਾਂ ਨੇ ਮੁਸ਼ਕਲਾਂ ਹੱਲ ਕਰਨ ਦਾ ਭਰੋਸਾ ਦਿੱਤਾ। ਵਫ਼ਦ ਵੱਲੋਂ ਡਿਪਟੀ ਕਮਿਸ਼ਨਰ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ਼ਿਵਮ ਸਿੰਘ, ਮੁਖਵਿੰਦਰ ਸਿੰਘ, ਬਿਕਰਮਜੀਤ ਸਿੰਘ ਆਦਿ ਹਾਜ਼ਰ ਸਨ। (ਤਸਵੀਰ ਤੇ ਵੇਰਵਾ: ਮਨੋਜ ਕੁਮਾਰ)

## ਕਲਾ ਚੈਤੰਨਯਾ ਵੱਲੋਂ 'ਅੰਮ੍ਰਿਤ ਉਤਸਵ' ਅੱਜ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**-ਵਿਰਸਾ ਵਿਹਾਰ ਸੁਸਾਇਟੀ ਅੰਮ੍ਰਿਤਸਰ ਵੱਲੋਂ ਆਪਣੇ ਸਮਾਗਮਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਕਲਾ ਚੈਤੰਨਯਾ ਦਿੱਲੀ ਦੀ ਟੀਮ ਵੱਲੋਂ ਵਿਰਸਾ ਵਿਹਾਰ ਦੇ ਸਹਿਯੋਗ ਨਾਲ 'ਅੰਮ੍ਰਿਤ ਉਤਸਵ' ਦਾ ਆਯੋਜਨ 22 ਨਵੰਬਰ ਨੂੰ ਸ਼ਾਮ 6 ਵਜੇ ਸ੍ਰ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਹੋਵੇਗਾ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਵਿਰਸਾ ਵਿਹਾਰ ਦੇ ਪ੍ਰਧਾਨ ਕੇਵਲ ਧਾਲੀਵਾਲ ਅਤੇ ਸਮਾਗਮ ਕਨਵੀਨਰ ਰਸ਼ਮੀ ਨੰਦਾ ਨੇ ਕਿਹਾ ਕਿ ਇਸ ਕਲਾਸੀਕਲ ਨ੍ਰਿਤ ਸਮਾਗਮ ਵਿੱਚ ਦਿੱਲੀ ਤੋਂ ਰੁਚਿਕਾ ਬੱਗਾ, ਸੂਰਜ ਕੁਮਾਰ, ਵਿਸ਼ਵਦੀਪ, ਆਸਥਾ ਗੁਪਤਾ ਅਤੇ ਆਂਚਲ ਸ਼ਰਮਾ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ ਤੇ ਆਪਣੀ ਨ੍ਰਿਤ ਦੀਆਂ ਵੰਨਗੀਆਂ ਪੇਸ਼ ਕਰਨਗੇ।ਇਸ ਸਮਾਗਮ ਵਿੱਚ ਸਮੂਹ ਕਲਾ ਪ੍ਰੇਮੀਆ, ਨ੍ਰਿਤ ਪ੍ਰੇਮੀਆਂ ਅਤੇ ਦਰਸ਼ਕਾਂ ਨੂੰ ਹਾਰਦਿਕ ਸੱਦਾ ਹੈ।

## ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਨੇ ਵਿਦਿਆਰਥੀਆਂ ਨੂੰ ਧਾਰਮਿਕ ਟੂਰ ਕਰਵਾਇਆ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਭਰੋਵਾਲ ਦੇ ਵਿਦਿਆਰਥੀਆਂ ਨੂੰ ਧਾਰਮਿਕ ਅਤੇ ਇਤਿਹਾਸਕ ਵਿਰਸੇ ਨਾਲ ਜੋੜਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਧਾਰਮਿਕ ਟੂਰ ਲਗਾਇਆ ਗਿਆ।ਇਸ ਬਾਰੇ ਜਾਣਕਾਰੀ ਦਿੰਦਿਆਂ ਮੈਨੇਜਿੰਗ ਡਾਇਰੈਕਟਰ ਤਜਿੰਦਰ ਸਿੰਘ ਨੇ ਦੱਸਿਆ ਕਿ ਇਸ ਟੂਰ ਵਿੱਚ ਸਕੂਲ ਦੀ ਤੀਸਰੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਵਿਦਿਆਰਥੀ ਆਪਣੇ ਅਧਿਆਪਕ ਸਾਹਿਬਾਨ ਦੀ ਸੁਚੱਜੀ ਰਹਿਨੁਮਾਈ ਹੇਠ ਇਸ ਯਾਤਰਾ ਤੇ ਗਏ। ਅਧਿਆਪਕਾਂ ਨੇ ਟੂਰ ਦੌਰਾਨ ਵਿਦਿਆਰਥੀਆਂ ਨੂੰ ਇਤਿਹਾਸਕ ਸਥਾਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ।ਜਾਣਕਾਰੀ ਦਿੰਦੇ ਸੈਕਟਰੀ ਬਨਵੀਰ ਸਿੰਘ ਨੇ ਦੱਸਿਆ ਕਿ ਟੂਰ ਦੌਰਾਨ, ਵਿਦਿਆਰਥੀਆਂ ਨੂੰ ਖਾਸ ਕਰਕੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸ ਨਾਲ ਜੁੜੇ ਪਾਵਨ ਅਸਥਾਨਾਂ ਦੇ ਦਰਸ਼ਨ ਕਰਵਾਏ ਗਏ।ਵਿਦਿਆਰਥੀਆਂ ਨੇ ਇਸ ਮਹਾਨ ਇਤਿਹਾਸ ਨੂੰ ਬਹੁਤ ਕਰੀਬ ਤੋਂ ਦੇਖਿਆ ਅਤੇ ਮਹਿਸੂਸ ਕੀਤਾ।ਸਕੂਲ ਦੇ ਪ੍ਰਿੰਸੀਪਲ ਮੈਡਮ ਨਵਜੋਤੀ ਨੇ ਦੱਸਿਆ ਕਿ ਅਜਿਹੇ ਟੂਰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ ।ਇਸ ਮੌਕੇ ਕਮੇਟੀ ਮੈਂਬਰ ਮੈਡਮ ਸੰਗੀਤ ਕੌਰ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੇ ਵਿਦਿਅਕ ਅਤੇ ਧਾਰਮਿਕ ਟੂਰ ਜਾਰੀ ਰਹਿਣਗੇ।ਵਿਦਿਆਰਥੀਆਂ ਨੇ ਇਸ ਯਾਤਰਾ ਦਾ ਭਰਪੂਰ ਆਨੰਦ ਮਾਣਿਆ ਅਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।

## ਗੁਰਦਾਸਪੁਰ ਦੀਆਂ ਸੜਕਾਂ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ ਜਾਵੇਗੀ : ਰਮਨ ਬਹਿਲ

**ਗੁਰਦਾਸਪੁਰ, (ਦਿਨੇਸ਼ ਕੁਮਾਰ)**
ਰਮਨ ਬਹਿਲ ਹਲਕਾ ਇੰਚਾਰਜ ਗੁਰਦਾਸਪੁਰ ਵੱਲੋਂ ਗੁਰਦਾਸਪੁਰ ਵਾਸੀਆਂ ਨੂੰ ਸ਼ਾਨਦਾਰ ਤੋਹਫ਼ਾ ਦਿੱਤਾ ਗਿਆ ਹੈ।ਉਨ੍ਹਾਂ ਵਲੋਂ ਗੁਰਦਾਸਪੁਰ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕਰਦਿਆਂ 32 ਕਰੋੜ 55 ਲੱਖ 81 ਹਜ਼ਾਰ ਰੁਪਏ ਦੀ ਲਾਗਤ ਨਾਲ ਗੁਰਦਾਸਪੁਰ ਸ਼ਹਿਰ ਦੀਆਂ ਸੜਕਾਂ ਦੀ ਵਿਕਾਸ ਪੱਖੋਂ ਕਾਇਆ ਕਲਪ ਕਰਵਾਈ ਜਾਵੇਗੀ। ਉਨ੍ਹਾਂ ਆਪਣੇ ਦਫਤਰ ਵਿਖੇ ਆਪਣੀ ਟੀਮ ਦੀ ਮੌਜਦਗੀ ਵਿੱਚ ਪੱਤਰਕਾਰਾਂ ਨਾਲ ਗੱਲ ਕਰਦਿਆਂ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਵਿਚਲੀਆਂ ਪੀਡਬਲਿਊਡੀ ਅਧੀਨ ਆਉਂਦੀਆਂ 15.65 ਕਿਲੋਮੀਟਰ ਸੜਕਾਂ ਦਾ ਵਿਕਾਸ 23 ਕਰੋੜ 89 ਲੱਖ 73 ਹਜ਼ਾਰ ਰੁਪਏ ਦੀ ਲਾਗਤ ਨਾਲ ਕਰਵਾਇਆ ਜਾਵੇਗਾ ਜਿਸ ਸਬੰਧੀ ਐੱਫਡੀ ਵਿਭਾਗ ਤੋਂ ਮਨਜ਼ੂਰੀ ਮਿਲ ਗਈ ਹੈ ਅਤੇ ਜਲਦ ਟੈਂਡਰ ਲੱਗ ਜਾਵੇਗਾ।ਉਨ੍ਹਾਂ ਦੱਸਿਆ ਸੜਕਾਂ ਨੂੰ ਚੌੜਿਆਂ, ਮਜ਼ਬੂਤ ਕਰਨ ਤੋਂ ਇਲਾਵਾ ਸਾਇਡਾਂ ਤੇ ਇੰਟਰਲੋਕ ਟਾਇਲਾਂ ਲਗਾਈਆਂ ਜਾਣਗੀਆਂ।ਉਨ੍ਹਾਂ ਅੱਗੇ ਦੱਸਿਆ ਇਸ ਤੋਂ ਇਲਾਵਾ ਨਗਰ ਕੌਂਸਲ ਗੁਰਦਾਸਪੁਰ ਅਧੀਨ ਆਉਂਦੀਆਂ ਕਰੀਬ 7 ਕਿਲੋਮੀਟਰ ਸੜਕਾਂ ਦਾ ਨਿਰਮਾਣ ਵੀ ਕਰੀਬ 7 ਕਰੋੜ 88 ਲੱਖ ਰੁਪਏ ਦੀ ਲਾਗਤ ਨਾਲ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਸੜਕਾਂ ਦੀ ਮੁਰੰਮਤ ਵਿੱਚ ਪਾਰਦਰਸ਼ਤਾ ਤੇ ਜੁਆਬਦੇਹੀ ਨੂੰ ਲਿਆਉਣ ਲਈ ਟੈਂਡਰਾਂ ਵਿੱਚ ਇੱਕ ਨਵੀਂ ਮੱਦ ਜੋੜੀ ਹੈ ਜਿਸ ਤਹਿਤ ਜੋ ਠੇਕੇਦਾਰ ਸੜਕ ਬਣਾਵੇਗੀ ਉਹ ਪੰਜ ਸਾਲਾਂ ਲਈ ਸੜਕ ਦੀ ਮੇਨਟੀਨੈਂਸ ਲਈ ਵੀ ਜ਼ਿੰਮੇਵਾਰ ਹੋਵੇਗਾ।ਉਨ੍ਹਾਂ ਕਿਹਾ ਕਿ ਜੇਕਰ ਇਸ ਸਮੇਂ ਦੌਰਾਨ ਸੜਕ ਟੁੱਟਦੀ ਹੈ ਤਾਂ ਸੜਕ ਦੀ ਮੁਰੰਮਤ ਠੇਕੇਦਾਰ ਆਪਣੇ ਵੱਲੋਂ ਕਰੇਗਾ। ਰਮਨ ਬਹਿਲ ਨੇ ਕਿਹਾ ਕਿ ਇਹ ਸੰਪਰਕ ਸੜਕਾਂ ਬਣਨ ਨਾਲ ਹਲਕਾ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋਵੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੰਤਵ ਸੂਬੇ ਦਾ ਸਰਬਪੱਖੀ ਵਿਕਾਸ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੈ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਹੀ ਆਪਣੇ ਹਲਕੇ ਦੇ ਵਿਕਾਸ ਲਈ ਯਤਨਸ਼ੀਲ ਰਹੇ ਹਨ ਅਤੇ ਗੁਰਦਾਸਪੁਰ ਨੂੰ ਨੰਬਰ ਇੱਕ ਹਲਕਾ ਬਣਾਉਣਾ ਉਨ੍ਹਾਂ ਦਾ ਸੁਪਨਾ ਹੈ।ਉਨ੍ਹਾਂ ਦੱਸਿਆ ਕਿ ਸ਼ਹਿਰ ਨੂੰ ਹੋਰ ਸਾਫ ਸੁਥਰਾ ਰੱਖਣ ਅਤੇ ਸੀਵਰੇਜ ਦੀ ਸਮੱਸਿਆ ਦੇ ਹੱਲ ਲਈ ਲਗਾਤਾਰ ਯਤਨਸ਼ੀਲ ਹਨ ਅਤੇ ਐਸਟੀਪੀ ਵੀ ਪੰਜਾਬ ਸਰਕਾਰ ਦੀ ਦੇਣ ਹੈ ਅਤੇ ਉਹ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਵਚਨਬੱਧ ਹਨ।ਇਸ ਮੌਕੇ ਮਾਰਕੀਟ ਦੇ ਚੇਅਰਮੈਨ ਭਾਰਤ ਭੂਸ਼ਣ ਸ਼ਰਮਾ, ਇੰਪਰੂਵਮੈਂਟ ਟਰੱਸਟ ਦੇ ਮੈਂਬਰ ਰਘੁਬੀਰ ਸਿੰਘ ਖਾਲਸਾ , ਹਿਤੇਸ਼ ਮਹਾਜਨ, ਜਗਜੀਤ ਸਿੰਘ ਪਿੰਟਾ ਸਕੱਤਰ ਆਪ ਗੁਰਦਾਸਪੁਰ, ਆਮ ਆਦਮੀ ਪਾਰਟੀ ਦੇ ਟਰੇਡ ਵਿੰਗ ਦੇ ਕੋਆਰਡੀਨੇਟਰ ਰਾਜਿੰਦਰ ਨੰਦਾ, ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੈਅਰਮੈਨ ਨੀਰਜ ਸਲਹੋਤਰਾ, ਵਪਾਰ ਮੰਡਲ ਦੇ ਚੈਅਰਮੈਨ ਅਸ਼ੋਕ ਮਹਾਜਨ, ਪ੍ਰਧਾਨ ਰਵੀ ਮਹਾਜਨ ਆਦਿ ਮੌਜੂਦ ਸਨ।



## ਚਿੱਪ ਵਾਲੇ ਮੀਟਰਾਂ ਦੇ ਵਿਰੋਧ 'ਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਅਹਿਮ ਮੀਟਿੰਗ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਪਿੰਡ ਮਾਨ ਸੈਂਡਵਾਲ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਹੰਗਾਮੀ ਮੀਟਿੰਗ ਕੁਲਵਿੰਦਰ ਸਿੰਘ ਖਜ਼ਾਨਚੀ ਦੇ ਗ੍ਰਹਿ ਵਿਖੇ ਹੋਈ।ਇਸ ਮੀਟਿੰਗ ਵਿੱਚ ਬਿਜਲੀ ਬੋਰਡ ਦੇ ਨਿੱਜੀਕਰਨ ਦਾ ਮਸਲਾ ਉਠਾਇਆ ਗਿਆ ਜਿਸ ਤੇ ਪ੍ਰਧਾਨ ਮਲੂਕ ਸਿੰਘ ਨੇ ਕਿਹਾ ਕਿ ਪਿੰਡਾਂ ਵਿੱਚ ਜੋ ਚਿੱਪ ਵਾਲੇ ਮੀਟਰ ਲਗਾਏ ਜਾ ਰਹੇ ਹਨ ਦਾ ਅਸੀਂ ਪੁਰਜ਼ੋਰ ਵਿਰੋਧ ਕਰਦੇ ਹਾਂ ਕਿਉਂਕ ਇਹ ਮੀਟਰ ਆਮ ਲੋਕਾਂ ਦੀ ਜੇਬ 'ਤੇ ਵੱਡਾ ਬੋਝ ਬਣਨਗੇ।ਇਸ ਸੰਬੰਧੀ ਸਮੂਹ ਮੈਂਬਰਾਂ ਨੇ ਕਿਹਾ ਕਿ ਅਸੀਂ ਚਿੱਪ ਵਾਲੇ ਮੀਟਰ ਲਗਾਉਣ ਤੇ ਬਿਜਲੀ ਪ੍ਰਾਈਵੇਟ ਕਰਨ ਦਾ ਵੱਡੇ ਪੱਧਰ ਤੇ ਵਿਰੋਧ ਕਰਾਂਗੇ।ਇਸ ਲਈ ਪੰਜਾਬ ਪੱਧਰ 'ਤੇ ਦਸ ਦਸੰਬਰ ਨੂੰ ਇਹ ਮੀਟਰ ਉਤਾਰ ਕੇ ਬਿਜਲੀ ਬੋਰਡ ਦੇ ਦਫਤਰ ਵਿਖੇ ਸੌਂਪ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਬਿਜਲੀ ਬੋਰਡ ਵੱਲੋਂ ਜੋ ਪਿੰਡ ਪਿੰਡ ਚਿੱਪ ਵਾਲੇ ਮੀਟਰ ਲਗਾਏ ਜਾ ਰਹੇ ਨੇ ਉਹ ਅਸੀਂ ਹਰਗਿਜ਼ ਨਹੀਂ ਲੱਗਣ ਦੇਵਾਂਗਾ। ਇਸਦੇ ਨਾਲ ਹੀ ਜੋ ਬਿਜਲੀ ਬੋਰਡ ਦੇ ਅਧਿਕਾਰੀ ਖਪਤਕਾਰਾਂ ਦੀ ਮਰਜ਼ੀ ਤੋਂ ਬਿਨਾਂ ਇਹ ਮੀਟਰ ਨਾ ਲਗਾਉਣ।ਇਸ ਮੌਕੇ ਪ੍ਰਧਾਨ ਮਲੂਕ ਸਿੰਘ, ਬਲਵੰਤ ਸਿੰਘ ਵਾਇਸ ਪ੍ਰਧਾਨ, ਕੁਲਵਿੰਦਰ ਸਿੰਘ ਖਜ਼ਾਨਚੀ, ਬਾਬਾ ਬਲਵਿੰਦਰ ਸਿੰਘ, ਸਿਮਰਜੀਤ ਸਿੰਘ ਮੀਤ ਪ੍ਰਧਾਨ, ਲਖਵਿੰਦਰ ਸਿੰਘ ਮਾਨ, ਬਗੀਚਾ ਸਿੰਘ, ਨੱਥਾ ਸਿੰਘ, ਹਰਦੇਵ ਸਿੰਘ, ਗੁਰਨਾਮ ਸਿੰਘ ਲਾਭ ਸਿੰਘ ਆਦਿ ਹਾਜ਼ਰ ਸਨ।

## ਕਾਮਰੇਡ ਸੁਰਜੀਤ ਦੀ ਬਰਸੀ 'ਤੇ ਵੱਧ ਤੋਂ ਵੱਧ ਖੇਤ ਮਜ਼ਦੂਰਾਂ ਨੂੰ ਸ਼ਾਮਲ ਹੋਣ ਦਾ ਸੱਦਾ



**ਝਬਾਲ : (ਹਰਜਿੰਦਰ ਸਿੰਘ ਸੋਨੀ)**
ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤਹਿਸੀਲ ਬਾਬਾ ਬਕਾਲਾ ਦੀ ਮੀਟਿੰਗ ਪ੍ਰਧਾਨ ਕੁਲਦੀਪ ਸਿੰਘ ਜੱਬੋਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ 7 ਦਸੰਬਰ ਨੂੰ ਖੇਤ ਮਜ਼ਦੂਰਾਂ ਅਤੇ ਕਿਸਾਨਾਂ ਦੇ ਆਗੂ ਅਤੇ ਦੇਸ਼ ਭਗਤ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਦੀ ਬਰਸੀ ਜੋ ਉਨ੍ਹਾਂ ਦੇ ਜੱਦੀ ਪਿੰਡ ਬੰਡਾਲਾ ਵਿਖੇ ਮਨਾਈ ਜਾ ਰਹੀ ਹੈ, ਵਿੱਚ ਖੇਤ ਮਜ਼ਦੂਰਾਂ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ।ਸਾਥੀ ਝਬਾਲ ਨੇ ਜਥੇਬੰਦੀ ਦੀ ਮੈਂਬਰਸ਼ਿਪ ਅਤੇ ਪਿੰਡਾਂ ਵਿੱਚ ਯੂਨਿਟ ਚੋਣਾਂ ਕਰਵਾ ਕੇ ਤਹਿਸੀਲ ਦੀ ਕਾਨਫਰੰਸ ਦਸੰਬਰ ਦੇ ਮਹੀਨੇ ਵਿੱਚ ਕਰਾਉਣ ਦਾ ਫੈਸਲਾ ਕੀਤਾ।ਮੀਟਿੰਗ ਵਿੱਚ ਤਹਿਸੀਲ ਸੱਕਤਰ ਜਗੀਰ ਸਿੰਘ ਸਰਜਾ ਨੇ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਪਿੰਡਾਂ ਦੇ ਲੋਕਲ ਮਸਲਿਆਂ ਵੱਲ ਧਿਆਨ ਦੇਣ ਦੀ ਸਾਥੀਆਂ ਨੂੰ ਅਪੀਲ ਕੀਤੀ।ਮੀਟਿੰਗ ਵਿੱਚ ਸਾਥੀ ਕਰਤਾਰ ਸਿੰਘ ਛੱਜਲਵੱਡੀ, ਬਲਦੇਵ ਸਿੰਘ ਡੇਹਰੀਵਾਲਾ, ਜਸਬੀਰ ਸਿੰਘ ਬਿਆਸ, ਜਗਜੀਤ ਸਿੰਘ ਜਸਪਾਲ, ਕੁਲਦੀਪ ਸਿੰਘ ਮੱਤੇਪੁਰ, ਫ਼ਤਹਿ ਸਿੰਘ, ਸੁਖਵਿੰਦਰ ਸਿੰਘ ਜਸਪਾਲ, ਮਲਕੀਤ ਸਿੰਘ ਸੈਦਪੁਰ, ਗੰਗਾਧਰ ਮਹਿਤਾ, ਸੁਖਵਿੰਦਰ ਸਿੰਘ ਮਾਲੋਵਾਲ, ਬੱਗਾ ਸਿੰਘ, ਜਸਵੰਤ ਸਿੰਘ, ਸੰਤੋਖ ਸਿੰਘ ਤੇ ਹੋਰ ਬਹੁਤ ਸਾਰੇ ਵਰਕਰ ਹਾਜ਼ਰ ਸਨ।

## ਸਬਜ਼ੀ ਮੰਡੀ ਵੱਲਾ ਨੇੜੇ ਉਸਾਰੀ ਅਧੀਨ ਪੁਲ ਨੂੰ ਜਲਦੀ ਤੋਂ ਜਲਦੀ ਬਣਾਉਣ ਦੀ ਮੰਗ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**
ਕੁੱਲ ਹਿੰਦ ਕਿਸਾਨ ਸਭਾ ਪੰਜਾਬ ਅਤੇ ਸਬਜ਼ੀ ਉਤਪਾਦਿਕ ਕਿਸਾਨ ਜਥੇਬੰਦੀ ਜਿਲਾ ਅੰਮ੍ਰਿਤਸਰ ਸਬਜ਼ੀ ਮੰਡੀ (ਵੱਲਾ) ਅੰਮ੍ਰਿਤਸਰ ਵਿਖੇ ਸਬਜੀ ਉਤਪਾਦਿਕ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਸਬੰਧੀ ਮੀਟਿੰਗ ਕੀਤੀ ਗਈ।ਮੀਟਿੰਗ ਸਮੇਂ ਮੰਡੀ ਵਿੱਚ ਕੰਮ ਕਰਦੇ ਆੜ੍ਹਤੀਆਂ ਦੀ ਜਥੇਬੰਦੀ ਦੇ ਪ੍ਰਧਾਨ ਚਰਨਜੀਤ ਸਿੰਘ ਬੱਤਰਾ ਸਮੇਤ ਰਣਜੀਤ ਸਿੰਘ ਰਾਣਾ ਅਤੇ ਹਰਪ੍ਰੀਤ ਸਿੰਘ ਹੈਪੀ ਵੀ ਸ਼ਾਮਿਲ ਸਨ। ਸਬਜੀ ਉਤਪਾਦਕ ਕਿਸਾਨ ਜਥੇਬੰਦੀ ਦੇ ਆਗੂ ਲੱਖਬੀਰ ਸਿੰਘ ਨਿਜਾਮਪੁਰ, ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰਾ, ਤਰਸੇਮ ਸਿੰਘ ਜਨਰਲ ਸਕੱਤਰ ਨੇ ਇਸ ਸਮੇਂ ਮੰਡੀ ਅੰਦਰ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਦੱਸਿਆ। ਕਿਸਾਨਾਂ ਦੀਆਂ ਸਬਜੀਆਂ ਮਟਰ, ਫਲਾਸਬੀਨ ਦੇ ਤੋਲ ਅਤੇ ਰੇਟ ਤੇ ਵਿਚਾਰ ਕਰਨ ਤੋਂ ਬਾਅਦ ਆੜ੍ਹਤੀਆਂ ਅਤੇ ਲਦਾਨੀਆਂ ਨੇ ਯਕੀਨ ਦਿਵਾਇਆ ਕਿ 45 ਕਿਲੋ ਵਜ਼ਨ ਤੱਕ ਕੋਈ ਕਾਟ ਨਹੀਂ ਲੱਗੇਗੀ ਅਤੇ ਫਲਾਸਬੀਨ ਦਾ ਰੇਟ ਤਿੰਨ ਵਜੇ ਤੱਕ ਖੁੱਲੀ ਬੋਲੀ ਰਾਹੀਂ ਐਲਾਨ ਕੀਤਾ ਜਾਵੇਗਾ।ਮੰਡੀ ਅੰਦਰ ਪਹੁੰਚਣ ਵਾਲੇ ਕਿਸਾਨ ਵੀਰਾਂ ਨੂੰ ਟਰੈਫਿਕ ਦੀ ਸਮੱਸਿਆ ਸਬੰਧੀ ਆ ਰਹੀ ਮੁਸ਼ਕਲ ਸਬੰਧੀ ਫੈਸਲਾ ਕੀਤਾ ਗਿਆ ਸਾਰੇ ਕਿਸਾਨ ਸਹੀ ਰਸਤੇ ਰਾਹੀਂ ਫਲਾਈਓਵਰ ਦੇ ਥੱਲਿਓਂ ਮੰਡੀ ਅੰਦਰ ਪਹੁੰਚਣ ਅਤੇ ਫਸਲ ਵੇਚਣ ਤੋਂ ਬਾਅਦ ਮੰਡੀ ਤੋਂ ਬਾਹਰ ਵੱਲਾ ਸਾਹਿਬ ਸੜਕ ਰਾਹੀਂ ਵਾਪਿਸ ਜਾਣ ਤੇ ਟਰੈਫਿਕ ਦੀ ਸਮੱਸਿਆ ਦਾ ਹੱਲ ਹੋ ਜਾਵੇਗਾ।ਉਨ੍ਹਾਂ ਕਿਹਾ ਜੇਕਰ ਕੋਈ ਕਿਸਾਨ ਗਲਤ ਰਸਤੇ ਰਾਹੀਂ ਮੰਡੀ ਅੰਦਰ ਦਾਖਲ ਹੋਵੇ ਤਾਂ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।ਜਥੇਬੰਦੀ ਨੇ ਜਿਲਾ ਪ੍ਰਸ਼ਾਸ਼ਨ ਅਤੇ ਐੱਨਐੱਚਆਈ ਕੋਲੋਂ ਮੰਗ ਕੀਤੀ ਗਈ ਕਿ ਵੱਲੇ ਪਿੰਡ ਕੋਲ ਬਾਈਪਾਸ ਤੇ ਬਣ ਰਹੇ ਪੁਲ ਦਾ ਨਿਰਮਾਣ ਕਈ ਚਿਰ ਤੋਂ ਬੰਦ ਹੈ।ਜਿਸ ਕਾਰਨ ਮੰਡੀ ਅੰਦਰ ਪਹੁੰਚਣ ਅਤੇ ਵਾਪਿਸ ਜਾਣ ਸਮੇਂ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਕਿਸਾਨੀ ਦਾ ਵੱਡਾ ਹਿੱਸਾ ਆਪਣੀਆਂ ਸਬਜ਼ੀ ਮੰਡੀ ਅੰਦਰ ਲਿਆਉਣ ਦੀ ਜਗ੍ਹਾ ਆਪਣੇ ਖੇਤਾਂ ਅੰਦਰੋਂ ਹੀ ਪ੍ਰਾਈਵੇਟ ਵਪਾਰੀਆਂ ਨੂੰ ਵੇਚ ਦਿੰਦਾ ਹੈ, ਜਿਸ ਨਾਲ ਵੱਡੇ ਪੱਧਰ ਤੇ ਮਾਰਕੀਟ ਫੀਸ ਦੀ ਚੋਰੀ ਹੁੰਦੀ ਹੈ।ਆਗੂਆਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ, ਜ਼ਿਲ੍ਹਾ ਮੰਡੀ ਅਫਸਰ ਅਤੇ ਸਕੱਤਰ ਮਾਰਕੀਟ ਕਮੇਟੀ ਮੰਡੀ ਅੰਦਰ ਸਫਾਈ ਅਤੇ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਵਾਲੇ ਪਾਸੇ ਕੋਈ ਧਿਆਨ ਨਹੀਂ ਦੇ ਰਹੇ।ਜਥੇਬੰਦੀ ਨੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਕਿ ਵੱਲੇ ਪੁਲ ਦੇ ਕੰਮ ਨੂੰ ਤੁਰੰਤ ਮੁਕੰਮਲ ਕਰਨ ਵੱਲ ਧਿਆਨ ਦਿੱਤਾ ਜਾਵੇ ਅਤੇ ਵੱਲਾ ਪਿੰਡ ਕੋਲ ਬਣੇ ਪਹਿਲੇ ਪੁਲਾਂ ਨੂੰ ਚਾਲੂ ਕੀਤਾ ਜਾਵੇ।ਟਰੈਫਿਕ ਦੀ ਸਮੱਸਿਆ ਦੇ ਹੱਲ ਵਾਸਤੇ ਟ੍ਰੈਫਿਕ ਪੁਲਸ ਤਾਇਨਾਤ ਕੀਤੀ ਜਾਵੇ।ਜੇਕਰ ਮੰਡੀ ਬੋਰਡ ਦੇ ਅਧਿਕਾਰੀਆਂ ਨੇ ਇਨ੍ਹਾਂ ਮੁਸ਼ਕਲਾਂ ਦੇ ਹੱਲ ਵੱਲ ਧਿਆਨ ਨਾ ਦਿੱਤਾ ਤਾਂ ਜਥੇਬੰਦੀ ਸੰਘਰਸ਼ ਕਰਨ ਲਈ ਮਜਬੂਰ ਹੋਵਗੀ ਜਿਸ ਵਿੱਚ ਇਨ੍ਹਾਂ ਅਧਿਕਾਰੀਆਂ ਦੇ ਪੁਤਲੇ ਫੂਕਣ ਅਤੇ ਦਫਤਰਾਂ ਸਾਹਮਣੇ ਧਰਨਾ ਦਿੱਤਾ ਜਾਵੇਗਾ।ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਜਥੇਬੰਦੀ ਦੇ ਆਗੂ ਕਰਨੈਲ ਸਿੰਘ ਨਵਾਂ ਪਿੰਡ, ਮਹਿਲ ਸਿੰਘ, ਪ੍ਰਤਾਪ ਸਿੰਘ ਛਾਪਾ, ਜਸਪਾਲ ਸਿੰਘ ਸਾਬਕਾ ਸਰਪੰਚ, ਜਸਵਿੰਦਰ ਸਿੰਘ ਨਬੀਪੁਰ, ਧਰਮਿੰਦਰ ਸਿੰਘ ਕਿਲਾ, ਮੰਗਲ ਸਿੰਘ ਖਜਾਲਾ, ਮਲਕੀਤ ਸਿੰਘ ਅਤੇ ਗੁਰਮੇਜ ਸਿੰਘ ਮੱਖਣ ਵਿੰਡੀ ਨੇ ਹਿੱਸਾ ਲਿਆ।

## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ 'ਤੇ ਕੀਤੀ ਫੁੱਲਾਂ ਦੀ ਵਰਖਾ



**ਫਿਲੌਰ, (ਨਿਰਮਲ)**- ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ, ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰੇ ਦੀ ਅਗਵਾਈ ਦੇ ਵਿੱਚ ਗੁਰਦੁਆਰਾ ਸ੍ਰੀ ਤਖਤਗੜ੍ਹ ਸਾਹਿਬ ਫਿਲੌਰ ਦੀ ਪ੍ਰਬੰਧਕ ਕਮੇਟੀ, ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਜਾਇਆ । ਇਸ ਮੌਕੇ ਕੀਰਤਨੀ ਅਤੇ ਢਾਡੀ ਜੱਥਿਆ ਨੇ ਗੁਰੂ ਸਾਹਿਬ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ, ਇਸ ਮੌਕੇ ਗਤਕਾ ਪਾਰਟੀਆਂ ਵੱਲੋਂ ਗਤਕੇ ਦੇ ਜ਼ੌਹਰ ਦਿਖਾਏ ਗਏ, ਨਗਰ ਕੀਰਤਨ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਾਨੀ ਸੱਜਣਾ ਤੇ ਵਿਸ਼ੇਸ਼ ਸ਼ਖਸ਼ੀਅਤਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨ ਕੀਤਾ, ਇਸ ਮੌਕੇ ਪ੍ਰਦੀਪ ਸਿੰਘ ਦੁਸਾਂਝ, ਬਾਬਾ ਸੁਖਵਿੰਦਰ ਸਿੰਘ ਸੰਧੂ , ਰਾਜਾ ਅਟਵਾਲ, ਰਜਿੰਦਰ ਸੰਧੂ ਸੀਨੀਅਰ ਕਾਂਗਰਸੀ ਆਗੂ ਹਲਕਾ ਫਿਲੌਰ, ਮਨਦੀਪ ਸਿੰਘ ਸਾਹਪੁਰ ਮੀਡੀਆ ਕੋਆਰਡੀਨੇਟਰ ਹਲਕਾ ਫਿਲੌਰ, ਜਰਨੈਲ ਸਿੰਘ ਮੋਤੀਪੁਰ ਖਾਲਸਾ, ਅਮਰੀਕ ਸਿੰਘ ਬਿੱਟੂ, ਇਲਾਕੇ ਦੀਆਂ ਵਿਸ਼ੇਸ਼ ਸ਼ਖਸ਼ੀਅਤਾਂ ਤੇ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

## ਐੱਮ ਐੱਮ ਐੱਸ ਰਾਜ ਪੱਧਰੀ ਕ੍ਰਿਸਮਸ ਮਨਾਉਣ ਲਈ ਪੰਜਾਬ ਸਰਕਾਰ ਨਾਲ ਸੰਪਰਕ ਕਰੇਗੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**
ਇਸ ਸਾਲ ਰਾਜ ਪੱਧਰੀ ਕ੍ਰਿਸਮਸ ਮਨਾਉਣ ਦੀ ਮੰਗ ਕਰਦੇ ਹੋਏ, ਅਧਿਆਤਮਿਕ ਵਿਕਾਸ, ਸਮਾਜਿਕ ਭਲਾਈ ਅਤੇ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਲਈ ਸਮਰਪਿਤ ਇੱਕ ਛਤਰੀ ਸੰਸਥਾ, ਮਸੀਹੀ ਮਹਾਂ ਸਭਾ (ਐਮਐਮਐਸ) ਨੇ ਇਸ ਸਬੰਧ ਵਿੱਚ ਪੰਜਾਬ ਸਰਕਾਰ ਨਾਲ ਸੰਪਰਕ ਕਰਨ ਦਾ ਫੈਸਲਾ ਕੀਤਾ ਹੈ। ਇਹ ਫੈਸਲਾ ਐਮਐਮਐਸ ਦੇ ਕਨਵੀਨਰ ਅਤੇ ਰੋਮਨ ਕੈਥੋਲਿਕ ਚਰਚ ਦੇ ਫਾਦਰ ਵਿਲੀਅਮ ਸਹੋਤਾ ਅਤੇ ਐਮਐਮਐਸ ਦੇ ਸਹਿ-ਕਨਵੀਨਰ ਅਤੇ ਸਕੱਤਰ, ਅੰਮ੍ਰਿਤਸਰ ਡਾਇਓਸੀਸਨ ਟਰੱਸਟ ਐਸੋਸੀਏਸ਼ਨ, ਡਾਇਓਸਿਸ ਆਫ ਅੰਮ੍ਰਿਤਸਰ, ਚਰਚ ਆਫ਼ ਨੌਰਥ ਇੰਡੀਆ, ਡੈਨੀਅਲ ਬੀ ਦਾਸ ਦੀ ਪ੍ਰਧਾਨਗੀ ਹੇਠ ਐਮਐਮਐਸ ਦੀ ਇੱਕ ਮੀਟਿੰਗ ਦੌਰਾਨ ਲਿਆ ਗਿਆ। ਫਾਦਰ ਵਿਲੀਅਮ ਸਹੋਤਾ ਨੇ ਕਿਹਾ, "ਪ੍ਰਭੂ ਯਿਸੂ ਮਸੀਹ ਦੇ ਜਨਮ ਦੀ ਯਾਦ ਵਿੱਚ ਮਨਾਇਆ ਜਾਣ ਵਾਲਾ ਕ੍ਰਿਸਮਸ, ਪੰਜਾਬ ਸਮੇਤ ਦੁਨੀਆ ਭਰ ਦੇ ਈਸਾਈਆਂ ਲਈ ਸਭ ਤੋਂ ਮਹੱਤਵਪੂਰਨ ਤਿਉਹਾਰਾਂ ਵਿੱਚੋਂ ਇੱਕ ਹੈ। ਇਸ ਲਈ, ਅਸੀਂ ਇਸ ਸਾਲ ਰਾਜ ਪੱਧਰੀ ਜਸ਼ਨ ਮਨਾਉਣ ਲਈ ਪੰਜਾਬ ਸਰਕਾਰ ਨਾਲ ਸੰਪਰਕ ਕਰਨ ਦਾ ਫੈਸਲਾ ਕੀਤਾ ਹੈ।" ਕ੍ਰਿਸਮਸ ਦੇ ਜਸ਼ਨ ਤੋਂ ਇਲਾਵਾ, ਮੀਟਿੰਗ ਵਿੱਚ ਐੱਮਐੱਮਐੱਸ ਨੂੰ ਮਜ਼ਬੂਤ ਕਰਨ ਅਤੇ ਪਿੰਡ ਅਤੇ ਜ਼ਿਲ੍ਹਾ ਪੱਧਰੀ ਇਕਾਈਆਂ ਰਾਹੀਂ ਇਸਦੀ ਪਹੁੰਚ ਵਧਾਉਣ ਬਾਰੇ ਵੀ ਚਰਚਾ ਕੀਤੀ ਗਈ ਤਾਂ ਜੋ ਪੰਜਾਬ ਦੇ ਈਸਾਈ ਭਾਈਚਾਰੇ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ ਨੂੰ ਹੱਲ ਕੀਤਾ ਜਾ ਸਕੇ ਅਤੇ ਉਨ੍ਹਾਂ ਨੂੰ ਸਰਕਾਰੀ ਲਾਭ ਪ੍ਰਾਪਤ ਹੋਣ ਨੂੰ ਯਕੀਨੀ ਬਣਾਇਆ ਜਾ ਸਕੇ। ਮੀਟਿੰਗ ਨੇ ਪੰਜਾਬ ਦੇ ਈਸਾਈ ਭਾਈਚਾਰੇ, ਜੋ ਕਿ ਘੱਟ ਗਿਣਤੀ ਹੈ, ਨੂੰ ਦਰਪੇਸ਼ ਸਾਂਝੇ ਮੁੱਦਿਆਂ ਨੂੰ ਹੱਲ ਕਰਨ ਲਈ ਇੱਕ ਸਾਂਝੀ ਆਵਾਜ਼ ਦੀ ਜ਼ਰੂਰਤ ਨੂੰ ਮਾਨਤਾ ਦਿੱਤੀ। ਡੈਨੀਅਲ ਬੀ ਦਾਸ ਨੇ ਕਿਹਾ ਕਿ ਹੁਣ ਤੱਕ, ਸਿਰਫ ਪੰਜ ਮੁੱਖ ਚਰਚ-ਰੋਮਨ ਕੈਥੋਲਿਕ, ਚਰਚ ਆਫ਼ ਨੌਰਥ ਇੰਡੀਆ, ਸੈਵਨਥ-ਡੇ ਐਡਵੈਂਟਿਸਟ, ਮੈਥੋਡਿਸਟ ਅਤੇ ਸਾਲਵੇਸ਼ਨ ਆਰਮੀ ਹੀ ਐੱਮਐੱਮਐੱਸ ਦਾ ਹਿੱਸਾ ਹਨ। ਸਾਨੂੰ ਉਮੀਦ ਹੈ ਕਿ ਹੋਰ ਈਸਾਈ ਸਮੂਹ ਵੀ ਜਲਦੀ ਹੀ ਇਸ ਛਤਰੀ ਸੰਸਥਾ ਵਿੱਚ ਸ਼ਾਮਲ ਹੋਣਗੇ। ਇਹ ਮੀਟਿੰਗ ਜੋ ਕਿ ਰੋਮਨ ਕੈਥੋਲਿਕ ਚਰਚ ਦੇ ਫਾਦਰ ਮਾਈਕਲ ਦੀ ਪ੍ਰਾਰਥਨਾ ਨਾਲ ਸ਼ੁਰੂ ਹੋਈ ਸੀ, ਰੇਵ ਰਜਨੀ ਬਾਲਾ ਦੀ ਸਮਾਪਤੀ ਪ੍ਰਾਰਥਨਾ ਨਾਲ ਸਮਾਪਤ ਹੋਈ। ਇਸ ਮੀਟਿੰਗ ਵਿੱਚ ਮਹਿਲਾ ਕਮਿਸ਼ਨ ਪੰਜਾਬ ਦੀ ਉਪ-ਪ੍ਰਧਾਨ ਗੀਤਾ ਗਿੱਲ, ਕ੍ਰਿਸ਼ਚੀਅਨ ਵੇਲਫ਼ੇਯਰ ਬੋਰਡ ਦੇ ਚੇਅਰਮੈਨ ਡੈਨੀਅਲ ਮਸੀਹ, ਕ੍ਰਿਸ਼ਚੀਅਨ ਵੇਲਫ਼ੇਯਰ ਬੋਰਡ ਦੇ ਸਾਬਕਾ ਚੇਅਰਮੈਨ ਅਮਨਦੀਪ ਗਿੱਲ, ਕ੍ਰਿਸ਼ਚੀਅਨ ਵੇਲਫ਼ੇਯਰ ਬੋਰਡ ਦੇ ਸਾਬਕਾ ਉਪ-ਚੇਅਰਮੈਨ ਤਰਸੇਮ ਸਹੋਤਾ, ਰਾਕੇਸ਼ ਵਿਲੀਅਮ, ਅਲਬਰਟ ਦੁਆ, ਸੁਭਾਸ਼ ਥੋਬਾ, ਸਾਬਕਾ ਮੈਂਬਰ ਘੱਟ ਗਿਣਤੀ ਕਮਿਸ਼ਨ, ਵਿਜੇ ਗਿੱਲ, ਘੱਟ ਗਿਣਤੀ ਕਮਿਸ਼ਨ ਦੇ ਉਪ-ਚੇਅਰਮੈਨ ਵੀ ਮੌਜੂਦ ਸਨ।

## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ ਕਰਵਾਇਆ



**ਨਕੋਦਰ (ਮਨਜੀਤ ਮਾਨ)**-ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਜ਼ਿਲ੍ਹਾ ਪੱਧਰੀ ਸੈਮੀਨਾਰ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਜਲੰਧਰ ਵਿਖੇ ਕਰਵਾਇਆ ਗਿਆ। ਇਸ ਸੈਮੀਨਾਰ ਦੀ ਸ਼ੁਰੂਆਤ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਲਾਡੋਵਾਲੀ ਰੋਡ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਨਾਲ ਕੀਤੀ। ਇਸ ਮੌਕੇ ਡਾਕਟਰ ਗੁਰਿੰਦਰਜੀਤ ਕੌਰ ਜ਼ਿਲ੍ਹਾ ਸਿੱਖਿਆ ਅਫਸਰ (ਸਕੰਡਰੀ) ਜਲੰਧਰ ਨੇ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਦੇ ਜ਼ਿਲ੍ਹਾ ਨੋਡਲ ਅਫਸਰ ਪ੍ਰਿੰਸੀਪਲ ਸੁਨੀਤਾ ਸਹੋਤਾ ਰੰਧਾਵਾ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਇਸ ਸੈਮੀਨਾਰ ਵਿੱਚ ਜ਼ਿਲ੍ਹੇ ਦੇ 17 ਬਲਾਕਾਂ ਵਿੱਚੋਂ 14 ਬਲਾਕਾਂ ਦੇ ਵਿਦਿਆਰਥੀਆਂ ਨੇ ਭਾਸ਼ਣ ਪ੍ਰਯੋਗਤਾ ਵਿੱਚ ਹਿੱਸਾ ਲਿਆ। ਪ੍ਰਿੰਸੀਪਲ ਸੁਨੀਤਾ ਸਹੋਤਾ ਰੰਧਾਵਾ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਭਾਸ਼ਣ ਮੁਕਾਬਲੇ ਵਿੱਚ ਜਸਲੀਨ ਕੌਰ ਸੀਨੀਅਰ ਸੈਕੰਡਰੀ ਸਕੂਲ ਬਿਨ ਪਾਲ ਕੇ ਬਲਾਕ ਆਦਮਪੁਰ ਨੇ ਪਹਿਲਾ ਸਥਾਨ ਹਾਸਿਲ ਕੀਤਾ ਗੁਲਸ਼ਨਪ੍ਰੀਤ ਕੌਰ ਸੀਨੀਅਰ ਸੈਕੰਡਰੀ ਸਕੂਲ ਕੁਲਾਰ ਨੇ ਦੂਜਾ ਸਥਾਨ ਹਾਸਿਲ ਕੀਤਾ ਬਲਾਕ ਸ਼ਾਹਕੋਟ ਏਕ ਨੂਰ ਕੌਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਸਤੀ ਸ਼ੇਖ ਨੇ ਤੀਜਾ ਸਥਾਨ ਹਾਸਲ ਕੀਤਾ ਜੱਜ ਦੀ ਭੂਮਿਕਾ ਅਮਨਦੀਪ ਕੌਰ ਕੁਲਵਿੰਦਰ ਕੌਰ ਅਤੇ ਨੀਨਾ (ਸਾਰੇ ਲੈਕਚਰਾਰ) ਨੇ ਨਿਭਾਈ।

## ਐਕਸੀਅਨ ਦੇ ਦਫ਼ਤਰ ਨੂੰ ਅੰਮ੍ਰਿਤਸਰ ਵਿਖੇ ਨਾ ਬਦਲਿਆ ਜਾਵੇ : ਜਮਹੂਰੀ ਕਿਸਾਨ ਸਭਾ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**
ਐਕਸੀਅਨ ਦੇ ਦਫ਼ਤਰ ਨੂੰ ਅਜਨਾਲਾ ਤੋਂ ਅੰਮ੍ਰਿਤਸਰ ਵਿਖੇ ਨਾ ਬਦਲਿਆ ਜਾਵੇ ਅਤੇ ਬਿਜਲੀ ਬਿੱਲ-2025 ਵਾਪਿਸ ਲਿਆ ਜਾਵੇ। ਇਹ ਮੰਗ ਪਿੰਡ ਕਾਮਲਪੁਰਾ ਵਿਖੇ ਹੰਗਾਮੀ ਬੁਲਾਈ ਗਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਐੱਸਕੇਐੱਮ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਕੀਤੀ। ਉਨ੍ਹਾਂ ਦੱਸਿਆ ਕਿ ਇਸ ਬਿੱਲ ਦਾ ਦੇਸ਼ ਭਰ ਵਿੱਚ ਵਿਆਪਕ ਵਿਰੋਧ ਹੋਇਆ ਜਿਸ ਵਿਚ ਪੰਜਾਬ ਨੇ ਇਸ ਬਿੱਲ ਨੂੰ ਕਾਫੀ ਲੰਮਾਂ ਸਮਾਂ ਲਾਗੂ ਨਹੀਂ ਹੋਣ ਦਿੱਤਾ! ਡਾ. ਅਜਨਾਲਾ ਨੇ ਦੱਸਿਆ ਕਿ ਇਹ ਬੀਜੇਪੀ ਦੀ ਮੋਦੀ ਸਰਕਾਰ ਜਿਹੜੀ ਦੇਸ਼ ਦੇ ਹਰ ਖ਼ਜ਼ਾਨੇ ਕਾਰਪੋਰੇਟ ਹੱਥਾਂ ਵਿੱਚ ਸੌਂਪ ਰਹੀ ਹੈ, ਉਸ ਨੇ ਨਵੇਂ ਰੂਪ ਵਿੱਚ ਬਿਜਲੀ ਬਿੱਲ-2025 ਲਿਆਂਦਾ। ਜੇਕਰ ਇਹ ਬਿੱਲ ਲਾਗੂ ਹੋ ਗਿਆ ਤਾਂ ਬਿਜਲੀ ਤੇ ਮਿਲਦੀ ਹਰ ਪ੍ਰਕਾਰ ਦੀ ਸਬਸਿਡੀ ਖਤਮ ਹੋ ਜਾਵੇਗੀ ਅਤੇ ਇੱਥੋਂ ਤੱਕ ਕਿ ਕਰਾਸ ਸਬਸਿਡੀ ਦੀ ਅਵਸਥਾ ਵੀ ਖ਼ਤਮ ਕਰ ਦਿੱਤੀ ਗਈ ਹੈ ਜਿਸ ਕਾਰਨ ਬਿਜਲੀ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਜਾਵੇਗੀ! ਇਸ ਬਿੱਲ ਬਿਜਲੀ ਬਜਾਏ 1948 ਦਾ ਐਕਟ ਮੁੜ ਲਿਆਂਦਾ ਜਾਵੇ, ਮੀਟਿੰਗ ਵਿੱਚ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਵੱਲੋਂ ਅਜਨਾਲਾ ਦੇ ਐਕਸੀਅਨ ਦੇ ਦਫ਼ਤਰ ਨੂੰ ਅੰਮ੍ਰਿਤਸਰ ਵਿਖੇ ਤਬਦੀਲੀ ਕਰਨ ਵਿਰੁੱਧ ਮਤਾ ਪਾਸ ਕੀਤਾ ਗਿਆ ਅਤੇ ਪੁਰਜ਼ੋਰ ਮੰਗ ਕੀਤੀ ਗਈ ਕਿ ਲੋਕਾਂ ਦੀ ਸਹੂਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਐਕਸੀਅਨ ਦਾ ਦਫ਼ਤਰ ਅੰਮ੍ਰਿਤਸਰ ਵਿਖੇ ਤਬਦੀਲ ਨਾ ਕੀਤਾ ਜਾਵੇ। ਜੇਕਰ ਅਜਿਹਾ ਨਾ ਹੋਇਆ ਤਾਂ ਕਿਸਾਨ ਜਥੇਬੰਦੀਆਂ ਵੱਡਾ ਸੰਘਰਸ਼ ਲਾਮਬੰਦ ਕਰਨਗੀਆਂ ਅਤੇ ਕਾਲੇ ਬਿੱਲ ਨੂੰ ਵਾਪਸ ਕਰਵਾਉਣ ਲਈ 26 ਨਵੰਬਰ ਨੂੰ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਮੁਤਾਬਿਕ ਵੱਡਾ ਇਕੱਠ ਕੀਤਾ ਜਾ ਰਿਹਾ ਹੈ ਜਿਸ ਦੀਆਂ ਤਿਆਰੀਆਂ ਪੂਰੇ ਜ਼ੋਰਾਂ ਤੇ ਹਨ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਇਸ ਇਲਾਕੇ 'ਚੋਂ ਵੱਡੀ ਗਿਣਤੀ ਵਿਚ ਕਿਸਾਨ ਮਜ਼ਦੂਰ ਚੰਡੀਗੜ੍ਹ ਪਹੁੰਚਣਗੇ। ਮੀਟਿੰਗ ਦੀ ਪ੍ਰਧਾਨਗੀ ਤਰਸੇਮ ਸਿੰਘ ਕਾਮਲਪੁਰਾ ਨੇ ਕੀਤੀ ਜਿਸ ਵਿਚ ਹਰਦੀਪ ਸਿੰਘ, ਰਾਜਪਾਲ ਸਿੰਘ, ਰਸ਼ਪਾਲ ਸਿੰਘ ਗੋਲਡੀ, ਸੁਰਜੀਤ ਕੌਰ, ਗੁਰਵਿੰਦਰ ਸਿੰਘ ਸਮੂਹ ਕਾਮਲਪੁਰਾ ਤੋਂ ਇਲਾਵਾ ਰੇਸ਼ਮ ਸਿੰਘ ਭੂਰੇ ਗਿੱਲ, ਬਲਤੇਜ ਸਿੰਘ ਦਿਆਲਪੁਰਾ, ਹਰਨੇਕ ਸਿੰਘ ਨੇਪਾਲ ਨੇ ਸ਼ਿਰਕਤ ਕੀਤੀ।

22-Nov-PAGE-12.qxd 11/21/2025 10:59 PM Page 1



## ਜਨਮ ਦਿਨ ਮੁਬਾਰਕ



ਅਵਦੀਪ ਕੌਰ, ਸੁਨਾਮ



ਹਨੀ ਸਿੰਘ, ਮਹਿਤਪੁਰ (ਜਲੰਧਰ)

# ਖੇਡ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਸੁਲਤਾਨਪੁਰ ਲੋਧੀ, (ਹਨੀ)** ਫਾਰਕਨ ਇੰਟਰਨੈਸ਼ਨਲ ਸਕੂਲ ਵਿਖੇ ਆਯੋਜਿਤ ਹੋਣ ਵਾਲੇ ਖੇਡ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਦੱਸਿਆ ਕਿ ਸਕੂਲ ਵਿੱਚ ਹੋ ਰਹੇ ਖੇਡ ਮੇਲੇ ਸੰਬੰਧੀ ਵਿਦਿਆਰਥੀਆਂ ਦੀ ਪ੍ਰੈਕਟਿਸ ਜ਼ੋਰਾਂ 'ਤੇ ਚੱਲ ਰਹੀ ਹੈ। ਸਵੇਰੇ ਦੀ ਐਸੰਬਲੀ ਤੋਂ ਬਾਅਦ ਵਿਦਿਆਰਥੀਆਂ ਨੂੰ ਵੱਖ-ਵੱਖ ਖੇਡਾਂ ਜਿਵੇਂ ਦੌੜਾਂ, ਫੁੱਟਬਾਲ, ਵਾਲੀਬਾਲ, ਬਾਸਕਟਬਾਲ ਆਦਿ ਦੀ ਪ੍ਰੈਕਟਿਸ ਲਈ ਮੈਦਾਨ ਵਿੱਚ ਭੇਜਿਆ ਜਾ ਰਿਹਾ ਹੈ। ਖੇਡ ਅਧਿਆਪਕ ਵੱਲੋਂ ਵਿਦਿਆਰਥੀਆਂ ਨੂੰ ਤਕਨੀਕੀ ਤਰ੍ਹਾਂ ਤਿਆਰ ਕੀਤਾ ਜਾ ਰਿਹਾ ਹੈ ਅਤੇ ਹਰ ਕਲਾਸ ਦੇ ਲਈ ਵੱਖਰੇ ਸਮੇਂ ਮੁਤਾਬਕ ਪ੍ਰੈਕਟਿਸ ਸ਼ੈਡਿਊਲ ਤਿਆਰ ਕੀਤਾ ਗਿਆ ਹੈ। ਵਿਦਿਆਰਥੀ ਉਤਸ਼ਾਹ ਅਤੇ ਜਨੂੰਨ ਨਾਲ ਰੋਜ਼ਾਨਾ ਅਭਿਆਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਨਾ ਸਿਰਫ਼ ਸਰੀਰ ਤੰਦਰੁਸਤ ਰਹਿੰਦਾ ਹੈ, ਬਲਕਿ ਬੱਚਿਆਂ ਵਿੱਚ ਟੀਮਵਰਕ, ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਵੀ ਵਧਦਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਇਸ ਵਾਰ ਸਮਾਗਮ ਵਿੱਚ ਨਵੀਆਂ ਐਥਲੈਟਿਕ ਅਤੇ ਮਨੋਰੰਜਕ ਖੇਡਾਂ ਸ਼ਾਮਲ ਕੀਤੀਆਂ ਜਾ ਰਹੀਆਂ ਹਨ। ਮੈਦਾਨ ਵਿੱਚ ਟਰੈਕ ਬਣਾਉਣ, ਸਾਜ਼ੋ-ਸਮਾਨ ਦੀ ਜਾਂਚ ਅਤੇ ਖੇਡਾਂ ਦੇ ਨਿਯਮਾਂ ਬਾਰੇ ਜਾਣਕਾਰੀ ਦੇਣ ਦਾ ਕੰਮ ਵੀ ਜਾਰੀ ਹੈ। ਸਾਰੇ ਅਧਿਆਪਕ ਅਤੇ ਵਿਦਿਆਰਥੀ ਮਿਲਜੁਲ ਕੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਤਿਆਰੀ ਕਰ ਰਹੇ ਹਨ।



# ਚੱਬੇਵਾਲ ਹਲਕੇ ਦੇ 70 ਪਿੰਡਾਂ ਨੂੰ ਵਿਕਾਸ ਕਾਰਜਾਂ ਲਈ 2.50 ਕਰੋੜ ਜਾਰੀ : ਡਾ. ਇਸ਼ਾਂਕ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਸਿੰਘ)**- ਵਿਧਾਨ ਸਭਾ ਹਲਕਾ ਚੱਬੇਵਾਲ ਦਾ ਸਰਵਪੱਖੀ ਵਿਕਾਸ ਕਰਵਾਉਣਾ ਹੀ ਮੇਰੀ ਤਰਜੀਹ ਹੈ ਅਤੇ ਇਸ ਟੀਚੇ ਨੂੰ ਧਿਆਨ ਵਿੱਚ ਰੱਖਦੇ ਹੋਏ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਚੱਬੇਵਾਲ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਵੱਲੋਂ ਹਲਕੇ ਵਿੱਚ ਪੈਂਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ 2.50 ਕਰੋੜ ਰੁਪਏ ਦੇ ਗ੍ਰਾਂਟ ਸੈਂਕਸ਼ਨ ਪੱਤਰ ਵੰਡਣ ਸਮੇਂ ਕੀਤਾ ਗਿਆ। ਪੰਚਾਇਤਾਂ ਨੂੰ ਦਿੱਤੇ ਗਏ ਇਸ ਫੰਡ ਨਾਲ ਸਟਰੀਟ ਲਾਈਟਾਂ, ਧਰਮਸ਼ਾਲਾ, ਗਲੀਆਂ, ਪੰਚਾਇਤ ਘਰਾਂ, ਕਮਿਊਨਿਟੀ ਹਾਲ, ਸੀਵਰੇਜ ਸਿਸਟਮ ਦੇ ਕੰਮ ਕਰਵਾਏ ਜਾਣਗੇ।ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਚੱਬੇਵਾਲ ਹਲਕੇ ਅੰਦਰ ਪੈਂਦੇ ਹੁਸ਼ਿਆਰਪੁਰ ਬਲਾਕ-2 ਦੇ 27 ਪਿੰਡਾਂ ਨੂੰ 1 ਕਰੋੜ ਅਤੇ ਬਲਾਕ ਮਾਹਿਲਪੁਰ ਦੇ ਅੰਦਰ ਪੈਂਦੇ 43 ਪਿੰਡਾਂ ਨੂੰ 1.50 ਕਰੋੜ ਰੁਪਏ ਦੀ ਰਾਸ਼ੀ ਦੇ ਚੈੱਕ ਵੰਡੇ ਗਏ ਹਨ। ਡਾ. ਇਸ਼ਾਂਕ ਨੇ ਕਿਹਾ ਕਿ ਹਲਕੇ ਅੰਦਰ ਹੋਣ ਵਾਲੇ ਹੋਰ ਕਾਰਜਾਂ ਦੀ ਰਿਪੋਰਟ ਬਣਾਈ ਜਾ ਰਹੀ ਹੈ ਅਤੇ ਜਲਦ ਹੀ ਰਹਿ ਚੁੱਕੇ ਕੰਮ ਵੀ ਸ਼ੁਰੂ ਕਰਵਾ ਦਿੱਤੇ ਜਾਣਗੇ।

# ਵਿਆਹ ਦੀ ਖੁਸ਼ੀ ਮੌਕੇ ਸਹਾਇਤਾ



**ਜਲੰਧਰ**—ਪਿਛਲੇ ਦਿਨੀਂ ਕਾਇਨਾਤ ਵਾਸੀ ਕੈਨੇਡਾ ਪੁੱਤਰੀ ਜਗਤਾਰ ਸਿੰਘ ਝਬਾਲ ਦੀ ਸ਼ਾਦੀ ਚਮਨਦੀਪ ਸਿੰਘ ਵਾਸੀ ਕੈਨੇਡਾ ਪੁੱਤਰ ਕਿਰਪਾਲ ਸਿੰਘ ਠੱਠਗੜ੍ਹ ਨਾਲ ਪਰਵਾਰਕ ਅਤੇ ਨੇੜਲੇ ਰਿਸ਼ਤੇਦਾਰਾਂ ਦੀ ਹਾਜ਼ਰੀ ਵਿੱਚ ਬੜੇ ਸਾਦਾ ਢੰਗ ਨਾਲ ਹੋਈ।ਲੜਕੇ ਵਾਲਿਆਂ ਨੇ ਦਾਜ-ਦਹੇਜ ਲੈਣ ਤੋਂ ਬਿਲਕੁਲ ਨਾਂਹ ਕਰ ਦਿੱਤੀ।ਇਸ ਖੁਸ਼ੀ ਮੌਕੇ ਜਗਤਾਰ ਸਿੰਘ ਨੇ 'ਨਵਾਂ ਜ਼ਮਾਨਾ', ਪੰਜਾਬ ਇਸਤਰੀ ਸਭਾ ਸੂਬਾ ਅਤੇ ਬਲਾਕ ਨੂੰ ਅਤੇ ਸੀ ਪੀ ਆਈ ਬਲਾਕ ਗੰਡੀਵਿੰਡ ਨੂੰ ਫੰਡ ਦਿੱਤਾ। ਕਾਇਨਾਤ ਕਾਮਰੇਡ ਰਜਿੰਦਰ ਪਾਲ ਕੌਰ ਪ੍ਰਧਾਨ ਪੰਜਾਬ ਇਸਤਰੀ ਸਭਾ ਅਤੇ ਕਾਮਰੇਡ ਸੁਖਚੈਨ ਸਿੰਘ ਦੀ ਪੋਤਰੀ ਹੈ।

# ਡਾ. ਮਿੱਤਲ ਨੇ ਏ ਐੱਸ ਆਈ ਐੱਸ ਸੀ ਵਿਦਿਆਰਥੀਆਂ ਲਈ 25 ਲੱਖ ਦੀ ਯੋਜਨਾ ਕੀਤੀ ਲਾਂਚ



**ਜਲੰਧਰ (ਸ਼ੈਲੀ ਐਲਬਰਟ)**

ਰਾਜ ਸਭਾ ਦੇ ਸੰਸਦ ਮੈਂਬਰ ਅਤੇ ਐਲਪੀਯੂ ਦੇ ਸੰਸਥਾਪਕ-ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ 68ਵੇਂ ਐਸੋਸੀਏਸ਼ਨ ਆਫ਼ ਸਕੂਲਜ਼ ਫਾਰ ਦ ਇੰਡੀਅਨ ਸਕੂਲ ਸਰਟੀਫਿਕੇਟ (ਏ ਐੱਸ ਆਈ ਐੱਸ ਸੀ) ਕਾਨਫਰੰਸ ਵਿੱਚ ₹25 ਲੱਖ ਦੀ ਉੱਦਮਤਾ ਮੁਕਾਬਲੇ ਦਾ ਐਲਾਨ ਕੀਤਾ, ਜਿਸ ਵਿੱਚ ਚੋਟੀ ਦੀਆਂ ਪੰਜ ਵਿਦਿਆਰਥੀ ਟੀਮਾਂ ਵਿੱਚੋਂ ਹਰੇਕ ਨੂੰ ₹5 ਲੱਖ ਅਤੇ ਸਲਾਹ ਦਿੱਤੀ ਜਾਵੇਗੀ।ਕਾਨਫਰੰਸ ਨੂੰ ਮੁੱਖ ਮਹਿਮਾਨ ਵਜੋਂ ਸੰਬੋਧਨ ਕਰਦੇ ਹੋਏ, ਜਿਸ ਵਿੱਚ ਭਾਰਤ ਭਰ ਦੇ 1,800 ਤੋਂ ਵੱਧ ਪ੍ਰਿੰਸੀਪਲ ਅਤੇ ਸੀਨੀਅਰ ਸਿੱਖਿਅਕ ਸ਼ਾਮਲ ਹੋਏ, ਉਨ੍ਹਾਂ ਨੇ ਉੱਦਮੀ ਸੋਚ ਨੂੰ ਉਤਸ਼ਾਹਿਤ ਕਰਨ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਇਕੱਠ ਨੂੰ ਸੰਬੋਧਨ ਕਰਦਿਆਂ, ਡਾ. ਮਿੱਤਲ ਨੇ ਕਿਹਾ, 'ਅੱਜ, ਉੱਦਮਤਾ ਇੱਕ ਵਿਚਾਰ ਹੈ, ਇੱਕ ਪੇਸ਼ਾ ਨਹੀਂ। ਇਸ ਨੂੰ ਕਲਾਸਰੂਮ ਵਿੱਚ, ਆਤਮਵਿਸ਼ਵਾਸ, ਉਤਸੁਕਤਾ ਅਤੇ ਪ੍ਰਯੋਗ ਕਰਨ ਦੀ ਆਜ਼ਾਦੀ ਨਾਲ ਸ਼ੁਰੂ ਕਰਨਾ ਚਾਹੀਦਾ ਹੈ।' ਇਸ ਤੋਂ ਇਲਾਵਾ, ਉਨ੍ਹਾਂ ਨੇ ਏ ਐੱਸ ਆਈ ਐੱਸ ਸੀ ਸੰਬੰਧਿਤ ਸਕੂਲਾਂ ਲਈ ਮਾਸਟਰਜ਼ ਯੂਨੀਅਨ ਦੁਆਰਾ ਟੈਟਰਾ ਕਾਲਜ ਆਫ਼ ਬਿਜ਼ਨਸ ਅਤੇ ਵੀ ਪੀ ਆਊਟਰੀ ਦੇ ਸਹਿਯੋਗ ਨਾਲ ਵਿਕਸਤ ਕੀਤੇ ਗਏ ਇੱਕ ਮੁਫ਼ਤ ਉੱਦਮੀ ਹੁਨਰ ਨਿਰਮਾਣ ਐਪ ਦੀ ਸ਼ੁਰੂਆਤ ਦਾ ਐਲਾਨ ਕੀਤਾ, ਜਿਸ ਨਾਲ ਵਿਦਿਆਰਥੀਆਂ ਨੂੰ ਸਮੇਂ ਦੇ ਨਾਲ ਆਪਣੀਆਂ ਸ਼ਕਤੀਆਂ ਦੀ ਪਛਾਣ ਕਰਨ ਅਤੇ ਆਪਣੀਆਂ ਨਵੀਨਤਾਵਾਂ ਨੂੰ ਟਰੈਕ ਕਰਨ ਦੀ ਆਗਿਆ ਮਿਲਦੀ ਹੈ।

# ਐਡਵੋਕੇਟ ਅਮਨਦੀਪ ਕੌਰ ਨੂੰ ਧਮਕੀਆਂ ਦੇਣ ਦੀ ਨਿੰਦਾ



**ਜਲੰਧਰ (ਨ ਜ ਸ)**-ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੀ ਸੂਬਾ ਕਮੇਟੀ ਨੇ ਐਡਵੋਕੇਟ ਅਮਨਦੀਪ ਕੌਰ ਨੂੰ ਅਗਿਆਤ ਫ਼ੋਨ ਤੋਂ ਕਾਲ ਕਰਕੇ ਧਮਕੀਆਂ ਦੇਣ, ਅਪਸ਼ਬਦ ਕਹਿਣ, ਆਰ ਐੱਸ ਐੱਸ ਦੇ ਵਿਰੁੱਧ ਨਾ ਬੋਲਣ, ਪਾਕਿਸਤਾਨ ਦੀ ਏਜੰਟ ਕਹਿਣ ਅਤੇ ਦੇਸ਼ ਛੱਡ ਜਾਣ ਦੇ ਹੁਕਮ ਸੁਣਾਉਣ ਦਾ ਗੰਭੀਰ ਨੋਟਿਸ ਲੈਂਦਿਆਂ ਇਸ ਦੀ ਸਖ਼ਤ ਸ਼ਬਦਾਂ ਵਿਚ ਨਿੰਦਿਆ ਕੀਤੀ ਹੈ। ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਪ੍ਰੈੱਸ ਬਿਆਨ ਜਾਰੀ ਕਰਕੇ ਕਿਹਾ ਕਿ ਲੋਕਪੱਖੀ ਵਕੀਲ ਅਮਨਦੀਪ ਕੌਰ ਜਮਹੂਰੀ ਫਰੰਟ ਅਤੇ ਜਮਹੂਰੀ ਅਧਿਕਾਰ ਸਭਾ ਦੀ ਸੂਬਾ ਕਮੇਟੀ ਮੈਂਬਰ ਹੈ ਜੋ ਯੂਨੀਵਰਸਿਟੀ ਦੀ ਰਾਖੀ ਲਈ ਆਵਾਜ਼ ਬੁਲੰਦ ਕਰਕੇ ਬਤੌਰ ਜਾਗਰੂਕ ਨਾਗਰਿਕ ਆਪਣਾ ਫਰਜ਼ ਨਿਭਾ ਰਹੀ ਹੈ। ਪੰਜਾਬ ਦਾ ਹਰ ਜਾਗਰੂਕ ਵਸਨੀਕ ਅਜਿਹੀਆਂ ਧਮਕੀਆਂ ਤੋਂ ਬੇਪ੍ਰਵਾਹ ਹੋ ਕੇ ਕੇਂਦਰੀਕਰਨ ਅਤੇ ਸਿੱਖਿਆ ਦੇ ਭਗਵਾਕਰਨ ਵਿਰੁੱਧ ਨਿਧੜਕ ਆਵਾਜ਼ ਉਠਾਉਂਦਾ ਰਹੇਗਾ ਅਤੇ ਪੰਜਾਬ ਦੇ ਲੋਕ ਪੰਜਾਬ ਯੂਨੀਵਰਸਿਟੀ ਨੂੰ ਕੇਂਦਰ ਦੇ ਤਾਨਾਸ਼ਾਹ ਕੰਟਰੋਲ ਹੇਠ ਲਿਆਉਣ ਦੀ ਆਰਐੱਸਐੱਸ-ਭਾਜਪਾ ਦੀ ਸਾਜ਼ਿਸ਼ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਣਗੇ।

# ਸ੍ਰੀ ਗੁਰੂ ਤੇਗ ਬਹਾਦਰ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਕੌਮੀ ਸੈਮੀਨਾਰ ਕਰਵਾਇਆ



**ਮੋਹਾਲੀ (ਗੁਰਜੀਤ ਬਿੱਲਾ)**-ਸ਼ਹੀਦ ਮੇਜਰ ਹਰਮਿੰਦਰਪਾਲ ਸਿੰਘ ਸਰਕਾਰੀ ਕਾਲਜ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਧਰਮ ਅਤੇ ਸ਼ਹਾਦਤ ਦਾ ਗੌਰਵ; ਸ੍ਰੀ ਗੁਰੂ ਤੇਗ ਬਹਾਦਰ ਜੀ ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਕਾਲਜ ਦੇ ਪ੍ਰਿੰਸੀਪਲ ਨੇ ਵਿਦਵਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਉਦਘਾਟਨੀ ਭਾਸ਼ਣ ਸੈਂਟਰਲ ਯੂਨੀਵਰਸਿਟੀ ਆਫ ਹਿਮਾਚਲ ਪ੍ਰਦੇਸ਼ ਦੇ ਚਾਂਸਲਰ ਪਦਮ ਸ੍ਰੀ ਹਰਮੋਹਿੰਦਰ ਸਿੰਘ ਬੇਦੀ, ਕੁੰਜੀਵਤ ਭਾਸ਼ਣ ਡਾ. ਸਰਬਜੀਤ ਸਿੰਘ ਰੇਣੁਕਾ, (ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ) ਅਤੇ ਪ੍ਰਧਾਨਗੀ ਭਾਸ਼ਣ ਪ੍ਰੋਫੈਸਰ ਆਫ਼ ਇਮੈਰੀਟਸ ਡਾ. ਸਤੀਸ਼ ਵਰਮਾ ਵੱਲੋਂ ਦਿੱਤਾ। ਪਦਮ ਸ੍ਰੀ ਡਾ. ਬੇਦੀ ਨੇ ਕਿਹਾ ਕਿ ਰਾਸ਼ਟਰੀ ਅਖੰਡਤਾ ਅਤੇ ਏਕਤਾ ਲਈ ਗੁਰੂ ਸਾਹਿਬ ਦੇ ਫਲਸਫੇ ਤੋਂ ਸੇਧ ਲੈਣ ਦੀ ਜ਼ਰੂਰਤ ਹੈ। ਗੁਰੂ ਸਾਹਿਬ ਦੇ ਜੀਵਨ ਸੰਦੇਸ਼ ਅੱਜ ਵੀ ਮਨੁੱਖਤਾ ਲਈ ਪ੍ਰੇਰਨਾ ਸ੍ਰੋਤ ਹਨ। ਉਹਨਾਂ ਨੇ ਗੁਰੂ ਸਾਹਿਬ ਦੇ ਸ਼ਾਂਤੀ, ਸਹਿਣਸ਼ੀਲਤਾ ਅਤੇ ਵਿਸ਼ਵ-ਵਿਆਪੀ ਭਾਈਚਾਰੇ ਨੂੰ ਮਜ਼ਬੂਤ ਕਰਨ ਦੇ ਫਲਸਫੇ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਸ੍ਰੋਤ ਦੱਸਿਆ।

# ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**-ਹਲਕਾ ਆਦਮਪੁਰ ਦੇ ਪਿੰਡ ਖੋਜਕੀ ਪੁਰ ਵਿਖੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵਿਚ ਨਗਰ ਨਿਵਾਸੀਆਂ ਤੇ ਐਨ ਆਰ ਆਈ ਦੇ ਸਹਿਯੋਗ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬਹੁਤ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ



ਗਿਆ। ਤਿੰਨ ਦਿਨ ਤੋਂ ਅਰੰਭ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਗਏ ਜਿਸ ਵਿਚ ਕੀਰਤਨੀ ਜੱਥੇ ਭਾਈ ਹਰਪਾਲ ਸਿੰਘ ਵਿਰਦੀ ਜਲੰਧਰ ਵਾਲਿਆ ਵਲੋਂ ਗੁਰਬਾਣੀ ਕੀਰਤਨ ਸੁਣਾ ਸੰਗਤ ਨੂੰ ਨਿਹਾਲ ਕੀਤਾ ਗਿਆ। ਸੰਗਤ ਨੂੰ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਅਮਨਵੀਰ ਸਿੰਘ, ਰਾਜ ਕੁਮਾਰ, ਹੁਸਨ ਲਾਲ, ਜਸਕਰਨ ਸਿੰਘ, ਮਨਮੀਤ ਸਿੰਘ, ਮਨਜਿੰਦਰ ਸਿੰਘ, ਹਰਜੋਤ,ਮੋਹਣ ਲਾਲ ਸਿੰਘ, ਕਰਮਜੀਤ, ਪ੍ਰਭਜੋਤ ਸਿੰਘ, ਜਸਨ ਕੁਮਾਰ, ਆਦਿ ਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ। ਪ੍ਰਬੰਧਕਾਂ ਵਲੋਂ ਸਾਰੀ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਤੇ ਕੀਰਤਨੀ ਜਥੇ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ।

## ਡੈਂਟਲ ਕੈਂਪ ਦਾ ਆਯੋਜਨ

**ਜਲੰਧਰ (ਸ਼ੈਲੀ ਐਲਬਰਟ)**-ਬੋਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੇ ਤਹਿਤ ਚੱਲ ਰਹੀ ਦਿਸ਼ਾ ਐਨ ਇਨੀਸ਼ੀਏਟਿਵ ਅਧੀਨ, ਇੰਨੋਸੈਂਟ ਹਾਰਟਸ ਸਕੂਲ ਵੱਲੋਂ ਪ੍ਰੀ-ਪ੍ਰਾਈਮਰੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਕੈਂਟ-ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ ਕੈਂਪਸਾਂ ਵਿੱਚ ਦੰਤ ਸੁਰੱਖਿਆ ਕੈਂਪ ਆਯੋਜਿਤ ਕੀਤੇ ਗਏ। ਇਸ ਪਹਿਲ ਦਾ ਉਦੇਸ਼ ਵਿਦਿਆਰਥੀਆਂ ਵਿੱਚ ਦੰਦਾਂ ਦੀ ਸਿਹਤ ਅਤੇ ਸਫ਼ਾਈ ਬਾਰੇ



ਜਾਗਰੂਕਤਾ ਪੈਦਾ ਕਰਨਾ ਸੀ।ਕੈਂਟ-ਜੰਡਿਆਲਾ ਰੋਡ ਕੈਂਪਸ ਵਿੱਚ ਵਿਸ਼ੇਸ਼ ਤੌਰ 'ਤੇ ਯੋਗ ਅਤੇ ਤਜਰਬੇਕਾਰ ਐਲੂਮਨਸ ਡਾ. ਆਸਥਾ ਬੋਰੀ ਨੇ ਬੱਚਿਆਂ ਨਾਲ ਇੱਕ ਇੰਟਰੈਕਟਿਵ ਸੈਸ਼ਨ ਕਰਵਾਇਆ। ਬੱਚਿਆਂ ਨੂੰ ਸਹੀ ਬਰਸ਼ਿੰਗ ਤਰੀਕੇ, ਨਿਯਮਿਤ ਦੰਦਾਂ ਦੀ ਜਾਂਚ ਦੀ ਲੋੜ ਅਤੇ ਮਜ਼ਬੂਤ ਤੇ ਸਿਹਤਮੰਦ ਦੰਦਾਂ ਲਈ ਸਧਾਰਨ ਰੋਕਥਾਮੀ ਆਦਤਾਂ ਬਾਰੇ ਜਾਣੂ ਕਰਵਾਇਆ ਗਿਆ।ਕਪੂਰਥਲਾ ਰੋਡ ਕੈਂਪਸ ਵਿੱਚ ਐਲੂਮਨਸ ਡਾ. ਭਾਵਨਾ ਅਤੇ ਉਨ੍ਹਾਂ ਦੀ ਵਿਸ਼ੇਸ਼ ਟੀਮ ਨੇ ਜਾਣਕਾਰੀ ਭਰਿਆ ਦੰਤ ਸੁਰੱਖਿਆ ਸੈਸ਼ਨ ਕਰਵਾਇਆ।

# ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਦੀ ਵੈਰਾਗ ਤੇ ਰੂਹਾਨੀਅਤ ਭਰੇ ਮਾਹੌਲ 'ਚ ਆਰੰਭਤਾ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਅਤੇ ਉਨ੍ਹਾਂ ਦੇ ਅਨਿਨ ਸੇਵਕ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸ਼ਮੇਸ਼ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਦੇ ਸਮਾਗਮਾਂ ਦੀ ਅੱਜ ਗੁਰਦੁਆਰਾ ਗੁਰਿਆਈ ਅਸਥਾਨ, ਪਾ ਦਸਵੀਂ, ਗੁਰੂ ਕੇ ਮਹਿਲ ਭੋਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਦੇ ਨਾਲ ਵੈਰਾਗ ਅਤੇ ਰੂਹਾਨੀਅਤ ਭਰੇ ਮਾਹੌਲ ਵਿਚ ਸ਼ੁਰੂਆਤ ਹੋ ਗਈ ਹੈ।ਸਮਾਗਮਾਂ ਦੀ ਆਰੰਭਤਾ ਦੀ ਅਰਦਾਸ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵਲੋਂ ਕੀਤੀ ਗਈ। ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ, ਜਿਨ੍ਹਾਂ ਦੇ ਭੋਗ 23 ਨਵੰਬਰ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਹਾੜੇ ਮੌਕੇ ਪੈਣਗੇ। ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਗਿਆਨੀ ਟੇਕ ਸਿੰਘ ਧਨੌਲਾ, ਅੰਤ੍ਰਿੰਗ ਕਮੇਟੀ ਮੈਂਬਰ ਡਾ. ਦਿਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਬਲਵਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲੇ, ਬਾਬਾ ਗੁਰਦੇਵ ਸਿੰਘ ਤਰਨਾ ਦਲ ਸ਼ਹੀਦੀ ਬਾਗ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਮੀਤ ਸਕੱਤਰ ਸ. ਗੁਰਨਾਮ ਸਿੰਘ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਗੁਰਦੁਆਰਾ ਇੰਸਪੈਕਟਰ ਚੀਫ ਸ. ਜਗਦੀਸ਼ ਸਿੰਘ ਬੁੱਟਰ, ਮੈਨੇਜਰ ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਤਲਵਿੰਦਰ ਸਿੰਘ ਬੁੱਟਰ, ਹੈੱਡ ਪਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਸਰਬਜੀਤ ਸਿੰਘ ਲੁਧਿਆਣਾ, ਮੀਤ ਮੈਨੇਜਰ ਭੁਪਿੰਦਰ ਸਿੰਘ ਬੀਕਾਪੁਰ, ਭਾਈ ਜਸਬੀਰ ਸਿੰਘ ਅਤੇ ਭਾਈ ਸਰਬਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤ ਹਾਜ਼ਰ ਸੀ।



# ਫ਼ਰਾਂਸ ਜੌਬ ਫੇਅਰ ਦਾ ਆਯੋਜਨ



**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਨੇ ਜੌਬ ਫ਼ਾਰ ਆਲ ਦੀ ਦੂਰਦਰਸ਼ੀ ਪਹਿਲ ਹੇਠ ਫ਼ਰਾਂਸ ਜੌਬ ਫੇਅਰ ਦਾ ਸਫ਼ਲ ਆਯੋਜਨ ਕੀਤਾ। ਸਤਿਕਾਰਯੋਗ ਚੇਅਰਮੈਨ ਚਰਨਜੀਤ ਸਿੰਘ ਚੰਨੀ ਵੱਲੋਂ ਸ਼ੁਰੂ ਕੀਤੀ ਇਹ ਪਹਿਲ ਸੀ ਟੀ ਗਰੁੱਪ ਦੀ ਇਸ ਵਚਨਬੱਧਤਾ ਨੂੰ ਦਰਸਾਉਂਦੀ ਹੈ ਕਿ ਹਰ ਨੌਜਵਾਨ-ਭਾਵੇਂ ਉਹ ਸੀ ਟੀ ਦਾ ਵਿਦਿਆਰਥੀ ਹੈ ਜਾਂ ਨਹੀਂ—ਨੂੰ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਾਪਤ ਹੋਣ। ਇਸੀ ਸੋਚ ਨੂੰ ਅੱਗੇ ਵਧਾਉਂਦੇ ਹੋਏ, ਸੀ ਟੀ ਗਰੁੱਪ ਲੰਮੇ ਸਮੇਂ ਤੋਂ ਖੁੱਲ੍ਹੇ ਜੌਬ ਫੇਅਰ ਕਰਦਾ ਆ ਰਿਹਾ ਹੈ, ਜਿਨ੍ਹਾਂ ਵਿੱਚ ਸੀ ਟੀ ਯੂਨੀਵਰਸਿਟੀ, ਲੁਧਿਆਣਾ ਸਮੇਤ ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਵਰਗੇ ਖੇਤਰਾਂ ਵਿੱਚ ਵੀ ਵਿਭਿੰਨ ਐਡੀਸ਼ਨ ਕੀਤੇ ਜਾ ਚੁੱਕੇ ਹਨ। ਇਨ੍ਹਾਂ ਫੇਅਰਾਂ ਨੇ ਵੱਖ-ਵੱਖ ਪਿਛੋਕੜ ਵਾਲੇ ਨੌਜਵਾਨਾਂ ਨੂੰ ਨਿਸ਼ੁਲਕ ਭਾਗੀਦਾਰੀ ਅਤੇ ਸੌਖੀਆਂ ਕਰੀਅਰ ਰਾਹਦਾਰੀਆਂ ਨਾਲ ਜੋੜਿਆ ਹੈ।ਫ਼ਰਾਂਸ ਜੌਬ ਫੇਅਰ ਨੇ ਅੰਤਰਰਾਸ਼ਟਰੀ ਹਾਸਪਿਟੈਲਿਟੀ ਖੇਤਰ ਵਿੱਚ ਦਾਖਲਾ ਚਾਹੁਣ ਵਾਲੇ ਉਮੀਦਵਾਰਾਂ ਲਈ ਵਿਸ਼ਵ-ਪੱਧਰੀ ਮੌਕਿਆਂ ਦੇ ਵਿਸਤਾਰ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ। ਇਸ ਫੇਅਰ ਨੂੰ ਸੀ ਟੀ ਗਰੁੱਪ ਦੀ ਨੇਤ੍ਰਿਤਵ ਟੀਮ- ਡਾ. ਮਨਬੀਰ ਸਿੰਘ (ਮੈਨੇਜਿੰਗ ਡਾਇਰੈਕਟਰ), ਡਾ. ਨਿੱਤਿਨ ਟੰਡਨ (ਐਗਜ਼ਿਕਿਊਟਿਵ ਡਾਇਰੈਕਟਰ), ਡਾ. ਸ਼ਿਵ ਕੁਮਾਰ (ਡਾਇਰੈਕਟਰ ਕੈਂਪਸ), ਡਾ. ਸੰਗਰਾਮ ਸਿੰਘ (ਡਾਇਰੈਕਟਰ ਅਕੈਡਮਿਕਸ), ਡਾ. ਨਿੱਤਨ ਅਰੋੜਾ (ਡਾਇਰੈਕਟਰ ਸੀਸੀਪੀਸੀ) ਅਤੇ ਸ੍ਰੀ ਡਿਵੋਏ ਛਾਬੜਾ (ਪ੍ਰਿੰਸੀਪਲ, ਸੀਟੀਆਈਐਚਐਮ) ਦੀ ਪੂਰੀ ਸਹਾਇਤਾ ਪ੍ਰਾਪਤ ਹੋਈ। ਉਨ੍ਹਾਂ ਦੀ ਮੌਜੂਦਗੀ ਨੇ ਵਿਦਿਆਰਥੀਆਂ ਅਤੇ ਭਰਤੀਕਰਤਾਵਾਂ ਵਿਚਕਾਰ ਸੁਗਮ ਸੰਯੋਜਨ ਅਤੇ ਅਰਥਪੂਰਨ ਗੱਲਬਾਤ ਨੂੰ ਯਕੀਨੀ ਬਣਾਇਆ, ਜਿਸ ਨਾਲ ਸੀ ਟੀ ਗਰੁੱਪ ਦੀ ਸਿੱਖਿਆਤਮਕ ਉਤਕ੍ਰਿਸ਼ਟਤਾ ਅਤੇ ਵਿਸ਼ਵ-ਪੱਧਰੀ ਸਾਂਝਾਂ ਪ੍ਰਤੀ ਵਚਨਬੱਧਤਾ ਹੋਰ ਮਜ਼ਬੂਤ ਹੋਈ।

# ਨੌਰਵੁੱਡ ਸਕੂਲ 'ਚ ਕੂੜੇ-ਕਰਕਟ ਦੇ ਨਿਪਟਾਰੇ ਸੰਬੰਧੀ ਵਰਕਸ਼ਾਪ



**ਬਲਾਚੌਰ (ਜਸਵਿੰਦਰ ਬੈਂਸ)**-ਦ ਨੋਰਵੁੱਡ ਸਕੂਲ ਚਾਹਲ ਵਿੱਚ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰ ਨਾਗਰਿਕਤਾ ਨੂੰ ਉਤਸ਼ਾਹਿਤ ਕਰਨ ਲਈ ਸਵੱਛ-ਭਾਰਤ ਮਿਸ਼ਨ ਦੇ ਥੀਮ ਠੋਸ ਰਹਿੰਦ-ਖੂੰਹਦ ਪ੍ਰਬੰਧਨ ਤਹਿਤ ਇੱਕ ਦਿਲਚਸਪ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਬੱਚਿਆਂ ਨੂੰ ਜਾਣਕਾਰੀ ਦੇਣ ਲਈ ਕੀਰਤ ਚੌਹਾਨ ( ਐਸ ਡਬਲਯੂ ਐਮ ਮਾਹਰ), ਸ੍ਰੀਮਤੀ ਸ਼ਬਨਮ ( ਆਈ ਈ ਸੀ-ਸੀ ਬੀ ਮਾਹਰ) ਅਤੇ ਕਮਿਊਨਿਟੀ ਫੈਸੀਲੀਟੇਟਰ ਮਨਿੰਦਰ ਕੌਰ ਅਤੇ ਓਂਕਾਰ ਸ਼ਾਮਲ ਸਨ। ਜਿਨ੍ਹਾਂ ਨੇ ਬੱਚਿਆਂ ਨੂੰ ਕੂੜੇ ਦੀਆਂ ਵੱਖ-ਵੱਖ ਸ਼੍ਰੇਣੀਆਂ ਬਾਇਓਡੀਗ੍ਰੇਡੇਬਲ, ਗੈਰ- ਬਾਇਓਡੀਗ੍ਰੇਡੇਬਲ ਦੇ ਨਾਲ-ਨਾਲ ਹਰੇ ਤੇ ਨੀਲੇ ਡੱਬਿਆਂ ਦੀ ਵਰਤੋਂ ਕਰਕੇ ਕੂੜੇ ਨੂੰ ਵੱਖ-ਵੱਖ ਕਰਨ ਦੇ ਸਧਾਰਨ ਤਰੀਕਿਆਂ ਬਾਰੇ ਸਮਝਾਇਆ। ਕੂੜਾ-ਕਰਕਟ ਨੂੰ ਕਿਵੇਂ ਘਟਾਇਆ ਜਾਵੇ ਤੇ ਇਸ ਨੂੰ ਕਿਵੇਂ ਮੁੜ ਵਰਤੋਂ ਵਿੱਚ ਲਿਆਂਦਾ ਜਾਵੇ, ਇਹਨਾਂ ਚੀਜ਼ਾਂ ਬਾਰੇ ਵੀ ਬੱਚਿਆਂ ਨੂੰ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਆਪਣੇ ਕਲਾਸਰੂਮ, ਘਰਾਂ ਅਤੇ ਆਲੇ-ਦੁਆਲੇ ਨੂੰ ਸਾਫ ਰੱਖਣ ਦਾ ਵਾਅਦਾ ਕੀਤਾ। ਇਸ ਮੌਕੇ ਸਕੂਲ ਮੈਨੇਜਮੈਂਟ ਵੱਲੋਂ ਪੂਜਾ ਚੌਧਰੀ, ਡਾਇਰੈਕਟਰ, ਰਵਿੰਦਰ ਸਿੰਘ ਭਨੋਟ, ਪ੍ਰਿੰਸੀਪਲ, ਰਜਨੀ ਭਨੋਟ, ਵਾਈਸ ਪ੍ਰਿੰਸੀਪਲ, ਮੌਜੂਦ ਸਨ।

## ਜ਼ਿਲ੍ਹਾ ਬਾਰ ਕੌਂਸਲ ਦੀ ਕਾਰਜਕਾਰੀ ਸੰਸਥਾ ਦੀ ਮੀਟਿੰਗ

**ਨਵਾਂਸ਼ਹਿਰ (ਮਨੋਜ ਲਾਡੀ)**-ਜ਼ਿਲ੍ਹਾ ਬਾਰ ਕੌਂਸਲ ਦੀ ਕਾਰਜਕਾਰੀ ਸੰਸਥਾ ਦੀ ਮੀਟਿੰਗ ਐਡਵੋਕੇਟ ਸੁਖਦੀਪ ਸਿੰਘ ਕੁੰਦਰਾ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਹੈ ਕਿ ਬਾਰ ਐਸੋਸੀਏਸ਼ਨ ਬਲਾਚੌਰ ਦੀ ਵੰਡ ਨਵੇਂ ਬਣ ਰਹੇ ਸ੍ਰੀ ਆਨੰਦਪੁਰ ਸਾਹਿਬ ਹਲਕੇ 'ਚ ਸ਼ਮੂਲੀਅਤ ਨਾ ਕਰਨ ਦੀ ਪੁਰਜ਼ੋਰ ਮੰਗ ਵੀ ਕੀਤੀ ਗਈ। ਪਰ ਇਸ ਸਬੰਧੀ ਪੰਜਾਬ ਸਰਕਾਰ ਅਤੇ ਸੀਨੀਅਰ ਅਧਿਕਾਰੀਆਂ ਵੱਲੋਂ ਕੋਈ ਵੀ ਜਵਾਬ ਜਾਂ ਸਪੱਸ਼ਟ ਭਰੋਸਾ ਨਾ ਦੇਣ ਕਾਰਨ ਬੀਤੇ ਦਿਨ ਕੋਈ ਕੰਮ ਨਹੀਂ ਕਰਨ ਦਾ ਸੱਦਾ ਦਿੱਤਾ ਗਿਆ ਸੀ। ਇਸ ਤਹਿਤ ਮੰਗ ਵੀ ਕੀਤੀ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਕੋਈ ਵੀ ਹਿੱਸਾ ਨਵੇਂ ਬਣੇ ਰਹੇ ਜ਼ਿਲ੍ਹਾ ਸ੍ਰੀ ਆਨੰਦਪੁਰ ਸਾਹਿਬ ਨੂੰ ਦੇਣ ਤੋਂ ਇਨਕਾਰ ਕੀਤਾ ਗਿਆ। ਇਸ ਮੌਕੇ ਨਿਆਂਇਕ ਅਧਿਕਾਰੀਆਂ, ਪੀ ਐੱਲ ਏ (ਪੀ ਯੂ ਐੱਸ), ਖਪਤਕਾਰ ਅਦਾਲਤਾਂ ਤੇ ਮਾਲ ਅਦਾਲਤਾਂ ਦੇ ਪ੍ਰੀਜਾਈਡਿੰਗ ਅਧਿਕਾਰੀਆਂ ਨੂੰ ਬੇਨਤੀ ਕੀਤੀ ਕਿ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਦੇ ਕੇਸਾਂ ਨੂੰ ਕਿਸੇ ਹੋਰ ਮਿਤੀ ਤਕ ਮੁਲਤਵੀ ਕਰ ਦਿੱਤਾ ਜਾਵੇ ਅਤੇ ਕੋਈ ਵੀ ਪ੍ਰਤੀਕੂਲ ਆਦੇਸ਼ ਨਾ ਦਿੱਤਾ ਜਾਵੇ। ਇਸ ਮੌਕੇ ਰਜਿੰਦਰ ਸਿੰਘ ਸਮੇਤ ਹੋਰ ਵਕੀਲ ਵੀ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਪੱਧਰੀ ਅੰਗਦਾਨ ਮੁਹਿੰਮ ਦੀ ਸ਼ੁਰੂਆਤ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਅੰਗਦਾਨ (ਆਰਗਨ ਡੋਨੇਸ਼ਨ) ਸਬੰਧੀ ਜ਼ਿਲ੍ਹਾ ਪੱਧਰੀ ਮੁਹਿੰਮ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਵੱਲੋਂ ਕਾਰਜਕਾਰੀ ਸਿਵਲ ਸਰਜਨ ਡਾ. ਸੀਮਾ ਗਰਗ ਦੇ ਸਹਿਯੋਗ ਨਾਲ ਕੀਤੀ ਗਈ। ਇਸ ਮੌਕੇ ਜ਼ਿਲ੍ਹੇ ਦੇ ਨੌਂ ਸਨਮਾਨਯੋਗ ਨਾਗਰਿਕਾਂ ਵੱਲੋਂ ਪੂਰੇ ਸਰੀਰ ਦੇ ਅੰਗਦਾਨ ਦੀ ਸਹੁੰ ਚੁੱਕੀ ਗਈ, ਜੋ ਕਿ ਮਨੁੱਖਤਾ ਦੀ ਸੇਵਾ ਵੱਲ ਇਕ ਮਹਾਨ ਕਦਮ ਹੈ। ਡਿਪਟੀ ਕਮਿਸ਼ਨਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸਾਨੂੰ ਮਨੁੱਖਤਾ, ਹਮਦਰਦੀ ਅਤੇ ਬਲੀਦਾਨ ਦਾ ਰਾਹ ਦਿਖਾਉਂਦੀ ਹੈ ਅਤੇ ਅੰਗਦਾਨ ਇਕ ਐਸਾ ਕਾਰਜ ਹੈ, ਜਿਸ ਨਾਲ ਕਈ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ ਹਨ। ਇਹ ਮੁਹਿੰਮ 19 ਤੋਂ 25 ਨਵੰਬਰ 2025 ਤੱਕ ਸਿਹਤ ਵਿਭਾਗ ਵੱਲੋਂ ਆਈ ਡੋਨੇਸ਼ਨ ਐਸੋਸੀਏਸ਼ਨ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ ਜਾਗਰੂਕਤਾ ਸੈਮੀਨਾਰ, ਪ੍ਰੋਗਰਾਮ ਅਤੇ ਕੈਂਪ ਲਗਾਏ ਜਾਣਗੇ, ਤਾਂ ਜੋ ਲੋਕਾਂ ਨੂੰ ਅੰਗਦਾਨ ਦੇ ਮਹੱਤਵ ਬਾਰੇ ਜਾਣੂ ਕਰਵਾਇਆ ਜਾ ਸਕੇ ਅਤੇ ਵੱਧ ਤੋਂ ਵੱਧ ਲੋਕ ਇਸ ਵਿਚ ਭਾਗ ਲੈਣ।

# ਦਿਹਾਣਾ 'ਚ ਡਾ. ਇਸ਼ਾਂਕ ਨੇ ਮੰਡੀ ਨੂੰ ਪੱਕਾ ਕਰਨ ਤੇ ਸ਼ੈੱਡ ਬਣਾਉਣ ਲਈ ਰੱਖਿਆ ਨੀਂਹ ਪੱਥਰ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਦਿਹਾਣਾ ਵਿਖੇ 60 ਲੱਖ 68 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਪਿੰਡ ਦੀ ਮੰਡੀ ਪੱਕੀ ਕਰਨ ਦਾ ਅਤੇ ਪਿੰਡ ਦੇ ਹੋਰ ਵਿਕਾਸ ਕਾਰਜਾਂ ਲਈ ਹਲਕਾ ਵਿਧਾਇਕ ਡਾਕਟਰ ਇਸ਼ਾਂਕ ਕੁਮਾਰ ਚੱਬੇਵਾਲ ਨੇ ਉਦਘਾਟਨ ਪਿੰਡ ਦੇ ਸਰਪੰਚ ਗੁਰਵਿੰਦਰ ਸਿੰਘ ਬਾਵਾ ਅਤੇ ਸਮੂਹ ਨਗਰ ਪੰਚਾਇਤ ਦੀ ਹਾਜ਼ਰੀ ਵਿੱਚ ਕੀਤਾ। ਇਸ ਮੌਕੇ ਹਲਕਾ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪਿੰਡ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਦੇ ਕੰਮ ਕੀਤੇ ਜਾਣਗੇ। ਇਸ ਮੌਕੇ ਦਿਲਪ੍ਰੀਤ ਸਿੰਘ ਐਕਸੀਨ ਗੜ੍ਹਸ਼ੰਕਰ, ਬਲਦੀਪ ਸਿੰਘ ਸੈਣੀ ਚੇਅਰਮੈਨ ਮਾਰਕੀਟ ਕਮੇਟੀ ਗੜ੍ਹਸ਼ੰਕਰ, ਸਰਪੰਚ ਗੁਰਵਿੰਦਰ ਸਿੰਘ ਬਾਵਾ, ਠੇਕੇਦਾਰ ਮੋਹਣਪਾਲ ਸਿੰਘ ਰਿੱਕੀ ਬੱਡੋਂ ਬਲਾਕ ਪ੍ਰਧਾਨ, ਸੁਰਿੰਦਰ ਮੋਹਨ ਪੰਚ, ਜਥੇਦਾਰ ਅਜੀਤ ਸਿੰਘ ਬਾਸੀ, ਲੰਬਰਦਾਰ ਜਸਵਿੰਦਰ ਸਿੰਘ ਸਰਪੰਚ ਠੱਕਰਵਾਲ, ਇਕਬਾਲ ਸਿੰਘ ਪੰਚ, ਨਰਿੰਦਰ ਸਿੰਘ ਪੰਚ, ਕੁਲਵਿੰਦਰ ਕੌਰ ਪੰਚ, ਰਾਜ ਰਾਣੀ ਪੰਚ, ਦਰਸ਼ਨਾਂ ਦੇਵੀ ਪੰਚ, ਬਲਜੀਤ ਸਿੰਘ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਹਲਕਾ ਚੱਬੇਵਾਲ, ਬਲਾਕ ਪ੍ਰਧਾਨ ਸੁੱਖਾ ਅੱਛਰਵਾਲ, ਸਰਪੰਚ ਬਲਵਿੰਦਰ ਸਿੰਘ ਬੱਡੋਂ, ਗੁਰਬਖ਼ਸ਼ ਸਿੰਘ ਹੈਪੀ ਡਾਂਡੀਆਂ ਬਲਾਕ ਪ੍ਰਧਾਨ, ਨਰਿੰਦਰ ਸਿੰਘ ਸਾਬਕਾ ਸਰਪੰਚ ਬਢੇਲ, ਪ੍ਰੋਫੈਸਰ ਅਮਰਜੀਤ ਸਿੰਘ, ਪ੍ਰਵੀਨ ਕੁਮਾਰੀ ਸਰਪੰਚ ਕੂਕੋਵਾਲ, ਮੀਨਾ ਕੁਮਾਰੀ ਸਰਪੰਚ ਠੰਡਲ, ਕਰਨੈਲ ਸਿੰਘ, ਹਰਜਿੰਦਰ ਸਿੰਘ ਸਰੋਆ, ਹਰਜਿੰਦਰ ਸਿੰਘ ਸਾਬਕਾ ਪੰਚ, ਤਨਵੀਰ ਸਿੰਘ ਸਾਬਕਾ ਪੰਚ, ਬਲਬੀਰ ਸਿੰਘ ਸਮਰਾ, ਜਥੇਦਾਰ ਪਰਮਜੀਤ ਸਿੰਘ ਸੈਣੀ, ਸਤਵੀਰ ਸਿੰਘ ਕਿਸਾਨ ਆਗੂ, ਓਕਾਰ ਸਿੰਘ ਜੰਜੂਆ, ਚਰਨਜੀਤ ਸਿੰਘ ਮੰਝ ਸੈਕਟਰੀ, ਜੁਗਰਾਜ ਸਿੰਘ, ਹਰਭਗਤ ਸਿੰਘ ਬਾਸੀ, ਜਗਤਾਰ ਸਿੰਘ ਰਾਜਾ ਹਾਜ਼ਰ ਸਨ।

# ਸੀ ਪੀ ਆਈ ਐੱਮ ਐੱਲ ਵੱਲੋਂ ਕਾਮਰੇਡ ਸੰਘਾ ਦੀ 33ਵੀਂ ਬਰਸੀ ਮੌਕੇ ਸਿਆਸੀ ਕਾਨਫਰੰਸ

**ਬੰਗਾ (ਅਵਤਾਰ ਕਲੇਰ)**

ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ -ਲੈਨਿਨਵਾਦੀ ) ਨਿਊਡੈਮੋਕਰੇਸੀ ਵਲੋਂ ਸ਼ਹੀਦ ਮਾਸਟਰ ਗਿਆਨ ਸਿੰਘ ਸੰਘਾ ਦੀ 33ਵੀਂ ਬਰਸੀ



ਮੌਕੇ ਪਿੰਡ ਸ਼ਹਾਬ ਪੁਰ ਵਿਖੇ ਸਿਆਸੀ ਕਾਨਫਰੰਸ ਕੀਤੀ ਗਈ।ਇਸ ਮੌਕੇ ਬੁਲਾਰਿਆਂ ਨੇ ਲੋਕਾਂ ਨੂੰ ਮੋਦੀ ਸਰਕਾਰ ਦੇ ਫਾਸ਼ੀਵਾਦ ਵਿਰੁੱਧ ਡਟਣ ਦਾ ਸੱਦਾ ਦਿੱਤਾ।ਕਾਮਰੇਡ ਮਾਸਟਰ ਗਿਆਨ ਸਿੰਘ ਸੰਘਾ ਨੂੰ 20 ਨਵੰਬਰ 1992 ਨੂੰ ਸ਼ਹੀਦ ਕਰ ਦਿੱਤਾ ਸੀ। ਕਾਮਰੇਡ ਸੰਘਾ ਦੀ ਯਾਦਗਾਰ ਉੱਤੇ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮ ਪਾਰਟੀ ਦੇ ਆਗੂ ਕਾਮਰੇਡ ਹਰੀ ਰਾਮ ਰਸੂਲਪੁਰੀ ਵਲੋਂ ਨਿਭਾਈ ਗਈ । ਇਸ ਮੌਕੇ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਸਾਨੂੰ ਸ਼ਹੀਦ ਸਾਥੀ ਸੰਘਾ ਦੇ ਦਰਸਾਏ ਰਾਹ ਉੱਤੇ ਚੱਲਦਿਆਂ ਜਮਾਤੀ ਯੁੱਧ ਨੂੰ ਹੋਰ ਤੇਜ ਕਰਨ ਦਾ ਪ੍ਰਣ ਕਰਨਾ ਚਾਹੀਦਾ ਹੈ।ਇਸ ਉਪਰੰਤ ਸਿਆਸੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੀਨੀਅਰ ਸੂਬਾਈ ਆਗੂਆਂ ਕਾਮਰੇਡ ਅਜਮੇਰ ਸਿੰਘ ਸਮਰਾ, ਕਾਮਰੇਡ ਕੁਲਵਿੰਦਰ ਸਿੰਘ ਵੜੈਚ, ਕਾਮਰੇਡ ਦਲਜੀਤ ਸਿੰਘ ਐਡਵੋਕੇਟ ਨੇ ਆਖਿਆ ਕਿ ਸ਼ਹੀਦ ਸਾਥੀ ਸੰਘਾ ਦੀ ਦੇਣ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਕਿਹਾ ਕਿ ਦੁਨੀਆਂ ਵਿਚ ਆਰਥਿਕ ਮੰਦਵਾੜਾ ਵਧ ਰਿਹਾ ਹੈ ਜੋ ਕਿ ਸਾਮਰਾਜਵਾਦ ਦਾ ਸੰਕਟ ਹੈ।ਰੂਸ-ਯੂਕਰੇਨ ਜੰਗ ਅਤੇ ਇਸਰਾਇਲ ਵਲੋਂ ਫਲਸਤੀਨ ਦੀ ਤਬਾਹੀ ਸਾਮਰਾਜਵਾਦ ਦੀ ਦੇਣ ਹੈ।

# ਵਿਦਿਅਕ ਚੇਤਨਾ ਟੂਰ 'ਤੇ ਜਾਣ ਸੰਬੰਧੀ ਵਿਸ਼ੇਸ਼ ਮੀਟਿੰਗ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਦੀ ਇੱਕ ਵਿਸ਼ੇਸ਼ ਮੀਟਿੰਗ ਸ੍ਰੀ ਰਾਜੀਵ ਬੰਗੜ ਮੈਨੇਜਰ ਸਾਹਿਬ ਅਤੇ ਸ੍ਰੀਮਤੀ ਸ਼ਸ਼ੀ ਬੰਗੜ ਜਰਨਲ ਸਕੱਤਰ ਦੇ ਘਰ ਮਾਹਿਲਪੁਰ ਵਿਖੇ ਸੁਸਾਇਟੀ ਦੀ ਪ੍ਰਧਾਨ ਰੇਖਾ ਰਾਣੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਨਿਰਮਲ ਕੌਰ ਬੋਧ, ਮਾਸਟਰ ਜੈ ਰਾਮ ਬਾੜੀਆਂ, ਥਾਣੇਦਾਰ ਸੁਖਦੇਵ ਸਿੰਘ, ਸੁਖਵਿੰਦਰ ਕੁਮਾਰ ਰਿਟਾਇਰਡ ਬੈਂਕ ਅਧਿਕਾਰੀ, ਸ਼ਸ਼ੀ ਬੰਗੜ ਸੀਨੀਅਰ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ,ਨਿਰਮਲ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ, ਥਾਣੇਦਾਰ ਬਲਵਿੰਦਰ ਸਿੰਘ, ਧਰਮ ਸਿੰਘ ਫੌਜੀ, ਗੁਰਪਾਲ ਕੌਰ, ਦੀਆਂ ਰਾਣੀ, ਰੇਖਾ ਰਾਣੀ, ਪਰਮਜੀਤ ਕੌਰ, ਸੁਮੀਤਾ, ਅਮਰਜੀਤ ਕੌਰ, ਗਗਨਦੀਪ ਕੌਰ, ਸੁਰਿੰਦਰ ਕੌਰ ਐਮ.ਸੀ, ਕਮਲਦੀਪ ਕੌਰ ਆਦਿ ਮੈਂਬਰ ਹਾਜ਼ਰ ਹੋਏ। ਬੱਚਿਆਂ ਨੂੰ ਕਰਵਾਏ ਜਾ ਰਹੇ ਵਿਦਿਅਕ ਚੇਤਨਾ ਟੂਰ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸਾਰੇ ਪ੍ਰੋਗਰਾਮ ਦੀ ਰੂਪ ਰੇਖਾ ਉਲੀਕੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਸੁਸਾਇਟੀ ਦੀ ਪ੍ਰਧਾਨ ਰੇਖਾ ਰਾਣੀ ਅਤੇ ਜਨਰਲ ਸਕੱਤਰ ਸ਼ਸ਼ੀ ਬੰਗੜ ਨੇ ਦੱਸਿਆ ਕਿ ਟੂਰ ਤੇ ਜਾਣ ਵਾਲੀ ਬੱਸ ਸਵੇਰੇ ਸਾਢੇ 7 ਵਜੇ ਬੀ.ਡੀ.ਓ. ਕਾਲੋਨੀ ਮਾਹਿਲਪੁਰ ਤੋਂ ਚੱਲੇਗੀ। ਸਭ ਤੋਂ ਪਹਿਲਾਂ ਗੁਰਦੁਆਰਾ ਬਿਭੌਰ ਸਾਹਿਬ ਨੰਗਲ ਵਿਖੇ ਗੁਰੂ ਘਰ ਦੇ ਦਰਸ਼ਨ ਦੀਦਾਰੇ ਕੀਤੇ ਜਾਣਗੇ ਉਸ ਤੋਂ ਬਾਅਦ ਭਾਖੜਾ ਡੈਮ ਜਾਇਆ ਜਾਵੇਗਾ। ਇਸ ਤੋਂ ਬਾਅਦ ਵਾਪਸ ਨੰਗਲ ਆ ਕੇ ਸਮੇਂ ਤੇ ਪਰਿਸਥਿਤੀਆਂ ਅਨੁਸਾਰ ਅਗਲਾ ਪ੍ਰੋਗਰਾਮ ਬਣਾਇਆ ਜਾਵੇਗਾ।

# ਲਾਇਲਪੁਰ ਖਾਲਸਾ ਕਾਲਜ ਨੇ ਏਕਤਾ ਮਾਰਚ 'ਚ ਲਿਆ ਹਿੱਸਾ




**ਜਲੰਧਰ (ਸ਼ੈਲੀ ਐਲਬਰਟ)**

ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਐੱਨ ਐੱਸ ਐੱਸ. ਵਲੰਟੀਅਰਾਂ ਨੇ ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਅਤੇ ਮਾਈ ਭਾਰਤ ਦਫਤਰ ਜਲੰਧਰ ਵੱਲੋਂ ਆਯੋਜਿਤ ਏਕਤਾ ਮਾਰਚ ਵਿੱਚ ਹਿੱਸਾ ਲਿਆ। ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ ਨੇ ਵਲੰਟੀਅਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਭਾਰਤ ਦੇ ਏਕੀਕਰਨ ਵਿੱਚ ਸ੍ਰ. ਪਟੇਲ ਦਾ ਯੋਗਦਾਨ ਬਹੁਤ ਵੱਡਾ ਹੈ। ਉਨ੍ਹਾਂ ਦੱਸਿਆ ਕਿ ਪੂਰੇ ਭਾਰਤ ਵਿੱਚ ਆਯੋਜਿਤ ਏਕਤਾ ਮਾਰਚ ਪ੍ਰੋਗਰਾਮ ਨਾ ਸਿਰਫ਼ ਦੇਸ਼ ਭਗਤ ਸਰਦਾਰ ਪਟੇਲ ਬਾਰੇ ਜਾਗਰੂਕਤਾ ਫੈਲਾਉਂਦੇ ਹਨ ਬਲਕਿ ਸਾਨੂੰ ਉਨ੍ਹਾਂ ਦੇ ਕਦਮਾਂ 'ਤੇ ਚੱਲਣ ਲਈ ਵੀ ਪ੍ਰੇਰਿਤ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਅੱਜ ਨੌਜਵਾਨਾਂ ਨੂੰ ਪਟੇਲ ਦੇ ਜੀਵਨ ਅਤੇ ਕਾਰਜਾਂ ਤੋਂ ਏਕਤਾ ਅਤੇ ਵਿਸ਼ਵਵਿਆਪੀ ਭਾਈਚਾਰੇ ਦਾ ਸਬਕ ਸਿੱਖਣ ਦੀ ਲੋੜ ਹੈ। ਇਸ ਮਾਰਚ ਨੂੰ ਮੈਂਬਰ ਪਾਰਲੀਮੈਂਟ ਰਾਜ ਸਭਾ ਨਰੇਸ਼ ਬਾਂਸਲ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਐਨ.ਐਸ.ਐਸ. ਪ੍ਰੋਗਰਾਮ ਅਫਸਰ ਸਤਪਾਲ ਸਿੰਘ ਨੇ ਦੱਸਿਆ ਕਿ ਮਾਰਚ ਬਹੁਤ ਹੀ ਸ਼ਾਂਤੀਪੂਰਨ ਢੰਗ ਨਾਲ ਦੇਸ਼ਭਗਤੀ ਦੇ ਨਾਅਰੇ ਲਗਾਉਂਦਿਆਂ ਅੱਗੇ ਵਧਿਆ ਅਤੇ ਨਗਰ ਨਿਗਮ ਦਫਤਰ, ਜਲੰਧਰ ਵਿਖੇ ਸਮਾਪਤ ਹੋਇਆ। ਉਨ੍ਹਾਂ ਅੱਗੇ ਕਿਹਾ ਕਿ ਮਾਰਚ ਦਾ ਉਦੇਸ਼ ਪਟੇਲ ਦੇ ਯਤਨਾਂ ਨੂੰ ਯਾਦ ਕਰਨਾ ਅਤੇ ਦੁਨੀਆ ਨੂੰ ਉਨ੍ਹਾਂ ਦੀ ਵਿਰਾਸਤ ਬਾਰੇ ਜਾਣਕਾਰੀ ਦੇਣਾ ਸੀ । ਇਸ ਸਮਾਗਮ ਦੀ ਨਿਗਰਾਨੀ ਪ੍ਰੋਗਰਾਮ ਅਫ਼ਸਰ ਡਾ. ਅਮਨਦੀਪ ਕੌਰ, ਡਾ. ਸਰਬਜੀਤ ਸਿੰਘ ਅਤੇ ਪ੍ਰੋ. ਨਵਨੀਤ ਕੌਰ ਨੇ ਕੀਤੀ।

# ਡਿਪਟੀ ਕਮਿਸ਼ਨਰ ਨੇ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਦੀਆਂ ਸੁਣੀਆਂ ਸਮੱਸਿਆਵਾਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਵਿਸਥਾਰ ਨਾਲ ਸੁਣਿਆ। ਮੀਟਿੰਗ ਦਾ ਉਦੇਸ਼ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਸਮੀਖਿਆ ਕਰਨਾ ਅਤੇ ਕਿਸੇ ਵੀ ਲੰਬਿਤ ਮਸਲੇ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਸੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ ਵੀ ਮੌਜੂਦ ਸਨ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਨਿੱਜੀ ਤੌਰ 'ਤੇ ਮੌਜੂਦ ਪਰਵਾਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਸੁਝਾਅ ਸੁਣੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨਾਲ ਸਬੰਧਤ ਸਾਰੇ ਮਾਮਲਿਆਂ ਨੂੰ ਤਰਜੀਹ ਦੇਣ । ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਨੂੰ ਸਤਿਕਾਰ ਅਤੇ ਸਹੂਲਤਾਂ ਪ੍ਰਦਾਨ ਕਰਨਾ ਜ਼ਿਲ੍ਹਾ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ।ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਦੀਆਂ ਸਮੱਸਿਆਵਾਂ ਨੂੰ ਸੰਵੇਦਨਸ਼ੀਲਤਾ ਨਾਲ ਹੱਲ ਕੀਤਾ ਜਾਵੇ ਅਤੇ ਨਿਯਮਤ ਤੌਰ 'ਤੇ ਫਾਲੋ-ਅੱਪ ਯਕੀਨੀ ਬਣਾਇਆ ਜਾਵੇ। ਆਸ਼ਿਕਾ ਜੈਨ ਨੇ ਸਾਰੇ ਪਰਵਾਰਾਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਨੂੰ ਪੂਰਾ ਸਹਿਯੋਗ ਦੇਣ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀ ਭਲਾਈ ਲਈ ਯੋਜਨਾਵਾਂ ਦੀ ਸਮੀਖਿਆ ਲਈ ਅਜਿਹੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ। ਇਸ ਮੌਕੇ ਅਵਤਾਰ ਸਿੰਘ, ਦਲਜੀਤ ਸਿੰਘ, ਹਰਦੀਪ ਸਿੰਘ ਸਮਰਾ, ਓਂਕਾਰ ਸਿੰਘ, ਮਨਦੀਪ ਸਿੰਘ, ਹਰਲੀਨ ਸਿੰਘ, ਜਸਵੰਤ ਸਿੰਘ, ਰਮੇਸ਼ ਚੰਦ, ਕੁਲਵੰਤ ਸਿੰਘ, ਹਰਭਜਨ ਕੌਰ, ਕਸ਼ਮੀਰ ਕੌਰ, ਜਤਿੰਦਰ ਜੀਤ ਕੌਰ, ਪਰਸ਼ੋਤਮ ਸਿੰਘ, ਸ਼ਮਸ਼ੇਰ ਸਿੰਘ ਆਦਿ ਹਾਜ਼ਰ ਸਨ।

